ਸ਼ਨੀਵਾਰ, 29 ਅਗਸਤ, 2026
13 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 88

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 29 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 5.30 ਲੱਖ ਹੋਰ ਬੀਬੀਆਂ ਦੇ ਫੋਨਾਂ 'ਤੇ ਟੂੰ-ਟੂੰ

## ਲੋਕਾਂ ਨੂੰ ਮੂਰਖ ਬਣਾਉਣ ਲਈ ਧਰਮ ਦੀ ਵਰਤੋਂ ਕਰ ਰਹੇ ਕਈ 'ਮਸੰਦ' : ਭਗਵੰਤ ਮਾਨ



**ਬਿਆਸ (ਪਰਮਜੀਤ ਸਿੰਘ ਰੱਖੜਾ, ਡੀ ਕੇ ਰੈਡੀ)**
ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆ ਦੇ ਮੇਲੇ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ "ਮਾਵਾਂ-ਧੀਆਂ ਸਤਿਕਾਰ ਯੋਜਨਾ" ਤਹਿਤ 5.30 ਲੱਖ ਹੋਰ ਔਰਤਾਂ ਦੇ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਸਨਮਾਨ ਰਾਸ਼ੀ ਵਜੋਂ 181.50 ਕਰੋੜ ਰੁਪਏ ਤਬਦੀਲ ਕਰਕੇ ਔਰਤਾਂ ਦੀ ਭਲਾਈ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।ਇਸ ਨਾਲ ਕੁੱਲ ਲਾਭਪਾਤਰੀਆਂ ਦੀ ਗਿਣਤੀ 70.92 ਲੱਖ ਹੋ ਗਈ ਹੈ।ਸਰਕਾਰ ਇਸ ਯੋਜਨਾ ਦੇ ਦਾਇਰੇ ਹੇਠ ਇਕ ਕਰੋੜ ਔਰਤਾਂ ਨੂੰ ਲਿਆਉਣ ਲਈ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਵਿੱਚ ਰਜਿਸਟ੍ਰੇਸ਼ਨ 'ਚ ਮਦਦ ਕਰਨ ਵਾਲੀਆਂ 1.38 ਲੱਖ ਸਤਿਕਾਰ ਸਖੀਆਂ ਨੂੰ ਮਾਣ-ਭੱਤੇ ਵਜੋਂ 51 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ ਅਤੇ ਆਂਗਣਵਾੜੀ ਵਰਕਰਾਂ ਨੂੰ ਵੀ 25 ਕਰੋੜ ਰੁਪਏ ਦਿੱਤੇ ਜਾਣਗੇ।ਰੱਖੜ ਪੁੰਨਿਆ ਦੇ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ-ਕੱਲ੍ਹ ਦੇ ਕਈ 'ਮਸੰਦ' ਧਰਮ ਦੀ ਆੜ ਵਿੱਚ ਲੋਕਾਂ ਨੂੰ ਗੁੰਮਰਾਹ ਕਰਨ ਲਈ ਰੈਲੀਆਂ ਕਰ ਰਹੇ ਹਨ।ਇਹ ਗੁਨਾਹਗਾਰ ਲੋਕ ਪੰਜਾਬੀਆਂ ਨੂੰ ਮੂਰਖ ਬਣਾਉਣ ਲਈ ਧਰਮ ਦੀ ਵਰਤੋਂ ਕਰ ਰਹੇ ਹਨ ਪਰ ਪੰਜਾਬੀ ਉਨ੍ਹਾਂ ਦੀਆਂ ਗੱਲਾਂ 'ਚ ਨਹੀਂ ਆਉਣਗੇ।ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੇਸ਼ ਦੇ ਕਿਸੇ ਵੀ ਸੂਬੇ 'ਚ ਜਿੱਤ ਸਕਦੀ ਹੈ ਪਰ ਇਸ ਨੂੰ ਮਹਾਨ ਗੁਰੂ ਸਾਹਿਬਾਨ, ਸੰਤਾਂ-ਮਹਾਪੁਰਸ਼ਾਂ, ਪੀਰਾਂ-ਪੈਗੰਬਰਾਂ ਤੇ ਸ਼ਹੀਦਾਂ ਦੀ ਪੰਜਾਬ ਦੀ ਧਰਤੀ ਤੋਂ ਜਿੱਤਣ ਦਾ ਸੁਫ਼ਨਾ ਕਦੇ ਨਹੀਂ ਵੇਖਣਾ ਚਾਹੀਦਾ।ਸੂਬੇ ਦੇ ਲੋਕ ਭਾਜਪਾ ਦੇ ਦੋਹਰੇ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਅਤੇ ਉਹ ਇਸ ਨੂੰ ਸਬਕ ਜ਼ਰੂਰ ਸਿਖਾਉਣਗੇ। ਪੰਜਾਬੀ ਕਦੇ ਨਹੀਂ ਭੁੱਲ ਸਕਦੇ ਕਿ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਪ੍ਰਦਰਸ਼ਨ ਦੌਰਾਨ ਭਾਜਪਾ ਵੱਲੋਂ ਸੂਬੇ ਦੇ ਅੰਨਦਾਤਿਆਂ ਦਾ ਕਿਵੇਂ ਅਪਮਾਨ ਕੀਤਾ ਗਿਆ ਸੀ।ਭਾਜਪਾ ਵੱਲੋਂ ਸੂਬੇ ਅਤੇ ਇਸ ਦੇ • ਬਾਕੀ ਸਫਾ 2 'ਤੇ

## 'ਵਾਰਿਸ ਪੰਜਾਬ ਦੇ' ਬਹਿਰੂਪੀਏ : ਸੁਖਬੀਰ



**ਬਾਬਾ ਬਕਾਲਾ/ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿਰੋਧੀ ਤੇ ਪੰਥ ਵਿਰੋਧੀ ਏਜੰਸੀਆਂ ਦੀਆਂ ਕਠਪੁਤਲੀਆਂ ਨੂੰ ਮਾਤ ਦੇਣ ਜੋ ਅਕਾਲੀ ਦਲ ਨੂੰ ਕਮਜ਼ੋਰ ਕਰਨ ਅਤੇ ਸੂਬੇ ਨੂੰ ਮੁੜ 1980ਵਿਆਂ ਦੇ ਦੌਰ ਵਿਚ ਲਿਜਾਣ ਵਾਸਤੇ ਸਰਗਰਮ ਹਨ। ਇਥੇ ਰੱਖੜ ਪੁੰਨਿਆ 'ਤੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਹ ਲੋਕ ਸਾਡੇ ਧਰਮ ਦਾ ਕੋਈ ਸਤਿਕਾਰ ਨਹੀਂ ਕਰਦੇ। ਇਸੇ ਤਰੀਕੇ ਇਹ ਸਾਡੀ ਧਾਰਮਿਕ ਪਛਾਣ ਦੀ ਵਰਤੋਂ ਸਾਡੇ ਗੁਰੂ ਘਰਾਂ ਵਿਚ ਸਾਡੇ 'ਤੇ ਹਮਲੇ ਕਰਨ ਵਾਸਤੇ ਕਰਦੇ ਹਨ।ਉਹਨਾਂ ਕਿਹਾ ਕਿ ਜੇਕਰ ਇਹ ਸੱਤਾ ਵਿਚ ਆਏ ਤਾਂ ਇਹ ਸਾਡੇ ਘਰਾਂ 'ਤੇ ਹਮਲੇ ਕਰਨਗੇ। ਇਹ ਚਾਹੁੰਦੇ ਹਨ ਕਿ 1980ਵਿਆਂ ਦਾ ਦੌਰ ਵਾਪਸ ਪਰਤੇ ਜਦੋਂ ਲੋਕ ਆਪਣੇ ਘਰਾਂ ਵਿਚੋਂ ਬਾਹਰ ਨਿਕਲਣ ਤੋਂ ਡਰਦੇ ਸਨ ਤੇ ਸਾਡੀਆਂ ਧੀਆਂ ਭੈਣਾਂ ਦੀ ਪੱਤ ਰੋਲੀ ਜਾਂਦੀ ਸੀ। ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਜਿਹੜੀਆਂ ਤਾਕਤਾਂ ਆਪਣੇ ਆਪ ਨੂੰ ਵਾਰਿਸ ਪੰਜਾਬ ਦੇ ਕਹਾਉਂਦੀਆਂ ਹਨ, ਅਸਲ ਵਿਚ ਉਹ ਬਹਿਰੂਪੀਏ ਹਨ। ਉਹਨਾਂ ਕਿਹਾ ਕਿ ਇਹਨਾਂ ਦਾ ਆਗੂ ਖੁਦ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ ਭੇਸ ਧਾਰਨ ਕਰ ਕੇ ਬੈਠਾ ਹੈ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੇ ਅਨਸਰਾਂ ਨੂੰ ਮੂੰਹ ਨਾ ਲਗਾਇਆ ਜਾਵੇ ਅਤੇ ਕਿਹਾ ਕਿ ਭਾਈ ਅੰਮ੍ਰਿਤਪਾਲ ਤੇ ਉਹਨਾਂ ਦੇ ਸਮਰਥਕ ਪਹਿਲਾਂ ਪੁਲਿਸ ਦੇ ਡਰੋਂ ਭੱਜ ਗਏ ਤੇ ਫਿਰ ਉਹਨਾਂ ਨੇ ਪੁਲਿਸ ਥਾਣੇ ਅੱਗੇ ਰੋਸ ਵਿਖਾਵੇ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੂੰ ਇਕ ਢਾਲ ਵਜੋਂ ਵਰਤਿਆ। ਉਹਨਾਂ ਦੱਸਿਆ ਕਿ ਕਿਵੇਂ ਅੰਮ੍ਰਿਤਪਾਲ ਦਾ ਪਰਿਵਾਰ ਪਿਛਲੇ 36 ਸਾਲਾਂ ਤੋਂ ਕਾਂਗਰਸ ਪਾਰਟੀ ਦਾ ਸਰਗਰਮ ਪਰਿਵਾਰ ਰਿਹਾ ਹੈ ਅਤੇ ਉਸ ਨੇ ਕਦੇ ਵੀ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਜਾਂ ਸਿੱਖਾਂ ਦੇ ਕਤਲੇਆਮ ਦੀ ਨਿਖੇਧੀ ਨਹੀਂ ਕੀਤੀ। ਉਹਨਾਂ ਨੇ ਵਾਰਿਸ ਪੰਜਾਬ ਦੇ ਵੱਲੋਂ ਦਿੱਤੀਆਂ ਸ਼ਹਾਦਤਾਂ ਦੇ ਦਾਅਵਿਆਂ ਦਾ ਵੀ ਮਖੌਲ ਉਡਾਇਆ ਅਤੇ ਜ਼ੋਰ ਦੇ ਕਿਹਾ ਕਿ ਇਸ ਪਰਿਵਾਰ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਥਾਂ ਅੰਮ੍ਰਿਤਪਾਲ ਦੀ ਰਿਹਾਈ ਵਾਸਤੇ ਮੋਰਚੇ ਲਗਾਏ। ਉਹਨਾਂ ਕਿਹਾ ਕਿ ਇਹ ਸਿਰਫ ਅਕਾਲੀ ਦਲ ਹੀ ਹੈ ਜੋ ਲਗਾਤਾਰ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਸੰਘਰਸ਼ ਕਰ ਰਿਹਾ ਹੈ। ਅਕਾਲੀ ਦਲ • ਬਾਕੀ ਸਫਾ 2 'ਤੇ

## ਸਾਬਤ ਕਰੋ ਕਿ ਤੁਸੀਂ ਮੁਸਲਮਾਨ ਨਹੀਂ ਹੋ !



**ਅਹਿਮਦਾਬਾਦ (ਨ ਜ਼ ਸ)**
ਇੱਥੋਂ ਦੀ ਪੁਲਸ ਨੇ ਕਿਹਾ ਕਿ ਤਿੰਨ ਲੋਕਾਂ ਤੋਂ ਪੁੱਛਗਿੱਛ ਕਰ ਰਹੀ ਹੈ, ਜਿਹੜੇ ਇੱਕ ਪਾਰਕ ਵਿੱਚ ਹੋਲੋਕਾਸਟ ਪੀੜਤ ਐਨੀ ਫਰੈਂਕ ਵੱਲੋਂ ਲਿਖੀ ਗਈ 'ਦੀ ਡਾਇਰੀ ਆਫ ਏ ਯੰਗ ਗਰਲ' ਅਤੇ ਪਾਕਿਸਤਾਨੀ ਕਾਰਕੁੰਨ ਮਲਾਲਾ ਯੂਸਫਜ਼ਈ ਦੀ 'ਆਈ ਐਮ ਮਲਾਲਾ' ਪੜ੍ਹ ਰਹੇ ਕਿਤਾਬ ਪ੍ਰੇਮੀਆਂ 'ਤੇ ਹਮਲਾ ਕਰਨ ਵਾਲੀ ਭੀੜ ਦਾ ਹਿੱਸਾ ਸਨ। ਇਹ ਭੀੜ ਬਜਰੰਗ ਦਲ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਦੀ ਸੀ। ਭੀੜ ਕਹਿ ਰਹੀ ਸੀ ਕਿ ਮਲਾਲਾ ਦੇ ਵਿਚਾਰ ਭਾਰਤ ਵਿਰੋਧੀ ਹਨ, ਖਾਸ ਕਰਕੇ ਕਸ਼ਮੀਰ ਦੇ ਸੰਬੰਧ ਵਿੱਚ।
ਸ਼ਹਿਰ ਦੇ ਇੱਕ ਨਿੱਜੀ ਸਕੂਲ ਨੂੰ ਆਪਣੀ ਪੜ੍ਹਨ ਸੂਚੀ ਵਿੱਚੋਂ ਉਨ੍ਹਾਂ ਦੋ ਕਿਤਾਬਾਂ ਨੂੰ ਹਟਾਉਣ ਲਈ ਮਜਬੂਰ ਕੀਤੇ ਜਾਣ ਦੇ ਖਿਲਾਫ ਖਾਮੋਸ਼ ਪ੍ਰੋਟੈਸਟ ਲਈ ਵੀਰਵਾਰ ਕਿਤਾਬ ਪ੍ਰੇਮੀ ਵਸਤਰਪੁਰ ਗਾਰਡਨ ਵਿੱਚ ਇਕੱਠੇ ਹੋਏ ਸਨ। ਪ੍ਰੋਟੈਸਟ ਦੇ ਇੱਕ ਜਥੇਬੰਦਕ ਨੇ ਅਖਬਾਰ 'ਅਹਿਮਦਾਬਾਦ ਮਿਰਰ' ਨੂੰ ਦੱਸਿਆ ਕਿ ਲੋਕ ਆਪਣੀਆਂ ਕਿਤਾਬਾਂ ਲੈ ਕੇ ਆਏ ਸਨ ਅਤੇ ਖਾਮੋਸ਼ ਪ੍ਰੋਟੈਸਟ ਕਰਦਿਆਂ ਪੜ੍ਹ ਰਹੇ ਸਨ, ਜਦੋਂ ਭੀੜ ਨੇ ਉਨ੍ਹਾਂ ਨੂੰ ਝਿੜਕਿਆ ਅਤੇ ਉਨ੍ਹਾਂ ਨੂੰ ਸਾਬਤ ਕਰਨ ਲਈ ਕਿਹਾ ਕਿ ਉਹ ਮੁਸਲਮਾਨ ਨਹੀਂ ਹਨ।
ਪ੍ਰੋਟੈਸਟ ਦਾ ਆਯੋਜਨ ਕਰਨ ਵਾਲੇ 'ਦੀ ਸਟੂਡੈਂਟ ਐਂਡ ਯੂਥ ਕਲੈਕਟਿਵ' ਦੇ ਇੱਕ ਬਿਆਨ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਉਨ੍ਹਾਂ ਨੂੰ ਕੁੱਟਿਆ ਗਿਆ, ਇੱਕ ਪੁਲਸ ਵੈਨ ਵਿੱਚ ਜ਼ਬਰਦਸਤੀ ਬਿਠਾਇਆ ਗਿਆ ਅਤੇ ਵਸਤਰਪੁਰ ਥਾਣੇ ਲਿਜਾਇਆ ਗਿਆ। 'ਅਹਿਮਦਾਬਾਦ ਮਿਰਰ' ਦੀ ਰਿਪੋਰਟ ਮੁਤਾਬਕ ਪ੍ਰਦਰਸ਼ਨਕਾਰੀਆਂ ਵਿੱਚੋਂ ਇੱਕ ਨੂੰ ਧਮਕੀ ਦਿੱਤੀ ਗਈ ਕਿ ਜੇ ਉਸ ਨੇ ਘਟਨਾ ਨੂੰ ਰਿਕਾਰਡ ਕਰਨਾ ਜਾਰੀ ਰੱਖਿਆ ਤਾਂ ਉਹ ਉਸ ਨੂੰ ਗਾਇਬ ਕਰ ਦੇਣਗੇ। ਇਸ ਘਟਨਾ ਦੇ ਸੰਬੰਧ ਵਿੱਚ ਵਸਤਰਪੁਰ ਥਾਣੇ ਵਿੱਚ 2 ਨਾਮਜ਼ਦ ਮੁਲਜ਼ਮਾਂ ਅਤੇ ਲਗਪਗ 18 ਹੋਰ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਨੇ ਕਿਹਾ ਕਿ ਸੀ ਸੀ ਟੀ ਵੀ ਫੁਟੇਜ ਦੇ • ਬਾਕੀ ਸਫਾ 2 'ਤੇ

## ਅਮਰੀਕਾ ਨਾਲ ਅਜੇ ਤੱਕ ਕੋਈ ਟਰੇਡ ਡੀਲ ਨਹੀਂ ਹੋਈ : ਚੌਹਾਨ

**ਬਾਬਾ ਬਕਾਲਾ (ਅੰਮ੍ਰਿਤਸਰ) (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-"ਅਮਰੀਕਾ ਹੋਵੇ ਜਾਂ ਸੰਸਾਰ ਦਾ ਕੋਈ ਹੋਰ ਦੇਸ਼, ਕਿਸਾਨ ਭਰਾਵੋ, ਹਰ ਸਮਝੌਤਾ ਤੁਹਾਡੇ ਹਿੱਤਾਂ ਨੂੰ ਮੁੱਖ ਰੱਖ ਕੇ ਹੋਵੇਗਾ। ਤੁਹਾਡੇ ਹਿੱਤਾਂ ਦੇ ਖਿਲਾਫ਼ ਕੋਈ ਸਮਝੌਤਾ ਨਹੀਂ ਹੋ ਸਕਦਾ।" ਇਹ ਸ਼ਬਦ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੇ ਹਨ। ਉਹ ਬਾਬਾ ਬਕਾਲਾ ਵਿੱਚ ਰੱਖੜ ਪੁੰਨਿਆਂ ਮੌਕੇ ਭਾਰਤੀ ਜਨਤਾ ਪਾਰਟੀ ਦੀ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਅਮਰੀਕਾ ਨਾਲ ਅਜੇ ਤੱਕ ਕੋਈ ਟਰੇਡ ਡੀਲ ਹੀ ਨਹੀਂ ਹੋਈ ਹੈ, ਇਸ ਲਈ ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਹੋਣ ਦਾ ਸਵਾਲ ਹੀ ਕਿਵੇਂ ਪੈਦਾ ਹੋ ਗਿਆ ਹੈ ਪਰ ਕੁਛ ਧਿਰਾਂ ਕਿਸਾਨ ਹਿੱਤਾਂ ਦੇ ਮਸਲੇ ਉੱਤੇ ਭਰਮ ਫੈਲਾ ਰਹੀਆਂ ਹਨ।

## ਗੱਠਜੋੜ ਬਾਰੇ ਪੰਜਾਬ ਭਾਜਪਾ ਹਨੇਰੇ 'ਚ

**ਚੰਡੀਗੜ੍ਹ** : ਨਰਿੰਦਰ ਮੋਦੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਨਾਲ ਸਿਆਸੀ ਗਠਜੋੜ ਬਾਰੇ ਫ਼ੈਸਲੇ ਦੀ ਕਮਾਨ ਆਪਣੇ ਹੱਥ ਲੈ ਲਈ ਹੈ। ਭਾਜਪਾ ਦੇ ਕੌਮੀ ਜਨਰਲ ਸਕੱਤਰ ਬੀ.ਐੱਲ. ਸੰਤੋਸ਼ ਨੇ ਪੰਜਾਬ ਦੌਰੇ ਦੌਰਾਨ ਭਾਵੇਂ 117 ਸੀਟਾਂ 'ਤੇ ਚੋਣ ਲੜਨ ਦੀ ਗੱਲ ਕਹੀ ਹੈ, ਪਰ ਅੰਦਰੋ-ਅੰਦਰੀ ਗਠਜੋੜ ਬਾਰੇ ਗੱਲ ਅੱਗੇ ਵਧ ਰਹੀ ਹੈ। ਸਿਰਫ਼ ਸੀਟਾਂ ਦੀ ਵੰਡ ਨੂੰ ਲੈ ਕੇ ਪੇਚ ਫਸਿਆ ਹੋਇਆ ਹੈ। ਪਾਰਟੀ ਦੇ ਸੰਸਦ ਮੈਂਬਰ ਤਰੁਣ ਚੁੱਘ ਵੀ ਇਸ ਸਿਆਸੀ ਮਾਮਲੇ ਨਾਲ ਨੇੜਿਓਂ ਜੁੜੇ ਹੋਏ ਹਨ। ਸੂਤਰਾਂ ਅਨੁਸਾਰ ਪ੍ਰਧਾਨ ਮੰਤਰੀ ਮੋਦੀ ਗਠਜੋੜ ਬਾਰੇ ਹਰ ਹਦਾਇਤ ਸਿੱਧੀ ਕਰ ਰਹੇ ਹਨ, ਜਿਸ ਤੋਂ ਸਿਰਫ਼ ਪਾਰਟੀ ਦੇ ਕੁੱਝ ਅਹਿਮ ਆਗੂ ਹੀ ਜਾਣੂ ਹਨ। ਭਾਜਪਾ ਤਰਫ਼ੋਂ ਪਾਰਟੀ ਦੀ ਪੰਜਾਬ ਲੀਡਰਸ਼ਿਪ ਨੂੰ ਫ਼ਿਲਹਾਲ ਖੁੱਲ੍ਹ ਕੇ ਕੁੱਝ ਵੀ ਨਹੀਂ ਦੱਸਿਆ ਜਾ ਰਿਹਾ ਤੇ ਪੰਜਾਬ ਭਾਜਪਾ ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਨੂੰ ਲੈ ਕੇ ਹਨੇਰੇ ਵਿਚ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਲੰਬੇ ਅਰਸੇ ਬਾਅਦ ਪਹਿਲੀ ਮੁਲਾਕਾਤ ਪਿਛਲੇ ਦਿਨੀਂ ਪ੍ਰਧਾਨ ਮੰਤਰੀ ਨਾਲ ਹੋਈ ਸੀ। ਉਸ ਮਗਰੋਂ ਹੀ ਅਕਾਲੀ ਦਲ ਤੇ ਭਾਜਪਾ ਦੇ ਗਠਜੋੜ ਨੂੰ ਲੈ ਕੇ ਚਰਚਾ ਛਿੜੀ ਸੀ। ਪਤਾ ਲੱਗਾ ਹੈ ਕਿ ਸਤੰਬਰ ਮਹੀਨੇ ਵਿੱਚ ਗਠਜੋੜ ਨੂੰ ਲੈ ਕੇ ਕੋਈ ਐਲਾਨ ਹੋਣ ਦੀ ਸੰਭਾਵਨਾ ਹੈ। ਪਿਛਲੇ ਦਿਨਾਂ ਵਿੱਚ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਅਤੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਵੀ ਭਾਜਪਾ ਨਾਲ ਗਠਜੋੜ ਹੋਣ ਦਾ ਇਸ਼ਾਰਾ ਕਰ ਚੁੱਕੇ ਹਨ।

## ਇਮਰਾਨ ਖਾਨ ਦੀ ਜਾਨ ਖਤਰੇ 'ਚ

**ਇਸਲਾਮਾਬਾਦ** : ਜੇਲ੍ਹ ਵਿੱਚ ਬੰਦ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਮਹਾਨ ਕ੍ਰਿਕਟਰ ਇਮਰਾਨ ਖਾਨ ਦੇ ਪੁੱਤਰਾਂ ਸੁਲੇਮਾਨ ਅਤੇ ਕਾਸਿਮ ਨੇ ਜੇਲ੍ਹ ਵਿੱਚ ਆਪਣੇ ਪਿਤਾ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਪ੍ਰਗਟ ਕੀਤੀ ਹੈ ਤੇ ਕਿਹਾ ਹੈ ਕਿ ਉਸ ਨੂੰ ਉੱਥੇ ਮਾਰਨ ਦੀਆਂ ਸਪੱਸ਼ਟ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਭਰਾਵਾਂ ਨੇ ਇਹ ਚਿੰਤਾ ਇੰਗਲੈਂਡ ਦੇ ਸਾਬਕਾ ਕਪਤਾਨ ਮਾਈਕ ਐਥਰਟਨ ਨਾਲ ਸਕਾਈ ਸਪੋਰਟਸ ਲਈ 18 ਮਿੰਟ ਦੀ ਇੰਟਰਵਿਊ ਦੌਰਾਨ ਪ੍ਰਗਟਾਈ। ਐਥਰਟਨ ਉਨ੍ਹਾਂ 21 ਅੰਤਰਰਾਸ਼ਟਰੀ ਕ੍ਰਿਕਟ ਖਿਡਾਰੀਆਂ ਵਿੱਚੋਂ ਇੱਕ ਹੈ ਜਿਨ੍ਹਾਂ ਨੇ ਹਾਲ ਹੀ ਵਿੱਚ ਪਾਕਿਸਤਾਨ ਸਰਕਾਰ ਨੂੰ ਲਿਖੇ ਇੱਕ ਪੱਤਰ 'ਤੇ ਦਸਤਖਤ ਕੀਤੇ ਹਨ, ਜਿਸ ਵਿੱਚ ਇਮਰਾਨ ਲਈ ਸਹੀ ਡਾਕਟਰੀ ਦੇਖਭਾਲ ਦੀ ਮੰਗ ਕੀਤੀ ਗਈ ਹੈ।

## ਰਛਪਾਲ ਸਿੰਘ ਬੜਾ ਪਿੰਡ ਨਾਲ ਦੁੱਖ ਦਾ ਪ੍ਰਗਟਾਵਾ

**ਜਲੰਧਰ** : ਰੋਜ਼ਾਨਾ ਨਵਾਂ ਜ਼ਮਾਨਾ ਅਖ਼ਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਸੰਸਥਾ ਦੇ ਪ੍ਰਧਾਨ ਰਛਪਾਲ ਸਿੰਘ ਬੜਾ ਪਿੰਡ ਦੇ ਛੋਟੇ ਭਰਾ ਗੁਰਚੇਤਨ ਸਿੰਘ ਦੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਰਛਪਾਲ ਸਿੰਘ ਦਾ ਪਰਵਾਰ ਲੰਬੇ ਸਮੇਂ ਤੋਂ ਸੀ ਪੀ ਆਈ ਨਾਲ ਜੁੜਿਆ ਹੋਇਆ ਹੈ।ਮਾੜੀਮੇਘਾ ਨੇ ਗੁਰਚੇਤਨ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਹੋਇਆਂ ਰਛਪਾਲ ਸਿੰਘ ਅਤੇ ਉਨ੍ਹਾਂ ਦੇ ਪਰਵਾਰ ਨਾਲ ਸੰਸਥਾ ਤੇ ਆਪਣੇ ਵੱਲੋਂ ਦਿਲੀ ਹਮਦਰਦੀ ਪ੍ਰਗਟ ਕੀਤੀ ਹੈ।

## 3 ਭੈਣਾਂ ਦੇ ਇਕਲੌਤੇ ਭਰਾ ਦੀ ਮੌਤ

**ਮੁਹਾਲੀ** : ਏਅਰਪੋਰਟ ਚੌਂਕ ਨੇੜੇ ਰੱਖੜੀ ਦੇ ਤਿਉਹਾਰ ਵਾਲੇ ਦਿਨ ਇੱਕ ਸੜਕ ਹਾਦਸੇ ਵਿੱਚ ਤਿੰਨ ਭੈਣਾਂ ਦੇ ਇਕਲੌਤੇ ਭਰਾ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਪਿੰਡ ਮਛਲੀ ਕਲਾਂ ਦੇ ਰਹਿਣ ਵਾਲੇ 23 ਸਾਲਾ ਪਰਮਪ੍ਰੀਤ ਸਿੰਘ ਵਜੋਂ ਹੋਈ ਹੈ। ਪਰਮਪ੍ਰੀਤ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੀਆਂ ਭੈਣਾਂ ਤੋਂ ਰੱਖੜੀ ਬੰਨ੍ਹਵਾਉਣ ਲਈ ਆਪਣੇ ਘਰ ਜਾ ਰਿਹਾ ਸੀ। ਰਸਤੇ ਵਿੱਚ ਏਅਰਪੋਰਟ ਰੋਡ 'ਤੇ ਉਸ ਦਾ ਮੋਟਰਸਾਈਕਲ ਅਚਾਨਕ ਸਲਿੱਪ ਹੋ ਗਿਆ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਜਦੋਂ ਤੱਕ ਉਸ ਨੂੰ ਹਸਪਤਾਲ ਲਿਜਾਇਆ ਗਿਆ, ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ ਅਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪਰਮਪ੍ਰੀਤ ਜ਼ੀਰਕਪੁਰ ਦੇ ਇੱਕ ਹੋਟਲ ਵਿੱਚ ਨੌਕਰੀ ਕਰਕੇ ਆਪਣੇ ਪਰਵਾਰ ਦਾ ਗੁਜ਼ਾਰਾ ਚਲਾ ਰਿਹਾ ਸੀ।

## ਦਿੱਲੀ ਰੈਲੀ ਦੀ ਤਿਆਰੀ 'ਚ ਪੰਜ ਜ਼ਿਲ੍ਹਿਆਂ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**
ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਪਾਰਟੀ ਦਫਤਰ ਨਵਾਂ ਸ਼ਹਿਰ ਵਿਖੇ 5 ਜ਼ਿਲ੍ਹਿਆਂ ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ, ਰੋਪੜ, ਜਲੰਧਰ ਅਤੇ ਹੁਸ਼ਿਆਰਪੁਰ ਦੀ ਮੀਟਿੰਗ ਕਾਮਰੇਡ ਰਛਪਾਲ ਕੈਲੇ ਜ਼ਿਲ੍ਹਾ ਸਕੱਤਰ ਸੀ ਪੀ ਆਈ ਜਲੰਧਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਪਹਿਲੀ ਸਤੰਬਰ ਨੂੰ ਦਿੱਲੀ ਵਿਖੇ ਹੋ ਰਹੀ ਰੈਲੀ ਦੀ ਤਿਆਰੀ ਸੰਬੰਧੀ ਵਿਚਾਰਾਂ ਹੋਈਆਂ। ਇਸ ਮੀਟਿੰਗ ਵਿੱਚ ਕਾਮਰੇਡ ਬੰਤ ਸਿੰਘ ਬਰਾੜ ਨੈਸ਼ਨਲ ਕੌਂਸਲ ਮੈਂਬਰ ਅਤੇ ਕਾਮਰੇਡ ਮਹਿੰਦਰਪਾਲ ਸੂਬਾ ਕਾਰਜਕਾਰੀ ਮੈਂਬਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਦਿੱਲੀ ਰੈਲੀ ਸੰਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਕਾਮਰੇਡ ਬਰਾੜ ਨੇ ਕਿਹਾ ਕਿ ਇਹ ਰੈਲੀ ਕੇਂਦਰ ਦੀ ਮੋਦੀ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ, ਪੈਨਸ਼ਨਰ ਵਿਰੋਧੀ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਕੀਤੀ ਜਾ ਰਹੀ ਹੈ। ਇਸ ਵਿੱਚ ਮੰਗ ਕੀਤੀ ਜਾਵੇਗੀ ਕਿ ਅਮਰੀਕਾ ਤੇ ਪੱਛਮੀ ਦੇਸ਼ਾਂ ਨਾਲ ਕੀਤੇ ਜਾ ਰਹੇ ਕਰ ਮੁਕਤ ਸਮਝੌਤੇ ਰੱਦ ਕੀਤੇ ਜਾਣ, ਮਨਰੇਗਾ ਸਕੀਮ ਬਹਾਲ ਕੀਤੀ ਜਾਵੇ, ਕਿਸਾਨਾਂ ਨੂੰ ਸਵਾਮੀ ਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਐੱਮ ਐੱਸ ਪੀ ਦਿੱਤੀ ਜਾਵੇ, ਚਾਰੇ ਲੇਬਰ ਕੋਡ ਰੱਦ ਕੀਤੇ ਜਾਣ ਅਤੇ ਪੁਰਾਣੇ 44 ਕਿਰਤ ਕਾਨੂੰਨ ਬਹਾਲ ਕੀਤੇ ਜਾਣ, ਮਜ਼ਦੂਰਾਂ ਨੂੰ ਘੱਟੋ-ਘੱਟ ਉਜਰਤ 35000 ਰੁਪਏ ਦਿੱਤੇ ਜਾਣ, ਮੁਲਾਜ਼ਮਾਂ ਦਾ ਡੀ ਏ ਅਤੇ ਏਰੀਅਰ ਤੁਰੰਤ ਦਿੱਤਾ ਜਾਵੇ, ਪੂਰੇ ਦੇਸ਼ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ ਆਦਿ। ਇਨ੍ਹਾਂ ਜ਼ਿਲ੍ਹਿਆਂ ਵਿੱਚੋਂ ਦਿੱਲੀ ਰੈਲੀ ਵਿੱਚ ਵੱਡੀ ਗਿਣਤੀ 'ਚ ਸਾਥੀ ਸ਼ਮੂਲੀਅਤ ਕਰਨਗੇ। ਇਸ ਮੀਟਿੰਗ ਵਿੱਚ ਕਾਮਰੇਡ ਜਸਵਿੰਦਰ ਸਿੰਘ ਭੰਗਲ ਜ਼ਿਲ੍ਹਾ ਸਕੱਤਰ ਨਵਾਂ ਸ਼ਹਿਰ, ਕਾਮਰੇਡ ਨਰੰਜਣ ਦਾਸ ਮੇਹਲੀ ਸੂਬਾ ਕੌਂਸਲ ਮੈਂਬਰ, ਕਾਮਰੇਡ ਦੇਸ ਰਾਜ ਬੀਕਾ, ਕਾਮਰੇਡ ਗੁਰਿੰਦਰ ਲਾਲ, ਕਾਮਰੇਡ ਸੁਖਦੇਵ ਰਾਮ, ਕਾਮਰੇਡ ਦੇਵਿੰਦਰ ਕੁਮਾਰ ਨੰਗਲੀ ਜ਼ਿਲ੍ਹਾ ਸਕੱਤਰ ਰੋਪੜ, ਕਾਮਰੇਡ ਗੁਰਨਾਮ ਸਿੰਘ ਔਲਖ, ਕਾਮਰੇਡ ਗੁਲਜਾਰ ਸਿੰਘ, ਕਾਮਰੇਡ ਰਣਦੀਪ ਸਿੰਘ ਰਾਣਾ ਬਲਾਕ ਸਕੱਤਰ ਫਗਵਾੜਾ, ਕਾਮਰੇਡ ਰਾਮ ਆਸਰਾ ਜ਼ਿਲ੍ਹਾ ਕੌਂਸਲਰ ਮੈਂਬਰ ਨਵਾਂ ਸ਼ਹਿਰ, ਕਾਮਰੇਡ ਜੈਪਾਲ ਸਿੰਘ ਜ਼ਿਲ੍ਹਾ ਸਕੱਤਰ ਕਪੂਰਥਲਾ, ਕਾਮਰੇਡ ਪਰਮਜੀਤ ਸਿੰਘ ਸਮਰਾਏ ਸਹਾਇਕ ਜ਼ਿਲ੍ਹਾ ਸਕੱਤਰ ਜਲੰਧਰ ਆਗੂਆਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ।

## ਨੇਪਾਲ 'ਚ ਅਸਥਾਈ ਝੀਲ ਮਚਾ ਸਕਦੀ ਹੈ ਮੁੜ ਤਬਾਹੀ


ਫੌਜ ਦੇ ਜਵਾਨਾਂ ਨੇ ਰਾਸੁਵਾ ਵਿੱਚ ਪਣ-ਬਿਜਲੀ ਸੁਰੰਗ ਵਿੱਚੋਂ ਦੋ ਲੋਕਾਂ ਨੂੰ ਬਚਾਇਆ, ਜਦੋਂ ਕਿ ਫਸੇ ਹੋਏ ਹੋਰ ਲੋਕਾਂ ਦੀ ਭਾਲ ਜਾਰੀ ਸੀ।

**ਕਾਠਮੰਡੂ** : ਨੇਪਾਲ ਅਤੇ ਤਿੱਬਤ (ਚੀਨ) ਦੀ ਸਰਹੱਦ ਨੇੜੇ ਹਿਮਾਲੀਅਨ ਖੇਤਰ ਵਿੱਚ ਗਲੇਸ਼ੀਅਰ ਡਿੱਗਣ (ਗਲੇਸ਼ੀਅਰ ਕੋਲੈਪਸ) ਤੋਂ ਬਾਅਦ ਅਚਾਨਕ ਆਏ ਹੜ੍ਹ ਨਾਲ ਹੋਈ ਤਬਾਹੀ ਵਿੱਚ ਮ੍ਰਿਤਕਾਂ ਦੀ ਗਿਣਤੀ ਵਧ ਕੇ 552 ਹੋ ਗਈ ਹੈ। ਇਸ ਤੋਂ ਇਲਾਵਾ ਨੇਪਾਲ ਅਤੇ ਤਿੱਬਤ ਦੋਵਾਂ ਪਾਸਿਆਂ ਤੋਂ ਲੱਗਭੱਗ 1,400 ਤੋਂ ਵੱਧ ਲੋਕ ਲਾਪਤਾ ਦੱਸੇ ਜਾ ਰਹੇ ਹਨ, ਜਿਨ੍ਹਾਂ ਵਿੱਚ ਸੈਂਕੜੇ ਵਿਦੇਸ਼ੀ ਸੈਲਾਨੀ ਅਤੇ ਕੈਲਾਸ਼ ਮਾਨਸਰੋਵਰ ਯਾਤਰਾ 'ਤੇ ਗਏ ਹਿੰਦੂ ਸ਼ਰਧਾਲੂ ਵੀ ਸ਼ਾਮਲ ਹਨ। ਨੇਪਾਲ ਦੇ ਰਸੂਵਾ, ਨੁਵਾਕੋਟ, ਧਾਦਿੰਗ ਅਤੇ ਚਿਤਵਨ ਵਰਗੇ ਜ਼ਿਲ੍ਹੇ ਸਭ ਤੋਂ ਵੱਧ ਪ੍ਰਭਾਵਿਤ ਹੋਏ ਹਨ। ਚੀਨ ਅਤੇ ਨੇਪਾਲ ਨੂੰ ਜੋੜਨ ਵਾਲਾ ਪ੍ਰਮੁੱਖ 'ਗਾਇਰੋਂਗ ਬਾਰਡਰ' ਵੀ ਇਸ ਹੜ੍ਹ ਦੀ ਲਪੇਟ ਵਿੱਚ ਆ ਕੇ ਪੂਰੀ ਤਰ੍ਹਾਂ ਤਬਾਹ ਹੋ ਗਿਆ ਹੈ। ਨੇਪਾਲ ਵਿੱਚ ਫਸੇ ਹਜ਼ਾਰਾਂ ਲੋਕਾਂ ਨੂੰ ਕੱਢਣ ਲਈ ਹੈਲੀਕਾਪਟਰਾਂ ਅਤੇ ਡਰੋਨਾਂ ਦੀ ਮਦਦ ਲਈ ਜਾ ਰਹੀ ਹੈ। • ਬਾਕੀ ਸਫਾ 2 'ਤੇ

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਸੰਗਰੂਰ 'ਚ ਦੋ ਰੋਜ਼ਾ ਧਰਨੇ ਦਾ ਐਲਾਨ



**ਬਰਨਾਲਾ (ਗਿਆਨ ਸੈਦਪੁਰੀ)**
ਆਪ ਸਰਕਾਰ ਨੂੰ ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 11 ਅਤੇ 12 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਅੱਗੇ ਦੋ ਰੋਜ਼ਾ ਧਰਨਾ ਲਾਉਣ ਦਾ ਐਲਾਨ ਕੀਤਾ ਗਿਆ।ਸ਼ੁੱਕਰਵਾਰ ਇੱਥੇ ਤਰਕਸ਼ੀਲ ਭਵਨ ਬਰਨਾਲਾ ਵਿਖੇ ਸਾਂਝੇ ਮੋਰਚੇ ਦੀ ਮੀਟਿੰਗ, ਮੋਰਚੇ ਦੇ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਦੀ ਪ੍ਰਧਾਨਗੀ ਹੇਠ ਹੋਈ। ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਗੁਰਨਾਮ ਸਿੰਘ ਦਾਊਦ, ਸੂਬਾ ਜਨਰਲ ਸਕੱਤਰ ਦਿਹਾਤੀ ਮਜ਼ਦੂਰ ਸਭਾ, ਚਮਕੌਰ ਸਿੰਘ ਖੇੜੀ, ਸੂਬਾ ਜਨਰਲ ਸਕੱਤਰ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ, ਦੇਵੀ ਕੁਮਾਰੀ ਸਰਹਾਲੀ ਕਲਾਂ ਸੂਬਾ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਕੁਲਵੰਤ ਸਿੰਘ ਸੇਲਬਰਾ ਸੂਬਾ ਪ੍ਰਧਾਨ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਗੋਬਿੰਦ ਸਿੰਘ ਛਾਜਲੀ ਸੂਬਾ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਪ੍ਰੈੱਸ ਦੇ ਨਾਂਅ ਜਾਰੀ ਬਿਆਨ ਵਿੱਚ ਦੱਸਿਆ ਕਿ ਬੇਜ਼ਮੀਨੇ ਮਜ਼ਦੂਰਾਂ ਦੀਆਂ ਭਖਦੀਆਂ ਅਤੇ ਹੱਕੀ ਮੰਗਾਂ 'ਤੇ ਮਜ਼ਦੂਰ ਜਥੇਬੰਦੀਆਂ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੀਆਂ ਹਨ, ਪਰ ਭਗਵੰਤ ਮਾਨ ਸਰਕਾਰ ਦਾ ਮਜ਼ਦੂਰ ਮੰਗਾਂ ਪ੍ਰਤੀ ਰਵੱਈਆ ਨਾਂਹ-ਪੱਖੀ ਤੇ ਵਿਤਕਰੇ ਵਾਲਾ ਹੈ। ਇਸੇ ਦੌਰਾਨ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾਈ ਆਗੂ ਮੁਕੇਸ਼ • ਬਾਕੀ ਸਫਾ 2 'ਤੇ

## ਸੱਜਣ ਕੁਮਾਰ ਦੇ ਭੋਗ 'ਤੇ ਭਾਜਪਾ ਸਾਂਸਦਾਂ ਦੀ ਸ਼ਮੂਲੀਅਤ ਮੰਦਭਾਗੀ : ਬਲਤੇਜ ਪੰਨੂ




**ਚੰਡੀਗੜ੍ਹ (ਨ ਜ਼ ਸ)**-ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਾਂਗਰਸ ਅਤੇ ਭਾਰਤੀ ਜਨਤਾ ਪਾਰਟੀ 'ਤੇ ਹਮਲਾ ਬੋਲਦਿਆਂ ਕਿਹਾ ਕਿ ਘੱਟ ਗਿਣਤੀਆਂ, ਖ਼ਾਸ ਕਰਕੇ ਸਿੱਖ ਭਾਈਚਾਰੇ ਪ੍ਰਤੀ ਦੋਵਾਂ ਪਾਰਟੀਆਂ ਦਾ ਵਤੀਰਾ ਇੱਕੋ ਜਿਹਾ ਹੈ ਅਤੇ ਦੋਵੇਂ ਧਿਰਾਂ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦੇ ਦਰਦ ਨੂੰ ਸਮਝਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀਆਂ ਹਨ। ਪੰਨੂ ਨੇ ਯਾਦ ਕਰਵਾਇਆ ਕਿ 1984 ਦੇ ਸਿੱਖ ਕਤਲੇਆਮ ਵਿੱਚ ਅਦਾਲਤ ਵੱਲੋਂ ਦੋਸ਼ੀ ਠਹਿਰਾਏ ਗਏ ਸੱਜਣ ਕੁਮਾਰ ਦੀ ਮੌਤ ਤੋਂ ਬਾਅਦ ਕਾਂਗਰਸ ਦਾ ਪ੍ਰਤੀਕਰਮ ਸਭ ਨੇ ਦੇਖਿਆ ਸੀ।ਕਾਂਗਰਸ ਆਗੂ ਦੀਪਿੰਦਰ ਹੁੱਡਾ ਨੇ ਸੱਜਣ ਕੁਮਾਰ ਨੂੰ ਆਪਣਾ 'ਆਦਰਸ਼' ਤੱਕ ਕਹਿ ਦਿੱਤਾ ਸੀ, ਹਾਲਾਂਕਿ ਬਾਅਦ ਵਿੱਚ ਉਹ ਆਪਣੀ ਗੱਲ ਤੋਂ ਮੁੱਕਰਦੇ ਨਜ਼ਰ ਆਏ।ਉਸ ਵੇਲੇ ਭਾਰਤੀ ਜਨਤਾ ਪਾਰਟੀ ਨੇ ਵੀ ਦੀਪਿੰਦਰ ਹੁੱਡਾ ਅਤੇ ਕਾਂਗਰਸ • ਬਾਕੀ ਸਫਾ 2 'ਤੇ

## ਮੇਰਾ ਕੁੱਤਾ ਕੁੱਤਾ, ਤੇਰਾ ਕੁੱਤਾ ਟੌਮੀ


ਕੰਗਨਾ ਰਣੌਤ ਕੁਨਿਕਾ ਕ੍ਰਿਤੀ ਸੈਨਨ

**ਮੁੰਬਈ (ਨ ਜ਼ ਸ)**-ਅਦਾਕਾਰਾ ਕੁਨਿਕਾ ਸਦਾਨੰਦ ਨੇ ਕ੍ਰਿਤੀ ਸੈਨਨ ਦੇ ਰਖੜੀ ਦੇ ਇਸ਼ਤਿਹਾਰ ਉੱਤੇ ਵਿਵਾਦ ਦੇ ਵਿਚਕਾਰ ਕੰਗਨਾ ਰਣੌਤ ਦਾ ਇੱਕ ਪੁਰਾਣਾ ਇਸ਼ਤਿਹਾਰ ਸਾਂਝਾ ਕੀਤਾ ਹੈ, ਜਿਸ ਵਿੱਚ ਉਹ ਸਟ੍ਰੈਪਲੈੱਸ ਪਹਿਰਾਵੇ ਵਿੱਚ ਦਿਖਾਈ ਦੇ ਰਹੀ ਹੈ। ਕੁਨਿਕਾ ਨੇ 'ਐੱਕਸ' ਉੱਤੇ ਲਿਖਿਆ, "ਮੇਰਾ ਕੁੱਤਾ ਕੁੱਤਾ, ਤੇਰਾ ਕੁੱਤਾ ਟੌਮੀ???" ਕੰਗਨਾ ਨੇ ਗਹਿਣਿਆਂ ਦੇ ਬ੍ਰਾਂਡ ਜੀਵਾ ਲਈ ਰੱਖੜੀ ਮੁਹਿੰਮ ਦੌਰਾਨ ਕ੍ਰਿਤੀ ਦੇ ਪਹਿਰਾਵੇ ਦੀ ਆਲੋਚਨਾ ਕੀਤੀ ਸੀ ਤੇ ਵਿਵਾਦ ਤੋਂ ਬਾਅਦ ਕੰਪਨੀ ਨੇ ਇਸ਼ਤਿਹਾਰ ਵਾਪਸ ਲੈ ਲਿਆ ਸੀ। ਕ੍ਰਿਤੀ ਨੇ ਇਸ਼ਤਿਹਾਰ ਲਈ ਬ੍ਰੇਲੇਟ-ਸ਼ੈਲੀ ਵਾਲਾ ਬਲਾਊਜ਼, ਕੇਪ ਅਤੇ ਡਰੈਪਡ ਸਕਰਟ ਵਾਲਾ ਪਹਿਰਾਵਾ ਪਾਇਆ ਸੀ। ਇਸ ਲੁੱਕ ਨੂੰ ਸੋਸ਼ਲ ਮੀਡੀਆ ਉਪਭੋਗਤਾਵਾਂ ਦੇ ਇੱਕ ਹਿੱਸੇ ਵੱਲੋਂ ਆਲੋਚਨਾ ਦਾ ਸਾਹਮਣਾ ਕਰਨਾ ਪਿਆ, ਜਿਨ੍ਹਾਂ ਨੇ ਸਵਾਲ ਕੀਤਾ ਸੀ ਕਿ ਕੀ ਇਹ ਰੱਖੜੀ ਵਰਗੇ ਤਿਉਹਾਰ ਲਈ ਢੁਕਵਾਂ ਹੈ। ਕੰਗਨਾ ਨੇ ਬਾਅਦ ਵਿੱਚ ਇਸ ਮੁਹਿੰਮ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਲਿਖਿਆ, "ਤੁਸੀਂ ਆਪਣੇ ਭਰਾ ਨੂੰ ਆਪਣੀ ਬਿਕਨੀ/ਅੰਡਰਗਾਰਮੈਂਟ ਵਿੱਚ ਰੱਖੜੀ ਕਿਉਂ ਬੰਨ੍ਹੋਗੇ?" ਕੁਨਿਕਾ ਦੀ ਪੋਸਟ ਤੋਂ ਬਾਅਦ, ਕੰਗਨਾ ਦਾ ਪੁਰਾਣਾ ਰਕਸ਼ਾ ਬੰਧਨ ਇਸ਼ਤਿਹਾਰ ਸੋਸ਼ਲ ਮੀਡੀਆ 'ਤੇ ਦੁਬਾਰਾ ਘੁੰਮਣਾ ਸ਼ੁਰੂ ਹੋ ਗਿਆ ਹੈ। ਕੁਝ ਸੋਸ਼ਲ ਮੀਡੀਆ ਉਪਭੋਗਤਾਵਾਂ ਨੇ ਕੰਗਨਾ 'ਤੇ ਪਖੰਡ ਕਰਨ ਦਾ ਦੋਸ਼ ਲਗਾਇਆ ਹੈ।

## ਹੁਣ ਬਾਬਾ ਵੱਡਾ ਭਰਾ !



**ਦੇਹਰਾਦੂਨ (ਨ ਜ਼ ਸ)**-ਭਾਜਪਾ ਸਾਂਸਦ ਤੇ ਅਦਾਕਾਰਾ ਕੰਗਨਾ ਰਣੌਤ ਅਤੇ ਯੋਗ ਗੁਰੂ ਬਾਬਾ ਰਾਮਦੇਵ ਵਿਚਕਾਰ 'ਗਟਰਛਾਪ' ਟਿੱਪਣੀ ਨੂੰ ਲੈ ਕੇ ਪੈਦਾ ਹੋਇਆ ਵਿਵਾਦ ਰੱਖੜੀ ਵਾਲੇ ਦਿਨ ਨਵਾਂ ਮੋੜ ਕੱਟ ਗਿਆ, ਜਦੋਂ ਬਾਬੇ ਨੇ ਉਸ ਨੂੰ ਤੋਹਫੇ ਅਤੇ ਮਿਠਾਈਆਂ ਭੇਜ ਕੇ ਨਫਰਤ ਅਤੇ ਦੁਸ਼ਮਣੀ ਨੂੰ ਖਤਮ ਕਰਨ ਦੀ ਅਪੀਲ ਕੀਤੀ। ਕੰਗਨਾ ਵੱਲੋਂ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਗਟਰਛਾਪ ਕਹਿਣ 'ਤੇ ਬਾਬਾ ਰਾਮਦੇਵ ਨੇ ਜਨਤਕ ਤੌਰ 'ਤੇ ਇਤਰਾਜ਼ ਜਤਾਇਆ ਸੀ। ਪੱਤਰਕਾਰਾਂ ਨਾਲ ਗੱਲ ਕਰਦਿਆਂ ਬਾਬਾ ਰਾਮਦੇਵ ਨੇ ਕਿਹਾ, "ਮੈਂ ਇਹ ਤੋਹਫਾ ਅਤੇ ਮਿਠਾਈਆਂ ਆਪਣੀ ਭੈਣ ਕੰਗਨਾ ਰਣੌਤ ਨੂੰ ਡਾਕ ਰਾਹੀਂ ਭੇਜ ਰਿਹਾ ਹਾਂ। ਮੈਂ ਕੰਗਨਾ ਨੂੰ ਰੱਖੜੀ ਦੀਆਂ ਸ਼ੁਭਕਾਮਨਾਵਾਂ ਦੇਣ ਲਈ ਫੋਨ ਕਰਾਂਗਾ।" ਇਸ ਦੇ ਜਵਾਬ ਵਿੱਚ ਕੰਗਨਾ ਰਣੌਤ ਨੇ ਇੰਸਟਾਗ੍ਰਾਮ 'ਤੇ ਲਿਖਿਆ, "ਤਿਉਹਾਰਾਂ ਦੇ ਦਿਨ ਸਾਰੀਆਂ ਗਲਤੀਆਂ ਨੂੰ ਮਾਫ ਕਰਨ ਲਈ ਹੁੰਦੇ ਹਨ। ਮੇਰੇ ਭਰਾ ਬਾਬਾ ਰਾਮਦੇਵ ਜੀ ਨੇ ਇਹ ਬਹੁਤ ਵਧੀਆ ਕਿਹਾ ਕਿ ਗੱਲਬਾਤ ਹੋਣੀ ਚਾਹੀਦੀ ਹੈ ਨਾ ਕਿ ਵਿਵਾਦ। ਅੱਜ, ਰੱਖੜੀ ਵਾਲੇ ਦਿਨ, ਮੈਂ ਉਨ੍ਹਾ ਦੀਆਂ ਮਿਠਾਈਆਂ ਅਤੇ ਵੱਡੇ ਭਰਾ ਦੇ ਪਿਆਰ ਦੋਵਾਂ ਨੂੰ ਸਵੀਕਾਰ ਕਰਦੀ ਹਾਂ। ਤੁਹਾਡਾ ਬਹੁਤ ਧੰਨਵਾਦ। • ਬਾਕੀ ਸਫਾ 2 'ਤੇ

## ਇਨਕਲਾਬੀ ਲਹਿਰਾਂ ਦੇ ਮਹੱਤਵ ਵਿਸ਼ੇ 'ਤੇ ਗੰਭੀਰ ਚਰਚਾ

### ਤਿੰਨ ਰੋਜ਼ਾ ਸੂਬਾਈ ਸਿਖਿਆਰਥੀ ਚੇਤਨਾ ਕੈਂਪ ਦਾ ਆਗਾਜ਼



**ਜਲੰਧਰ (ਨ ਜ਼ ਸ)**-ਤਿੰਨ ਰੋਜ਼ਾ ਸਿਖਿਆਰਥੀ ਚੇਤਨਾ ਕੈਂਪ ਦਾ ਆਗਾਜ਼ ਸ਼ੁੱਕਰਵਾਰ ਇਨਕਲਾਬੀ ਕਵੀ ਪਾਸ਼ ਦੀ ਕਵਿਤਾ 'ਘਾਹ' ਰਿਤਿਕਾ ਨੂਰਪੁਰ ਵੱਲੋਂ ਪੇਸ਼ ਕਰਨ ਨਾਲ ਹੋਇਆ। ਰਿਤਿਕਾ ਨੇ ਪਾਸ਼ ਦੇ ਬੋਲ ਪ੍ਰਭਾਵਸ਼ਾਲੀ ਅੰਦਾਜ਼ 'ਚ ਪੇਸ਼ ਕਰਦਿਆਂ ਕਿਹਾ : 'ਮੈਂ ਤੇ ਘਾਹ ਹਾਂ ਤੁਹਾਡੇ ਕੀਤੇ ਕਰਾਏ ਤੇ ਉੱਗ ਆਵਾਂਗਾ।'
ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ 30 ਅਗਸਤ ਤੱਕ ਨਿਰੰਤਰ ਚੱਲਣ ਵਾਲੇ ਕੈਂਪ ਮੌਕੇ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ, ਮੀਤ ਪ੍ਰਧਾਨ ਡਾ. ਪਰਮਿੰਦਰ, ਸਹਾਇਕ ਸਕੱਤਰ ਪ੍ਰੋ. ਗੋਪਾਲ ਬੁੱਟਰ ਡਾ. ਅਤੇ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਮੰਚ 'ਤੇ ਸੁਸ਼ੋਭਤ ਸਨ।
ਇਸ ਮੌਕੇ ਗੁਰਮੀਤ ਸਿੰਘ ਨੇ ਕਿਹਾ ਕਿ ਸਿਖਿਆਰਥੀ ਚੇਤਨਾ ਕੈਂਪ ਉਸ ਮੌਕੇ ਹੋ ਰਿਹੈ ਜਦੋਂ ਕੁੱਲ ਦੁਨੀਆ ਅਤੇ ਸਾਡੇ ਮੁਲਕ ਅੰਦਰ ਸਾਮਰਾਜੀ ਅਤੇ ਉਨ੍ਹਾਂ ਦੇ ਹਿੱਤ-ਪੂਰਕਾਂ ਵੱਲੋਂ ਕੁਦਰਤੀ ਅਨਮੋਲ ਖਜ਼ਾਨਿਆਂ ਅਤੇ ਲੋਕਾਂ ਦੀ ਕਿਰਤ ਨੂੰ ਹੜੱਪਣ ਲਈ ਹਰ ਹਰਬਾ ਵਰਤਿਆ ਜਾ ਰਿਹਾ ਹੈ। ਕੁੱਲ ਦੁਨੀਆ ਅੰਦਰ ਫ਼ਿਰਕੇਦਾਰਾਨਾ ਅਤੇ ਪ੍ਰਵਾਸ ਦੇ ਮੁੱਦਿਆਂ ਨੂੰ ਭੜਕਾ ਕੇ ਲੋਕਾਂ ਦੀਆਂ ਮੁਸ਼ਕਲਾਂ ਦੇ ਹਕੀਕੀ ਜ਼ਿੰਮੇਵਾਰਾਂ ਤੋਂ ਧਿਆਨ ਹਟਾ ਕੇ ਲੋਕਾਂ ਨੂੰ ਲੋਕਾਂ ਨਾਲ ਲੜਾਉਣ ਅਤੇ ਫ਼ਿਰਕੂ ਫਾਸ਼ੀ ਹੱਲੇ ਤਿੱਖੇ ਕਰਨ ਲਈ ਜ਼ਮੀਨ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾ ਪੰਜਾਬ ਦੀ ਜੁਆਨੀ ਨੂੰ ਇਤਿਹਾਸ ਦੀ ਵਾਗਡੋਰ ਸੰਭਾਲਣ ਲਈ ਇਤਿਹਾਸ ਦਾ ਅਧਿਐਨ ਕਰਨ ਅਤੇ ਪੁਸਤਕ ਸੱਭਿਆਚਾਰ ਦੇ ਲੜ ਲੱਗਣ ਦਾ ਸੱਦਾ ਦਿੱਤਾ। ਸਿਖਿਆਰਥੀ ਚੇਤਨਾ ਕੈਂਪ ਦੇ ਮੁੱਖ ਵਕਤਾ ਡਾ. ਪਰਮਿੰਦਰ ਨੇ "ਕੌਮੀ ਮੁਕਤੀ ਲਹਿਰ ਅੰਦਰ ਇਨਕਲਾਬੀ ਲਹਿਰ ਨੂੰ ਮਸਲ ਦੇਣ ਲਈ ਚਲੇ ਆ ਰਹੇ ਮਨਸੂਬੇ ਅਤੇ ਜੁਆਨੀ ਦੇ ਫ਼ਰਜ਼" ਵਿਸ਼ੇ ਉਪਰ ਬੋਲਦਿਆਂ ਕਿਹਾ ਕਿ ਦੁਨੀਆ 'ਚ ਜਦੋਂ ਫਾਸ਼ੀਵਾਦ ਦੀ ਅੱਤ ਹੋਈ ਤਾਂ ਗੈਸ ਚੈਂਬਰਾਂ ਵਿੱਚ ਵੱਡੀ ਪੱਧਰ 'ਤੇ ਲੋਕਾਂ ਦਾ ਘਾਣ ਕੀਤਾ ਗਿਆ। ਉਨ੍ਹਾ ਕਿਹਾ ਕਿ ਜੋ ਕੁਝ ਇਟਲੀ, ਜਰਮਨ ਵਿੱਚ ਘਿਨੌਣਾ ਕਹਿਰ ਵਾਪਰਿਆ, ਉਸ ਤੋਂ ਕਿਤੇ ਵਹਿਸ਼ੀਆਨਾ ਜਬਰ ਸਿਤਮ ਸਾਡੇ ਮੁਲਕ ਵਿੱਚ ਵਾਪਰ ਰਿਹੈ ਅਤੇ ਭਵਿੱਖ ਵਿੱਚ ਇਹ ਹੋਰ ਵੀ ਵਿਆਪਕ ਅਤੇ ਤਿੱਖਾ ਹੋਏਗਾ। ਇਸ ਦੇ ਲੱਛਣ ਵਿਦਿਆਰਥੀ ਅਤੇ ਸਨਅਤੀ ਕਾਮਿਆਂ ਦੇ ਅੰਦੋਲਨ ਮੌਕੇ ਜਮਹੂਰੀ ਹੱਕਾਂ ਦਾ ਘਾਣ ਕੀਤੇ ਜਾਣ ਮੌਕੇ ਸਾਫ਼ ਦੇਖੇ ਜਾ ਸਕਦੇ ਹਨ।
ਉਨ੍ਹਾ ਕਿਹਾ ਕਿ ਅਜੋਕੀ ਨਵੀਂ ਵਿੱਦਿਅਕ ਨੀਤੀ, ਸਿੱਖਿਆ ਦੇ ਨਿੱਜੀਕਰਨ ਦੇ ਦੌਰ 'ਚ ਨੀਟ ਪ੍ਰੀਖਿਆ ਅਤੇ ਫੀਸਾਂ • ਬਾਕੀ ਸਫਾ 2 'ਤੇ

## ਅੱਜ-ਨਾਮਾ

ਹੜ੍ਹ ਆਇਆ ਸੀ ਤਰਫ ਨੇਪਾਲ ਜਿਹੜਾ,
ਹੋਇਆ ਉਹਦੇ ਤੋਂ ਬੜਾ ਨੁਕਸਾਨ ਬੇਲੀ।
ਇਨਸਾਨੀ ਮੌਤਾਂ ਦੀ ਸੁਣੀਂਦੀ ਅੱਤ ਹੋਈ,
ਰਹਿਣ ਲਈ ਬਚੇ ਨਾ ਹਨ ਮਕਾਨ ਬੇਲੀ।
ਵਹਿੰਦੇ ਗਾਰੇ ਵਿੱਚ ਪਸ਼ੂ ਨੇ ਰੁੜ੍ਹੇ ਫਿਰਦੇ,
ਰੁੜ੍ਹਦੇ ਜਾਂਦੇ ਕਈ ਨਾਲ ਇਨਸਾਨ ਬੇਲੀ।
ਅੱਗੋਂ ਆਖਦੇ ਖਤਰਾ ਕੁਝ ਫੇਰ ਬਣਿਆ,
ਬਚਾਅ ਦੇ ਹੁੰਦੇ ਹਨ ਪਏ ਐਲਾਨ ਬੇਲੀ।
ਕਹਿੰਦੇ ਫੇਰ ਕੋਈ ਝੀਲ ਹੈ ਫਟ ਸਕਦੀ,
ਫਟੀ ਤਾਂ ਕਰੇਗੀ ਓੜਕ ਦੀ ਮਾਰ ਬੇਲੀ।
ਕੁਦਰਤੀ ਕਹਿਰ ਮਨੁੱਖਾਂ ਦੇ ਸਿਰ ਉੱਤੇ,
ਮਨੁੱਖ ਨੇ ਲੈਣੀ ਮਨੁੱਖਾਂ ਦੀ ਸਾਰ ਬੇਲੀ।

-ਤੀਸ ਮਾਰ ਖਾਂ

## 'ਮਿਸ਼ਨ ਰੁਜ਼ਗਾਰ' ਤਹਿਤ ਨੌਜਵਾਨਾਂ ਨੂੰ ਮਿਲ ਰਹੀਆਂ ਨੌਕਰੀਆਂ : ਡਾ. ਜਵੰਦਾ

### ਹੁਣ ਤੱਕ 70,840 ਸਰਕਾਰੀ ਨੌਕਰੀਆਂ ਦੇਣ ਦਾ ਦਾਅਵਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਚਲਾਏ ਜਾ ਰਹੇ 'ਮਿਸ਼ਨ ਰੁਜ਼ਗਾਰ' ਤਹਿਤ ਸਰਕਾਰੀ ਭਰਤੀਆਂ ਵਿੱਚ ਪਾਰਦਰਸ਼ਤਾ ਅਤੇ ਮੈਰਿਟ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਇਹ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਦਾ ਨੇ ਕੀਤਾ।ਡਾ. ਜਵੰਦਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲਗਾਤਾਰ ਸਰਕਾਰੀ ਭਰਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਸਦਕਾ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਆਪਣੀ ਯੋਗਤਾ ਤੇ ਮਿਹਨਤ ਦੇ ਆਧਾਰ 'ਤੇ ਸਰਕਾਰੀ ਸੇਵਾ ਵਿੱਚ ਆਉਣ ਦਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਲੰਧਰ ਸਥਿਤ ਪੀ.ਏ.ਪੀ. ਵਿਖੇ ਕਰਵਾਏ ਸਮਾਗਮ ਦੌਰਾਨ ਪੰਜਾਬ ਪੁਲਸ ਵਿੱਚ ਚੁਣੇ ਗਏ 1,746 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ।ਉਨ੍ਹਾਂ ਨਵ-ਨਿਯੁਕਤ ਨੌਜਵਾਨਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਇਸ ਕਾਮਯਾਬੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਨੌਜਵਾਨ ਆਪਣੀ ਮਿਹਨਤ ਤੇ ਯੋਗਤਾ ਦੇ ਦਮ 'ਤੇ ਇਸ ਮੁਕਾਮ ਤੱਕ ਪਹੁੰਚੇ ਹਨ।ਉਨ੍ਹਾਂ ਦੱਸਿਆ ਕਿ ਅੱਜ ਦੀਆਂ ਨਿਯੁਕਤੀਆਂ ਨੂੰ ਮਿਲਾ ਕੇ ਪੰਜਾਬ ਸਰਕਾਰ ਵੱਲੋਂ ਹੁਣ ਤੱਕ 70,840 ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਡਾ. ਜਵੰਦਾ ਨੇ ਕਿਹਾ ਕਿ ਕਿਸੇ ਨੌਜਵਾਨ ਨੂੰ ਸਰਕਾਰੀ ਨੌਕਰੀ ਮਿਲਣ ਨਾਲ ਉਸ ਦਾ ਭਵਿੱਖ ਹੀ ਸੁਰੱਖਿਅਤ ਨਹੀਂ ਹੁੰਦਾ, ਸਗੋਂ ਪੂਰੇ ਪਰਿਵਾਰ ਨੂੰ ਆਰਥਿਕ ਸਥਿਰਤਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਭਰਤੀ ਪ੍ਰਕਿਰਿਆ ਨੂੰ ਨਿਰਪੱਖ, ਪਾਰਦਰਸ਼ੀ ਅਤੇ ਮੈਰਿਟ ਆਧਾਰਿਤ ਬਣਾਉਣ ਲਈ ਲਗਾਤਾਰ ਵਚਨਬੱਧ ਹੈ।

## ਰੱਖੜੀ ਦਾ ਤਿਉਹਾਰ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੇਵਾ ਭਾਰਤੀ ਵੱਲੋਂ ਚੱਲ ਰਹੇ ਸਿਲਾਈ ਸੈਂਟਰ ਦੀਆਂ ਭੈਣਾਂ ਵੱਲੋਂ ਰੱਖੜੀ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਮਨਪ੍ਰੀਤ ਸਿੰਘ ਮੈਨੇਜਰ ਯੂਨਾਈਟਡ ਇੰਡੀਆ ਇਸ਼ੋਰੈਂਸ ਕੰਪਨੀ ਸਨ।ਸਿਲਾਈ ਸੈਂਟਰ ਦੇ ਬੱਚੇ ਘਰੋਂ ਹੱਥ ਨਾਲ ਰੱਖੜੀ ਬੰਨ੍ਹਾ ਕੇ ਲੈ ਆਏ ਸਨ। ਉਨ੍ਹਾਂ ਵਿੱਚੋਂ ਪਹਿਲਾ, ਦੂਜਾ, ਤੀਜਾ ਸਥਾਨ ਹਾਸਲ ਕਰਨ ਵਾਲੀਆਂ ਭੈਣਾਂ ਨੂੰ ਸਨਮਾਨਤ ਕੀਤਾ ਗਿਆ।ਰੱਖੜੀ ਦੇ ਮਹੱਤਵ ਵਾਰੇ ਵੀ ਦੱਸਿਆ ਗਿਆ। ਜਿਸ ਤਰ੍ਹਾਂ ਭੈਣ-ਭਰਾ ਦੇ ਰੱਖੜੀ ਬੰਨ੍ਹ ਕੇ ਰੱਖਿਆ ਦਾ ਬਚਨ ਦਿੰਦਾ ਹੈ, ਉਸੇ ਤਰ੍ਹਾਂ ਸਾਨੂੰ ਦੇਸ਼ ਦੀ ਰੱਖਿਆ ਦਾ ਸੰਕਲਪ ਕਰਨਾ ਚਾਹੀਦਾ ਹੈ। ਜਾਤ-ਪਾਤ, ਪ੍ਰਾਂਤ ਵਾਦ, ਭਾਸ਼ਾ, ਊਚ-ਨੀਚ ਨਹੀਂ ਕਰਨੀ ਚਾਹੀਦੀ।

## ਫ਼ਰੀਦਕੋਟ ਮੈਡੀਕਲ ਹਸਪਤਾਲ ਮਾਮਲੇ ਦੀ ਵਿਜੀਲੈਂਸ ਜਾਂਚ ਜਲਦ ਮੁਕੰਮਲ ਹੋਵੇ : ਅਰਸ਼ ਸੱਚਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਅਰਸ਼ ਸੱਚਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਹੈ ਕਿ ਫ਼ਰੀਦਕੋਟ ਮੈਡੀਕਲ ਹਸਪਤਾਲ ਨਾਲ ਸਬੰਧਤ ਮਾਮਲੇ ਵਿੱਚ ਚੱਲ ਰਹੀ ਵਿਜੀਲੈਂਸ ਜਾਂਚ ਨੂੰ ਜਲਦ ਤੋਂ ਜਲਦ, ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਕਰਾਉਣ ਲਈ ਸਖ਼ਤ ਆਦੇਸ਼ ਜਾਰੀ ਕੀਤੇ ਜਾਣ।ਅਰਸ਼ ਸੱਚਰ ਨੇ ਕਿਹਾ ਕਿ ਜਾਂਚ ਦੌਰਾਨ ਜੇਕਰ ਕਿਸੇ ਵੀ ਵਿਅਕਤੀ ਦੀ ਬੇਨਿਯਮੀ ਜਾਂ ਕਾਨੂੰਨੀ ਜ਼ਿੰਮੇਵਾਰੀ ਸਾਹਮਣੇ ਆਉਂਦੀ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਬਣਦੀ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਬੇਨਿਯਮੀ ਦਾ ਸਿੱਧਾ ਅਸਰ ਆਮ ਲੋਕਾਂ, ਖ਼ਾਸ ਕਰਕੇ ਗਰੀਬ ਤੇ ਲੋੜਵੰਦ ਮਰੀਜ਼ਾਂ ਉੱਤੇ ਪੈਂਦਾ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਦਾ ਮਕਸਦ ਸਿਰਫ਼ ਜਾਂਚ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਸਿਸਟਮ ਵਿੱਚ ਸਾਹਮਣੇ ਆਉਣ ਵਾਲੀਆਂ ਕਮੀਆਂ ਨੂੰ ਦੂਰ ਕਰਕੇ ਹਸਪਤਾਲ ਦੀਆਂ ਸਿਹਤ ਸਹੂਲਤਾਂ ਵਿੱਚ ਸੁਧਾਰ ਵੀ ਯਕੀਨੀ ਬਣਾਇਆ ਜਾਵੇ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਕਰਨਾ ਸਰਕਾਰ ਦਾ ਸ਼ਲਾਘਾਯੋਗ ਕਦਮ : ਟੀਨੂੰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਤੇ ਸਿਹਤ ਸਕੀਮ ਲਾਗੂ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ।ਇਨ੍ਹਾਂ ਯੋਜਨਾਵਾਂ ਨਾਲ ਸੂਬੇ ਦੀਆਂ ਔਰਤਾਂ ਤੇ ਧੀਆਂ ਨੂੰ ਸਿਹਤ ਸਮੇਤ ਹੋਰ ਜ਼ਰੂਰੀ ਸਹੂਲਤਾਂ ਦਾ ਲਾਭ ਮਿਲੇਗਾ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਜਗਸੀਰ ਸਿੰਘ ਸੀਰਾ ਯੂਥ ਸ਼ਹਿਰੀ ਪ੍ਰਧਾਨ ਨਿਹਾਲ ਸਿੰਘ ਵਾਲਾ, ਰਜਿੰਦਰ ਸਿੰਘ ਕਾਕਾ ਬਲਾਕ ਸੋਸ਼ਲ ਮੀਡੀਆ ਪ੍ਰਧਾਨ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਲਾਗੂ ਕੀਤੀਆਂ ਜਾ ਰਹੀਆਂ ਯੋਜਨਾਵਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।ਉਨ੍ਹਾਂ ਕਿਹਾ ਕਿ ਮਾਵਾਂ ਤੇ ਧੀਆਂ ਦੀ ਸਿਹਤ ਤੇ ਸਨਮਾਨ ਨੂੰ ਪਹਿਲ ਦੇਣਾ ਸਰਕਾਰ ਦੀ ਲੋਕ ਪੱਖੀ ਸੋਚ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਜਿਹੀਆਂ ਭਲਾਈ ਸਕੀਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਹਰ ਯੋਗ ਲਾਭਪਾਤਰੀ ਤੱਕ ਇਸ ਦਾ ਲਾਭ ਪੁਚਾਉਣਾ ਯਕੀਨੀ ਬਣਾਉਣਾ ਚਾਹੀਦਾ ਹੈ।ਟੀਨੂੰ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਹਿੱਤ 'ਚ ਕੀਤੇ ਜਾ ਰਹੇ ਅਜਿਹੇ ਉਪਰਾਲਿਆਂ ਦਾ ਸਵਾਗਤ ਕੀਤਾ ਜਾਣਾ ਚਾਹੀਦਾ ਹੈ।

## ਦਸਮੇਸ਼ ਗਲੋਰੀਅਸ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਵਿਖੇ ਭੈਣ-ਭਰਾ ਦੇ ਪਿਆਰ ਦੇ ਤਿਉਹਾਰ ਰੱਖੜੀ ਨੂੰ ਬੜੇ ਉਤਸ਼ਾਹ ਨਾਲ ਮਨਾਇਆ।ਸਕੂਲ ਦੇ ਪ੍ਰਿੰਸੀਪਲ ਮੈਡਮ ਰੁਬੀਨਾ ਧੀਰ ਨੇ ਰੱਖੜੀ ਦੇ ਇਤਿਹਾਸ ਬਾਰੇ ਦੱਸਿਆ ਕਿ ਰੱਖੜੀ ਦੇ ਤਿਉਹਾਰ ਮੌਕੇ ਭੈਣ ਆਪਣੇ ਭਰਾ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ ਉਸ ਦੀ ਲੰਮੀ ਉਮਰ ਦੀ ਅਰਦਾਸ ਕਰਦੀ ਹੈ।ਰੱਖੜੀ ਦੇ ਸਬੰਧ ਵਿੱਚ ਦੂਜੀ ਜਮਾਤ ਤੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਕਵਿਤਾਵਾਂ ਦਾ ਉਚਾਰਨ ਕੀਤਾ। ਸਕੂਲ ਦੇ ਵਿਦਿਆਰਥੀਆਂ ਨੇ ਇੱਕ-ਦੂਜੇ ਦੇ ਰੱਖੜੀ ਬੰਨ੍ਹ ਕੇ ਇਸ ਤਿਉਹਾਰ ਨੂੰ ਬੜੀ ਉਤਸ਼ਾਹ ਨਾਲ ਮਨਾਇਆ। ਸੱਤਵੀਂ ਜਮਾਤ ਦੀ ਵਿਦਿਆਰਥਣ ਨੇ ਰੱਖੜੀ ਦੇ ਸਬੰਧ ਵਿੱਚ ਆਪਣੇ ਵਿਚਾਰ ਪੇਸ਼ ਕੀਤੇ।ਪਹਿਲੀ ਜਮਾਤ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਕਾਰਡ ਮੇਕਿੰਗ ਤੇ ਰਾਖੀ ਮੇਕਿੰਗ ਪ੍ਰਤੀਯੋਗਤਾ ਕਰਾਈ ਗਈ।ਕਾਰਡ ਮੇਕਿੰਗ ਪ੍ਰਤੀਯੋਗਤਾ ਵਿੱਚ ਪਹਿਲਾ ਸਥਾਨ ਐਵਲੀਨ ਕੌਰ, ਦੂਜਾ ਸਥਾਨ ਨਵਰੀਤ ਕੌਰ ਤੇ ਤੀਜਾ ਸਥਾਨ ਜੈਸਮੀਨ ਕੌਰ ਨੇ ਪ੍ਰਾਪਤ ਕੀਤਾ।ਰਾਖੀ ਮੇਕਿੰਗ ਵਿੱਚ ਪਹਿਲਾ ਸਥਾਨ ਐਵਲੀਨ ਕੌਰ ਤੇ ਦੂਜਾ ਸਥਾਨ ਐਸ਼ਪ੍ਰੀਤ ਕੌਰ ਨੇ ਪ੍ਰਾਪਤ ਕੀਤਾ।

## ਪ੍ਰੋ. ਕਰਮਪਾਲ ਕੌਰ 1 ਵੋਟ ਨਾਲ ਜਿੱਤ ਕੇ ਸਟਾਫ਼ ਸੈਕਟਰੀ ਬਣੇ, ਪ੍ਰੋ. ਸੀਸਪਾਲ ਨੂੰ ਹਰਾਇਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡੀ.ਏ.ਵੀ. ਕਾਲਜ ਬਠਿੰਡਾ ਵਿਖੇ ਸਟਾਫ਼ ਸੈਕਟਰੀ ਦੀ ਪੋਸਟ ਲਈ ਚੋਣ ਕਰਵਾਈ ਗਈ।ਫ਼ਸਵੇਂ ਮੁਕਾਬਲੇ ਵਿੱਚ ਅੰਗਰੇਜ਼ੀ ਵਿਭਾਗ ਦੀ ਪ੍ਰੋਫੈਸਰ ਕਰਮਪਾਲ ਕੌਰ ਨੇ 1 ਵੋਟ ਦੇ ਫਰਕ ਨਾਲ ਜਿੱਤ ਦਰਜ ਕਰਕੇ ਪ੍ਰੋਫੈਸਰ ਸੀਸਪਾਲ ਨੂੰ ਹਰਾਇਆ।ਕੁਲ ਪਈਆਂ ਵੋਟਾਂ 'ਚੋਂ ਪ੍ਰੋ. ਕਰਮਪਾਲ ਕੌਰ ਨੂੰ 16 ਅਤੇ ਉਹਨਾਂ ਦੇ ਵਿਰੋਧੀ ਨੂੰ 15 ਵੋਟਾਂ ਮਿਲੀਆਂ।16-15 ਦੇ ਇਸ ਰੋਮਾਂਚਕ ਨਤੀਜੇ ਨਾਲ ਪ੍ਰੋ. ਕਰਮਪਾਲ ਕੌਰ ਨੂੰ ਸਟਾਫ਼ ਸੈਕਟਰੀ ਚੁਣਿਆ ਗਿਆ।ਜਿੱਤ ਤੋਂ ਬਾਅਦ ਪ੍ਰੋ. ਕਰਮਪਾਲ ਕੌਰ ਨੇ ਕਾਲਜ ਦੇ ਸਮੁੱਚੇ ਸਟਾਫ਼ ਦਾ ਧੰਨਵਾਦ ਕੀਤਾ।ਉਨ੍ਹਾਂ ਨੇ ਅਧਿਆਪਕਾਂ ਅਤੇ ਕ੍ਰਮਚਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਤੇ ਮੁਸ਼ਕਲਾਂ ਨੂੰ ਡੀ.ਏ.ਵੀ. ਕਾਲਜ ਮੈਨੇਜਿੰਗ ਕਮੇਟੀ, ਨਵੀਂ ਦਿੱਲੀ ਅੱਗੇ ਮਜ਼ਬੂਤੀ ਨਾਲ ਚੁੱਕਣਗੇ ਤੇ ਉਨ੍ਹਾਂ ਦਾ ਜਲਦ ਹੱਲ ਕਰਾਉਣ ਦਾ ਯਤਨ ਕਰਨਗੇ।

## ਬਾਲਿਆਂਵਾਲੀ 'ਚ 'ਤੀਆਂ ਤੀਜ ਦੀਆਂ' ਦਾ ਮੇਲਾ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ (ਰਜਿ.) ਬਾਲਿਆਂਵਾਲੀ ਵੱਲੋਂ ਸੱਭਿਆਚਾਰਕ ਮਾਮਲੇ ਵਿਭਾਗ ਪੰਜਾਬ ਪਟਿਆਲਾ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬਾਲਿਆਂਵਾਲੀ ਵਿਖੇ 'ਤੀਆਂ ਤੀਜ ਦੀਆਂ' ਦਾ ਮੇਲਾ ਬੜੀ ਧੂਮ ਧਾਮ ਕਰਾਇਆ ਗਿਆ। ਇਸ ਮੌਕੇ ਲੜਕੀਆਂ ਦਰਮਿਆਨ ਚਰਖਾ ਕੱਤਣਾ, ਸੇਵੀਆਂ ਵੱਟਣਾ, ਲੰਮੀਂ ਹੇਕ, ਪੀਂਘ 'ਤੇ ਹੀਂਘ ਝੂਟਾਉਣੀ, ਕਿੱਕਲੀ ਪਾਉਣਾ, ਗਿੱਧਾ ਤੇ ਸੱਭਿਆਚਾਰਕ ਸਵਾਲ-ਜਵਾਬ ਆਦਿ ਦੇ ਮੁਕਾਬਲੇ ਕਰਾਏ ਗਏ। ਜੇਤੂਆਂ ਨੂੰ ਚੁੰਨੀ, ਮੈਡਲ ਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਪੰਜਾਬੀ ਸੱਭਿਆਚਾਰਕ ਕਲਾਕਾਰ ਕਿਰਨ ਸ਼ਰਮਾ ਸੁਨਾਮ ਐਂਡ ਪਾਰਟੀ ਵੱਲੋਂ ਵਿਰਸੇ ਦੇ ਗੀਤ ਗਾ ਕੇ ਰੌਣਕ ਲਗਾਈ ਗਈ। ਸਮੁੱਚਾ ਪ੍ਰੋਗਰਾਮ ਪੇਂਡੂ ਸਾਹਿਤ ਸਭਾ ਦੇ ਵਿੱਤ ਸਕੱਤਰ ਰਹੇ ਮਾ. ਦਰਸ਼ਨ ਸਿੰਘ ਸਿੱਧੂ ਨੂੰ ਸਮਰਪਤ ਕੀਤਾ ਗਿਆ। ਡਿਪਟੀ ਡਾਇਰੈਕਟਰ ਰਵਿੰਦਰ ਸ਼ਰਮਾ ਨੇ ਤੀਆਂ ਦਾ ਮੇਲਾ ਲਵਾਉਣ ਲਈ ਸਮੁੱਚੇ ਸਭਾ ਮੈਂਬਰਾਂ ਤੇ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਅੱਗੇ ਤੋਂ ਹੋਰ ਵੀ ਵਧ-ਚੜ੍ਹ ਕੇ ਸੱਭਿਆਚਾਰਕ ਪ੍ਰੋਗਰਾਮ ਕਰਾਉਣ ਲਈ ਪ੍ਰੋਤਸ਼ਾਹਤ ਕੀਤਾ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਭ ਦੇ ਸਾਂਝੇ ਹਨ। ਸਾਨੂੰ ਪਿੰਡ ਪੱਧਰ 'ਤੇ ਰਲ-ਮਿਲ ਕੇ ਸਹਿਯੋਗ ਨਾਲ ਕਰਨਾ ਚਾਹੀਦਾ ਹੈ ਤਾਂ ਹੀ ਸੱਭਿਆਚਾਰ ਨੂੰ ਵਿਕਸਤ ਕੀਤਾ ਜਾ ਸਕਦਾ ਹੈ।

# ਹਡਾਣਾ ਵੱਲੋਂ ਕਟਕੇੜੀ ਵਿਖੇ ਵੱਖ-ਵੱਖ ਵਿਕਾਸ ਕਾਰਜ ਲੋਕਾਂ ਨੂੰ ਸਮਰਪਤ



**ਦੇਵੀਗੜ੍ਹ/ਸਨੌਰ (ਰਜਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਲੋਕ ਮਿਲਣੀ ਦੌਰਾਨ ਪਿੰਡ ਕਟਕੇੜੀ ਵਿਖੇ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਰਸਮੀ ਉਦਘਾਟਨ ਕਰਕੇ ਉਨ੍ਹਾਂ ਨੂੰ ਪਿੰਡ ਵਾਸੀਆਂ ਨੂੰ ਸਮਰਪਤ ਕੀਤਾ।ਇਸ ਮੌਕੇ ਵੱਖ ਵੱਖ ਪਿੰਡਾਂ ਵਿੱਚ ਪੁੱਜਣ 'ਤੇ ਸਮੂਹ ਗ੍ਰਾਮ ਪੰਚਾਇਤਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਹਡਾਣਾ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਬਲਦੇਵ ਸਿੰਘ ਚੇਅਰਮੈਨ, ਮਨਿੰਦਰ ਫ਼ਾਂਸਵਾਲਾ ਜ਼ਿਲ੍ਹਾ ਪ੍ਰਧਾਨ, ਦਵਿੰਦਰ ਮਾੜੂ ਬਲਾਕ ਪ੍ਰਧਾਨ, ਰਾਜਾ ਧੰਜੂ ਸਰਪੰਚ, ਪਰਮਪਾਲ ਸਿੰਘ ਬਲਾਕ ਪ੍ਰਧਾਨ, ਬਲਕਾਰ ਗੁੱਜਰ ਬਲਾਕ ਪ੍ਰਧਾਨ, ਗੁਰਜੀਤ ਸਿੰਘ ਧੰਜੂ ਸੋਸ਼ਲ ਮੀਡੀਆ ਇੰਚਾਰਜ ਹਲਕਾ ਸਨੌਰ, ਗੁਰਮੀਤ ਸਿੰਘ ਮੈਂਬਰ ਅਤੇ ਹੋਰ ਸਥਾਨਕ ਵਾਸੀ ਮੌਜੂਦ ਰਹੇ। ਕਟਕੇੜੀ ਪਿੰਡ ਵਿਕਾਸ ਕਾਰਜਾਂ ਦੇ ਉਦਘਾਟਨ ਦੇ ਨਾਲ ਨਾਲ ਰਣਜੋਧ ਸਿੰਘ ਹਡਾਣਾ ਵੱਲੋਂ ਵੱਖ ਵੱਖ ਪਿੰਡਾਂ ਬਡਲਾ, ਦੂਧਨ ਗੁੱਜਰਾਂ, ਲਹਿਲਾ ਜਗੀਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਕੀਤੇ ਗਏ, ਜਿਸ ਦੌਰਾਨ ਉਨ੍ਹਾਂ ਇਲਾਕਾ ਵਾਸੀਆਂ ਨਾਲ ਖੁੱਲ੍ਹ ਕੇ ਵਿਚਾਰ-ਚਰਚਾ ਕੀਤੀ ਤੇ ਉਨ੍ਹਾਂ ਦੀਆਂ ਦਰਪੇਸ਼ ਮੁਸ਼ਕਲਾਂ, ਮੰਗਾਂ ਤੇ ਸੁਝਾਅ ਬੜੇ ਧਿਆਨ ਨਾਲ ਸੁਣੇ।ਹਡਾਣਾ ਨੇ ਮੌਕੇ 'ਤੇ ਹੀ ਸੰਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ ਅਤੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਬਾਕੀ ਰਹਿੰਦੇ ਕੰਮ ਵੀ ਜਲਦੀ ਮੁਕੰਮਲ ਕਰਵਾਏ ਜਾਣਗੇ।

## ਨਸ਼ੇ ਖ਼ਿਲਾਫ਼ ਪਿੰਡ ਕਬਰਵਾਲਾ ਵਾਸੀਆਂ ਨੇ ਲਿਆ ਅਹਿਮ ਫ਼ੈਸਲਾ

### ਸਿਆਸੀ ਮਤਭੇਦ ਭੁਲਾ ਕੇ ਨਸ਼ੇ ਤੋਂ ਪ੍ਰਭਾਵਿਤ ਨੌਜਵਾਨਾਂ ਦੀ ਮਦਦ ਕਰਨ ਦਾ ਐਲਾਨ

**ਮਲੋਟ (ਰਜਿੰਦਰ ਜੁਨੇਜਾ)**-ਪਿੰਡ ਕਬਰਵਾਲਾ ਦੇ ਵਾਸੀਆਂ ਨੇ ਸਿਆਸੀ ਮਤਭੇਦਾਂ ਤੋਂ ਉੱਪਰ ਉੱਠਦਿਆਂ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਸਾਂਝੇ ਤੌਰ 'ਤੇ ਅਹਿਮ ਕਦਮ ਚੁੱਕਣ ਦਾ ਫ਼ੈਸਲਾ ਕੀਤਾ ਹੈ।ਪਿੰਡ ਵਾਸੀਆਂ ਵੱਲੋਂ ਨਸ਼ੇ ਤੋਂ ਪ੍ਰਭਾਵਤ ਨੌਜਵਾਨਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਸੂਚੀ ਤਿਆਰ ਕੀਤੀ ਜਾਵੇਗੀ ਤੇ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ 'ਚ ਇਲਾਜ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਲੋੜੀਂਦੀ ਮਦਦ ਦੇਣ ਦੀ ਕੋਸ਼ਿਸ਼ ਕੀਤੀ ਜਾਵੇਗੀ।ਨਸ਼ੇ ਦੀ ਓਵਰਡੋਜ਼ ਕਾਰਨ ਹੋ ਰਹੀਆਂ ਮੌਤਾਂ ਦੀਆਂ ਖ਼ਬਰਾਂ 'ਤੇ ਚਿੰਤਤ ਪਿੰਡ ਵਾਸੀਆਂ ਨੇ ਇਹ ਵੀ ਫ਼ੈਸਲਾ ਕੀਤਾ ਹੈ ਕਿ ਨਸ਼ੇ ਦੇ ਮਾਮਲੇ 'ਚ ਗ੍ਰਿਫ਼ਤਾਰ ਕਿਸੇ ਵਿਅਕਤੀ ਦੀ ਜ਼ਮਾਨਤ ਕਰਵਾਉਣ ਲਈ ਪਿੰਡ ਵੱਲੋਂ ਸਹਿਯੋਗ ਨਹੀਂ ਦਿੱਤਾ ਜਾਵੇਗਾ।ਇਸ ਤੋਂ ਇਲਾਵਾ, ਪਿੰਡ ਪੱਧਰ 'ਤੇ ਨਸ਼ੇ ਦੇ ਮਾਮਲੇ ਵਿੱਚ ਕਿਸੇ ਦੀ ਮਦਦ ਕਰਨ ਵਾਲੇ ਵਿਅਕਤੀ 'ਤੇ 10 ਹਜ਼ਾਰ ਰੁਪਏ ਜੁਰਮਾਨਾ ਲਾਉਣ ਦਾ ਫ਼ੈਸਲਾ ਵੀ ਕੀਤਾ ਗਿਆ ਹੈ।ਪਿੰਡ ਦੇ ਸਾਬਕਾ ਸਰਪੰਚ ਸਵਰਨ ਸਿੰਘ ਬੱਲ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਨਸ਼ੇ ਦੀ ਸਮੱਸਿਆ ਸਬੰਧੀ ਪ੍ਰਸ਼ਾਸਨ ਕੋਲ ਵਾਰ-ਵਾਰ ਗੇੜੇ ਮਾਰਨ ਦੇ ਬਾਵਜੂਦ ਕੋਈ ਠੋਸ ਹੱਲ ਨਹੀਂ ਨਿਕਲ ਸਕਿਆ।ਇਸ ਕਾਰਨ ਹੁਣ ਪਿੰਡ ਵਾਸੀਆਂ ਨੇ ਆਪਣੇ ਪੱਧਰ 'ਤੇ ਨਸ਼ੇ ਦੀ ਵਿਕਰੀ ਨੂੰ ਠੱਲ੍ਹ ਪਾਉਣ ਅਤੇ ਨੌਜਵਾਨਾਂ ਨੂੰ ਇਸ ਦਲਦਲ 'ਚੋਂ ਕੱਢਣ ਲਈ ਸਾਂਝੀ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ।

## ਖੰਡ ਦੀਆਂ ਵਧਦੀਆਂ ਕੀਮਤਾਂ ਖ਼ਿਲਾਫ਼ ਮੋਦੀ ਸਰਕਾਰ ਦਾ ਪੁਤਲਾ ਫੂਕਿਆ



**ਰਾਏਕੋਟ (ਸੰਤੋਖ ਗਿੱਲ)**-ਪੰਜਾਬ ਸੀਟੂ ਦੇ ਸੱਦੇ 'ਤੇ ਅੱਜ ਸ਼ਹਿਰ ਦੇ ਪ੍ਰਮੁੱਖ ਤਲਵੰਡੀ ਗੇਟ ਚੌਂਕ ਮਜ਼ਦੂਰ ਆਗੂਆਂ ਤੇ ਵਰਕਰਾਂ ਵੱਲੋਂ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਸੀਟੂ ਦੇ ਸੂਬਾ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ ਨੇ ਦੋਸ਼ ਲਾਇਆ ਕਿ ਖੰਡ ਦੀਆਂ ਵਧ ਰਹੀਆਂ ਕੀਮਤਾਂ ਪਿੱਛੇ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਜ਼ਿੰਮੇਵਾਰ ਹਨ।ਉਨ੍ਹਾਂ ਕਿਹਾ ਕਿ ਖੰਡ ਦੇ ਕਾਰੋਬਾਰ ਤੇ ਕੀਮਤਾਂ 'ਤੇ ਵੱਡੇ ਕਾਰਪੋਰੇਟ ਘਰਾਣਿਆਂ ਦਾ ਪ੍ਰਭਾਵ ਹੈ, ਜਿਸ ਕਾਰਨ ਆਮ ਲੋਕਾਂ ਨੂੰ ਮਹਿੰਗਾਈ ਦੀ ਮਾਰ ਝੱਲਣੀ ਪੈ ਰਹੀ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੰਵਿਧਾਨ ਦੀ ਧਾਰਾ 47 ਦੀ ਭਾਵਨਾ ਅਨੁਸਾਰ ਗਰੀਬ, ਬੇਰੁਜ਼ਗਾਰ ਤੇ ਗਰਭਵਤੀ ਔਰਤਾਂ ਸਮੇਤ ਲੋੜਵੰਦ ਵਰਗਾਂ ਨੂੰ ਪੌਸ਼ਟਿਕ ਭੋਜਨ ਮੁਹੱਈਆ ਕਰਵਾਉਣ ਲਈ ਠੋਸ ਕਦਮ ਚੁੱਕੇ ਜਾਣ।ਉਨ੍ਹਾਂ ਕਿਹਾ ਕਿ ਲੋਕਾਂ ਲਈ ਜ਼ਰੂਰੀ ਖਾਣ-ਪੀਣ ਵਾਲੀਆਂ ਵਸਤਾਂ ਵਾਜਬ ਕੀਮਤਾਂ 'ਤੇ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਸਰਕਾਰ ਨੂੰ ਨਿਭਾਉਣੀ ਚਾਹੀਦੀ ਹੈ।ਇਸ ਮੌਕੇ ਮਗਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ ਨੇ ਵੀ ਮਜ਼ਦੂਰ ਆਗੂਆਂ ਵੱਲੋਂ ਉਠਾਈਆਂ ਮੰਗਾਂ ਦੀ ਹਮਾਇਤ ਕੀਤੀ।ਇਸ ਮੌਕੇ ਰੁਲਦਾ ਸਿੰਘ, ਗੁਰਮੇਲ ਸਿੰਘ, ਸਤਵਿੰਦਰ ਸਿੰਘ, ਕਰਮਜੀਤ ਸਿੰਘ ਸੰਨ੍ਹੀ, ਆਤਮਾ ਸਿੰਘ ਸਿਵੀਆ, ਮੁਹੰਮਦ ਅਸ਼ਰਫ਼, ਵਿਜੈ ਕੁਮਾਰ, ਕੁਲਦੀਪ ਸਿੰਘ ਜੌਹਲਾਂ, ਤੋਸ਼ੀ ਖ਼ਾਨ ਤੇ ਰਿੰਕੂ ਗੋਬਿੰਦਗੜ੍ਹ ਸਮੇਤ ਹੋਰ ਵਰਕਰ ਹਾਜ਼ਰ ਸਨ।

## ਸਾਹਿਤ ਸਭਾ ਵੱਲੋਂ 'ਮਹਿ.ਫਲ-ਏ-.ਗਜ਼ਲ' ਭਲਕੇ

**ਜਲਾਲਾਬਾਦ (ਪਰਮਜੀਤ ਢਾਬਾਂ)**-ਸਾਹਿਤ ਸਭਾ (ਰਜਿ:) ਜਲਾਲਾਬਾਦ (ਪੱ) ਵੱਲੋਂ ਇੱਕ ਵਾਰ ਫਿਰ ਸਾਹਿਤਕ ਤੇ ਸੰਗੀਤਕ ਮਾਹੌਲ ਸਿਰਜਦਿਆਂ ਗੀਤਾਂ ਤੇ ਗ਼ਜ਼ਲਾਂ ਦੀ ਸ਼ਾਨਦਾਰ ਸ਼ਾਮ 'ਮਹਿਫ਼ਲ-ਏ-ਗ਼ਜ਼ਲ' ਕਰਵਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰਧਾਨ ਸ੍ਰੀ ਸੰਦੀਪ ਝਾਂਬ ਨੇ ਦੱਸਿਆ ਕਿ ਇਹ ਸੰਗੀਤਕ ਸਮਾਗਮ 30 ਅਗਸਤ ਐਤਵਾਰ ਨੂੰ ਸ਼ਾਮ 4:30 ਵਜੇ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਨੰਗਲ ਤੋਂ ਪਹੁੰਚ ਰਹੇ ਪ੍ਰਸਿੱਧ ਗ਼ਜ਼ਲ ਗਾਇਕ ਸ੍ਰੀ ਸੁਨੀਲ ਸਿੰਘ ਡੋਗਰਾ ਆਪਣੀ ਸੁਰੀਲੀ ਆਵਾਜ਼ ਰਾਹੀਂ ਗ਼ਜ਼ਲਾਂ ਤੇ ਗੀਤ ਪੇਸ਼ ਕਰਕੇ ਸਰੋਤਿਆਂ ਨੂੰ ਸੰਗੀਤਕ ਰੰਗ ਵਿੱਚ ਰੰਗਣਗੇ।ਇਹ ਸਮਾਗਮ ਜਲਾਲਾਬਾਦ ਦੇ ਫਾਜ਼ਿਲਕਾ ਰੋਡ ਸਥਿਤ ਐਵਰਗਰੀਨ ਰੈਸਟੋਰੈਂਟ ਵਿਖੇ ਕਰਵਾਇਆ ਜਾ ਰਿਹਾ ਹੈ।ਸਾਹਿਤ ਸਭਾ ਦੇ ਸਰਪ੍ਰਸਤ ਸੰਤੋਖ ਸਿੰਘ ਬਰਾੜ, ਜਨਰਲ ਸਕੱਤਰ ਹਰਸ਼ਦੀਪ ਬੋਪਾਰਾਏ ਤੇ ਕੈਸ਼ੀਅਰ ਦੀਪਕ ਨਾਰੰਗ ਨੇ ਦੱਸਿਆ ਕਿ 'ਮਹਿਫ਼ਲ-ਏ-ਗ਼ਜ਼ਲ' ਦਾ ਮੁੱਖ ਮਕਸਦ ਸਾਹਿਤ ਤੇ ਸੰਗੀਤ ਪ੍ਰੇਮੀਆਂ ਨੂੰ ਇੱਕ ਸੁਹਾਵਣਾ ਤੇ ਅਦਬੀ ਮੰਚ ਪ੍ਰਦਾਨ ਕਰਨਾ ਹੈ।ਉਨ੍ਹਾਂ ਸ਼ਹਿਰ ਵਾਸੀਆਂ, ਸਾਹਿਤ ਪ੍ਰੇਮੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

# ਸਟੱਡੀ ਸਰਕਲ ਨੇ ਨੈਤਿਕ ਸਿੱਖਿਆ ਇਮਤਿਹਾਨ ਕਰਵਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਅਗਸਤ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸਕੂਲ ਪੱਧਰ ਤੇ ਕਰਵਾਏ ਗਏ ਸਾਲਾਨਾ ਨੈਤਿਕ ਸਿੱਖਿਆ ਇਮਤਿਹਾਨ ਅਧੀਨ ਸੰਗਰੂਰ ਜ਼ੋਨ ਦੇ ਦੂਸਰੇ ਪੜਾਅ ਦਾ ਇਮਤਿਹਾਨ ਸੰਗਰੂਰ ਸ਼ਹਿਰ ਦੇ ਵੱਖ ਵੱਖ ਸਕੂਲਾਂ ਜਨਰਲ ਗੁਰਨਾਮ ਸਿੰਘ ਪਬਲਿਕ ਸਕੂਲ, ਦਇਆ ਨੰਦ ਆਰੀਆ ਸਕੂਲ, ਆਦਰਸ਼ ਮਾਡਲ ਸੀ ਸੈ ਸਕੂਲ, ਬਚਪਨ ਇੰਗਲਿਸ਼ ਸਕੂਲ, ਸਪਰਿੰਗਡੇਲਜ਼ ਪਬਲਿਕ ਸਕੂਲ ਤੋਂ ਇਲਾਵਾ ਮਾਤਾ ਰਾਜ ਕੌਰ ਸਰਕਾਰੀ ਪੀ ਐੱਮ ਸੀ ਸਮਾਰਟ ਸਕੂਲ ਬਡਰੁੱਖਾਂ, ਅਕਾਲ ਸੀ ਸੈ ਸਕੂਲ ਬਹਾਦਰਪੁਰ, ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਤੇ ਅਕਾਲ ਅਕੈਡਮੀ ਬੇਨੜਾ ਵਿਖੇ ਕਰਵਾਇਆ ਗਿਆ।ਸੰਗਰੂਰ ਜ਼ੋਨ ਦੇ ਕੋਆਰਡੀਨੇਟਰ ਸੁਰਿੰਦਰ ਪਾਲ ਸਿੰਘ ਸਿਦਕੀ, ਬਲਵੰਤ ਸਿੰਘ ਭਿੱਖੀ ਜ਼ਿਲ੍ਹਾ ਪ੍ਰਧਾਨ, ਪ੍ਰੋ. ਨਰਿੰਦਰ ਸਿੰਘ ਅਕਾਦਮਿਕ ਖੇਤਰ, ਚਰਨਕਮਲ ਸਿੰਘ ਸੇਖੋਂ ਸਲਾਹਕਾਰ, ਹਰਵਿੰਦਰ ਕੌਰ, ਅਮਨਦੀਪ ਕੌਰ ਐਡੀਸ਼ਨਲ ਸਕੱਤਰ ਇਸਤਰੀ ਕੌਂਸਲ ਦੇ ਨਾਲ ਕਰਮ ਸਿੰਘ ਨਮੋਲ, ਬਲਵਿੰਦਰ ਸਿੰਘ, ਜਸਵੀਰ ਸਿੰਘ ਖਾਲਸਾ, ਰਾਜਵੀਰ ਸਿੰਘ ਫਤਿਹਗੜ੍ਹ ਛੰਨਾ ਆਦਿ ਦੀ ਦੇਖ ਰੇਖ ਹੇਠ ਇਸ ਇਮਤਿਹਾਨ ਲਈ ਸਬੰਧਤ ਸਕੂਲ ਦੇ ਪ੍ਰਿੰਸੀਪਲ ਦੀ ਅਗਵਾਈ ਵਿੱਚ ਵੱਖ ਵੱਖ ਸਕੂਲਾਂ ਦੇ ਅਧਿਆਪਕ ਇੰਚਾਰਜ ਸ਼ਿੰਦਰ ਕੌਰ, ਪੂਨਮ ਗਰਗ, ਪਰਮਿੰਦਰ ਕੌਰ, ਪਵਨਪ੍ਰੀਤ ਕੌਰ, ਬਲਜੀਤ ਕੌਰ, ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ, ਜਤਿੰਦਰ ਸਿੰਘ, ਹਰਪ੍ਰੀਤ ਕੌਰ ਦੇ ਨਾਲ ਨਿਗਰਾਨ ਅਮਲੇ ਨੇ ਡਿਊਟੀ ਨਿਭਾਈ।ਅਜਮੇਰ ਸਿੰਘ ਜ਼ੋਨਲ ਸਕੱਤਰ, ਗੁਰਮੇਲ ਸਿੰਘ ਵਿੱਤ ਸਕੱਤਰ ਨੇ ਦੱਸਿਆ ਕਿ ਜ਼ੋਨ ਦੇ ਸੰਗਰੂਰ, ਬਰਨਾਲਾ, ਮਾਲੇਰਕੋਟਲਾ, ਮਾਨਸਾ ਜ਼ਿਲ੍ਹਿਆਂ ਵਿੱਚ ਦੋ ਪੜਾਅ ਵਿੱਚ ਕਰਵਾਏ ਇਮਤਿਹਾਨ ਵਿੱਚ 10000 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ ਹੈ।ਜ਼ੋਨ ਅਨੁਸਾਰ ਦੂਸਰੇ ਤੇ ਤੀਸਰੇ ਦਰਜੇ ਦੇ ਪਹਿਲੇ ਪੰਜ ਸਥਾਨ ਦੇ ਜੇਤੂ ਵਿਦਿਆਰਥੀਆਂ ਨੂੰ ਨਗਦ ਪੁਰਸਕਾਰ ਤੇ ਉਤਸ਼ਾਹ ਵਧਾਊ ਇਨਾਮ ਦਿੱਤੇ ਜਾਣਗੇ।ਸੁਰਿੰਦਰ ਪਾਲ ਸਿੰਘ ਸਿਦਕੀ ਨੇ ਦੱਸਿਆ ਕਿ ਇਸ ਇਮਤਿਹਾਨ ਦਾ ਨਤੀਜਾ ਜਲਦੀ ਐਲਾਨਿਆ ਜਾਵੇਗਾ।

## ਪਾਵਰਕਾਮ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੋਸ ਰੈਲੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕੋਆਰਡੀਨੇਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਪਾਵਰਕਾਮ ਮੰਡਲ ਧੂਰੀ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪ੍ਰਧਾਨ ਸੁਖਦੇਵ ਸਿੰਘ ਦੀ ਅਗਵਾਈ ਹੇਠ ਰੋਸ ਰੈਲੀ ਕੀਤੀ ਗਈ।ਇਸ ਮੌਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ ਗਈ।ਬੁਲਾਰਿਆਂ ਨੇ 15 ਜਨਵਰੀ 2015 ਤੇ 17 ਜੁਲਾਈ 2020 ਦੇ ਪੱਤਰ ਰੱਦ ਕਰਕੇ ਪ੍ਰੋਬੇਸ਼ਨ ਸਮੇਂ ਦੌਰਾਨ ਪੂਰੀ ਤਨਖ਼ਾਹ ਦੇਣ ਤੇ ਕੇਂਦਰੀ ਸਕੇਲਾਂ ਦੀ ਥਾਂ ਪੰਜਾਬ ਸਰਕਾਰ ਦੇ ਸਕੇਲ ਲਾਗੂ ਕਰਨ ਦੀ ਮੰਗ ਕੀਤੀ।ਉਨ੍ਹਾਂ ਹਾਈ ਕੋਰਟ ਦੇ ਫ਼ੈਸਲੇ ਅਨੁਸਾਰ 18 ਫ਼ੀਸਦੀ ਮਹਿੰਗਾਈ ਭੱਤਾ ਦੇਣ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਵੀ ਕੀਤੀ।ਪੈਨਸ਼ਨਰਾਂ ਨੂੰ 2.59 ਫੈਕਟਰ ਦੇਣ, ਕੱਚੇ ਕਾਮਿਆਂ ਨੂੰ ਪੱਕਾ ਕਰਨ, ਆਊਟਸੋਰਸਿੰਗ ਕਾਮਿਆਂ ਨੂੰ ਅਡਜਸਟ ਕਰਨ ਤੇ ਕੈਸ਼ਲੈੱਸ ਸਕੀਮ ਲਾਗੂ ਕਰਨ ਦੀ ਮੰਗ ਕੀਤੀ ਗਈ।ਰੈਲੀ ਨੂੰ ਸ਼ਵੇਤ ਗੋਇਲ, ਕੁਲਜਿੰਦਰ ਸਿੰਘ, ਹਰਦੇਵ ਸਿੰਘ, ਭੂਪ ਸਿੰਘ, ਸੰਤੋਖ ਸਿੰਘ, ਇੰਦਰਜੀਤ ਸਿੰਘ, ਜਸਪਾਲ ਸਿੰਘ ਖੁਰਮੀ, ਅਮਰਜੀਤ ਸਿੰਘ ਅਮਨ, ਦਲਵੀਰ ਸਿੰਘ ਤੇ ਬਲਵਿੰਦਰ ਸਿੰਘ ਚਾਂਗਲੀ ਨੇ ਸੰਬੋਧਨ ਕੀਤਾ।

## ਹੋਲੀ ਹਾਰਟ ਪਬਲਿਕ ਸਕੂਲ ਵੱਲੋਂ ਖ਼ੂਨਦਾਨ ਕੈਂਪ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵੱਲੋਂ ਮਨੁੱਖਤਾ ਦੀ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਤੇ ਲੋਕਾਂ ਨੂੰ ਸਵੈਇੱਛਕ ਖ਼ੂਨਦਾਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਸੁਸ਼ੀਲ ਗੋਇਲ ਦੀ ਰਹਿਨੁਮਾਈ ਹੇਠ ਲਗਾਏ ਗਏ ਇਸ ਕੈਂਪ ਨੂੰ ਸਕੂਲ ਭਾਈਚਾਰੇ ਤੇ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਕੈਂਪ ਦੌਰਾਨ ਵਿਦਿਆਰਥੀਆਂ ਦੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਖ਼ੂਨ ਦਾਨ ਕੀਤਾ।ਇਸ ਤੋਂ ਇਲਾਵਾ ਸਕੂਲ ਦੇ ਅਧਿਆਪਕਾਂ, ਮੇਡਜ਼ ਤੇ ਡਰਾਈਵਰਾਂ ਸਮੇਤ ਸਮੂਹ ਸਟਾਫ਼ ਮੈਂਬਰਾਂ ਨੇ ਵੀ ਨਿਸ਼ਕਾਮ ਭਾਵਨਾ ਨਾਲ ਖ਼ੂਨਦਾਨ ਕਰਦਿਆਂ ਸਮਾਜਿਕ ਜ਼ਿੰਮੇਵਾਰੀ ਦੀ ਮਿਸਾਲ ਕਾਇਮ ਕੀਤੀ।ਇਸ ਮੌਕੇ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕ ਕਰਦਿਆਂ ਦੱਸਿਆ ਗਿਆ ਕਿ ਸਮੇਂ ਸਿਰ ਮਿਲਿਆ ਖ਼ੂਨ ਕਿਸੇ ਲੋੜਵੰਦ ਮਰੀਜ਼ ਲਈ ਜ਼ਿੰਦਗੀ ਦੀ ਨਵੀਂ ਆਸ ਬਣ ਸਕਦਾ ਹੈ।ਕੈਂਪ ਦੀ ਸਮਾਪਤੀ ਮੌਕੇ ਐਗਜ਼ੀਕਿਊਟਿਵ ਡਾਇਰੈਕਟਰ ਸ੍ਰੀ ਰਾਕੇਸ਼ ਬਾਂਸਲ, ਚੇਅਰਮੈਨ ਸ੍ਰੀ ਅਜੇ ਜਿੰਦਲ, ਡਾਇਰੈਕਟਰ ਸ੍ਰੀ ਨਿਤਿਨ ਜਿੰਦਲ, ਪ੍ਰਿੰਸੀਪਲ ਮਿਸ ਨੀਲਾਕਸ਼ੀ ਗੁਪਤਾ ਤੇ ਵਾਈਸ ਪ੍ਰਿੰਸੀਪਲ ਮਿਸ ਪਰਦੀਪ ਕੌਰ ਗਰੇਵਾਲ ਨੇ ਸਮੂਹ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਭਵਿੱਖ ਵਿੱਚ ਵੀ ਅਜਿਹੇ ਸਮਾਜ ਸੇਵੀ ਕਾਰਜ ਜਾਰੀ ਰੱਖਣ ਦਾ ਭਰੋਸਾ ਦਿੱਤਾ।

## ਸਫਾ 1 ਦੇ ਬਾਕੀ...

### 5.30 ਲੱਖ ਹੋਰ...

ਲੋਕਾਂ ਨਾਲ ਕੀਤੇ ਅਨਿਆਂ ਅਤੇ ਮਤਰੇਈ ਮਾਂ ਵਾਲੇ ਸਲੂਕ ਦੀ ਲੰਮੀ ਕਹਾਣੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਸੂਬੇ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਭਾਖੜਾ ਡੈਮ, ਦਰਿਆਈ ਪਾਣੀਆਂ ਅਤੇ ਇਸ ਦੇ ਹਰ ਜਾਇਜ਼ ਹੱਕ ਤੋਂ ਵਾਂਝਾ ਕਰਨਾ ਚਾਹੁੰਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਪੰਜਾਬ ਦੇ ਵਿਕਾਸ ਨੂੰ ਲੀਹੋਂ ਲਾਹੁਣ ਲਈ ਸੂਬੇ ਦੀਆਂ ਗ੍ਰਾਂਟਾਂ ਦਾ ਬਣਦਾ ਵੱਡਾ ਹਿੱਸਾ ਰੋਕ ਰੱਖਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਸੂਬੇ ਵਿੱਚੋਂ ਇੱਕ ਵੀ ਸੀਟ ਨਹੀਂ ਮਿਲੇਗੀ ਕਿਉਂਕਿ ਲੋਕ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਉਣ ਲਈ ਤਿਆਰ ਬੈਠੇ ਹਨ।ਮਾਨ ਨੇ ਰਈਆ 'ਚ ਰਾਜ ਪੱਧਰੀ ਸਮਾਰੋਹ ਅਤੇ ਅਨਾਜ ਮੰਡੀ ਰਈਆ ਵਿੱਚ ਭਰਵੀਂ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਸੱਤਾ ਵਿੱਚ ਵਾਪਸੀ ਕਰਨ ਅਤੇ ਪੰਜਾਬ ਨੂੰ ਫਿਰ ਤੋਂ ਲੁੱਟਣ ਦੀ ਕੋਸ਼ਿਸ਼ ਵਿੱਚ ਭਾਜਪਾ ਨਾਲ ਗੱਠਜੋੜ ਕਰਨ ਲਈ ਪੱਬਾਂ ਭਾਰ ਹੋਇਆ ਪਿਆ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਸੂਬੇ ਦੇ ਲੋਕ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਅਤੇ ਬਰਬਾਦ ਕਰਨ ਲਈ ਭਾਜਪਾ-ਅਕਾਲੀ ਗੱਠਜੋੜ ਨੂੰ ਕਦੇ ਮਾਫ਼ ਨਹੀਂ ਕਰਨਗੇ। ਭਗਵੰਤ ਮਾਨ ਨੇ ਕਾਂਗਰਸ ਪਾਰਟੀ ਉੱਤੇ ਸ਼ਬਦੀ ਵਾਰ ਕਰਦਿਆਂ ਕਿਹਾ ਕਿ ਇਹ ਪਾਰਟੀ ਹੁਣ ਆਖ਼ਰੀ ਸਾਹਾਂ 'ਤੇ ਹੈ ਅਤੇ ਜਲਦੀ ਹੀ ਸਿਆਸੀ ਅਖਾੜੇ ਵਿੱਚ ਆਪਣਾ ਸਭ ਕੁਝ ਗੁਆ ਚੁੱਕੀ ਹੋਵੇਗੀ। ਉਨ੍ਹਾ ਕਿਹਾ ਕਿ ਕਾਂਗਰਸ ਕੋਲ ਪੰਜਾਬ ਦੇ ਲੋਕਾਂ ਲਈ ਕੋਈ ਵਿਜ਼ਨ ਨਹੀਂ ਹੈ ਅਤੇ ਉਹ ਅੰਦਰੂਨੀ ਤੌਰ 'ਤੇ ਫੁੱਟ ਦੀ ਸ਼ਿਕਾਰ ਹੈ ਤੇ ਆਪਸੀ ਲੜਾਈ ਨਾਲ ਹੀ ਪਾਰਟੀ ਢਹਿ-ਢੇਰੀ ਹੋ ਜਾਵੇਗੀ।

### ਹੁਣ ਬਾਬਾ...

ਪਰਮਾਤਮਾ ਤੁਹਾਨੂੰ ਲੰਬੀ ਉਮਰ ਦੇਵੇ।" ਜੰਤਰ-ਮੰਤਰ ਦੇ ਪ੍ਰਦਰਸ਼ਨਕਾਰੀਆਂ 'ਤੇ ਕੰਗਨਾ ਦੀ ਟਿੱਪਣੀ 'ਤੇ ਬਾਬਾ ਰਾਮਦੇਵ ਨੇ ਕਿਹਾ ਸੀ, "ਉਸਦੀ ਯੋਗਤਾ ਕੀ ਹੈ? ਉਸਦਾ ਬਚਪਨ ਕਿਹੋ ਜਿਹਾ ਸੀ? ਉਸਦੀ ਜਵਾਨੀ ਕਿਹੋ ਜਿਹੀ ਸੀ? ਉਸਦੇ ਪਹਿਲਾਂ ਦੇ ਕਾਰਨਾਮੇ ਕਿਹੋ ਜਿਹੇ ਸਨ? ਮੈਂ ਅਜਿਹੇ ਲੋਕਾਂ ਬਾਰੇ ਗੱਲ ਨਹੀਂ ਕਰਨਾ ਚਾਹੁੰਦਾ।"

ਇਸਦੇ ਜਵਾਬ ਵਿੱਚ ਕੰਗਨਾ ਰਣੌਤ ਨੇ ਇੰਸਟਾਗ੍ਰਾਮ 'ਤੇ ਲਿਖਿਆ ਸੀ, "ਬਾਬਾਜੀ, ਮੇਰੀ ਜਵਾਨੀ ਜਾਂ ਬੈੱਡਰੂਮ ਬਾਰੇ ਸੁਪਨੇ ਨਾ ਦੇਖੋ।"

### ਸੱਜਣ ਕੁਮਾਰ ਦੇ ਭੋਗ...

ਦੀ ਜ਼ੋਰਦਾਰ ਆਲੋਚਨਾ ਕੀਤੀ ਸੀ, ਪਰ ਪੰਨੂ ਨੇ ਕਿਹਾ ਕਿ ਹੁਣ ਬੀ ਜੇ ਪੀ ਦਾ ਅਸਲੀ ਚਿਹਰਾ ਵੀ ਸਾਹਮਣੇ ਆ ਗਿਆ ਹੈ। ਸੱਜਣ ਕੁਮਾਰ ਦੇ ਭੋਗ ਮੌਕੇ ਭਾਰਤੀ ਜਨਤਾ ਪਾਰਟੀ ਦੇ ਤਿੰਨ-ਤਿੰਨ ਮੈਂਬਰ ਪਾਰਲੀਮੈਂਟ ਹਾਜ਼ਰ ਹੋਏ। ਇਨ੍ਹਾਂ ਵਿੱਚ ਵੈਸਟ ਦਿੱਲੀ ਤੋਂ ਕਮਲਜੀਤ ਸਹਿਰਾਵਤ, ਦੱਖਣੀ ਦਿੱਲੀ ਤੋਂ ਰਾਮਬੀਰ ਸਿੰਘ ਬਿਧੂੜੀ ਅਤੇ ਉੱਤਰ-ਪੱਛਮੀ ਦਿੱਲੀ ਤੋਂ ਯੋਗਿੰਦਰ ਚੰਦੋਲੀਆ ਸ਼ਾਮਲ ਹਨ। ਬਲਤੇਜ ਪੰਨੂ ਨੇ ਤਿੱਖੇ ਸੁਰ ਵਿੱਚ ਕਿਹਾ ਕਿ ਇਹ ਉਹੀ ਲੋਕ ਹਨ, ਜਿਨ੍ਹਾਂ ਨੇ ਕਦੇ ਵੀ 1984 ਵਿੱਚ ਉੱਜੜੇ ਸਿੱਖ ਭਾਈਚਾਰੇ ਦੇ ਲੋਕਾਂ ਦੀਆਂ ਬਸਤੀਆਂ ਵਿੱਚ ਜਾ ਕੇ ਜਾਂ ਉਨ੍ਹਾਂ ਦੇ ਪਰਵਾਰਾਂ ਕੋਲ ਜਾ ਕੇ ਕੋਈ ਦੁੱਖ ਸਾਂਝਾ ਨਹੀਂ ਕੀਤਾ, ਪਰ ਅਦਾਲਤ ਵੱਲੋਂ ਦੋਸ਼ੀ ਠਹਿਰਾਏ ਗਏ ਸੱਜਣ ਕੁਮਾਰ ਦੇ ਮਰਨ ਦਾ ਦੁੱਖ ਇਨ੍ਹਾਂ ਨੂੰ ਸਭ ਤੋਂ ਵੱਧ ਹੈ। ਉਨ੍ਹਾ ਕਿਹਾ ਕਿ ਚਾਹੇ ਕਾਂਗਰਸ ਹੋਵੇ ਜਾਂ ਭਾਰਤੀ ਜਨਤਾ ਪਾਰਟੀ, ਘੱਟ ਗਿਣਤੀਆਂ ਪ੍ਰਤੀ ਦੋਵਾਂ ਪਾਰਟੀਆਂ ਦਾ ਵਤੀਰਾ ਇੱਕੋ ਜਿਹਾ ਹੀ ਰਿਹਾ ਹੈ ਅਤੇ ਇਹ ਗੱਲ ਹੁਣ ਸਾਰੇ ਦੇਸ਼ ਸਾਹਮਣੇ ਉਜਾਗਰ ਹੋ ਗਈ ਹੈ।

### ਇਨਕਲਾਬੀ ਲਹਿਰਾਂ ਦੇ ...

ਦੀਆਂ ਪੰਡਾਂ ਬੰਨ੍ਹ ਕੇ ਲੈ ਜਾਣ ਵਾਲੇ ਵਿੱਦਿਆ ਦੇ ਵਪਾਰੀ, ਵਿਦਿਆਰਥੀਆਂ ਨੂੰ ਖ਼ੁਦਕੁਸ਼ੀਆਂ ਕਰਨ ਅਤੇ ਹਨੇਰੇ ਭਵਿੱਖ ਦੇ ਖੂਹ 'ਚ ਧੱਕਾ ਦੇ ਰਹੇ ਹਨ। ਜੰਤਰ-ਮੰਤਰ ਅਤੇ ਮੁਲਕ ਦੇ ਅਨੇਕਾਂ ਖਿੱਤਿਆਂ ਅੰਦਰ ਜੁਆਨੀ ਦੀ ਸੜਕਾਂ 'ਤੇ ਨਿੱਤਰੀ ਸੁਨਾਮੀ ਨੂੰ ਦਬਾਉਣ ਲਈ ਪੈਲੇਟ ਗੰਨਾਂ ਤੱਕ ਦੀ ਵਰਤੋਂ ਕੀਤੀ ਅਤੇ ਇਨ੍ਹਾਂ ਲਹਿਰਾਂ ਨੂੰ ਰੋਕਣ ਲਈ 'ਦਿਮਾਗੀ ਨਕਸਲ' ਵਰਗੇ ਠੱਪੇ ਮੜ੍ਹ ਕੇ ਦਹਿਸ਼ਤਜ਼ਦਾ ਮਾਹੌਲ ਸਿਰਜ ਕੇ ਲੋਕ ਆਵਾਜ਼ ਨੂੰ ਲਹੂ 'ਚ ਡੁਬੋਣ ਦਾ ਯਤਨ ਕੀਤਾ ਜਾ ਰਿਹੈ। ਡਾ. ਪਰਮਿੰਦਰ ਨੇ ਜ਼ੋਰ ਦੇ ਕੇ ਕਿਹਾ ਕਿ ਚੌਤਰਫ਼ੇ ਹੱਲੇ ਜੁਆਨੀ ਨੂੰ ਗ਼ਦਰੀ, ਬੱਬਰ ਅਕਾਲੀ ਅਤੇ ਸਮੁੱਚੀ ਇਨਕਲਾਬੀ ਜਮਹੂਰੀ ਲਹਿਰ ਦੇ ਲੜ ਲੱਗਣ ਦੀ ਲੋੜ ਦੇ ਤਿੱਖੇ ਸੰਕੇਤ ਕਰ ਰਹੇ ਹਨ। ਵਿਦਿਆਰਥੀਆਂ ਨੂੰ ਵਕਤ ਦੀ ਆਵਾਜ਼ ਸੁਣਨ ਦੀ ਲੋੜ ਹੈ। ਸੁਆਲ ਜੁਆਬ ਦੇ ਦੂਜੇ ਸੈਸ਼ਨ 'ਚ ਪੰਜਾਬ ਯੂਨੀਵਰਸਿਟੀ ਦੀ ਵਿਦਿਆਰਥਣ ਰੀਆ, ਅਸੀਮ ਬਠਿੰਡਾ, ਆਕਾਸ਼ਦੀਪ ਬਠਿੰਡਾ, ਵਿਵੇਕ ਕੁਮਾਰ ਕੁੱਲੇਵਾਲ, ਗੁਰਲੀਨ ਕੌਰ ਬਠਿੰਡਾ, ਤਾਲਿਕਾ ਬਠਿੰਡਾ, ਧਰਮਿੰਦਰ ਮਸਾਣੀ ਅਤੇ ਸੁਮਨ ਬਠਿੰਡਾ ਨੇ ਅਹਿਮ ਸੁਆਲ ਕੀਤੇ। ਚੇਤਨਾ ਕੈਂਪ ਦੇ ਦੂਜੇ ਦਿਨ 29 ਅਕਤੂਬਰ ਨੂੰ ਰਾਜਿੰਦਰ ਭਦੌੜ, ਡਾ. ਕੁਲਦੀਪ ਦੀਪ ਦੇ ਭਾਸ਼ਣਾਂ ਤੋਂ ਇਲਾਵਾ 'ਹੋਪ' ਅਤੇ 'ਰਾਮ ਕੇ ਨਾਮ' ਫ਼ਿਲਮਾਂ ਦੀ ਸਕਰੀਨਿੰਗ ਹੋਏਗੀ। ਸਿਖਿਆਰਥੀ ਚੇਤਨਾ ਕੈਂਪ 'ਚ ਮੰਚ ਸੰਚਾਲਣ ਦੀ ਭੂਮਿਕਾ ਅਮੋਲਕ ਸਿੰਘ ਨੇ ਅਦਾ ਕੀਤੀ।

### ਸਾਬਤ ਕਰੋ ਕਿ ...

ਆਧਾਰ 'ਤੇ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਅਤੇ ਹੋਰ ਜਾਂਚ ਜਾਰੀ ਹੈ।

ਸਕੂਲ ਦੀ ਕੰਟੀਨ ਵਿੱਚ ਪਰੋਸੇ ਜਾਣ ਵਾਲੇ ਖਾਣੇ ਵਿੱਚ ਕੱਚ ਦੇ ਟੁਕੜੇ ਲੱਭਣ ਨੂੰ ਲੈ ਕੇ ਮਾਪਿਆਂ ਦੇ ਪ੍ਰੋਟੈਸਟ—ਜਿਸ ਵਿੱਚ ਵੀ ਐਚ ਪੀ ਅਤੇ ਬਜਰੰਗ ਦਲ ਨੇ ਵੀ ਹਿੱਸਾ ਲਿਆ ਸੀ—ਤੋਂ ਬਾਅਦ ਆਨੰਦ ਨਿਕੇਤਨ ਸਕੂਲ ਦੀ ਲਾਇਬ੍ਰੇਰੀ ਰੀਡਿੰਗ ਲਿਸਟ ਵਿੱਚੋਂ ਦੋਵੇਂ ਕਿਤਾਬਾਂ ਨੂੰ ਹਟਾ ਦਿੱਤਾ ਗਿਆ ਸੀ। ਇਹ ਮਾਮਲਾ ਕਿਸੇ ਤਰ੍ਹਾਂ 'ਇੱਕ ਧਰਮ ਨਾਲ ਵਿਤਕਰੇ' ਦੇ ਦੋਸ਼ਾਂ ਵਿੱਚ ਬਦਲ ਗਿਆ। ਸਕੂਲ ਦੇ ਬੁੱਕ ਕਲੱਬ ਵਿੱਚ 'ਆਈ ਐਮ ਮਲਾਲਾ' ਅਤੇ 'ਦੀ ਡਾਇਰੀ ਆਫ ਏ ਯੰਗ ਗਰਲ' ਨੂੰ ਸ਼ਾਮਲ ਕਰਨ ਨੂੰ ਸਬੂਤ ਵਜੋਂ ਦਰਸਾਇਆ ਗਿਆ।

ਮਾਪਿਆਂ ਨੇ ਦੋਸ਼ ਲਗਾਇਆ ਕਿ ਸਕੂਲ ਵੱਲੋਂ ਨਿਯੁਕਤ ਇੱਕ ਸਲਾਹਕਾਰ ਨੇ ਪਾਠਕ੍ਰਮ ਵਿੱਚ ਬਦਲਾਅ ਕੀਤਾ ਅਤੇ ਦੋਵੇਂ ਕਿਤਾਬਾਂ ਸ਼ਾਮਲ ਕੀਤੀਆਂ। ਜ਼ਿਲ੍ਹਾ ਅਧਿਕਾਰੀਆਂ ਵੱਲੋਂ ਸਕੂਲ ਨੂੰ ਨੋਟਿਸ ਜਾਰੀ ਕਰਨ ਤੋਂ ਬਾਅਦ ਸਕੂਲ ਨੇ ਕਿਤਾਬਾਂ ਨੂੰ ਸੂਚੀ ਵਿੱਚੋਂ ਹਟਾ ਦਿੱਤਾ ਅਤੇ ਸਲਾਹਕਾਰ ਤੇ ਕੰਟੀਨ ਸੁਪਰਵਾਈਜ਼ਰ ਨੂੰ ਬਰਖਾਸਤ ਕਰ ਦਿੱਤਾ।

### ਪੇਂਡੂ ਤੇ ਖੇਤ ਮਜ਼ਦੂਰ ...

ਮਲੌਦ ਵੱਲੋਂ ਮੀਟਿੰਗ ਦੇ ਫੈਸਲਿਆਂ ਨਾਲ ਸਹਿਮਤੀ ਪ੍ਰਗਟ ਕੀਤੀ ਗਈ। ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ 5 ਅਗਸਤ ਨੂੰ ਹਜ਼ਾਰਾਂ ਮਜ਼ਦੂਰਾਂ ਵੱਲੋਂ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸੂਬਾ ਪੱਧਰੀ ਰੈਲੀ ਕਰਕੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ ਸੀ, ਪਰ ਸਰਕਾਰ ਵੱਲੋਂ ਉੱਕਾ ਹੀ ਮਜ਼ਦੂਰ ਮੰਗਾਂ ਨੂੰ ਦਰਕਿਨਾਰ ਕਰਦਿਆਂ ਕੋਈ ਹੁੰਗਾਰਾ ਨਹੀਂ ਦਿੱਤਾ ਗਿਆ। ਮਜ਼ਦੂਰ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਿੱਤ ਦਿਨ ਕੀਤੇ ਜਾਂਦੇ ਵਿਕਾਸ ਦੇ ਦਾਅਵੇ ਹਕੀਕਤ ਤੋਂ ਕੋਹਾਂ ਦੂਰ ਹਨ। ਉਨ੍ਹਾ ਕਿਹਾ ਕਿ ਮਜ਼ਦੂਰਾਂ ਦੀਆਂ ਮੰਗਾਂ ਮੰਨਣਾ ਤਾਂ ਦੂਰ, ਮੁੱਖ ਮੰਤਰੀ ਪੰਜਾਬ ਤਾਂ ਪੰਜ ਵਾਰ, ਸਾਂਝੇ ਮੋਰਚੇ ਨਾਲ ਮੀਟਿੰਗਾਂ ਤਹਿ ਕਰਕੇ ਗੈਰਹਾਜ਼ਰ ਰਹਿੰਦੇ ਰਹੇ ਹਨ। ਉਹਨਾਂ ਕਿਹਾ ਕਿ ਵੱਡੇ ਬਦਲਾਅ ਦਾ ਦਾਅਵਾ ਕਰਨ ਵਾਲੀ ਸਰਕਾਰ ਹੁਣ ਤਾਂ ਮੀਟਿੰਗਾਂ ਕਰਨ ਤੋਂ ਵੀ ਭੱਜ ਨਿਕਲੀ ਹੈ ਅਤੇ ਪੁਲਸ ਜਬਰ ਦੇ ਜ਼ੋਰ ਧਰਨੇ-ਮੁਜ਼ਾਹਰਿਆਂ ਦੇ ਸੰਵਿਧਾਨਕ ਹੱਕ ਨੂੰ ਵੀ ਖੋਹ ਰਹੀ ਹੈ। ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਆਪ ਸਰਕਾਰ ਨਸ਼ਿਆਂ ਦੀ ਮਹਾਂਮਾਰੀ ਨੂੰ ਨੱਥ ਪਾਉਣ 'ਚ ਬੁਰੀ ਤਰ੍ਹਾਂ ਨਕਾਮ ਸਾਬਤ ਹੋਈ ਹੈ ਅਤੇ ਨਿੱਤ ਦਿਨ ਨਸ਼ਿਆਂ ਨਾਲ ਘਰਾਂ 'ਚ ਸੱਥਰ ਵਿਛ ਰਹੇ ਹਨ, ਪਰ ਭਗਵੰਤ ਮਾਨ ਸਰਕਾਰ ਨਸ਼ਿਆਂ ਦੇ ਥੋਕ ਉਤਪਾਦਕਾਂ ਤੇ ਵੱਡੇ ਸਮਗਲਰਾਂ ਨੂੰ ਹੱਥ ਨਹੀਂ ਪਾ ਰਹੀ।ਮਜ਼ਦੂਰ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਵੀ ਆੜੇ ਹੱਥੀਂ ਲੈਂਦਿਆਂ ਆਖਿਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਨ, ਮਜ਼ਦੂਰ ਵਿਰੋਧੀ ਲੇਬਰ ਕੋਡ ਲਾਗੂ ਕਰਨ ਤੇ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਨ ਤੋਂ ਇਲਾਵਾ ਫਿਰਕੂ ਫਾਸ਼ੀ ਏਜੰਡੇ ਨੂੰ ਵੀ ਅੱਗੇ ਵਧਾ ਰਹੀ ਹੈ।ਮਜ਼ਦੂਰ ਆਗੂਆਂ ਨੇ ਦੱਸਿਆ ਕਿ ਬੇਜ਼ਮੀਨੇ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦੀ ਗਰੰਟੀ, ਮਨਰੇਗਾ ਕਾਨੂੰਨ ਲਾਗੂ ਕਰਵਾਉਣ, ਮਜ਼ਦੂਰਾਂ ਦੇ ਸਮੁੱਚੇ ਕਰਜ਼ਿਆਂ ਦੀ ਮਾਫ਼ੀ, ਮਜ਼ਦੂਰ ਵਿਰੋਧੀ ਲੇਬਰ ਕਾਨੂੰਨ ਰੱਦ ਕਰਨ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨ ਘੱਟੋ-ਘੱਟ ਪ੍ਰਤੀ ਮਹੀਨਾ 5000 ਕਰਨ, ਮਜ਼ਦੂਰਾਂ ਦੇ ਹਿੱਸੇ ਦੀ ਤੀਜੇ ਹਿੱਸੇ ਦੀ ਪੰਚਾਇਤੀ ਜ਼ਮੀਨ ਦੇਣਾ ਯਕੀਨੀ ਬਣਾਉਣ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ ਸਮੇਤ ਵਧਦੀ ਮਹਿੰਗਾਈ ਨੂੰ ਠੱਲ੍ਹ ਪਾਉਣ, ਸੰਘਰਸ਼ਾਂ ਦੌਰਾਨ ਪਾਏ ਕੇਸ ਰੱਦ ਕਰਨ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦੇ ਪੈਸੇ ਪਾਉਣ ਅਤੇ ਚੋਣਾਂ ਮੌਕੇ ਦਿੱਤੀਆਂ ਗਈਆਂ ਗਰੰਟੀਆਂ ਲਾਗੂ ਕਰਵਾਉਣ ਆਦਿ ਮੰਗਾਂ ਨੂੰ ਲੈ ਕੇ 11-12 ਅਕਤੂਬਰ ਨੂੰ ਹਜ਼ਾਰਾਂ ਬੇਜ਼ਮੀਨੇ ਮਜ਼ਦੂਰ ਸੰਗਰੂਰ ਪਹੁੰਚਣਗੇ। ਉਹਨਾਂ ਐਲਾਨ ਕੀਤਾ ਕਿ ਭਗਵੰਤ ਮਾਨ ਸਰਕਾਰ ਦੀਆਂ ਮਜ਼ਦੂਰ ਤੇ ਲੋਕ ਵਿਰੋਧੀ ਨੀਤੀਆਂ ਤੇ ਅਮਲਾਂ ਦੀ ਪਾਜ ਉਘੜਾਈ ਕਰਨ ਅਤੇ ਮਜ਼ਦੂਰਾਂ ਨੂੰ ਚੇਤਨ ਤੇ ਲਾਮਬੰਦ ਕਰਨ ਲਈ ਪੰਜਾਬ ਭਰ ਅੰਦਰ ਮੀਟਿੰਗਾਂ, ਰੈਲੀਆਂ ਦੀ ਮੁਹਿੰਮ ਵਿੱਢੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੂਬਾ ਆਗੂ ਭੂਪ ਚੰਦ ਚੰਨੋ, ਦਰਸ਼ਨ ਨਾਹਰ, ਦਿਲਬਾਗ ਸਿੰਘ ਜ਼ੀਰਾ ਆਦਿ ਹਾਜ਼ਰ ਸਨ।

## ਜ਼ੋਨਲ ਖੇਡਾਂ 'ਚ ਸੁਪਰੀਮ ਕਾਨਵੈਂਟ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

**ਹਠੂਰ (ਨਛੱਤਰ ਸੰਧੂ)**-ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਮੋਗਾ ਦਾ ਜ਼ੋਨਲ ਖੇਡਾਂ ਵਿੱਚ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ ।ਅਗਰ ਫੁੱਟਬਾਲ ਖੇਡ ਦੀ ਗੱਲ ਕੀਤੀ ਜਾਵੇ ਤਾਂ ਅੰਡਰ 14 ਮੁੰਡਿਆਂ ਦੀ ਟੀਮ ਨੇ ਪਹਿਲਾਂ ਸਥਾਨ ਤੇ ਅੰਡਰ 17 ਤੇ 19 ਮੁੰਡਿਆ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਉਧਰ ਫੁੱਟਬਾਲ ਲੜਕੀਆਂ ਦੀ ਟੀਮ ਨੇ ਅੰਡਰ 19 ਕੈਟਾਗਰੀ ਵਿੱਚ ਪਹਿਲਾ ਅੰਡਰ 14 ਲੜਕੀਆਂ ਦੀ ਟੀਮ ਨੇ ਦੂਸਰਾ ਤੇ ਅੰਡਰ 17 ਲੜਕੀਆਂ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਅਗਰ ਕ੍ਰਿਕਟ ਖੇਡ ਦੀ ਗੱਲ ਕੀਤੀ ਜਾਵੇ ਤਾਂ ਅੰਡਰ 19 ਮੁੰਡਿਆਂ ਦੀ ਟੀਮ ਨੇ ਪਹਿਲਾਂ ਸਥਾਨ ਪ੍ਰਾਪਤ ਕਰਕੇ ਜ਼ਿਲਾ ਪੱਧਰ ਤੇ ਆਪਣਾ ਸਥਾਨ ਬਣਾਇਆ ਖਿਡਾਰੀਆਂ ਦੇ ਇਸ ਪ੍ਰਦਰਸ਼ਨ ਤੇ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ ਕਿਤਾਬੀ ਕੀੜੇ ਹੀ ਬਣਾਉਣਾ ਨਹੀਂ ਹੈ ਸਗੋਂ ਉਹਨਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ।

### 'ਵਾਰਿਸ ਪੰਜਾਬ ਦੇ'...

ਪ੍ਰਧਾਨ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਸਿੱਧਾ ਹਮਲਾ ਬੋਲਦਿਆਂ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਦੀ ਪਤਨੀ ਨੇ ਇਕ ਜ਼ਬਰ ਜਨਾਹ ਦੇ ਦੋਸ਼ੀ ਤੋਂ 5 ਕਰੋੜ ਰੁਪਏ ਰਿਸ਼ਵਤ ਮੰਗੀ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਦੇ ਪਰਿਵਾਰ ਨੇ ਸੀ ਐਲ ਯੂ ਤੇ ਬਦਲੀਆਂ ਤੇ ਤਰੱਕੀਆਂ ਬਦਲੇ ਲਈ ਰਿਸ਼ਵਤ ਨਾਲ ਆਸਟਰੇਲੀਆ ਵਿਚ 2500 ਏਕੜ ਜ਼ਮੀਨ ਬਣਾਈ ਹੈ। ਉਹਨਾਂ ਕਿਹਾ ਕਿ ਮੈਂ ਤੁਹਾਨੂੰ ਭਰੋਸਾ ਦੁਆਉਂਦਾ ਹਾਂ ਕਿ 2027 ਵਿਚ ਸਰਕਾਰ ਬਣਨ 'ਤੇ ਇਹਨਾਂ ਭ੍ਰਿਸ਼ਟ ਕਾਰਵਾਈਆਂ ਲਈ ਉਹਨਾਂ ਤੋਂ ਜਵਾਬਦੇਹੀ ਲਈ ਜਾਵੇਗੀ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਬਚਾਉਣ ਵਾਸਤੇ ਅੱਗੇ ਆਉਣ ਅਤੇ ਕਿਹਾ ਕਿ ਸਿਰਫ ਅਕਾਲੀ ਦਲ ਹੀ ਸ਼ਾਂਤੀ, ਤਰੱਕੀ ਤੇ ਤੇਜ਼ ਰਫਤਾਰ ਵਿਕਾਸ ਕਰਵਾ ਸਕਦਾ ਹੈ।

### ਨੇਪਾਲ 'ਚ ਅਸਥਾਈ...

ਇਸ ਦੌਰਾਨ ਨੇਪਾਲ ਅਤੇ ਚੀਨੀ ਪ੍ਰਸ਼ਾਸਨ ਨੇ ਚਿਤਾਵਨੀ ਦਿੱਤੀ ਹੈ ਕਿ ਨਦੀ ਦੇ ਰਸਤੇ ਵਿੱਚ ਮਲਬਾ ਇਕੱਠਾ ਹੋਣ ਕਾਰਨ ਇੱਕ ਅਸਥਾਈ ਝੀਲ ਬਣ ਗਈ ਹੈ, ਜਿਸ ਵਿੱਚ ਲੱਗਭੱਗ 30 ਲੱਖ ਘਣਮੀਟਰ ਪਾਣੀ ਜਮ੍ਹਾਂ ਹੋ ਚੁੱਕਾ ਹੈ। ਜੇਕਰ ਇਹ ਝੀਲ ਟੁੱਟਦੀ ਹੈ ਤਾਂ ਹੇਠਲੇ ਇਲਾਕਿਆਂ 'ਚ ਇੱਕ ਵਾਰ ਫਿਰ ਤੋਂ ਭਾਰੀ ਤਬਾਹੀ ਮਚ ਸਕਦੀ ਹੈ।

## ਆਲ ਇੰਡੀਆ ਕਿਸਾਨ ਸਭਾ ਵੱਲੋਂ ਧਰਨੇ ਦੀ ਤਿਆਰੀ ਸਬੰਧੀ ਮੀਟਿੰਗ



**ਸਮਰਾਲਾ (ਸੁਰਜੀਤ ਸਿੰਘ)**-ਕੁੱਲ ਹਿੰਦ ਕਿਸਾਨ ਸਭਾ-1936 ਦੀ ਜ਼ਿਲ੍ਹਾ ਪ੍ਰਧਾਨ ਜਸਵੀਰ ਝੱਜ ਤੇ ਜਨਰਲ ਸਕੱਤਰ ਚਮਕੌਰ ਸਿੰਘ ਬਰ੍ਹਮੀ ਨੇ ਪਿੰਡ ਹੇਡੋਂ ਵਿਖੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇੱਕ ਸਤੰਬਰ ਨੂੰ ਦਿੱਲੀ ਵਿੱਚ ਆਲ ਇੰਡੀਆ ਪੱਧਰ ਦੀ ਇੱਕ ਰੈਲੀ ਕੀਤੀ ਜਾ ਰਹੀ ਹੈ ਤੇ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ 1 ਸਤੰਬਰ ਤੋਂ 7 ਸਤੰਬਰ ਤੱਕ ਇੱਕ ਧਰਨਾ ਦਿੱਤਾ ਜਾ ਰਿਹਾ ਹੈ।ਇਸ ਧਰਨੇ ਵਿੱਚ ਮੁੱਖ ਤੌਰ 'ਤੇ ਭਾਰਤ ਸਰਕਾਰ ਦੁਆਰਾ ਮੁਕਤ ਵਪਾਰ ਸਮਝੌਤੇ ਨੂੰ ਲਾਗੂ ਨਾ ਹੋਣ ਦੇਣ ਦਾ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਦੁਆਰਾ ਦਿੱਲੀ ਤੋਂ ਧਰਨਾ ਉਠਾਏ ਜਾਣ ਸਮੇਂ ਮੰਨੇ ਗਏ ਮੁੱਖ ਤੌਰ ਤੇ ਅਮਰੀਕਾ ਅਤੇ ਹੋਰ ਮੁਲਕਾਂ ਨਾਲ ਕੀਤੇ ਮੁਕਤ ਪਾਸ ਸਮਝੌਤੇ ਦਾ ਵਿਰੋਧ ਕਰਨਾ, ਕੇਂਦਰ ਸਰਕਾਰ ਦੁਆਰਾ ਕਿਸਾਨ ਅੰਦੋਲਨ ਵੇਲੇ ਮੰਗਾਂ ਨੂੰ ਲਿਖਤੀ ਤੌਰ ਤੇ ਮੰਨੀਆਂ ਮੰਗਾਂ ਦੇ ਲਿਖਤੀ ਭਰੋਸੇ ਨੂੰ ਆਉਣ ਵਿੱਚ ਲਿਆਉਣਾ, ਦਰਿਆਈ ਪਾਣੀਆਂ ਦਾ ਨਿਪਟਾਰਾ ਰਿਪੇਰੀਅਨ ਸਿਧਾਂਤ ਰਾਹੀਂ ਕਰਨਾ, ਬਿਜਲੀ ਤੇ ਬੀਜ ਬਿੱਲ ਰੱਦ ਕਰਨਾ ਇਸ ਦੇ ਨਾਲ਼ ਨਾਲ਼ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ਿਆਂ 'ਤੇ ਲੀਕ ਫੇਰਨ, ਲੇਬਰ ਕੋਡ ਰੱਦ ਕਰਵਾਉਣ, ਮਨਰੇਗਾ ਕਾਨੂੰਨ ਬਹਾਲ ਕਰਾਉਣ, ਪੰਜਾਬ ਦੇ ਪਾਣੀਆਂ ਦੀ ਰੱਖਿਆ ਆਦਿ ਸਮੇਤ ਹੋਰ ਮੁੱਦੇ ਹੋਣਗੇ।ਇਸ ਸਮੇਂ ਕ੍ਰਿਸ਼ਨ ਰਾਣਾ, ਬਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਰੂਪ ਸਿੰਘ, ਅੰਗਰੇਜ਼ ਸਿੰਘ ਆਦਿ ਨੇ ਕਿਹਾ ਕਿ ਇੱਕ ਤਰੀਕ ਦਿੱਲੀ ਰੈਲੀ ਤੇ ਇੱਕ ਸਤੰਬਰ ਤੋਂ ਸੱਤ ਸਤੰਬਰ ਤੱਕ ਲਗਾਏ ਜਾ ਰਹੇ ਚੰਡੀਗੜ੍ਹ ਦੇ ਧਰਨੇ ਵਿੱਚ ਵੱਡੀ ਪੱਧਰ ਉੱਤੇ ਸ਼ਮੂਲੀਅਤ ਕੀਤੀ ਜਾਵੇਗੀ।

## ਮੁੱਖ ਮੰਤਰੀ ਦੇ ਟਵੀਟ ਦੀਆਂ ਸਾੜੀਆਂ ਕਾਪੀਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਪੰਜਾਬ ਸਰਕਾਰ ਇੱਕ ਵਾਰ ਫਿਰ ਮੁਲਾਜ਼ਮਾਂ ਨਾਲ ਗੱਲਬਾਤ ਕਰਨ ਤੋਂ ਮੁੱਕਰ ਚੁੱਕੀ ਹੈ, ਜਿਸ ਦੇ ਚਲਦਿਆਂ ਮੁਲਾਜ਼ਮ ਵਰਗ ਵਿੱਚ ਰੋਹ ਸਿਖਰਾਂ 'ਤੇ ਹੈ।ਹੁਣ ਸਾਂਝਾ ਮੁਲਾਜ਼ਮ ਮੰਚ ਤੇ ਸਾਂਝੀ ਐਕਸ਼ਨ ਤਾਲਮੇਲ ਕਮੇਟੀ ਵੱਲੋਂ ਹੋਰ ਵੀ ਵੱਡੇ ਐਕਸ਼ਨ ਉਲੀਕਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਰਾਜ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਨੇ ਦਫ਼ਤਰ ਡਿਪਟੀ ਕਮਿਸ਼ਨਰ ਸ਼੍ਰੀ ਮੁਕਤਸਰ ਸਾਹਿਬ ਦੇ ਬਾਹਰ ਸੀ.ਐਮ. ਭਗਵੰਤ ਮਾਨ ਵੱਲੋਂ ਕੀਤੇ ਟਵੀਟ ਤੇ ਪ੍ਰਸੋਨਲ ਵਿਭਾਗ ਦੇ ਪੱਤਰ ਦੀਆਂ ਕਾਪੀਆਂ ਸਾੜਨ ਉਪਰੰਤ ਮੁਲਾਜ਼ਮਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੁਣ ਆਪਣੀਆਂ ਕੋਝੀਆਂ ਚਾਲਾਂ 'ਤੇ ਆ ਗਈ ਹੈ ਤੇ ਜਥੇਬੰਦੀਆਂ ਨਾਲ ਗੱਲਬਾਤ ਕਰਨ ਦੀ ਜਗ੍ਹਾ ਉਨ੍ਹਾਂ ਨੂੰ ਗਿੱਦੜ ਭਮਕੀਆਂ ਦੇਣ 'ਤੇ ਉੱਤਰ ਆਈ ਹੈ, ਪ੍ਰੰਤੂ ਮੁਲਾਜ਼ਮ ਡਰਨ ਵਾਲੇ ਨਹੀਂ ਹਨ।ਉਨ੍ਹਾਂ ਕਿਹਾ ਕਿ ਪ੍ਰਸੋਨਲ ਵਿਭਾਗ ਵੱਲੋਂ ਹੜਤਾਲੀ ਕਰਮਚਾਰੀਆਂ ਦੀ ਸੂਚਨਾ ਮੰਗਣਾ ਸਰਕਾਰ ਦੀ ਬੌਖਲਾਹਟ ਦੀ ਨਿਸ਼ਾਨੀ ਹੈ, ਇਸ ਨਾਲ ਮੁਲਾਜ਼ਮ ਵਰਗ ਵਿੱਚ ਡਰ ਦੀ ਬਜਾਏ ਹੋਰ ਵੀ ਹੌਸਲਾ ਤੇ ਸਰਕਾਰ ਪ੍ਰਤੀ ਗੁੱਸਾ ਪੈਦਾ ਹੋਇਆ ਹੈ।ਆਗੂਆਂ ਨੇ ਦੱਸਿਆ ਕਿ 7 ਅਗਸਤ ਨੂੰ ਚੰਡੀਗੜ੍ਹ, 23 ਅਗਸਤ ਨੂੰ ਸਤੌਜ ਤੇ 27 ਅਗਸਤ ਨੂੰ ਪੰਜਾਬ ਦੇ ਜ਼ਿਲ੍ਹਾ ਹੈੱਡ ਕੁਆਟਰਾਂ ਵਿਖੇ ਕੀਤੇ ਗਏ ਪ੍ਰੋਗਰਾਮ ਵੀ ਸਤੰਬਰ ਮਹੀਨੇ ਦੇ ਪ੍ਰੋਗਰਾਮਾਂ ਸਾਹਮਣੇ ਬੌਣੇ ਨਜ਼ਰ ਆਉਣਗੇ, ਕਿਉਂਕਿ ਪੰਜਾਬ ਦੇ ਮੁਲਾਜ਼ਮ ਇਤਿਹਾਸਕ ਸੰਘਰਸ਼ ਲਈ ਤਿਆਰ ਬਰ ਤਿਆਰ ਹਨ।ਉਨ੍ਹਾਂ ਦੱਸਿਆ ਕਿ ਸਾਂਝੇ ਮੁਲਾਜ਼ਮ ਮੰਚ ਦੇ ਫੈਸਲੇ ਅਨੁਸਾਰ 28 ਤੇ 29 ਅਗਸਤ ਨੂੰ ਸਰਕਾਰ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ ਜਾਣਗੀਆਂ ਤੇ ਪੰਜਾਬ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ਜਦਕਿ 30 ਅਗਸਤ ਨੂੰ ਸੂਬਾ ਪੱਧਰੀ ਮੀਟਿੰਗ ਕਰਕੇ ਵੱਡੇ ਸੰਘਰਸ਼ ਉਲੀਕੇ ਜਾਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਯੂਨੀਵਰਸਿਟੀ 'ਚ ਸਮੂਹਿਕ ਛੁੱਟੀ ਲੈ ਕੇ ਮੁਲਾਜ਼ਮਾਂ ਵੱਲੋਂ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਸਾਂਝਾ ਮੁਲਾਜ਼ਮ ਫਰੰਟ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਦਿੱਤੇ ਗਏ 27 ਅਗਸਤ ਦੇ ਮਹਾਂ ਬੰਦ ਦੇ ਸੱਦੇ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਰਮਚਾਰੀਆਂ, ਅਧਿਕਾਰੀਆਂ ਤੇ ਅਧਿਆਪਕਾਂ ਵੱਲੋਂ ਭਰਵਾਂ ਸਮਰਥਨ ਦਿੱਤਾ ਗਿਆ। ਇਸ ਤਹਿਤ ਯੂਨੀਵਰਸਿਟੀ ਦੇ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਆਪਣਾ ਰੋਸ ਦਰਜ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਐਸੋਸੀਏਸ਼ਨਾਂ ਵੱਲੋਂ ਪ੍ਰਬੰਧਕੀ ਬਲਾਕ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਹੱਕੀ ਤੇ ਜਾਇਜ਼ ਮੰਗਾਂ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ। ਇਸ ਮੌਕੇ ਯੂਨੀਵਰਸਿਟੀ ਦੀਆਂ ਵੱਖ-ਵੱਖ ਐਸੋਸੀਏਸ਼ਨਾਂ ਦੇ ਅਹੁਦੇਦਾਰਾਂ ਅਤੇ ਵੱਡੀ ਗਿਣਤੀ ਵਿਚ ਕਰਮਚਾਰੀਆਂ, ਅਧਿਕਾਰੀਆਂ ਤੇ ਅਧਿਆਪਕਾਂ ਨੇ ਸ਼ਮੂਲੀਅਤ ਕਰਕੇ ਏਕਤਾ, ਇਕਜੁੱਟਤਾ ਤੇ ਸੰਘਰਸ਼ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

## ਚਵਿੰਡਾ ਦੇਵੀ 'ਚ ਲੋਕ ਮਿਲਣੀ ਨੇ ਮਜੀਠਾ ਦੀ ਸਿਆਸਤ 'ਚ ਮਚਾਈ ਹਲਚਲ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**: ਹਲਕਾ ਮਜੀਠਾ ਦੇ ਪਿੰਡ ਚਵਿੰਡਾ ਦੇਵੀ ਵਿਖੇ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਕਰਵਾਈ ਗਈ ਲੋਕ ਮਿਲਣੀ ਨੇ ਮਜੀਠਾ ਦੀ ਸਿਆਸਤ ਵਿੱਚ ਨਵੀਂ ਹਲਚਲ ਪੈਦਾ ਕਰ ਦਿੱਤੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮੌਜੂਦਗੀ ਵਿੱਚ ਹੋਏ ਇਸ ਪ੍ਰੋਗਰਾਮ ਦੌਰਾਨ ਹਲਕੇ ਦੇ ਕੋਨੇ-ਕੋਨੇ ਤੋਂ ਉਮੜਿਆ ਲੋਕਾਂ ਦਾ ਵਿਸ਼ਾਲ ਇਕੱਠ ਵਿਰੋਧੀ ਧਿਰ ਲਈ ਵੱਡੇ ਸਿਆਸੀ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ।ਲੋਕ ਮਿਲਣੀ ਦੌਰਾਨ ਲੋਕਾਂ ਦੇ ਜੋਸ਼ ਅਤੇ ਭਰਵੇਂ ਹੁੰਗਾਰੇ ਨੇ ਇਹ ਪ੍ਰਭਾਵ ਛੱਡਿਆ ਕਿ ਮਜੀਠਾ ਦੀ ਸਿਆਸੀ ਫ਼ਿਜ਼ਾ ਤੇਜ਼ੀ ਨਾਲ ਬਦਲ ਰਹੀ ਹੈ।ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਨੇ ਰਵਾਇਤੀ ਸਿਆਸੀ ਸਮੀਕਰਨਾਂ 'ਤੇ ਵੀ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਇਸ ਮੌਕੇ ਬਲਾਕ-02 ਦੇ ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਹਲਕਾ ਮਜੀਠਾ ਨਾਲ ਸਬੰਧਤ ਵੱਖ-ਵੱਖ ਲੋਕ-ਹਿੱਤ ਦੇ ਮੁੱਦਿਆਂ, ਵਿਕਾਸ ਕਾਰਜਾਂ ਅਤੇ ਇਲਾਕੇ ਦੀਆਂ ਜ਼ਰੂਰਤਾਂ ਸਬੰਧੀ ਮੰਗ ਪੱਤਰ ਵੀ ਦਿੱਤਾ ਗਿਆ। ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਕਿਹਾ ਕਿ ਚਵਿੰਡਾ ਦੇਵੀ ਵਿੱਚ ਇਕੱਠੇ ਹੋਏ ਲੋਕਾਂ ਦੇ ਭਰਵੇਂ ਹੁੰਗਾਰੇ ਨੇ ਵਿਰੋਧੀਆਂ ਦੀਆਂ ਸਿਆਸੀ ਗਿਣਤੀਆਂ-ਮਿਣਤੀਆਂ ਨੂੰ ਹਿਲਾ ਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਲੋਕ ਮਿਲਣੀ ਨਹੀਂ, ਸਗੋਂ ਮਜੀਠਾ ਦੇ ਲੋਕਾਂ ਦੇ ਬਦਲਦੇ ਸਿਆਸੀ ਮੂਡ ਦੀ ਤਸਵੀਰ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਮਜੀਠਾ ਨੂੰ ਲੰਮੇ ਸਮੇਂ ਤੋਂ ਕਿਸੇ ਇੱਕ ਪਾਰਟੀ ਦਾ ਰਵਾਇਤੀ ਗੜ੍ਹ ਮੰਨ ਕੇ ਚੱਲ ਰਹੇ ਸਨ, ਚਵਿੰਡਾ ਦੇਵੀ ਦਾ ਵਿਸ਼ਾਲ ਇਕੱਠ ਉਨ੍ਹਾਂ ਲਈ ਸਪੱਸ਼ਟ ਸਿਆਸੀ ਸੰਦੇਸ਼ ਹੈ।ਲੋਕ ਹੁਣ ਰਵਾਇਤੀ ਸਿਆਸਤ ਤੋਂ ਉਪਰ ਉਠ ਕੇ ਵਿਕਾਸ, ਲੋਕ-ਹਿੱਤ ਅਤੇ ਕੰਮ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ। ਚੇਅਰਮੈਨ ਭੋਏਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਪ੍ਰਤੀ ਲੋਕਾਂ ਦਾ ਇਹ ਉਤਸ਼ਾਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਵੀ ਅਹਿਮ ਸੰਕੇਤ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਇਸ ਭਰਵੇਂ ਸਮਰਥਨ ਨੇ ਵਿਰੋਧੀਆਂ ਨੂੰ ਆਪਣੀ ਰਣਨੀਤੀ 'ਤੇ ਮੁੜ ਵਿਚਾਰ ਕਰਨ ਲਈ ਮਜਬੂਰ ਕਰ ਦਿੱਤਾ ਹੈ।



## ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਤੁਰੰਤ ਪੂਰੀਆਂ ਕਰੇ ਪੰਜਾਬ ਸਰਕਾਰ : ਔਜਲਾ



**ਛੇਹਰਟਾ (ਮਨੋਜ ਕੁਮਾਰ)** : ਪੰਜਾਬ ਤੇ ਚੰਡੀਗੜ੍ਹ ਵਿਚ ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕੀਤੇ ਰੋਸ ਪ੍ਰਦਰਸ਼ਨ ਨੂੰ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੂਰਨ ਸਮਰਥਨ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਮੰਗਾਂ ਲੰਮੇ ਸਮੇਂ ਤੋਂ ਲਟਕ ਰਹੀਆਂ ਹਨ ਤੇ ਪੰਜਾਬ ਸਰਕਾਰ ਨੂੰ ਬਿਨਾਂ ਹੋਰ ਦੇਰੀ ਕੀਤੇ ਇਨ੍ਹਾਂ ਦਾ ਹੱਲ ਕਰਨਾ ਚਾਹੀਦਾ ਹੈ। 27 ਅਗਸਤ ਨੂੰ ਸੂਬਾ ਪੱਧਰੀ ਮੁਲਾਜ਼ਮ ਸੰਘਰਸ਼ ਦੇ ਪਿਛੋਕੜ ਵਿਚ 18 ਫੀਸਦੀ ਬਕਾਇਆ ਡੀ ਏ, ਪੁਰਾਣੀ ਪੈਨਸ਼ਨ ਸਕੀਮ ਤੇ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨਾ ਮੁੱਖ ਮੰਗਾਂ ਹਨ। ਔਜਲਾ ਨੇ ਕਿਹਾ ਕਿ ਮਹਿੰਗਾਈ ਦੇ ਮੌਜੂਦਾ ਦੌਰ ਵਿਚ ਮੁਲਾਜ਼ਮਾਂ ਨੂੰ 18 ਫੀਸਦੀ ਬਕਾਇਆ ਡੀ ਏ ਨਾ ਮਿਲਣ ਕਾਰਨ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਦੀ ਮੰਗ ਦਾ ਸਮਰਥਨ ਕਰਦਿਆਂ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਨੂੰ ਅਮਲ ਵਿਚ ਲਿਆਉਣਾ ਚਾਹੀਦਾ ਹੈ।

## ਸਹਿਕਾਰੀ ਖੰਡ ਮਿੱਲ ਸ਼ੇਰੋ ਵਿਖੇ ਲੱਗਾ ਪੱਕਾ ਮੋਰਚਾ 99ਵੇਂ ਦਿਨ 'ਚ ਸ਼ਾਮਿਲ



**ਵਲਟੋਹਾ (ਰਣਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰੀ ਖੰਡ ਮਿੱਲ ਸ਼ੇਰੋ ਦੀ ਮਾਲਕੀ ਬਦਲਣ ਵਿਰੁੱਧ ਲੱਗਿਆ ਪੱਕਾ ਮੋਰਚਾ ਵੀਰਵਾਰ ਨੂੰ 99ਵੇਂ ਦਿਨ ਵੀ ਜਾਰੀ ਰਿਹਾ। ਕਿਸਾਨ ਆਗੂਆਂ ਰਤਨ ਸਿੰਘ ਢੰਡ, ਦਲਜੀਤ ਸਿੰਘ ਦਿਆਲਪੁਰ, ਗੁਰਪ੍ਰੀਤ ਸਿੰਘ ਗੰਡੀਵਿੰਡ,ਨਛੱਤਰ ਸਿੰਘ ਪੰਨੂ , ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਇੰਦਰਜੀਤ ਸਿੰਘ ਮਰਹਾਣਾ ਨੇ ਬੋਲਦਿਆਂ ਕਿਹਾ ਕਿ ਸਹਿਕਾਰੀ ਖੰਡ ਮਿੱਲ ਸ਼ੇਰੋ ਵਿੱਚ ਕਿਸਾਨਾਂ ਦੇ 60 ਫੀਸਦੀ ਸ਼ੇਅਰ ਹਨ ਇਸ ਲਈ ਨਵੰਬਰ 2025 ਵਿੱਚ ਪੰਜਾਬ ਸਰਕਾਰ ਵੱਲੋਂ ਜੋ ਮਾਲਕੀ ਤਬਦੀਲ ਕਰਨ ਦਾ ਨੋਟੀਫਿਕੇਸ਼ਨ ਕੀਤਾ ਗਿਆ ਸੀ,ਉਸ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ ਅਤੇ ਇਹ ਸਹਿਕਾਰੀ ਖੰਡ ਮਿੱਲ ਮੁੜ ਤੋਂ ਚਾਲੂ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ ਬੋਲਦਿਆਂ ਹੋਇਆਂ ਕਿਸਾਨ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਹ ਸਰਕਾਰੀ ਖੰਡ ਮਿੱਲ ਸ਼ੇਰੋ ਦੇ ਹਦੂਦ ਵਿੱਚ ਹੋ ਰਹੀ ਨਜਾਇਜ਼ ਉਸਾਰੀ 'ਤੇ ਤੁਰੰਤ ਪਾਬੰਦੀ ਲਗਾਵੇ। ਅੱਜ ਹੋਰਨਾਂ ਤੋਂ ਇਲਾਵਾ , ਦਲਬੀਰ ਸਿੰਘ ਦਿਓਲ, ਜਸਬੀਰ ਸਿੰਘ ਨਿਜਰਪੁਰ ਕੇਵਲ ਸਿੰਘ ਮਾੜੀ, ਬਲਵਿੰਦਰ ਸਿੰਘ ਮੁੰਡਾ ਪਿੰਡ, ਰੇਸ਼ਮ ਸਿੰਘ ਫੈਲੋਕੇ,ਜੱਸਾ ਸਿੰਘ ਕੱਦਗਿਲ, ਸੁਖਬਾਜ ਸਿੰਘ ਸਿੱਧੂ ,ਕਸ਼ਮੀਰ ਸਿੰਘ ਸਿੰਘ ਸ਼ੇਰੋਂ , ਅਮਰੀਕ ਸਿੰਘ ਫੌਜੀ ਸ਼ੇਰੋਂ, ਬਲਦੇਵ ਸਿੰਘ ਸ਼ੇਰ ਆਦਿ ਹਾਜ਼ਰ ਸਨ।

## ਰੱਖੜੀ ਦੇ ਮੌਕੇ ਭੈਣ-ਭਰਾਵਾਂ ਦੀ ਖਰੀਦਦਾਰੀ ਨੇ ਸਾਰੇ ਰਿਕਾਰਡ ਤੋੜੇ

**ਅੰਮ੍ਰਿਤਸਰ (ਅਰੋੜਾ)** ਪੂਰੇ ਭਾਰਤ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀ ਮੂਲ ਦੇ ਪਰਿਵਾਰਾਂ ਵਿੱਚ ਮਨਾਇਆ ਜਾਣ ਵਾਲਾ ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੌਕੇ ਭੈਣਾਂ-ਭਰਾਵਾਂ ਨੇ ਇੱਕ-ਦੂਜੇ ਲਈ ਆਪਣੇ ਪਿਆਰ ਦਾ ਇਜ਼ਹਾਰ ਕਰਨ ਲਈ ਖਰੀਦਦਾਰੀ ਦੇ ਸਾਰੇ ਰਿਕਾਰਡ ਤੋੜ ਦਿੱਤੇ। ਰੱਖੜੀਆਂ ਦੇ ਨਾਲ-ਨਾਲ ਵਧੀਆ ਮਿਠਾਈ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਤੇ ਭੈਣਾਂ-ਭਰਾਵਾਂ ਦੀ ਖਰੀਦਦਾਰੀ ਦੀ ਭਾਰੀ ਭੀੜ ਦੇਖਣ ਨੂੰ ਮਿਲੀ।ਭੈਣ-ਭਰਾ ਇੱਕ-ਦੂਜੇ ਲਈ ਦਿਲ ਖੋਲ੍ਹ ਕੇ ਖਰੀਦਦਾਰੀ ਕਰਦੇ ਦੇਖੇ ਗਏ।ਸ਼ੂਗਰ ਦੇ ਮਰੀਜ਼ਾਂ ਲਈ ਤਿਆਰ ਕੀਤੀਆਂ ਜਾਣ ਵਾਲੀਆਂ ਸ਼ੂਗਰ-ਫ੍ਰੀ ਮਿਠਾਈਆਂ, ਬਿਸਕੁਟ, ਜਿਸ ਵਿੱਚ ਖਜੂਰ ਬਰਫ਼ੀ, ਚਨਾ ਬਰਫ਼ੀ, ਮਲਾਈ ਬਰਫ਼ੀ, ਸ਼ੂਗਰ-ਫ੍ਰੀ ਵੇਸਣ ਦੇ ਲੱਡੂ ਲੋਕਾਂ ਦੁਆਰਾ ਖਰੀਦੇ ਜਾਂਦੇ ਦੇਖੇ ਗਏ।ਮਿਠਾਈਆਂ ਦੇ ਨਾਲ-ਨਾਲ ਵਧੀਆ ਕੁਆਲਿਟੀ ਦੇ ਨਮਕੀਨ ਭੁਜੀਏ ਅਤੇ ਡ੍ਰਾਈ ਕੇਕ ਵੀ ਲੋਕਾਂ ਨੂੰ ਖਰੀਦਦੇ ਦੇਖਿਆ ਗਿਆ।ਇਸ ਦੇ ਨਾਲ ਹੀ ਦਿਨ-ਬ-ਦਿਨ ਵਧ ਰਹੀ ਲੱਕ-ਤੋੜ ਮਹਿੰਗਾਈ ਦਾ ਅਸਰ ਵੀ ਰੱਖੜੀ ਤੇ ਪਿਆ ਦੇਖਿਆ ਗਿਆ।ਕੁਝ ਲੋਕਾਂ ਨੇ ਦੱਸਿਆ ਕਿ ਸਾਰੀਆਂ ਚੀਜ਼ਾਂ ਦੇ ਰੇਟ, ਵਿਸ਼ੇਸ਼ ਤੌਰ ਤੇ ਖੰਡ, ਦੇਸੀ ਘਿਓ, ਗੈਸ ਸਿਲੰਡਰ ਅਤੇ ਦਾਲਾਂ ਦੇ ਵਧੇ ਰੇਟਾਂ ਦਾ ਅਸਰ ਰੱਖੜੀ ਤੇ ਵੀ ਪਿਆ ਕਿਉਂਕਿ ਪਿਛਲੇ ਸਾਲ ਨਾਲੋਂ ਇਸ ਸਾਲ ਮਿਠਾਈਆਂ ਦੀ ਕੀਮਤ ਵਧ ਗਈ ਸੀ।

ਕੁਝ ਦੁਕਾਨਦਾਰਾਂ, ਜਿਨ੍ਹਾਂ ਵਿੱਚ ਰਾਜਬੀਰ ਸਿੰਘ, ਚੈਨ ਸਿੰਘ, ਕਾਹਨ ਸਿੰਘ, ਭਗੀਰਥ, ਅਨਿਲ ਸ਼ਰਮਾ, ਰਮਨ ਨਰੂਲਾ ਆਦਿ ਸ਼ਾਮਲ ਹਨ, ਨੇ ਦੱਸਿਆ ਕਿ ਲੋਕ ਖਰੀਦਦਾਰੀ ਤਾਂ ਕਰ ਰਹੇ ਹਨ ਪਰ ਉਨ੍ਹਾਂ ਦੇ ਚਿਹਰਿਆਂ ਤੇ ਵਧ ਚੁੱਕੀ ਮਹਿੰਗਾਈ ਦਾ ਅਸਰ ਦੇਖਣ ਨੂੰ ਮਿਲ ਰਿਹਾ ਸੀ, ਕਿਉਂਕਿ ਮਿਠਾਈਆਂ ਦੇ ਰੇਟ ਵਧਣ ਦੇ ਨਾਲ-ਨਾਲ ਭੈਣਾਂ ਦੁਆਰਾ ਭਰਾਵਾਂ ਦੇ ਗੁੱਟ ਤੇ ਬੰਨ੍ਹੀਆਂ ਜਾਣ ਵਾਲੀਆਂ ਰੱਖੜੀਆਂ ਦੇ ਰੇਟ ਵੀ ਪਿਛਲੇ ਸਾਲ ਨਾਲੋਂ ਦੁੱਗਣੇ ਹੋ ਚੁੱਕੇ ਸਨ। ਸਾਰਿਆਂ ਨੇ ਇੱਕ-ਦੂਜੇ ਨੂੰ ਰੱਖੜੀ ਦੀਆਂ ਮੁਬਾਰਕਾਂ ਦਿੱਤੀਆਂ।



## ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸਨੰਗਲ 'ਚ ਨਵੇਂ ਪ੍ਰਿੰਸੀਪਲ ਨੇ ਅਹੁਦਾ ਸੰਭਾਲਿਆ



**ਧਾਰੀਵਾਲ, (ਮਨਦੀਪ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸਨੰਗਲ ਵਿਖੇ ਨਵੇਂ ਆਏ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਇਥੇ ਜ਼ਿਕਰਯੋਗ ਹੈ ਕਿ ਇਨ੍ਹਾਂ ਤੋਂ ਪਹਿਲਾਂ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਹੀ ਕਾਲਜ ਤੋਂ ਇਲਾਵਾ ਸਕੂਲ ਵਿੱਚ ਵੀ ਬਤੌਰ ਪ੍ਰਿੰਸੀਪਲ ਵਾਧੂ ਸੇਵਾਵਾਂ ਨਿਭਾ ਰਹੇ ਸਨ। ਨਵੇਂ ਪ੍ਰਿੰਸੀਪਲ ਬਿਕਰਮਜੀਤ ਸਿੰਘ ਦਾ ਸਕੂਲ ਪਹੁੰਚਣ 'ਤੇ ਖਾਲਸਾ ਕਾਲਜ ਗੁਰਦਾਸਨੰਗਲ ਦੇ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਅਤੇ ਸਮੂਹ ਸਕੂਲ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਉਪਰੰਤ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਕਿਹਾ ਉਹ ਸਕੂਲ ਦੇ ਵਿਦਿਅਕ ਮਿਆਰ ਨੂੰ ਹੋਰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਸਕੂਲ ਦੀ ਤਰੱਕੀ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨਗੇ। ਉਨ੍ਹਾਂ ਨੇ ਸਮੂਹ ਸਟਾਫ ਨੂੰ ਸਕੂਲ ਦੀ ਤਰੱਕੀ ਲਈ ਸਾਰੇ ਇੱਕ ਟੀਮ ਵਜੋਂ ਮਿਲ ਕੇ ਕੰਮ ਕਰਨ ਅਪੀਲ ਕੀਤੀ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕ ਅਤੇ ਨਾਨ-ਟੀਚਿੰਗ ਸਟਾਫ ਹਾਜ਼ਰ ਸੀ।

## 'ਦਾਸਤਾਨ-ਏ-ਗੁਰੂ ਨਾਨਕ' ਨਾਟਕ ਦਾ ਮੰਚਨ ਅੱਜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਐਟਲਾਇਅਰ ਰੀਪੈਟਰੀ ਦਿੱਲੀ ਵੱਲੋਂ ਵਿਰਸਾ ਵਿਹਾਰ ਦੇ ਵਿਸ਼ੇਸ਼ ਸਹਿਯੋਗ ਨਾਲ ਕੁਲਜੀਤ ਸਿੰਘ ਦਾ ਲਿਖਿਆ ਅਤੇ ਨਿਰਦੇਸ਼ਤ ਕੀਤਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੀ ਕਹਾਣੀ ਨੂੰ ਬਿਆਨ ਕਰਦਾ ਨਾਟਕ 'ਦਾਸਤਾਨ-ਏ-ਗੁਰੂ ਨਾਨਕ' ਨਾਟਕ ਦਾ ਮੰਚਨ 29 ਅਗਸਤ, ਦਿਨ ਸ਼ਨੀਵਾਰ, ਸ਼ਾਮ 6.30 ਵਜੇ ਵਿਰਸਾ ਵਿਹਾਰ ਦੇ ਸ੍. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਕੀਤਾ ਜਾਵੇਗਾ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਦੀ ਕਹਾਣੀ ਨੂੰ ਬਿਆਨ ਕਰਨ ਵਾਲੇ ਗੌਰਵ ਸੂਰੀ, ਗੁਨੀਤ ਕੌਰ ਤੇ ਮਾਨਸੀ ਗਰੋਵਰ ਕਰਨਗੇ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਤੇ ਸਕੱਤਰ ਰਮੇਸ਼ ਯਾਦਵ ਨੇ ਸਾਂਝੇ ਤੌਰ ਤੇ ਕਿਹਾ ਕਿ ਇਸ ਨਾਟਕ ਨੂੰ ਦੇਖਣ ਲਈ ਸਮੂਹ ਦਰਸ਼ਕਾਂ, ਨਾਟ ਪ੍ਰੇਮੀਆਂ ਤੇ ਕਲਾ ਪ੍ਰੇਮੀਆਂ ਨੂੰ ਹਾਰਦਿਕ ਸੱਦਾ ਹੈ। ਨਾਟਕ ਬਿਨ੍ਹਾ ਕਿਸੇ ਪਾਸ ਅਤੇ ਟਿਕਟ ਦੇ ਮੁਫ਼ਤ ਵਿਖਾਇਆ ਜਾਵੇਗਾ।



## ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੀ ਅੰਡਰ-19 ਵਾਲੀਬਾਲ ਟੀਮ ਜ਼ਿਲ੍ਹੇ 'ਚੋਂ ਅੱਵਲ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ ਰਣਬੀਰ ਸਿੰਘ ਗੋਲਣ)** ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੀ ਅੰਡਰ-19 ਲੜਕਿਆਂ ਦੀ ਵਾਲੀਬਾਲ ਟੀਮ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕਰ ਕੇ ਇੱਕ ਵਾਰ ਫਿਰ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਜ਼ਿਲ੍ਹੇ ਦੇ ਵੱਖ-ਵੱਖ ਜੋਨਾਂ ਤੋਂ ਜਿੱਤ ਕੇ ਆਈਆਂ ਟੀਮਾਂ ਨੂੰ ਮਾਤ ਦੇਣ ਉਪਰੰਤ ਇਹ ਖ਼ਿਤਾਬ ਸਕੂਲ ਨੇ ਆਪਣੇ ਨਾਮ ਕੀਤਾ। ਸਕੂਲ ਪਹੁੰਚਣ ਤੇ ਜੇਤੂ ਖਿਡਾਰੀ ਅੰਮ੍ਰਿਤਪਾਲ ਸਿੰਘ, ਗੁਰਤੇਜ ਸਿੰਘ, ਜਸ਼ਨਪ੍ਰੀਤ ਸਿੰਘ, ਅਰਮਾਨਪ੍ਰੀਤ ਸਿੰਘ ਤੇ ਜੁਗਰਾਜ ਸਿੰਘ ਦਾ ਸਕੂਲ ਪ੍ਰਿੰਸੀਪਲ ਤੇ ਮੈਨੇਜਮੈਂਟ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਉਨ੍ਹਾਂ ਦਾ ਸਕੂਲ ਅਕਾਦਮਿਕ ਉਪਲੱਬਧੀਆਂ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਮਾਣਮੱਤੀਆਂ ਮੱਲਾਂ ਮਾਰ ਰਿਹਾ ਹੈ।ਖੇਡਾਂ ਵਿੱਚ ਖਿਡਾਰੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਪਿੱਛੇ ਕੋਚ ਦੀ ਭੂਮਿਕਾ ਨੂੰ ਅਹਿਮ ਦੱਸਦਿਆਂ ਕੰਧਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਡੀਪੀਈ ਹਰਜੀਤ ਸਿੰਘ ਇਸ ਡਿਊਟੀ ਨੂੰ ਲਗਨ ਤੇ ਤਨਦੇਹੀ ਨਾਲ ਨਿਭਾ ਰਹੇ ਹਨ।ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੀਆਂ ਹਨ। ਖੇਡਾਂ ਰਾਹੀਂ ਹਾਸਲ ਕੀਤਾ ਅਨੁਸ਼ਾਸਨ ਵਿਦਿਆਰਥੀਆਂ ਨੂੰ ਜ਼ਿੰਦਗੀ ਦੇ ਹਰ ਖੇਤਰ ਵਿੱਚ ਸਫ਼ਲਤਾ ਵੱਲ ਲੈ ਕੇ ਜਾਂਦਾ ਹੈ।

ਅੰਤ ਵਿੱਚ ਉਨ੍ਹਾਂ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਦਾ ਸੁਨੇਹਾ ਦਿੱਤਾ।ਇਸ ਮੌਕੇ ਸਕੂਲ ਚੇਅਰਪਰਸਨ ਮੈਡਮ ਲਖਬੀਰ ਕੌਰ ਸਮੇਤ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।




## ਬਾਬਾ ਬੁੱਢਾ ਕਾਲਜ ਦੇ ਬੀ ਕਾਮ ਅਤੇ ਬੀ ਸੀ ਏ ਸਮੈਸਟਰ ਚੌਥੇ ਦਾ ਨਤੀਜਾ ਰਿਹਾ ਸ਼ਾਨਦਾਰ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਸੇਵਾ ਦੇ ਪੁੰਜ ਸੰਤ ਬਾਬਾ ਖੜਕ ਸਿੰਘ ਵੱਲੋਂ ਸਥਾਪਿਤ ਅਤੇ ਸੰਤ ਬਾਬਾ ਸੰਤੋਖ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਦੇ ਬੀ ਕਾਮ ਅਤੇ ਬੀ ਸੀ ਏ ਸਮੈਸਟਰ ਚੌਥੇ ਦਾ ਨਤੀਜਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨਿਆ ਗਿਆ।

ਕਾਲਜ ਦੀ ਪਾਸ ਪ੍ਰਤੀਸ਼ਤ 100 ਫੀਸਦੀ ਰਹੀ। ਬੀ ਸੀ ਏ ਸਮੈਸਟਰ ਚੌਥੇ ਦੀ ਵਿਦਿਆਰਥਣ ਜਨਾਕਸ਼ੀ ਨੇ 75% ਨਾਲ ਪਹਿਲਾ , ਅਰਸ਼ਦੀਪ ਕੌਰ 73% ਨਾਲ ਦੂਜਾ ਅਤੇ ਮਾਨਵ 69% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ । ਬੀ ਕਾਮ ਸਮੈਸਟਰ ਚੌਥੇ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ 75% ਨਾਲ ਪਹਿਲਾ , ਹਰਪ੍ਰੀਤ ਕੌਰ 71% ਨਾਲ ਦੂਜਾ ਅਤੇ ਵੀਰਪਾਲ ਕੌਰ ਨੇ 70% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਲਜ ਪ੍ਰਿੰਸੀਪਲ ਡਾਕਟਰ ਕਰਨਜੀਤ ਸਿੰਘ ਬੇਦੀ ਨੇ ਪਾਸ ਹੋਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਡਾਕਟਰ ਅਮਰਬੀਰ ਸਿੰਘ,ਪ੍ਰੋਫੈਸਰ ਸੁਰਿੰਦਰ ਸਿੰਘ, ਪ੍ਰੋਫੈਸਰ ਇੰਦਰਜੀਤ ਸਿੰਘ,ਸੁਪਰੀਡੈਂਟ ਤਜਿੰਦਰਜੀਤ ਸਿੰਘ,ਪ੍ਰੋਫੈਸਰ ਸੁਖਪਾਲ ਕੌਰ, ਪ੍ਰੋਫੈਸਰ ਪਲਵਿੰਦਰ ਕੌਰ ਅਤੇ ਪ੍ਰੋਫੈਸਰ ਚੰਦਪ੍ਰੀਤ ਕੌਰ ਹਾਜ਼ਰ ਰਹੇ।

## ਖ਼ਾਲਸਾ ਕਾਲਜ ਵਿਖੇ 'ਰੱਖੜੀ ਪ੍ਰਦਰਸ਼ਨੀ ਕਮ ਸੇਲ' ਦਾ ਆਯੋਜਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ 'ਰੱਖੜੀ ਪ੍ਰਦਰਸ਼ਨੀ ਕਮ-ਸੇਲ-2026' ਆਯੋਜਿਤ ਕੀਤੀ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਡਿਜ਼ਾਈਨਿੰਗ ਕੌਸ਼ਲ ਅਤੇ ਉੱਦਮੀ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਢੁਕਵਾਂ ਮੰਚ ਪ੍ਰਦਾਨ ਕਰਨਾ ਸੀ। ਜਿਸ ਦਾ ਉਦਘਾਟਨ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ. ਏ. ਯੂ.) ਦੇ ਡਾਇਰੈਕਟਰ ਵਿਦਿਆਰਥੀ ਭਲਾਈ ਡਾ. ਨਿਰਮਲ ਜੌੜਾ ਵੱਲੋਂ ਕੀਤਾ ਗਿਆ, ਜਿਸ 'ਚ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਰੰਧਾਵਾ ਨੇ ਉਕਤ ਪ੍ਰੋਗਰਾਮ ਸਬੰਧੀ ਵਿਭਾਗ ਮੁਖੀ ਪ੍ਰੋ. ਜਸਮੀਤ ਕੌਰ, ਸਟਾਫ਼ ਅਤੇ ਵਿਦਿਆਰਥੀਆਂ ਦੁਆਰਾ ਕੀਤੇ ਗਏ ਯਤਨਾਂ ਅਤੇ ਮਿਹਨਤ ਦੀ ਸ਼ਲਾਘਾ ਕੀਤੀ। ਡਾ. ਜੌੜਾ ਨੇ ਕਿਹਾ ਕਿ ਉਕਤ ਪ੍ਰਦਰਸ਼ਨੀ ਵਿਚ ਵਿਦਿਆਰਥੀਆਂ ਦੀਆਂ ਆਪਣੀਆਂ ਰਚਨਾਤਮਕ ਸੋਚਾਂ ਨੂੰ ਆਕਰਸ਼ਕ ਅਤੇ ਮਾਰਕੀਟ 'ਚ ਵਿਕਣਯੋਗ ਉਤਪਾਦਾਂ 'ਚ ਤਬਦੀਲ ਕਰਨ ਦੀ ਸਮਰੱਥਾ ਨੂੰ ਸਫਲਤਾਪੂਰਵਕ ਉਜਾਗਰ ਕੀਤਾ। ਇਸ ਮੌਕੇ ਪ੍ਰੋ. ਜਸਮੀਤ ਕੌਰ ਨੇ ਆਏ ਸਮੂਹ ਮਹਿਮਾਨਾਂ, ਕਾਲਜ ਪ੍ਰਬੰਧਕਾਂ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਸਮਾਗਮ ਨੂੰ ਸਫਲ ਬਣਾਉਣ ਲਈ ਦਿੱਤੇ ਸਹਿਯੋਗ ਤੇ ਯੋਗਦਾਨ ਲਈ ਧੰਨਵਾਦ ਕੀਤਾ। ਇਸ ਮੌਕੇ ਡਾ. ਦਲਜੀਤ ਸਿੰਘ, ਡਾ. ਹਰਵਿੰਦਰ ਕੌਰ, ਡਾ. ਸਵਰਾਜ ਕੌਰ ਤੋਂ ਇਲਾਵਾ ਹੋਰ ਸਟਾਫ਼ ਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

## ਆਰ. ਡੀ. ਖੋਸਲਾ ਸਕੂਲ ਨੇ ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਰੱਖੜੀ ਦਾ ਤਿਉਹਾਰ

**ਬਟਾਲਾ (ਡਾ. ਮਲਵਿੰਦਰ ਸਿੰਘ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਕੈਂਪਸ ਵਿੱਚ ਰੱਖੜੀ ਦੇ ਸ਼ੁਭ ਮੌਕੇ ਤੇ ਇੱਕ ਰੰਗਾਰੰਗ ਅਤੇ ਮਨਮੋਹਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਰੱਖੜੀ ਦੇ ਸੱਭਿਆਚਾਰਕ, ਪਰਿਵਾਰਕ ਅਤੇ ਭਾਵਨਾਤਮਕ ਮਹੱਤਵ ਤੋਂ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੇ ਕਵਿਤਾ, ਨਾਚ, ਗੀਤਾਂ ਅਤੇ ਭਾਸ਼ਣਾਂ ਰਾਹੀਂ ਭਰਾਵਾਂ ਅਤੇ ਭੈਣਾਂ ਵਿਚਕਾਰ ਪਵਿੱਤਰ ਪਿਆਰ, ਸਨੇਹ ਅਤੇ ਸੁਰੱਖਿਆ ਦੇ ਪ੍ਰਤੀਕ ਰੱਖੜੀ ਦੇ ਮਹੱਤਵ ਨੂੰ ਸੁੰਦਰ ਢੰਗ ਨਾਲ ਪੇਸ਼ ਕੀਤਾ। ਵਿਦਿਆਰਥੀਆਂ ਦੇ ਮਨਮੋਹਕ ਪ੍ਰਦਰਸ਼ਨਾਂ ਨੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਹਰੇਕ ਵਿਦਿਆਰਥੀ ਨੇ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਦਾ ਸੰਦੇਸ਼ ਦਿੰਦੇ ਹੋਏ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਰੱਖੜੀ ਬਣਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਦੇ ਹੋਏ, ਬੱਚਿਆਂ ਨੇ ਆਕਰਸ਼ਕ ਅਤੇ ਸੁੰਦਰ ਰੱਖੜੀਆਂ ਬਣਾਈਆਂ। ਮੁਕਾਬਲੇ ਨੇ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਕਲਾਤਮਕਤਾ ਅਤੇ ਆਪਣੇ ਸੱਭਿਆਚਾਰ ਲਈ ਪਿਆਰ ਨੂੰ ਉਤਸ਼ਾਹਿਤ ਕੀਤਾ। ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਕੂਲ ਪਰਿਵਾਰ ਨੂੰ ਰੱਖੜੀ ਦੀਆਂ ਦਿਲੋਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਰੱਖੜੀ ਸਿਰਫ਼ ਭਰਾ-ਭੈਣ ਦੇ ਬੰਧਨ ਦਾ ਤਿਉਹਾਰ ਨਹੀਂ ਹੈ, ਸਗੋਂ ਪਿਆਰ, ਵਿਸ਼ਵਾਸ, ਸਤਿਕਾਰ ਅਤੇ ਇੱਕ ਦੂਜੇ ਦੀ ਰੱਖਿਆ ਕਰਨ ਦੇ ਵਾਅਦੇ ਦਾ ਪ੍ਰਤੀਕ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਾਰਤੀ ਤਿਉਹਾਰਾਂ ਦੀ ਅਮੀਰ ਪਰੰਪਰਾ ਨੂੰ ਸਮਝਣ ਅਤੇ ਜੀਵਨ ਵਿੱਚ ਉਨ੍ਹਾਂ ਦੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।




## ਸਪਰਿੰਗ ਬਰਡਜ਼ ਸਕੂਲ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਸਪੈਕਟਰਾ ਖੇਡ 'ਚ ਮਾਰੀਆਂ ਮੱਲਾਂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**— ਪੰਜਾਬ ਸਕੂਲ ਖੇਡਾਂ ਦੀਆਂ ਜ਼ਿਲ੍ਹਾ ਪੱਧਰੀ ਸਪੈਕਟਰਾ ਖੇਡਾਂ ਅਜੀਤ ਵਿਦਿਆਲਾ ਸਕੂਲ ਵਿਖੇ ਕਰਵਾਈਆਂ ਗਈਆਂ, ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸਪਰਿੰਗ ਬਰਡਜ਼ ਸਕੂਲ, ਅੱਡਾ ਸੈਦੋਲੇਹਲ, ਖਜਾਲਾ ਮਹਿਤਾ ਰੋਡ (ਅੰਮ੍ਰਿਤਸਰ) ਦੀਆਂ ਅੰਡਰ-14, ਅੰਡਰ-17 ਅਤੇ ਅੰਡਰ-19 ਲੜਕੀਆਂ ਦੀਆਂ ਟੀਮਾਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-14 ਲੜਕੀਆਂ ਨੇ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ, ਅੰਡਰ-17 ਲੜਕੀਆਂ ਨੇ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਅਤੇ ਅੰਡਰ-19 ਲੜਕੀਆਂ ਨੇ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ।ਇਸ ਸ਼ਾਨਦਾਰ ਪ੍ਰਾਪਤੀ ਨਾਲ ਵਿਦਿਆਰਥਣਾਂ ਨੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਇਹ ਵੀ ਵਿਸ਼ੇਸ਼ ਤੌਰ ਤੇ ਦੱਸਣਯੋਗ ਹੈ ਕਿ ਸਕੂਲ ਦੀਆਂ ਸੱਤ ਵਿਦਿਆਰਥਣਾਂ ਦੀ ਪੰਜਾਬ ਸਕੂਲ ਖੇਡਾਂ ਲਈ ਸਟੇਟ ਲੈਵਲ ਤੇ ਚੋਣ ਹੋਈ ਹੈ, ਜੋ ਕਿ ਸਕੂਲ ਲਈ ਬਹੁਤ ਹੀ ਮਾਣ ਵਾਲੀ ਪ੍ਰਾਪਤੀ ਹੈ।ਸਕੂਲ ਦੇ ਵਿਹੜੇ ਵਿੱਚ ਪ੍ਰਿੰ. ਗੁਰਪ੍ਰੀਤ ਕੌਰ, ਐੱਮ. ਡੀ. ਪਰਮਿੰਦਰ ਸਿੰਘ, ਸਮੂਹ ਸਟਾਫ ਅਤੇ ਕੋਚ ਮਨਵਿੰਦਰ ਸਿੰਘ ਵੱਲੋਂ ਜੇਤੂ ਵਿਦਿਆਰਥਣਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ।

## ਚੇਅਰਮੈਨ ਜਲਾਲ ਉਸਮਾ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਹੋਏ ਨਤਮਸਤਕ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**— ਸੀਨੀਅਰ ਆਪ ਆਗੂ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਮਾਰਕੀਟ ਕਮੇਟੀ ਮਹਿਤਾ ਦਾ ਚੇਅਰਮੈਨ ਬਣਾਇਆ ਗਿਆ ਹੈ, ਗੁਰੂ ਘਰ ਦਾ ਸ਼ੁਕਰਾਨਾ ਕਰਨ ਵਾਸਤੇ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ। ਗੁਰੂ ਘਰ ਵਿਖੇ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਦੀ ਚੜ੍ਹਦੀ ਕਲਾ ਦੀ ਅਰਦਾਸ ਕਰਨ ਨੂੰ ਉਪਰੰਤ ਉਪਰੰਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਉਹਨਾਂ ਨੂੰ ਸਿਰੋਪਾਓ ਦੀ ਦਾਤ ਬਖ਼ਸ਼ੀ ਗਈ। ਇਸ ਮੌਕੇ ਪਰਮਜੀਤ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਅਮਰਜੀਤ ਸਿੰਘ, ਅਵਿਨਾਸ਼ ਸਿੰਘ, ਅਰਮਿੰਦਰਬੀਰ ਸਿੰਘ, ਇਕਬਾਲ ਸਿੰਘ ਜਲਾਲ ਉਸਮਾ, ਰਣਜੀਤ ਸਿੰਘ ਰਾਣਾ ਬਾਬੋਵਾਲ, ਬਾਬਾ ਜੱਸਾ ਸਿੰਘ, ਬਾਬਾ ਰਾਜਾ, ਬਾਬਾ ਸੁੱਖਾ ਸਿੰਘ, ਜਗਰੂਪ ਸਿੰਘ, ਬਲਹਾਰ ਸਿੰਘ, ਅਵਤਾਰ ਸਿੰਘ ਬੋਪਾਰਾਏ, ਕੁਲਦੀਪ ਸਿੰਘ ਬੋਪਾਰਾਏ ਆਦਿ ਹਾਜ਼ਰ ਸਨ।

## ਬੱਚਿਆਂ ਦੇ ਰੱਖੜੀ ਅਤੇ ਕਾਰਡ ਬਣਾਉਣ ਦੇ ਮੁਕਾਬਲੇ ਕਰਵਾਏ

**ਧਾਰੀਵਾਲ, (ਮਨਦੀਪ ਵਿੱਕੀ)**- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ) ਸਕੂਲ ਕਲਿਆਣਪੁਰ ਵਿਖੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਰੱਖੜੀ ਦੇ ਪਵਿੱਤਰ ਮੌਕੇ 'ਤੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਦੀ ਅਗਵਾਈ ਹੇਠ ਕਰਵਾਏ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਰੱਖੜੀ ਅਤੇ ਕਾਰਡ ਬਣਾਉਣ ਦੇ ਮੁਕਾਬਲੇ ਕਰਵਾਏ ਵੀ ਕਰਵਾਏ ਗਏ। ਇਸ ਦੌਰਾਨ ਨੰਨ੍ਹੇ-ਮੁੰਨੇ ਬੱਚਿਆਂ ਨੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸਨ ਕਰਦਿਆਂ ਖੁਦ ਆਪਣੇ ਹੱਥਾਂ ਨਾਲ ਸੁੰਦਰ ਰੱਖੜੀਆਂ ਅਤੇ ਗ੍ਰੀਟਿੰਗ ਕਾਰਡ ਤਿਆਰ ਕੀਤੇ। ਇਸ ਮੌਕੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਵਲੋਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਰੱਖੜੀ ਦੇ ਤਿਉਹਾਰ ਦੀ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਤਿਉਹਾਰ ਭੈਣ-ਭਰਾਵਾਂ ਦੇ ਆਪਸੀ ਪ੍ਰੇਮ ਅਤੇ ਰੱਖਿਆ ਦਾ ਪ੍ਰਤੀਕ ਹੈ ਅਤੇ ਇਸ ਦਿਨ ਇਤਿਹਾਸਕ ਤੌਰ 'ਤੇ ਪ੍ਰਸਿੱਧ 'ਰੱਖੜ-ਪੁੰਨਿਆਂ ਦਾ ਮੇਲਾ' ਮਾਝੇ ਇਲਾਕੇ ਦੀ ਧਰਤੀ 'ਤੇ ਇਤਿਹਾਸਕ ਅਸਥਾਨ ਬਾਬਾ ਬਕਾਲਾ ਸਾਹਿਬ ਵਿਖੇ ਬਹੁਤ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਅਜਿਹੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਸਮਾਜ ਵਿੱਚ ਆਪਸੀ ਪਿਆਰ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਅਹਿਮ ਸੁਨੇਹਾ ਦਿੱਤਾ। ਇਸ ਮੌਕੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।



## ਵੋਟਰ ਪੰਜੀਕਰਨ ਤੇ ਜਾਗਰੂਕਤਾ ਕੈਂਪ ਆਯੋਜਿਤ

**ਖਰੜ (ਹਰਨਾਮ ਸਿੰਘ ਡੱਲਾ)**- ਵਿਸ਼ੇਸ਼ ਗਹਿਰੀ ਸੁਧਾਈ ਤਹਿਤ ਵੱਧ ਤੋਂ ਵੱਧ ਯੋਗ ਨੌਜਵਾਨਾਂ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਦੇ ਉਦੇਸ਼ ਨਾਲ ਸਰਕਾਰੀ ਪੋਲੀਟੈਕਨਿਕ ਕਾਲਜ, ਖੂਨੀ ਮਾਜਰਾ ਵਿਖੇ ਵੋਟਰ ਪੰਜੀਕਰਨ ਅਤੇ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ। ਇਹ ਕੈਂਪ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਲਜ ਦੀ ਪ੍ਰਿੰਸੀਪਲ ਰਕਸ਼ਾ ਕਿਰਨ ਦੀ ਅਗਵਾਈ ਹੇਠ ਲਗਾਇਆ ਗਿਆ। ਕੈਂਪ ਦੌਰਾਨ ਜ਼ਿਲ੍ਹਾ ਨੋਡਲ ਅਫ਼ਸਰ, ਸਵੀਪ ਪ੍ਰੋਫੈਸਰ ਗੁਰਬਖ਼ਸ਼ੀ ਸਿੰਘ ਅੰਟਾਲ ਅਤੇ ਕਾਲਜ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਅਫ਼ਸਰ ਇੰਚਾਰਜ ਵੱਲੋਂ ਵਿਦਿਆਰਥੀਆਂ ਨੂੰ ਵੋਟਰ ਪੰਜੀਕਰਨ ਦੀ ਮਹੱਤਤਾ ਅਤੇ ਲੋਕਤੰਤਰ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਈ ਸੀ ਆਈ ਨੈੱਟ ਅਤੇ ਵੋਟਰਜ਼ ਡੌਟ ਈ ਸੀ ਆਈ ਡੌਟ ਜੀ ਓ ਵੀ ਡੌਟ ਇਨ ਸਮੇਤ ਹੋਰ ਆਨਲਾਈਨ ਮਾਧਿਅਮਾਂ ਰਾਹੀਂ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਨ ਦੀ ਪ੍ਰਕਿਰਿਆ ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਦੱਸਿਆ ਗਿਆ ਕਿ ਜਿਨ੍ਹਾਂ ਦੀ ਉਮਰ ਯੋਗਤਾ ਮਿਤੀ 1 ਅਕਤੂਬਰ, 2026 ਤੱਕ 18 ਸਾਲ ਜਾਂ ਇਸ ਤੋਂ ਵੱਧ ਹੋ ਚੁੱਕੀ ਹੈ, ਉਹ ਆਪਣਾ ਨਾਂਅ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਜ਼ਰੂਰ ਅਪਲਾਈ ਕਰਨ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ। ਕੈਂਪ ਵਿੱਚ ਕੁੱਲ 248 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 128 ਵਿਦਿਆਰਥੀ ਵੋਟਰ ਵਜੋਂ ਪੰਜੀਕਰਨ ਲਈ ਯੋਗ ਪਾਏ ਗਏ। ਯੋਗ ਵਿਦਿਆਰਥੀਆਂ ਨੂੰ ਮੌਕੇ 'ਤੇ ਹੀ ਆਨਲਾਈਨ ਪੰਜੀਕਰਨ ਦੀ ਪ੍ਰਕਿਰਿਆ ਸੰਬੰਧੀ ਮਾਰਗਦਰਸ਼ਨ ਦਿੱਤਾ ਗਿਆ ਅਤੇ ਉਨ੍ਹਾਂ ਨੂੰ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਸ੍ਰੀਮਤੀ ਰਕਸ਼ਾ ਕਿਰਨ ਨੇ ਵਿਦਿਆਰਥੀਆਂ ਨੂੰ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਵਿਸ਼ੇਸ਼ ਗਹਿਰੀ ਸੁਧਾਈ ਦੌਰਾਨ ਜ਼ਿਲ੍ਹੇ ਦੇ ਸਮੂਹ ਤਕਨੀਕੀ ਸਿੱਖਿਆ ਸੰਸਥਾਨਾਂ, ਜਿਨ੍ਹਾਂ ਵਿੱਚ ਇੰਜੀਨੀਅਰਿੰਗ ਕਾਲਜ, ਪੋਲਟੈਕਨਿਕ ਕਾਲਜ, ਆਈ.ਟੀ.ਆਈਜ਼ ਅਤੇ ਫਾਰਮੇਸੀ ਕਾਲਜ ਸ਼ਾਮਲ ਹਨ, ਵਿੱਚ ਵੱਖ-ਵੱਖ ਮੌਕਿਆਂ 'ਤੇ ਵੋਟਰ ਪੰਜੀਕਰਨ ਅਤੇ ਜਾਗਰੂਕਤਾ ਕੈਂਪ ਲਗਾਏ ਜਾਣਗੇ, ਤਾਂ ਜੋ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ ਜਾ ਸਕੇ।



## ਸਫ਼ਾਈ ਸੇਵਕ ਯੂਨੀਅਨ ਆਜ਼ਾਦ (ਪੰਜਾਬ) ਵੱਲੋਂ ਧਰਨਾ ਪ੍ਰਦਰਸ਼ਨ

**ਬਟਾਲਾ (ਤਰਲੋਕ ਬੱਗਾ)**- ਬਟਾਲਾ ਮੁਲਾਜ਼ਮਾ ਪੈਨਸ਼ਨਰਾਂ ਅਤੇ ਸਕੀਮ ਵਰਕਰਾਂ ਦੀਆਂ ਮੰਗਾਂ ਨੂੰ ਨਜ਼ਰ ਅੰਦਾਜ਼ ਕਰਨ ਦੇ ਰੋਸ ਵਜੋ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਲੈ ਕੇ ਬਟਾਲਾ ਵਿਖੇ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਪਾਰਕ ਵਿਚ ਮਿਡ ਡੇ ਮੀਲ ਅਤੇ ਸਫ਼ਾਈ ਸੇਵਕ ਯੂਨੀਅਨ ਆਜ਼ਾਦ ਪੰਜਾਬ ਵੱਲੋਂ ਰੈਲੀ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਚੌਕ ਵਿਖੇ ਪੁਤਲਾ ਫੂਕਿਆ ਗਿਆ ਜਿਸ ਦੀ ਅਗਵਾਈ ਯੂਨੀਅਨ ਦੀ ਜ਼ਿਲ੍ਹਾ ਜਨਰਲ ਸੱਕਤਰ ਸਤਿੰਦਰ ਕੌਰ ਬਟਾਲਾ, ਮੀਤ ਪ੍ਰਧਾਨ ਪਰਮਜੀਤ ਕੌਰ ਫਤਿਹਗੜ੍ਹ ਚੂੜੀਆਂ, ਬਲਾਕ ਪ੍ਰਧਾਨ ਜਸਬੀਰ ਕੌਰ, ਬਲਾਕ ਕਾਦੀਆਂ ਤੋਂ ਸੋਨੀਆ ਸੀਲਾ ਪੰਮੀ ਆਦਿ ਨੇ ਕੀਤੀ ਇਸ ਮੌਕੇ ਜਿਲਾ ਜਨਰਲ ਸੈਕਟਰੀ ਸਤਿੰਦਰ ਕੌਰ ਬਟਾਲਾ ਨੇ ਕਿਹਾ ਮੁਲਾਜ਼ਮਾਂ , ਪੈਨਸ਼ਨਰਾਂ ਅਤੇ ਸਕੀਮ ਵਰਕਰਾਂ ਦੀਆਂ ਹੱਕੀ ਮੰਗਾਂ ਸਰਕਾਰ ਨੂੰ ਮੰਨਣੀਆਂ ਚਾਹੀਦੀਆਂ ਹਨ । ਯੂਨੀਅਨ ਦੇ ਸੂਬਾ ਜਨਰਲ ਸੈਕਟਰੀ ਕਾਮਰੇਡ ਮਨਜੀਤ ਬਟਾਲਾ ਨੇ ਕਿਹਾ ਕਿ ਪੰਜਾਬ ਵਿਚ ਲੋਕ ਸੜਕਾਂ 'ਤੇ ਹਨ ਪਰ ਪੰਜਾਬ ਸਰਕਾਰ ਅੰਨੀ ਬੋਲੀ ਹੋਈ ਬੈਠੀ ਹੈ ਤੇ ਆਪਣੇ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ ।

ਇਸ ਸਮੇਂ ਪੂਨਮ ਮੁੰਜੂ, ਅਮਰਜੀਤ ਕੌਰ ਪ੍ਰਧਾਨ, ਸਰੂਪ ਸਿੰਘ ਚਾਹਲ ਕਲਾਂ ,ਬਚਨ ਸਿੰਘ ਮਾਸਣੀਆ ਰੋਹਿਤ, ਸਰਬਜੀਤ ਸਿੰਘ ਵਿਸ਼ਾਲ,ਜੈਮਸ ਅਨੀਤਾ ਆਦਿ ਹਾਜ਼ਿਰ ਸਨ




## ਖ਼ਾਲਸਾ ਯੂਨੀਵਰਸਿਟੀ ਨੇ ਰੱਖੜੀ ਦੇ ਸਬੰਧ 'ਚ ਪ੍ਰਦਰਸ਼ਨੀ ਲਗਾਈ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਫੈਸ਼ਨ ਡਿਜ਼ਾਈਨਿੰਗ ਐਂਡ ਕਾਸਮੈਟੋਲੋਜੀ ਵੱਲੋਂ ਵਿਦਿਆਰਥੀਆਂ 'ਚ ਸਿਰਜਣਾਤਮਕਤਾ, ਰਵਾਇਤੀ ਕਾਰੀਗਰੀ, ਉੱਦਮਤਾ ਅਤੇ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਤਹਿਤ ਰੱਖੜੀ ਪ੍ਰਦਰਸ਼ਨੀ ਲਗਾਈ ਗਈ। ਖ਼ਾਲਸਾ 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਲਗਾਈ ਗਈ ਉਕਤ ਪ੍ਰਦਰਸ਼ਨੀ 'ਚ ਮੁੱਖ ਮਹਿਮਾਨ ਵਜੋਂ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਨੇ ਸ਼ਿਰਕਤ ਕੀਤੀ ਅਤੇ ਪ੍ਰੋਗਰਾਮ ਦੀ ਅਗਵਾਈ ਉਕਤ ਕਾਸਮੈਟੋਲੋਜੀ ਵਿਭਾਗ ਦੇ ਮੁਖੀ ਡਾ. ਸ਼ਗੀਨਾ ਮਹਾਜਨ ਨੇ ਕੀਤੀ। ਇਸ ਪ੍ਰਦਰਸ਼ਨੀ 'ਚ ਵਿਦਿਆਰਥੀਆਂ ਵੱਲੋਂ ਆਪਣੀਆਂ ਸਿਰਜਣਾਤਮਕ ਅਤੇ ਹੁਨਰ ਵਿਕਾਸ ਗਤੀਵਿਧੀਆਂ ਤਹਿਤ ਤਿਆਰ ਕੀਤੀਆਂ ਗਈਆਂ ਸੁੰਦਰ ਹੱਥ ਨਾਲ ਬਣਾਈਆਂ ਰੱਖੜੀਆਂ ਪ੍ਰਦਰਸ਼ਿਤ ਕੀਤੀਆਂ ਗਈਆਂ। ਇਸ ਦੌਰਾਨ ਡਾ. ਮਹਿਲ ਸਿੰਘ ਨੇ ਕਿਹਾ ਕਿ ਵਿਹਾਰਕ ਅਤੇ ਤਜਰਬੇ ਅਧਾਰਿਤ ਸਿੱਖਿਆ ਵਿਦਿਆਰਥੀਆਂ 'ਚ ਆਤਮਵਿਸ਼ਵਾਸ, ਸਿਰਜਣਾਤਮਕਤਾ ਅਤੇ ਉੱਦਮਤਾ ਦੇ ਹੁਨਰ ਵਿਕਸਿਤ ਕਰਨ 'ਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਕਲਾਸਰੂਮ 'ਚ ਪ੍ਰਾਪਤ ਕੀਤੀ ਸਿੱਖਿਆ ਨੂੰ ਵਿਹਾਰਕ ਜੀਵਨ ਨਾਲ ਜੋੜਨ ਦਾ ਮੌਕਾ ਦਿੰਦੀਆਂ ਹਨ ਅਤੇ ਉਨ੍ਹਾਂ ਨੂੰ ਆਪਣੀਆਂ ਰਚਨਾਤਮਕ ਯੋਗਤਾਵਾਂ ਨੂੰ ਭਵਿੱਖ ਦੇ ਸੰਭਾਵੀ ਉੱਦਮੀ ਮੌਕਿਆਂ ਵਜੋਂ ਵਿਕਸਿਤ ਕਰਨ ਲਈ ਉਤਸ਼ਾਹਿਤ ਕਰਦੀਆਂ ਹਨ।

## ਸੰਜੀਵ ਮਿਨਹਾਸ ਵੱਲੋਂ ਢਿੱਲੋਂ ਤੇ ਮਨਪ੍ਰੀਤ ਬਾਦਲ ਸਨਮਾਨਤ

**ਦਸੂਹਾ (ਕਰਨੈਲ ਮਾਂਗਟ)**- ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਵਲੋ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਤੇ ਰਾਸ਼ਟਰੀ ਮੀਤ ਪ੍ਰਧਾਨ ਮਨਪ੍ਰੀਤ ਬਾਦਲ ਦਾ ਸਨਮਾਨ ਕੀਤਾ ਗਿਆ। ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਮਨਪ੍ਰੀਤ ਬਾਦਲ ਨੂੰ ਰਾਸ਼ਟਰੀ ਉਪ ਪ੍ਰਧਾਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੇ ਜਾਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਰਾਜਨੀਤਿਕ ਮੁੱਦਿਆਂ 'ਤੇ ਚਰਚਾ ਕੀਤੀ ਗਈ । ਇਸ ਮੌਕੇ ਤੇ ਜਿਲਾ ਪ੍ਰਧਾਨ ਸੰਜੀਵ ਮਿਨਹਾਸ ਨੇ ਕਿਹਾ ਕਿ ਸਾਨੂੰ ਵਿਸ਼ਵਾਸ ਹੈ ਕਿ ਸੂਬਾ ਪ੍ਰਧਾਨ ਕੇਵਲ ਢਿੱਲੋਂ ਤੇ ਮਨਪ੍ਰੀਤ ਸਿੰਘ ਬਾਦਲ ਦੀ ਸੰਗਠਨਾਤਮਕ ਅਗਵਾਈ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਕਰੇਗੀ ਅਤੇ ਬੂਥ ਪੱਧਰ ਤੱਕ ਪਾਰਟੀ ਦੀ ਵਿਚਾਰਧਾਰਾ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਇੱਕ ਮਜ਼ਬੂਤ ਸਰਕਾਰ ਬਣਾਏਗੀ। ਇਸ ਮੌਕੇ ਵਡੀ ਗਿਣਤੀ ਵਿੱਚ ਭਾਜਪਾ ਵਰਕਰ ਹਾਜ਼ਰ ਸਨ।



## ਸੇਂਟ ਸੋਵਰੇਨ ਕਾਨਵੈਂਟ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** : ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਵਿਖੇ ਰੱਖੜੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਲਈ ਰੱਖੜੀ ਨਾਲ ਸਬੰਧਿਤ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਸੁੰਦਰ ਰੱਖੜੀਆਂ ਤਿਆਰ ਕੀਤੀਆਂ, ਰੱਖੜੀ ਦੀਆਂ ਥਾਲੀਆਂ ਸਜਾਈਆਂ ਅਤੇ ਰੱਖੜੀ ਨਾਲ ਸਬੰਧਿਤ ਕਾਰਡ ਬਣਾਏ। ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ, ਐੱਮ.ਡੀ. ਕੋਮਲ ਕਪੂਰ, ਡਾਇਰੈਕਟਰ ਸ਼ਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕੋਆਰਡੀਨੇਟਰ ਪਾਰੁਲ ਸੁੰਦਰ, ਕੋਚ ਅੰਗਰੇਜ਼ ਸਿੰਘ ਸਮੇਤ ਸਕੂਲ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਬੀ ਐੱਨ ਡੀ ਸੀਨੀਅਰ ਸੈਕੰਡਰੀ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਬੀ. ਐੱਨ. ਡੀ. ਸੀਨੀਅਰ ਸੈਕੰਡਰੀ ਸਕੂਲ ਵਿਖੇ ਰੱਖੜੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਰਚਨਾਤਮਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥਣਾਂ ਨੇ ਸੁੰਦਰ ਰੱਖੜੀਆਂ ਤਿਆਰ ਕੀਤੀਆਂ ਅਤੇ ਵਿਦਿਆਰਥੀਆਂ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ ਭੈਣ-ਭਰਾ ਦੇ ਪਿਆਰ, ਸਨੇਹ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਵੱਲੋਂ ਰੱਖੜੀ ਦੀ ਮਹੱਤਤਾ ਨੂੰ ਦਰਸਾਉਂਦੀਆਂ ਕਵਿਤਾਵਾਂ, ਭਾਸ਼ਣ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਇਸ ਪਵਿੱਤਰ ਰਿਸ਼ਤੇ ਦੀ ਮਹੱਤਤਾ ਅਤੇ ਆਪਸੀ ਪਿਆਰ ਤੇ ਸਤਿਕਾਰ ਦਾ ਸੰਦੇਸ਼ ਦਿੱਤਾ। ਸਕੂਲ ਵੱਲੋਂ ਸਭ ਨੂੰ ਰੱਖੜੀ ਦੇ ਤਿਉਹਾਰ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਰੱਖੜੀ ਮੁਕਾਬਲੇ ਦੇ ਪ੍ਰਤੀਯੋਗੀਆਂ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰ. ਜੈ ਕ੍ਰਿਸ਼ਨ ਮਹਿਤਾ ਨੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ 'ਤੇ ਇੰਜ. ਅਨਿਲ ਮਹਿਤਾ, ਮੈਡਮ ਰੁਕਸਾਨਾ, ਨਰਿੰਦਰ ਕੌਰ, ਮਨਿੰਦਰ ਕੌਰ, ਸਰਬਜੀਤ ਕੌਰ, ਅੰਜਨੀ ਸ਼ਰਮਾ, ਸਰੋਜ, ਮਨਪ੍ਰੀਤ ਕੌਰ, ਮਨਜਿੰਦਰ ਕੌਰ, ਤਰਸੇਮ ਕੌਰ, ਮਨੀਸ਼ਾ, ਬਲਜੀਤ ਕੌਰ, ਸੰਦੀਪ ਕੌਰ, ਦੀਕਸ਼ਾ, ਅਮੀਸ਼ਾ, ਸੁਕੀਤਾ, ਮਨਦੀਪ ਕੌਰ, ਮੈਡਮ ਰਾਜਵਿੰਦਰ ਕੌਰ ਅਤੇ ਅਮਿਤ ਕੁਮਾਰ, ਰਾਕੇਸ਼ ਅਤੇ ਗੁਰਮੇਲ ਸਿੰਘ ਤੋਂ ਇਲਾਵਾ ਸਮੂਹ ਸਕੂਲ ਸਟਾਫ਼ ਹਾਜ਼ਰ ਸੀ।




## ਨਕਲੀ ਮਠਿਆਈਆਂ ਦਾ ਬੇਖੌਫ਼ ਚਲ ਰਿਹੈ ਧੰਦਾ-ਭੋਮਾ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** ਤਿਉਹਾਰਾਂ ਦਾ ਸੀਜ਼ਨ ਸ਼ੁਰੂ ਹੁੰਦੇ ਹੀ ਨਕਲੀ ਅਤੇ ਸਿੰਥੈਟਿਕ ਦੁੱਧ ਰਾਹੀਂ ਮਠਿਆਈਆਂ ਬਣਾਉਣ ਵਾਲੇ ਲਾਲਚੀ ਲੋਕ ਸਰਗਰਮ ਹੋ ਗਏ ਹਨ। ਮੁਨਾਫ਼ੇ ਦੀ ਲਾਲਚ ਵਿੱਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ । ਜ਼ਹਿਰ ਵਰਗੀਆਂ ਮਿਲਾਵਟੀ ਵਸਤਾਂ ,ਮਿਠਾਈਆਂ ਤੇ ਨਕਲੀ ਦੁੱਧ ਦਹੀਂ ਪਨੀਰ ਸ਼ਰੇਆਮ ਵੇਚਿਆ ਜਾ ਰਿਹਾ ਹੈ । ਫੂਡ ਸਪਲਾਈ ਤੇ ਸਿਹਤ ਵਿਭਾਗ ਟੀਮਾਂ ਵੱਲੋਂ ਕਦੇ ਵੀ ਸਖਤੀ ਨਾਲ ਚੈਕਿੰਗ ਨਹੀਂ ਕੀਤੀ ਗਈ । ਨਾ ਕੋਈ ਕੇਸ ਰਜਿਸਟਰਡ ਹੋਇਆ। ਇਹ ਪ੍ਰਗਟਾਵਾ ਕਰਦਿਆਂ ਰਣਜੀਤ ਸਿੰਘ ਭੋਮਾ ਨੇ ਦੋਸ਼ ਲਗਾਇਆ ਕਿ ਚਵਿੰਡਾ ਦੇਵੀ ਅਤੇ ਜੈਤੀਪੁਰ, ਕਥੱਨੰਗਲ, ਮਜੀਠਾ, ਵੇਰਕਾ, ਬਾਬਾ ਬਕਾਲਾ ਜੰਡਿਆਲਾ, ਅਜਨਾਲਾ , ਮਹਿਤਾ ਤੇ ਆਸ-ਪਾਸ ਦੇ ਦਿਹਾਤੀ ਇਲਾਕਿਆਂ ਵਿੱਚ ਵੱਡੀ ਪੱਧਰ 'ਤੇ ਮਿਲਾਵਟੀ ਮਠਿਆਈਆਂ, ਦੁੱਧ ਅਤੇ ਪਨੀਰ ਵਿਕ ਰਿਹਾ ਹੈ ਪਰ ਸਿਹਤ ਵਿਭਾਗ ਕੁੰਭਕਰਨੀ ਨੀਂਦ ਸੌਂ ਰਿਹਾ ਹੈ।

# ਬਦਲਦਾ ਸਿਆਸੀ ਮਾਹੌਲ

*ਜੇ ਅੱਜ ਲੋਕ ਸਭਾ ਚੋਣਾਂ ਹੁੰਦੀਆਂ ਹਨ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲਾ ਕੌਮੀ ਜਮਹੂਰੀ ਗੱਠਜੋੜ (ਐੱਨ ਡੀ ਏ) ਮੁੜ ਸੱਤਾ 'ਤੇ ਕਾਬਜ਼ ਹੋ ਸਕਦਾ ਹੈ। ਇਹ ਅਨੁਮਾਨ 'ਇੰਡੀਆ ਟੂਡੇ-ਸੀਵੋਟਰ ਅਗਸਤ 2026' ਦੇ 'ਮੂਡ ਆਫ ਦਾ ਨੇਸ਼ਨ' ਸਰਵੇਖਣ 'ਤੇ ਅਧਾਰਤ ਹੈ। ਜਦੋਂ ਕਿ ਪ੍ਰਮੁੱਖ ਭਾਈਵਾਲ ਭਾਜਪਾ ਆਪਣੇ ਗੱਠਜੋੜ ਅਧੀਨ ਸਰਕਾਰ ਬਣਾਉਣ ਦੀ ਸੰਭਾਵਨਾ ਰੱਖਦੀ ਹੈ, ਪਰ ਪਿਛਲੇ ਸਰਵੇਖਣਾਂ ਦੇ ਮੁਕਾਬਲੇ ਇਸ ਨੂੰ ਇੱਕ ਮਹੱਤਵਪੂਰਨ ਝਟਕਾ ਲੱਗਿਆ ਹੈ। ਸਰਵੇਖਣ ਭਾਜਪਾ ਦੇ ਪ੍ਰਦਰਸ਼ਨ ਵਿੱਚ ਗਿਰਾਵਟ ਅਤੇ ਕਾਂਗਰਸ ਦੀ ਸਥਿਤੀ ਵਿੱਚ ਸੁਧਾਰ ਦੀ ਗੱਲ ਕਹਿੰਦਾ ਹੈ।*

*ਸਰਵੇਖਣ ਮੁਤਾਬਕ ਜੇ ਹੁਣ ਚੋਣਾਂ ਕਰਵਾਈਆਂ ਜਾਂਦੀਆਂ ਹਨ, ਤਾਂ ਐੱਨ ਡੀ ਏ 326 ਸੀਟਾਂ ਜਿੱਤ ਸਕਦਾ ਹੈ। ਜਨਵਰੀ 2026 ਦੇ ਸਰਵੇਖਣ ਵਿੱਚ ਐੱਨ ਡੀ ਏ ਲਈ 352 ਸੀਟਾਂ ਦਾ ਅਨੁਮਾਨ ਲਗਾਇਆ ਗਿਆ ਸੀ। ਇਸ ਦਾ ਮਤਲਬ ਹੈ ਕਿ ਐੱਨ ਡੀ ਏ ਦੀ ਸੰਭਾਵੀ ਗਿਣਤੀ ਵਿੱਚ ਸੱਤ ਮਹੀਨਿਆਂ ਵਿੱਚ 26 ਸੀਟਾਂ ਦੀ ਗਿਰਾਵਟ ਆਈ ਹੈ। ਭਾਜਪਾ ਹੀ ਇਹ ਸਾਰੀਆਂ ਸੀਟਾਂ ਗੁਆਉਂਦੀ ਜਾਪਦੀ ਹੈ। ਇਸ ਦੇ ਬਾਵਜੂਦ, ਗੱਠਜੋੜ 272 ਦੇ ਬਹੁਮਤ ਦੇ ਅੰਕੜੇ ਤੋਂ ਕਾਫੀ ਉੱਪਰ ਹੈ ਅਤੇ ਸਰਕਾਰ ਬਣਾਉਣ ਦੀ ਸਥਿਤੀ ਵਿੱਚ ਰਹੇਗਾ। ਕਾਂਗਰਸ ਦੀ ਅਗਵਾਈ ਵਾਲੇ ਇੰਡੀਆ ਗੱਠਜੋੜ ਨੂੰ ਕੁੱਲ 185 ਸੀਟਾਂ ਮਿਲਣ ਦਾ ਅਨੁਮਾਨ ਹੈ। ਜਨਵਰੀ 2026 ਦੇ ਸਰਵੇਖਣ ਵਿੱਚ ਇਸ ਨੂੰ 182 ਸੀਟਾਂ ਜਿੱਤਣ ਦਾ ਅਨੁਮਾਨ ਲਗਾਇਆ ਗਿਆ ਸੀ। ਹਾਲਾਂਕਿ ਇਹ ਅੰਕੜਾ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਇੰਡੀਆ ਗੱਠਜੋੜ ਦੀਆਂ 234 ਸੀਟਾਂ ਨਾਲੋਂ ਕਾਫੀ ਘੱਟ ਹੈ। ਇਹ ਦਰਸਾਉਂਦਾ ਹੈ ਕਿ ਕਾਂਗਰਸ ਦੀ ਸਥਿਤੀ ਵਿੱਚ ਸੁਧਾਰ ਹੋਣ ਦੇ ਬਾਵਜੂਦ ਵਿਰੋਧੀ ਗੱਠਜੋੜ ਅਜੇ ਵੀ 2024 ਵਾਂਗ ਮਜ਼ਬੂਤ ਨਹੀਂ ਜਾਪਦਾ।*

*ਸਰਵੇਖਣ ਮੁਤਾਬਕ ਭਾਜਪਾ ਨੂੰ ਇਸ ਵੇਲੇ 261 ਸੀਟਾਂ ਮਿਲਣ ਦਾ ਅਨੁਮਾਨ ਹੈ। ਜਨਵਰੀ 2026 ਦੇ ਸਰਵੇਖਣ ਵਿੱਚ ਭਾਜਪਾ ਲਈ 287 ਸੀਟਾਂ ਦੀ ਭਵਿੱਖਬਾਣੀ ਕੀਤੀ ਗਈ ਸੀ। ਇਸ ਦਾ ਮਤਲਬ ਹੈ ਕਿ ਪਾਰਟੀ ਨੂੰ 26 ਸੀਟਾਂ ਦਾ ਸੰਭਾਵੀ ਨੁਕਸਾਨ ਹੋ ਸਕਦਾ ਹੈ। ਹਾਲਾਂਕਿ ਇਹ ਅੰਕੜਾ ਅਜੇ ਵੀ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਜਿੱਤੀਆਂ 240 ਸੀਟਾਂ ਨਾਲੋਂ ਵੱਧ ਹੈ।*

*ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਪੇਪਰ ਲੀਕ ਅਤੇ ਹਾਲ ਹੀ ਦੇ ਮਹੀਨਿਆਂ ਵਿੱਚ ਸਿੱਖਿਆ ਪ੍ਰਣਾਲੀ ਪ੍ਰਤੀ ਨੌਜਵਾਨਾਂ ਵਿੱਚ ਵਧ ਰਹੀ ਅਸੰਤੁਸ਼ਟੀ ਨੇ ਭਾਜਪਾ ਲਈ ਨਵੀਆਂ ਚੁਣੌਤੀਆਂ ਪੈਦਾ ਕੀਤੀਆਂ ਹਨ। ਜੁਲਾਈ ਵਿੱਚ ਦਿੱਲੀ ਦੇ ਜੰਤਰ-ਮੰਤਰ ਵਿਖੇ ਹੋਏ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਨੇ ਵੀ ਰਾਸ਼ਟਰੀ ਪੱਧਰ 'ਤੇ ਕਾਫੀ ਧਿਆਨ ਖਿੱਚਿਆ।*

*ਇਹ ਸਰਵੇਖਣ ਕਾਂਗਰਸ ਪਾਰਟੀ ਲਈ ਇੱਕ ਸਕਾਰਾਤਮਕ ਤਸਵੀਰ ਪੇਸ਼ ਕਰਦਾ ਹੈ। ਅਗਸਤ 2026 ਦੇ ਸਰਵੇਖਣ ਵਿੱਚ ਕਾਂਗਰਸ ਪਾਰਟੀ ਲਈ 106 ਸੀਟਾਂ ਦਾ ਅਨੁਮਾਨ ਲਗਾਇਆ ਗਿਆ ਹੈ। ਜਨਵਰੀ 2026 ਦੇ ਸਰਵੇਖਣ ਵਿੱਚ ਕਾਂਗਰਸ ਪਾਰਟੀ ਲਈ 80 ਸੀਟਾਂ ਦਾ ਅਨੁਮਾਨ ਲਗਾਇਆ ਗਿਆ ਸੀ, ਜਿਸ ਦਾ ਅਰਥ ਹੈ ਕਿ ਪਾਰਟੀ ਨੂੰ 26 ਸੀਟਾਂ ਵੱਧ ਮਿਲਣਗੀਆਂ। ਅਗਸਤ 2025 ਦੇ ਸਰਵੇਖਣ ਵਿੱਚ ਕਾਂਗਰਸ ਪਾਰਟੀ ਲਈ 97 ਸੀਟਾਂ ਦਾ ਅਨੁਮਾਨ ਲਗਾਇਆ ਗਿਆ ਸੀ। ਸਰਵੇਖਣ ਮੁਤਾਬਕ ਕਾਂਗਰਸ ਪਾਰਟੀ ਨੇ ਮਹਿਲਾ ਰਾਖਵਾਂਕਰਨ, ਵਿਦਿਆਰਥੀ ਮੁੱਦਿਆਂ ਅਤੇ ਵੱਖ-ਵੱਖ ਸਰਕਾਰ ਵਿਰੋਧੀ ਪ੍ਰਦਰਸ਼ਨਾਂ ਵਰਗੇ ਮੁੱਦਿਆਂ ਨੂੰ ਉਜਾਗਰ ਕਰਕੇ ਆਪਣੀ ਰਾਜਨੀਤਕ ਮੌਜੂਦਗੀ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ ਹੈ।*

*ਸੀਟਾਂ ਹੀ ਨਹੀਂ, ਸਰਵੇਖਣ ਐੱਨ ਡੀ ਏ ਦੇ ਵੋਟ ਸ਼ੇਅਰ ਵਿੱਚ ਥੋੜ੍ਹੀ ਗਿਰਾਵਟ ਹੋਈ ਦੱਸਦਾ ਹੈ। ਇਸ ਦਾ ਵੋਟ ਸ਼ੇਅਰ 45.1 ਫੀਸਦੀ 'ਤੇ ਆ ਗਿਆ ਹੈ, ਜਿਹੜਾ ਜਨਵਰੀ 2026 ਵਿੱਚ 47 ਫੀਸਦੀ ਸੀ।*

*ਇੰਡੀਆ ਗੱਠਜੋੜ ਦਾ ਅਨੁਮਾਨਤ ਵੋਟ ਸ਼ੇਅਰ 39.1 ਫੀਸਦੀ ਹੈ, ਜੋ ਕਿ ਜਨਵਰੀ 2026 ਦੇ 39 ਫੀਸਦੀ ਦੇ ਅਨੁਮਾਨ ਦੇ ਲੱਗਭੱਗ ਬਰਾਬਰ ਹੈ। ਸਰਵੇਖਣ ਮੁਤਾਬਕ ਭਾਜਪਾ ਨੂੰ 39 ਫੀਸਦੀ, ਕਾਂਗਰਸ ਨੂੰ 21 ਫੀਸਦੀ ਅਤੇ ਹੋਰਾਂ ਨੂੰ 40 ਫੀਸਦੀ ਵੋਟਾਂ ਮਿਲ ਸਕਦੀਆਂ ਹਨ।*

*ਭਾਜਪਾ ਦੀਆਂ ਸੰਭਾਵੀ ਸੀਟਾਂ ਵਿੱਚ ਗਿਰਾਵਟ ਅਤੇ ਕਾਂਗਰਸ ਦੇ ਵਾਧੇ ਤੋਂ ਪਤਾ ਚਲਦਾ ਹੈ ਕਿ ਮੁਕਾਬਲਾ ਪਹਿਲਾਂ ਨਾਲੋਂ ਵਧੇਰੇ ਚੁਣੌਤੀਪੂਰਨ ਹੁੰਦਾ ਜਾ ਰਿਹਾ ਹੈ। ਆਉਣ ਵਾਲੇ ਮਹੀਨਿਆਂ ਵਿੱਚ ਨੌਜਵਾਨ ਰੁਜ਼ਗਾਰ, ਸਿੱਖਿਆ ਅਤੇ ਮਹਿੰਗਾਈ ਵਰਗੇ ਮੁੱਦੇ ਰਾਸ਼ਟਰੀ ਰਾਜਨੀਤੀ ਵਿੱਚ ਹੋਰ ਵੀ ਵੱਡੀ ਭੂਮਿਕਾ ਨਿਭਾਉਣਗੇ। ਸਰਵੇਖਣ ਤੋਂ ਸਾਫ ਹੈ ਕਿ ਕਾਂਗਰਸ ਅਜੇ ਵੀ ਭਾਜਪਾ ਦੇ ਲਾਗੇ-ਛਾਗੇ ਨਹੀਂ ਹੈ ਤੇ ਉਹ ਇੰਡੀਆ ਗੱਠਜੋੜ ਨੂੰ ਮਜ਼ਬੂਤ ਕਰਕੇ ਕੋਈ ਵੱਡਾ ਅੰਦੋਲਨ ਚਲਾ ਕੇ ਹੀ ਭਾਜਪਾ-ਵਿਰੋਧੀ ਮਾਹੌਲ ਬਣਾ ਸਕਦੀ ਹੈ।*

## ਨਵੀਂ ਪੀੜ੍ਹੀ ਦਾ ਕਬਿੱਤ

*ਫਾਹ ਲਾਈ ਹੋਈ ਸਦਾਚਾਰ ਤੇ ਨੈਤਿਕਤਾ ਨੂੰ,*
*ਨਵੀਂ ਪੀੜ੍ਹੀ ਵਿੱਚੋਂ ਗਾਇਬ ਚੱਜ ਤੇ ਆਚਾਰ ਨੇ।*
*ਸੁੱਝੇ ਨਾ ਇਲਾਜ ਮਜਬੂਰ ਹੋ ਕੇ ਸੋਚੀ ਜਾਂਦੇ,*
*ਮੱਥੇ ਹੱਥ ਮਾਰਦੇ ਐ ਮਾਪੇ ਵੀ ਲਾਚਾਰ ਨੇ।*
*ਗੱਲ ਕਹਿਣੀ ਸਹਿਣੀ ਹਾਸਾ ਠੱਠਾ ਵੀ ਏ ਭੁੱਲਿਆ,*
*ਪਾਟੋ-ਧਾੜੀ ਤਲਖੀ ਵਧਾਈ 'ਤਕਰਾਰ' ਨੇ।*
*ਪਾੜੇ ਤੇ ਪੁਆੜੇ ਪ੍ਰਾਈਵੇਸੀ ਨੇ ਹੀ ਪਾਏ ਐਸੇ,*
*ਰਹਿੰਦੇ ਨਾ ਇਕੱਠ 'ਟੁੱਟ ਰਹੇ' ਪਰਵਾਰ ਨੇ,*
*ਮਾਇਆ ਵਾਲੀ ਭੁੱਖ ਚਾਰੋਂ ਪਾਸੇ ਪ੍ਰਚੰਡ ਹੋਈ।*
*ਸ਼ੁਕਰ ਸਬਰ ਸਹਿਜ ਦਿੱਤੇ ਹੀ ਵਿਸਾਰ ਨੇ।*
*ਰੈਡੀਮੇਡ ਜਦੋਂ ਦਾ ਮਿਲਣ ਲੱਗਾ ਸਾਰਾ ਕੁਝ,*
*ਸਭ ਨੂੰ ਹੀ ਗਾਹਕ ਬਣਾਇਆ ਏ ਬਜ਼ਾਰ ਨੇ।*

***-ਤਰਲੋਚਨ ਸਿੰਘ ਦੁਪਾਲਪੁਰ, 001-408-905-5517***

# ਨਿਰਾਸ਼ਾ ਤੋਂ ਚੜ੍ਹਦੀ ਕਲਾ ਵੱਲ



ਗੁਰਚਰਨ ਸਿੰਘ ਨੂਰਪੁਰ

ਜੰਗਲ ਦੇ ਵਿਰਾਨ ਇਲਾਕੇ ਵਿੱਚ ਹਾਲੋ-ਬੇਹਾਲ ਤੇ ਨਿਰਾਸ਼ ਬੈਠੇ ਰਾਜੇ 'ਤੇ ਜਦੋਂ ਉਸ ਵਿਚਾਰਕ ਯਾਤਰੀ ਦੀ ਨਜ਼ਰ ਪਈ ਤਾਂ ਉਸ ਕੋਲ ਆ ਕੇ ਰਾਜੇ ਨੂੰ ਪੁੱਛਿਆ, "ਤੇਰੇ ਚਿਹਰੇ ਦਾ ਨੂਰ ਕਿੱਧਰ ਗਵਾਚ ਗਿਆ ਹੈ? ਜੀਵਨ ਵਿੱਚ ਏਨੀ ਨਿਰਾਸ਼ਾ ਕਿਉਂ ਹੈ?" ਰਾਜੇ ਨੇ ਜਵਾਬ ਦਿੱਤਾ ਕਿ ਮੈਂ ਇੱਕ ਛੋਟੇ ਜਿਹੇ ਰਾਜ ਦਾ ਰਾਜਾ ਹਾਂ, ਪਰ ਗਵਾਂਢੀ ਰਾਜੇ ਤੋਂ ਹਾਰ ਕੇ, ਜਾਨ ਬਚਾ ਕੇ ਇੱਥੇ ਦਿਨ ਕੱਟ ਰਿਹਾ ਹਾਂ। ਮੇਰਾ ਸਭ ਕੁਝ ਬਰਬਾਦ ਹੋ ਗਿਆ ਹੈ। ਜੀਵਨ ਵਿੱਚ ਹਨੇਰੇ ਤੋਂ ਸਿਵਾ ਹੋਰ ਕੁਝ ਵੀ ਨਜ਼ਰ ਨਹੀਂ ਆਉਂਦਾ। ਕਈ ਦਿਨਾਂ ਦਾ ਭੁੱਖਾ-ਪਿਆਸਾ ਹਾਂ। ਹਾਲੋ-ਬੇਹਾਲ ਹੋ ਗਿਆ ਹਾਂ, ਸੋਚਦਾ ਹਾਂ ਕਿ ਇਸ ਤੋਂ ਚੰਗਾ ਸੀ ਮੈਂ ਜੰਗ ਵਿੱਚ ਲੜਦਾ-ਲੜਦਾ ਮਾਰਿਆ ਜਾਂਦਾ, ਪਰ ਸਮੇਂ ਦਾ ਚੱਕਰ ਮੈਨੂੰ ਇਧਰ ਇਸ ਜੰਗਲ ਵਿੱਚ ਲੈ ਆਇਆ, ਇਸ ਹਾਲ ਵਿੱਚ।

"ਨਿਰਾਸ਼ ਨਾ ਹੋ, ਤੇਰੇ ਕੋਲ ਜੋ ਜੀਵਨ ਹੈ, ਇਹ ਬੜੀ ਕੀਮਤੀ ਛੈਅ ਆ। ਇਸ ਜੀਵਨ ਨਾਲ ਵਕਤ ਦੇ ਪੰਨਿਆਂ 'ਤੇ ਨਵੀਂ ਇਬਾਰਤ ਲਿਖੀ ਜਾ ਸਕਦੀ ਹੈ। ਉਠ ਤੇ ਮੇਰੇ ਨਾਲ ਆ।" ਵਿਚਾਰਕ ਬੋਲਿਆ।

ਰਾਜਾ ਉੱਠ ਕੇ ਉਸ ਵਿਚਾਰਕ ਦੇ ਨਾਲ ਤੁਰ ਪਿਆ। ਕੁਝ ਫਾਸਲੇ 'ਤੇ ਜਾ ਕੇ ਉਹ ਰੁਕ ਗਏ। ਇੱਥੇ ਪਿਛਲੀਆਂ ਗਰਮੀਆਂ ਦੌਰਾਨ ਇੱਕ ਵੱਡਾ ਬਿਰਖ ਹਨੇਰੀ ਨਾਲ ਡਿੱਗ ਕੇ ਸੁੱਕ ਗਿਆ ਸੀ, ਪਰ ਇਹ ਮੁੱਢ ਵਾਲੇ ਪਾਸਿਓਂ ਦੁਬਾਰਾ ਫੁੱਟ ਆਇਆ ਸੀ। ਵਿਚਾਰਕ ਨੇ ਰਾਜੇ ਨੂੰ ਕਿਹਾ, "ਇਸ ਬਿਰਖ ਨੂੰ ਗਹੁ ਨਾਲ ਦੇਖ, ਸਮੇਂ ਦੇ ਝੱਖੜ ਨੇ ਇਸ ਨੂੰ ਮੁੱਢੋਂ ਉਖਾੜ ਦਿੱਤਾ ਸੀ, ਪਰ ਇਸ ਵਿੱਚ ਦੁਬਾਰਾ ਫੁੱਟਣ ਦੀ ਹਿੰਮਤ ਨੇ ਇਸ ਨੂੰ ਦੁਬਾਰਾ ਜੀਵਨ ਦਿੱਤਾ ਹੈ। ਜਿਨ੍ਹਾਂ ਅੰਦਰ ਡਿੱਗ ਕੇ ਉੱਠਣ ਤੇ ਸੁੱਕ ਕੇ ਫੁੱਟਣ ਦਾ ਜਜ਼ਬਾ ਹੋਵੇ, ਉਹ ਸਮੇਂ ਦੇ ਝੱਖੜਾਂ ਦੀ ਪ੍ਰਵਾਹ ਨਹੀਂ ਕਰਦੇ।"

ਵਿਚਾਰਕ ਦੇ ਸ਼ਬਦਾਂ ਨਾਲ ਰਾਜੇ ਅੰਦਰ ਆਸ਼ਾ ਦੀ ਕਿਰਨ ਜਾਗੀ, ਹਿੰਮਤ ਨੇ ਕਰਵਟ ਲਈ। ਉਹ ਭੇਸ ਬਦਲ ਕੇ ਆਪਣੇ ਲੋਕਾਂ ਵਿੱਚ ਗਿਆ, ਲੋਕਾਂ ਨੂੰ ਇਕੱਠਾ ਕੀਤਾ, ਦੋ ਸਾਲ ਦੀ ਜਦੋ-ਜਹਿਦ ਤੋਂ ਮਗਰੋਂ ਉਸ ਨੇ ਦੁਬਾਰਾ ਆਪਣਾ ਗਵਾਚਾ ਰਾਜ-ਭਾਗ ਸਥਾਪਤ ਕਰ ਲਿਆ। ਰਾਜੇ ਨੂੰ ਜਦੋਂ ਕਦੇ ਉਸ ਦੇ ਮੰਤਰੀ ਪੁੱਛਦੇ ਕਿ ਇਹ ਕਰਿਸ਼ਮਾ ਤੁਸੀਂ ਕਿਵੇਂ ਕੀਤਾ? ਤਾਂ ਉਹ ਜਵਾਬ ਦਿੰਦਾ ਇੱਕ ਵਿਚਾਰਕ ਤੇ ਇੱਕ ਜੜ੍ਹੋਂ ਉੱਖੜੇ ਪਰ ਦੁਬਾਰਾ ਫੁੱਟ ਰਹੇ ਬਿਰਖ ਤੋਂ ਮੈਨੂੰ ਇਹ ਸਭ ਕੁਝ ਕਰਨ ਦਾ ਹੁਨਰ ਮਿਲਿਆ।

ਜਿਹਨਾਂ ਦੇ ਜ਼ਿਹਨ ਵਿੱਚ ਐਡੀਸਨ ਵਾਂਗ ਦੁਨੀਆਂ ਦੀਆ ਰਾਤਾਂ ਨੂੰ ਰੌਸ਼ਨ ਕਰਨ ਦਾ ਅਹਿਦ ਹੋਵੇ, ਉਹ ਹਜ਼ਾਰ ਵਾਰ ਵੀ ਫੇਲ੍ਹ ਕਿਉਂ ਨਾ ਹੋ ਜਾਣ, ਇੱਕ ਦਿਨ ਸਫਲਤਾ ਉਹਨਾਂ ਦੇ ਕਦਮਾਂ ਵਿੱਚ ਹੁੰਦੀ ਹੈ।

ਬਿਹਾਰ ਦੇ ਗਹਿਲੌਰ ਪਿੰਡ ਦੇ ਇੱਕ ਗਰੀਬ ਮਜ਼ਦੂਰ ਦਸ਼ਰਥ ਮਾਂਝੀ ਦੀ ਪਤਨੀ ਫਗੁਨੀਆ ਦੇਵੀ ਦੀ ਮੌਤ ਇਸ ਕਰਕੇ ਹੋ ਗਈ ਕਿ ਉਸ ਨੂੰ ਹਸਪਤਾਲ ਲੈ ਕੇ ਜਾਣ ਲਈ ਪਹਾੜ ਦੇ ਉੱਤੋਂ ਦੀ ਹੋ ਕੇ ਕਈ ਕਿਲੋਮੀਟਰਾਂ ਦਾ ਰਸਤਾ ਤੈਅ ਕਰਕੇ ਸ਼ਹਿਰ ਜਾਣਾ ਪੈਂਦਾ ਸੀ। ਉਸ ਦਿਨ ਦਸ਼ਰਥ ਮਾਂਝੀ ਨੇ ਇਹ ਫੈਸਲਾ ਕੀਤਾ ਕਿ ਉਹ ਪਹਾੜ ਨਾਲ ਮੱਥਾ ਲਾਵੇਗਾ ਤੇ ਪਿੰਡ ਤੋਂ ਇੱਕ ਸਿੱਧਾ ਰਸਤਾ ਕੱਢਣ ਲਈ ਜੱਦੋ-ਜਹਿਦ ਕਰੇਗਾ। ਉਸ ਨੇ ਆਪਣੇ ਛੈਣੀ-ਹਥੌੜੇ ਨਾਲ 22 ਸਾਲ ਲਾ ਕੇ ਪਹਾੜ ਨੂੰ ਆਪਣੇ ਪੈਰਾਂ ਵਿੱਚ ਝੁਕਾ ਲਿਆ। ਉਸ ਨੇ ਤਕਰੀਬਨ 100 ਫੁੱਟ ਉਚੇ ਵਿਸ਼ਾਲ ਪੱਥਰ ਦੇ ਪਹਾੜ ਨੂੰ ਕੱਟ ਕੇ, ਇਸ ਦੇ ਵਿਚਦੀ 9 ਮੀਟਰ ਚੌੜਾ ਰਾਹ ਕੱਢ ਕੇ ਦੁਨੀਆਂ ਨੂੰ ਇਹ ਦੱਸ ਦਿੱਤਾ ਕਿ ਜੇਕਰ ਅੰਦਰ ਕੁਝ ਕਰਨ ਦਾ ਜਜ਼ਬਾ ਹੋਵੇ ਤਾਂ ਅਸੰਭਵ ਨੂੰ ਵੀ ਸੰਭਵ ਬਣਾਇਆ ਜਾ ਸਕਦਾ ਹੈ। ਇਹ ਬੰਦਾ ਪੂਰੀ ਦੁਨੀਆਂ ਵਿੱਚ "ਦਾ ਮਾਊਂਟੇਨ ਮੈਨ" ਪਰਬਤ ਪੁਰਸ਼ ਦੇ ਨਾਂਅ ਨਾਲ ਮਸ਼ਹੂਰ ਹੋਇਆ।

ਹਰ ਬੰਦੇ ਦੇ ਅੰਦਰ ਇਹ ਸੰਭਾਵਨਾ ਮੌਜੂਦ ਹੈ ਕਿ ਉਹ ਹਰ ਅਸੰਭਵ ਹਾਲਾਤ ਨੂੰ ਸੰਭਵ ਬਣਾ ਸਕਦਾ ਹੈ।

ਜੀਵਨ ਦੀਆਂ ਸਭ ਤਰ੍ਹਾਂ ਦੀਆ ਸਮੱਸਿਆਵਾਂ ਅਤੇ ਮੁਸ਼ਕਲਾਂ ਨੂੰ ਹਰਾਇਆ ਜਾ ਸਕਦਾ ਹੈ, ਪਰ ਇਸ ਲਈ ਇਹ ਬੜਾ ਜ਼ਰੂਰੀ ਹੈ ਕਿ ਸਾਡੇ ਅੰਦਰ ਚੜ੍ਹਦੀ ਕਲਾ ਦਾ ਸੰਕਲਪ ਅਤੇ ਹਿੰਮਤ ਦਾ ਜਜ਼ਬਾ ਹੋਵੇ।

ਪਹਾੜਾਂ ਦੀਆਂ ਕੁੰਦਰਾਂ ਵਿੱਚ ਵਸਦੇ ਇੱਕ ਕਬੀਲੇ 'ਤੇ ਇੱਕ ਵਾਰ ਆਫਤਾਂ ਦੇ ਪਹਾੜ ਟੁੱਟ ਪਏ। ਸਖਤ ਗਰਮੀ ਦੌਰਾਨ ਪਹਿਲਾਂ ਸੋਕਾ ਪਿਆ, ਫਿਰ ਖੁਸ਼ਕ ਹਨੇਰੀ ਤੇ ਝੱਖੜਾਂ ਨਾਲ ਆਸਪਾਸ ਰੁੱਖਾਂ 'ਤੇ ਫਸਲਾਂ ਦਾ ਬਹੁਤ ਨੁਕਸਾਨ ਹੋਇਆ। ਕੁਦਰਤ ਜਿਵੇਂ ਇਸ ਕਬੀਲੇ ਦੇ ਹੌਸਲੇ ਨੂੰ ਪਰਖ ਰਹੀ ਸੀ। ਫਿਰ ਇੱਕ ਦਿਨ ਅਚਾਨਕ ਭੁਚਾਲ ਆਇਆ, ਜਿਸ ਵਿੱਚ ਦੱਬ ਕੇ ਬਹੁਤ ਸਾਰੇ ਜੀਅ ਮਰ ਗਏ। ਬਾਕੀ ਰਹਿ ਗਏ ਲੋਕ ਭੁੱਖੇ-ਪਿਆਸੇ ਗਮ ਉਦਾਸੀ ਤੇ ਨਿਰਾਸ਼ਾ ਦੀਆਂ ਖਾਈਆਂ ਵਿੱਚ ਲਹਿ ਗਏ। ਜੀਵਨ ਬੇਰਸ ਹੋ ਗਿਆ, ਹਰ ਪਾਸੇ ਵਿਰਾਨੀ ਛਾ ਗਈ। ਜਿਵੇਂ ਸਾਰੇ ਹੀ ਜ਼ਿੰਦਗੀ ਦੀ ਜੰਗ ਹਾਰ ਗਏ ਹੋਣ। ਫਿਰ ਇੱਕ ਦਿਨ ਕਬੀਲੇ ਦੇ ਇੱਕ ਬਜ਼ੁਰਗ ਨੇ ਇਹਨਾਂ ਸਾਰਿਆਂ ਬੱਚੇ, ਬੁੱਢੇ, ਜਵਾਨਾਂ ਅਤੇ ਔਰਤਾਂ ਨੂੰ ਇਕੱਠਾ ਕੀਤਾ। ਉਹਦੇ ਝੁਰੜੀਆਂ ਵਾਲੇ ਚਿਹਰੇ 'ਤੇ ਵੀ ਇੱਕ ਇਲਾਹੀ ਨੂਰ ਸੀ। ਆਪਣੇ ਕੰਬਦੇ ਬੁੱਢੇ ਹੱਥਾਂ ਨੂੰ ਉਸ ਅਸਮਾਨ ਵੱਲ ਕਰਕੇ ਕਿਹਾ, 'ਮੈਂ ਆਪਣੇ ਜੀਵਨ ਵਿੱਚ ਬਹੁਤ ਤੂਫ਼ਾਨ ਵੇਖੇ ਹਨ। ਦੁੱਖਾਂ ਭਰੀਆਂ ਹਨੇਰੀਆਂ ਰਾਤਾਂ ਵੀ ਮੈਂ ਦੇਖੀਆਂ, ਪਰ ਮੈਂ ਦੇਖਿਆ ਇਹਨਾਂ ਮਗਰੋਂ ਮੁੜ ਸੂਰਜ ਚੜ੍ਹਿਆ ਹੈ। ਸਮਾਂ ਸਾਨੂੰ ਪਰਖ ਰਿਹਾ ਹੈ, ਪਰ ਇਹ ਹਾਲਾਤ ਸਾਨੂੰ ਤੋੜ ਨਹੀਂ ਸਕਦੇ।'

ਬਜ਼ੁਰਗ ਨੇ ਆਪਣੇ ਲੋਕਾਂ ਨੂੰ ਮੁੜ ਕਿਹਾ, 'ਆਪਣਾ ਸਭ ਤੋਂ ਵੱਡਾ ਹਥਿਆਰ, ਜਿਸ ਨਾਲ ਜੀਵਨ ਦੀ ਹਰ ਜੰਗ ਜਿੱਤੀ ਜਾ ਸਕਦੀ ਹੈ, ਉਸ ਨੂੰ ਬੁਲੰਦ ਕਰੋ।' 'ਕਿਹੜਾ ਸਭ ਤੋਂ ਵੱਡਾ ਹਥਿਆਰ?' ਕਬੀਲੇ ਦੇ ਲੋਕ ਇੱਕੋ ਸੁਰ ਵਿੱਚ ਬੋਲੇ। 'ਬੰਦੇ ਦਾ ਸਭ ਤੋਂ ਵੱਡਾ ਹਥਿਆਰ ਹੁੰਦਾ ਹੈ ਹੌਸਲਾ , ਜੇ ਸਾਡੇ ਅੰਦਰ ਹੌਸਲਾ ਬਰਕਰਾਰ ਹੋਇਆ, ਅਸੀਂ ਇਕੱਠੇ ਰਹੇ ਤਾਂ ਹਰ ਮੁਸ਼ਕਲ ਨੂੰ ਇੱਕ-ਇੱਕ ਕਰਕੇ ਹਰਾ ਦੇਵਾਂਗੇ।'

ਕਬੀਲੇ ਦੇ ਲੋਕਾਂ ਨੇ ਬਾਹਵਾਂ ਉਤਾਂਹ ਕਰਕੇ ਹੱਥ ਹਵਾ ਵਿੱਚ ਲਹਿਰਾਏ ਤੇ ਉਸ ਦਿਨ ਜੀਵਨ ਵਿੱਚ ਇੱਕ ਨਵੀਂ ਲਹਿਰ ਪੈਦਾ ਹੋਈ।

ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਨੂੰ ਚੜ੍ਹਦੀ ਕਲਾ ਦਾ ਸੰਕਲਪ ਦਿੱਤਾ। ਸਿੱਖ ਧਰਮ ਦਾ ਇਤਿਹਾਸ ਕੁਰਬਾਨੀਆਂ ਅਤੇ ਕਰੂਰ ਤੋਂ ਕਰੂਰ ਹਾਲਤਾਂ ਵਿੱਚ ਵੀ ਹੌਸਲੇ ਬੁਲੰਦ ਰੱਖਣ ਦਾ ਇਤਿਹਾਸ ਹੈ। ਵਜ਼ੀਰ ਖਾਨ, ਮੀਰ ਮੰਨੂ, ਨਾਦਰ ਸ਼ਾਹ, ਜ਼ਕਰੀਆ ਖਾਨ ਅਤੇ ਅਬਦਾਲੀ ਵਰਗਿਆਂ ਨੇ ਖਾਲਸਾ ਪੰਥ ਦਾ ਸਬਰ ਪਰਖ ਕੇ ਵੇਖਿਆ, ਪਰ ਹਰ ਹਾਲ ਵਿੱਚ ਸਿੰਘਾਂ ਦੇ ਹੌਸਲੇ ਬੁਲੰਦ ਰਹੇ। ਕਵੀ ਹਰਭਜਨ ਸਿੰਘ ਹੁੰਦਲ ਲਿਖਦੇ ਹਨ:

ਮੀਰ ਮੰਨੂ ਨੇ ਵਾਢੀਆਂ ਲੱਖ ਪਾਈਆਂ, ਅਸੀਂ ਫੇਰ ਵੀ ਖਿੜੇ ਗੁਲਜ਼ਾਰ ਵਾਂਗੂੰ,

ਵੱਢੇ ਸਿਰਾਂ ਦੇ ਜਦੋਂ ਸੀ ਮੁੱਲ ਪੈਂਦੇ, ਸਾਡੇ ਹੌਸਲੇ ਹੋਏ ਅੰਗਿਆਰ ਵਾਂਗੂੰ।

ਦੇਰ-ਸਵੇਰ ਸਮਾਂ ਪਾਸਾ ਪਰਤਦਾ ਹੈ, ਤਪਦੀਆਂ ਲੋਆਂ ਮਗਰੋਂ ਬੱਦਲਾਂ ਅਤੇ ਠੰਢੀਆਂ ਹਵਾਵਾਂ ਦੀ ਆਮਦ ਹੁੰਦੀ ਹੈ। ਸੜ-ਸੁੱਕ ਗਏ ਦਰੱਖਤਾਂ ਨੂੰ ਹਰੇ ਕਰਨ ਲਈ ਕੁਦਰਤ ਵਰਖਾ ਦਾ ਵਰਦਾਨ ਬਖਸ਼ਦੀ ਹੈ। ਕਿਸੇ ਵੀ ਤਰ੍ਹਾਂ ਦੇ ਹਾਲਾਤ ਸਦਾ ਇਕੋ ਜਿਹੇ ਨਹੀਂ ਬਣੇ ਰਹਿਣੇ ਹੁੰਦੇ। ਰੁੱਤ ਬਦਲਦੀ ਹੈ, ਰੁੱਖ ਮੌਲਣ ਲੱਗਦੇ ਹਨ ਅਤੇ ਪੰਛੀ ਪਰਵਾਜ਼ ਲਈ ਬੇਤਾਬ ਹੁੰਦੇ ਹਨ। ਕੁਦਰਤ ਤੋਂ ਜੀਵਨ ਦਾ ਹੁਨਰ ਸਿੱਖਿਆ ਜਾ ਸਕਦਾ ਹੈ। ਕੁਦਰਤ ਸਾਨੂੰ ਦੱਸਦੀ ਹੈ ਕਿ ਉਦਾਸ ਰੁੱਤ ਦੇ ਦਿਨ ਜਲਦੀ ਲੰਘ ਜਾਣਗੇ ਅਤੇ ਇਸ ਮਗਰੋਂ ਹਰਿਆਲੀ ਦਾ ਆਗਮਨ ਹੋਵੇਗਾ।

ਧਰਤੀ 'ਤੇ ਜੀਵਨ ਦੀਆਂ ਵੱਖ-ਵੱਖ ਵੰਨਗੀਆਂ ਹਨ। ਕੁਝ ਜੀਵ ਹਨ, ਜਿਹਨਾਂ ਦਾ ਜੀਵਨ ਕੁਝ ਘੰਟਿਆਂ ਤੱਕ ਹੁੰਦਾ ਹੈ। ਕੁਝ ਦਾ ਹਫਤਿਆਂ ਅਤੇ ਕੁਝ ਦਾ ਮਹੀਨਿਆਂ ਤੱਕ ਜੀਵਨ ਸਿਮਟਿਆ ਹੋਇਆ ਹੈ। ਇਸ ਸਮੇਂ ਦੁਨੀਆਂ ਵਿੱਚ ਮਨੁੱਖ ਦੀ ਔਸਤ ਉਮਰ 73.8 ਸਾਲਾਂ ਤੱਕ ਹੈ, ਹੋ ਸਕਦਾ ਹੈ ਕਿ ਵਿਗਿਆਨ ਕੱਲ੍ਹ ਨੂੰ ਕੋਈ ਕ੍ਰਿਸ਼ਮਾ ਕਰੇ ਤੇ ਮਨੁੱਖ ਦਾ ਜੀਵਨ 150 ਜਾਂ 200 ਸਾਲ ਤੱਕ ਹੋ ਜਾਵੇ, ਪਰ ਇੱਕ ਗੱਲ ਸਾਨੂੰ ਕਦੇ ਨਹੀਂ ਭੁੱਲਣੀ ਚਾਹੀਦੀ ਕਿ ਮੌਤ ਫਿਰ ਵੀ ਅਟੱਲ ਰਹੇਗੀ, ਕਿਉਂਕਿ ਕੁਦਰਤ ਦੇ ਇਸ ਪਸਾਰੇ ਵਿੱਚ ਜੋ ਬਣਿਆ ਹੈ, ਉਸ ਨੇ ਇੱਕ ਨਾ ਇੱਕ ਦਿਨ ਬਿਨਸ ਜਾਣਾ ਹੈ, ਇਹ ਜੀਵਨ ਦਾ ਸੱਚ ਹੈ। ਹੁਣ ਮਨੁੱਖ ਨੇ ਵੇਖਣਾ ਇਹ ਹੁੰਦਾ ਹੈ ਕਿ ਉਸ ਨੇ ਆਪਣੇ ਜੀਵਨ ਨੂੰ ਕਿਵੇਂ ਵਿਉਂਤਣਾ ਹੈ, ਕਿਵੇਂ ਜਿਉਣਾ ਹੈ? ਸਾਨੂੰ ਇਹ ਵੀ ਸਮਝਣਾ ਪਵੇਗਾ ਕਿ ਜਿਵੇਂ-ਜਿਵੇਂ ਦੁਨੀਆਂ ਵਿੱਚ ਤਕਨੀਕੀ ਤਬਦੀਲੀਆਂ ਤੇਜ਼ੀ ਨਾਲ ਵਾਪਰ ਰਹੀਆਂ ਹਨ, ਜਿਵੇਂ-ਜਿਵੇਂ ਅਸੀਂ ਵਿਕਾਸ ਕਰ ਰਹੇ ਹਾਂ, ਇਸ ਪ੍ਰਤੀ ਮਨੁੱਖ ਦੇ ਵਿਹਾਰ ਵਿੱਚ ਕਿਹੋ ਜਿਹੀ ਤਬਦੀਲੀ ਆਵੇ, ਤਾਂ ਕਿ ਉਹ ਬਦਲ ਰਹੀਆਂ ਪ੍ਰਸਥਿਤੀਆਂ ਪ੍ਰਤੀ ਆਪਣੇ-ਆਪ ਦੇ ਵਿਵੇਕ ਨੂੰ ਹੋਰ ਬੁਲੰਦ ਕਰ ਸਕੇ, ਇਸ ਵਿਸ਼ੇ 'ਤੇ ਮਾਨਵ ਜਾਤ ਨੂੰ ਗੰਭੀਰ ਚਿੰਤਨ ਮਨਨ ਕਰਨ ਦੀ ਲੋੜ ਹੈ।

ਜਿਹੜੇ ਸਮਾਜਾਂ ਨੇ ਪੁਰਾਤਨ ਰੂੜ੍ਹੀਵਾਦੀ ਧਾਰਨਾਵਾਂ ਤੋਂ ਨਿਜਾਤ ਪਾ ਲਈ, ਉਹਨਾਂ ਕੁਝ ਕੁ ਸਮਾਜਾਂ ਵਿੱਚ ਇਮਾਨਦਾਰੀ, ਨਿਆਂ-ਇਨਸਾਫ ਵਧ ਗਏ। ਭ੍ਰਿਸ਼ਟਾਚਾਰ, ਕਤਲੋਗਾਰਤ ਅਤੇ ਲੁੱਟਮਾਰ ਘੱਟ ਹੋ ਗਈ। ਜਿਵੇਂ ਕਿਹਾ ਜਾਂਦਾ ਹੈ ਕਿ ਬੰਦਾ ਧਰਤੀ 'ਤੇ ਵਿਚਰਦਾ ਇੰਝ ਹੈ, ਜਿਵੇਂ ਇਸ ਨੇ ਕਦੇ ਜਾਣਾ ਹੀ ਨਹੀਂ, ਪਰ ਚਲਾ ਇੰਝ ਜਾਂਦਾ ਹੈ ਜਿਵੇਂ ਇਹ ਕਦੇ ਇੱਥੇ ਆਇਆ ਹੀ ਨਾ ਹੋਵੇ। ਮੌਤ ਦਾ ਵਿਚਾਰ ਸਾਨੂੰ ਬੇਲਗਾਮ ਖਾਹਿਸ਼ਾਂ, ਲਾਲਸਾਵਾਂ ਅਤੇ ਇਛਾਵਾਂ ਤੋਂ ਆਜ਼ਾਦ ਕਰਦਾ ਹੈ ਅਤੇ ਅਸੀਂ ਨਿੱਕੀ-ਨਿੱਕੀ ਗੱਲ ਦਾ ਪਛਤਾਵੇ ਛੱਡ ਕੇ ਚੜ੍ਹਦੀ ਕਲਾ ਵਿੱਚ ਰਹਿਣ ਲੱਗਦੇ ਹਾਂ।

ਹਰ ਤਰ੍ਹਾਂ ਦੀ ਨਿਰਾਸ਼ਾ ਤੋਂ ਬਾਹਰ ਨਿਕਲਣ ਲਈ ਇਹ ਬੜਾ ਜ਼ਰੂਰੀ ਹੈ ਕਿ ਅਸੀਂ ਇਹ ਸਮਝ ਲਈਏ ਕਿ ਇਸ ਧਰਤੀ 'ਤੇ ਸਦੀਵੀ ਕੁਝ ਵੀ ਨਹੀਂ। ਬਦਲਾਅ ਸਦੀਵੀ ਹੈ ਅਤੇ ਸਾਡਾ ਪੂਰਾ ਜੀਵਨ ਬਦਲਾਅ ਦੇ ਦੌਰ ਵਿੱਚ ਗੁਜ਼ਰ ਰਿਹਾ ਹੈ। ਇਸ ਜੀਵਨ ਦੌਰਾਨ ਸਾਨੂੰ ਵੱਖ-ਵੱਖ ਤਰ੍ਹਾਂ ਦੇ ਮੌਸਮਾਂ, ਹਨੇਰੀਆਂ, ਝੱਖੜਾਂ, ਹੜ੍ਹਾਂ, ਸੋਕਿਆਂ ਦਾ ਪ੍ਰਕੋਪ ਝੱਲਣਾ ਪੈ ਸਕਦਾ ਹੈ, ਪਰ ਇਹ ਬੜਾ ਜ਼ਰੂਰੀ ਹੈ ਕਿ ਝੱਖੜਾਂ ਨਾਲ ਟੁੱਟ ਕੇ ਡਿੱਗ ਪਏ ਜੰਗਲ ਦੇ ਬਿਰਖ ਵਾਂਗ ਸਾਡੇ ਅੰਦਰ ਮੁੜ ਫੁੱਟ ਪੈਣ ਦਾ ਜਜ਼ਬਾ ਬਰਕਰਾਰ ਹੋਵੇ।

**# ਸੰਪਰਕ : 98550-51099**

# ਫਿਕਰ ਨਾ ਕਰ, ਮੈਂ ਹੈਗਾਂ...



ਡਾ. ਗੁਰਤੇਜ ਸਿੰਘ

ਕਿਸੇ ਨੇ ਪੁੱਛਿਆ, 'ਸ਼ਬਦਾਂ ਦੀ ਦੁਨੀਆਂ 'ਚ ਕਿਹੜਾ ਲਫ਼ਜ਼ ਵੱਡਾ ਹੈ।' ਮੇਰਾ ਜਵਾਬ ਸੀ 'ਫ਼ਿਕਰ ਨਾ ਕਰ, ਮੈਂ ਹੈਗਾਂ।'

ਇਹ ਸ਼ਬਦ ਜਦ ਮਾਪੇ ਬੱਚੇ ਨੂੰ ਆਖਦੇ ਹਨ ਤਾਂ ਉਸ ਨੂੰ ਜਾਪਦਾ ਹੈ, ਜਿਵੇਂ ਉਹ ਕੋਈ ਰਾਜਕੁਮਾਰ/ਰਾਜਕੁਮਾਰੀ ਹੋਵੇ ਤੇ ਸਾਰੀ ਦੁਨੀਆਂ ਉਸ ਦੀ ਹੀ ਸਲਤਨਤ ਹੈ। ਰਾਤ ਨੂੰ ਬੁਖਾਰ ਚੜ੍ਹੇ ਤੇ ਮਾਂ ਦਾ ਹੱਥ ਸਿਰ ਤੇ ਆ ਜਾਵੇ, ਨਾਲੇ ਕੰਨ 'ਚ ਆਵਾਜ਼ ਪਵੇ 'ਪੁੱਤ ਫ਼ਿਕਰ ਨਾ ਕਰ, ਮੈਂ ਹੈਗੀ'। ਉਸ ਇੱਕ ਲਫ਼ਜ਼ 'ਚ ਦਵਾਈ ਤੋਂ ਵੀ ਵੱਧ ਅਸਰ ਹੁੰਦਾ ਹੈ। ਬੱਚਾ ਜਿਸ ਮੁਸ਼ਕਲ, ਬਿਮਾਰੀ ਤੋਂ ਡਰਦਾ ਹੈ, ਉਹੀ ਇਕਦਮ ਛੋਟੀ ਲੱਗਣ ਲੱਗ ਪੈਂਦੀ ਹੈ, ਕਿਉਂਕਿ ਉਸ ਨੂੰ ਪਤਾ ਹੈ ਕਿ ਉਸ ਦੀ ਪਿੱਠ 'ਤੇ ਕਿਸੇ ਦਾ ਹੱਥ ਹੈ।

ਸਕੂਲ 'ਚ ਪਹਿਲੇ ਦਿਨ ਜਦ ਬੱਚਾ ਰੋਂਦਾ ਹੋਇਆ ਗੇਟ 'ਤੇ ਖੜ੍ਹਾ ਹੋਵੇ, ਪਿਤਾ ਝੁਕ ਕੇ ਕਹੇ, 'ਬੇਟਾ ਜਾ, ਫ਼ਿਕਰ ਨਾ ਕਰ, ਮੈਂ ਹੈਗਾਂ'। ਉਸ ਦਿਨ ਤੋਂ ਬਾਅਦ ਉਹ ਬੱਚਾ ਦੁਨੀਆ ਦਾ ਹਰ ਇਮਤਿਹਾਨ ਹਿੰਮਤ ਨਾਲ ਦੇਣ ਦੇ ਕਾਬਿਲ ਬਣਨ ਦੀ ਸਮਰੱਥਾ ਪੈਦਾ ਕਰਦਾ ਹੈ ਜਾਂ ਇੰਝ ਕਹਿ ਲਉ ਉਕਤ ਸ਼ਬਦ ਉਸ ਅੰਦਰ ਨਵੀਂ ਊਰਜਾ ਭਰ ਦਿੰਦੇ ਹਨ। ਉਸ ਨੂੰ ਪਤਾ ਹੁੰਦਾ ਹੈ ਜੇਕਰ ਸਾਰਥਿਕ ਕੋਸ਼ਿਸ਼ਾਂ ਦੇ ਬਾਅਦ ਹਾਰ ਵੀ ਜਾਵਾਂ ਤਾਂ ਪਿਤਾ ਦੇ ਹੌਸਲੇ ਵਾਲੇ ਸ਼ਬਦ ਉਸ ਨੂੰ ਦੁਬਾਰਾ ਉਠਣ ਦਾ ਪ੍ਰੇਰਨਾਸ੍ਰੋਤ ਹੋ ਨਿੱਬੜਨਗੇ।

ਬੁੱਢੇ ਮਾਪੇ ਜਦ ਔਲਾਦ ਮੂੰਹੋਂ ਇਹ ਸ਼ਬਦ ਸੁਣਦੇ ਹਨ, ਉਦੋਂ ਉਹ ਮਹਿਸੂਸ ਕਰਦੇ ਨੇ ਕਿ ਉਨ੍ਹਾਂ ਦੀ ਕੀਤੀ ਘਾਲ਼ਣਾ ਸਫ਼ਲ ਹੋ ਗਈ ਹੈ । ਉਹੀ ਹੱਥ ਜਿਨ੍ਹਾਂ ਨੇ ਸਾਨੂੰ ਤੋਰਨਾ ਸਿਖਾਇਆ ਸੀ, ਅੱਜ ਕੰਬਦੇ ਹਨ । ਉਹੀ ਅੱਖਾਂ ਜਿਨ੍ਹਾਂ ਸਾਨੂੰ ਰਾਹ ਦਿਖਾਇਆ ਸੀ, ਅੱਜ ਧੁੰਦਲੀਆਂ ਹਨ । ਅਜਿਹੇ ਵੇਲੇ ਜੇ ਬੇਟਾ ਜਾਂ ਬੇਟੀ ਕਹਿ ਦੇਣ, 'ਮਾਂ/ਬਾਪੂ ਤੁਸੀਂ ਫ਼ਿਕਰ ਨਾ ਕਰੋ, ਮੈਂ ਹੈਗਾ/ ਹੈਗੀ।' ਉਸੇ ਵੇਲੇ ਤਾਂ ਮਾਪਿਆਂ ਦੇ ਚਿਹਰੇ 'ਤੇ ਉਹ ਸਕੂਨ ਆ ਜਾਂਦਾ ਹੈ ਜੋ ਕਿਸੇ ਪੈਮਾਨੇ ਵਿੱਚ ਮਾਪਿਆ ਨਹੀਂ ਜਾ ਸਕਦਾ ।

ਦੋਸਤੀ 'ਚ ਵੀ ਇਹ ਲਫ਼ਜ਼ ਸਭ ਤੋਂ ਵੱਡਾ ਪ੍ਰਮਾਣ ਪੱਤਰ ਹੈ। ਜਦ ਨੌਕਰੀ ਚਲੀ ਜਾਵੇ, ਕਾਰੋਬਾਰ ਡੁੱਬ ਜਾਵੇ, ਲੋਕ ਮੂੰਹ ਮੋੜ ਲੈਣ, ਉਸ ਹਨੇਰੇ 'ਚ ਕੋਈ ਇੱਕ ਦੋਸਤ ਮੋਢੇ 'ਤੇ ਹੱਥ ਰੱਖ ਕੇ ਕਹੇ, 'ਯਾਰ ਫ਼ਿਕਰ ਨਾ ਕਰ, ਮੈਂ ਹੈਗਾ।' ਉਸ ਵੇਲੇ ਤਾਂ ਲੱਗਦਾ ਹੈ ਬੈਂਕ ਬੈਲੇਂਸ ਸਿਫਰ ਵੀ ਹੋਵੇ ਤਾਂ ਕੀ, ਅਸਲ ਪੂੰਜੀ ਤਾਂ ਨਾਲ ਖੜ੍ਹੀ ਹੈ । ਇਹ ਲਫ਼ਜ਼ ਰਿਸ਼ਤਿਆਂ ਦੀ ਗਾਰੰਟੀ ਬਣ ਜਾਂਦੇ ਹਨ । ਕਾਗਜ਼ਾਂ 'ਤੇ ਨਹੀਂ, ਦਿਲ 'ਤੇ ਦਸਤਖ਼ਤ ਕਰ ਦਿੰਦੇ ਹਨ ।

ਸਾਡੀ ਜ਼ਿੰਦਗੀ ਵਿੱਚ ਵੀ ਤਾਂ ਸਮੱਸਿਆਵਾਂ ਆਉਣਗੀਆਂ ਹੀ। ਬਸ! ਉਨ੍ਹਾਂ ਦੇ ਨਿਵਾਰਨ ਹਿਤ ਇੱਕ ਪਰਮ ਮਿੱਤਰ ਜ਼ਰੂਰੀ ਹੈ, ਜੋ ਹਰ ਤਰ੍ਹਾਂ ਦੇ ਹਾਲਾਤ ਵਿੱਚ ਸਹੀ ਸਲਾਹ ਦੇ ਕੇ ਮਾਰਗ ਦਰਸ਼ਨ ਕਰਨ ਦੇ ਨਾਲ ਇਹ ਕਹੇ, 'ਫ਼ਿਕਰ ਨਾ ਕਰ ਮੇਰੇ ਦੋਸਤ' ਮੈਂ ਹੈਗਾ ਤੇਰੇ ਨਾਲ।'

ਪਿਆਰ 'ਚ ਇਹ ਸ਼ਬਦ ਹਜ਼ਾਰ ਵਾਅਦਿਆਂ ਤੋਂ ਭਾਰੀ ਹੈ। 'ਮੈਂ ਤੇਰੇ ਨਾਲ ਹਾਂ' ਕਹਿਣਾ ਸੌਖਾ ਹੈ, ਪਰ 'ਫ਼ਿਕਰ ਨਾ ਕਰ, ਮੈਂ ਹੈਗਾ' ਕਹਿਣ ਦਾ ਮਤਲਬ ਹੈ, ਤੇਰੇ ਹੰਝੂ ਮੇਰੇ ਹੋਣਗੇ, ਤੇਰਾ ਕੱਲ੍ਹ ਮੇਰੀ ਜ਼ਿੰਮੇਵਾਰੀ ਹੈ । ਜਦ ਕੋਈ ਲੜਕੀ ਦੁਲਹਨ ਬਣ ਕੇ ਨਵਾਂ ਘਰ ਵਸਾਉਂਦੀ ਹੈ, ਉਸ ਦੇ ਸੰਸਿਆਂ ਨੂੰ ਉਸ ਦੇ ਹਮਸਫਰ ਦੇ ਇਹ ਬੋਲ 'ਫਿਕਰ ਨਾ ਕਰ' ਛੂਮੰਤਰ ਕਰ ਦਿੰਦੇ ਹਨ ਤੇ ਉਸ ਨੂੰ ਨਵਾਂ ਘਰ ਵੀ ਆਪਣਾ ਲੱਗਣ ਲੱਗ ਜਾਂਦਾ ਹੈ।

ਮੈਂ ਡਾਕਟਰ ਹਾਂ, ਆਪਣੀ ਮੈਡੀਕਲ ਟੀਮ ਨਾਲ ਮਿਲ ਕੇ ਰੋਜ਼ਾਨਾ ਹਸਪਤਾਲ 'ਚ ਸੈਂਕੜੇ ਚਿਹਰੇ ਦੇਖਦਾ ਹਾਂ। ਮਰੀਜ਼ਾਂ ਦੀਆਂ ਤਕਲੀਫਾਂ ਸੁਣਦਾ ਹਾਂ ਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਦੀਆਂ ਚਿੰਤਾਵਾਂ। ਜਦ ਕਿਸੇ ਦੀ ਕੋਈ ਰਿਪੋਰਟ ਖਰਾਬ ਆਵੇ ਜਾਂ ਮਰੀਜ਼ ਦੀ ਹਾਲਤ ਵਿਗੜੇ ਤਾਂ ਟੀਮ ਦੇ ਸੰਭਾਲਣਯੋਗ ਬਿਮਾਰੀ ਤੇ ਅਲਾਮਤਾਂ ਨੂੰ ਧਿਆਨ ਵਿੱਚ ਰੱਖ ਅਸੀਂ ਕਹਿੰਦੇ ਹਾਂ, 'ਫ਼ਿਕਰ ਨਾਂ ਕਰੋ, ਅਸੀਂ ਹੈਗੇਂ'। ਉਸ ਇੱਕ ਲਫ਼ਜ਼ ਨਾਲ ਮਰੀਜ਼ ਅਤੇ ਉਸ ਦੇ ਰਿਸ਼ਤੇਦਾਰਾਂ ਦੇ ਦਿਮਾਗ ਵਿੱਚ ਜੋ ਸਹਿਮ ਦਾ ਮਾਹੌਲ ਹੁੰਦਾ ਹੈ, ਉਹ ਕਾਫੀ ਹੱਦ ਤੱਕ ਘਟ ਜਾਂਦਾ ਹੈ। ਡਰ ਨੂੰ ਸਿਰਫ ਭਰੋਸਾ ਹੀ ਮਾਰ ਸਕਦਾ ਹੈ।

ਇਹ ਲਫ਼ਜ਼ ਛੋਟਾ ਹੈ, ਪਰ ਇਸ ਦਾ ਕੱਦ ਬਹੁਤ ਵੱਡਾ ਹੈ। ਇਸ 'ਚ ਜ਼ਿੰਮੇਵਾਰੀ ਹੈ, ਪਿਆਰ ਹੈ, ਵਫ਼ਾਦਾਰੀ ਹੈ ਤੇ ਸਭ ਤੋਂ ਵੱਡੀ ਗੱਲ ਸਵਾਰਥ ਨਹੀਂ। 'ਮੈਂ ਹੈਗਾ' ਕਹਿਣ ਵਾਲਾ ਇਹ ਨਹੀਂ ਪੁੱਛਦਾ ਕਿ ਬਦਲੇ 'ਚ ਮੈਨੂੰ ਕੀ ਮਿਲੇਗਾ। ਉਹ ਬਸ ਨਾਲ ਖੜ੍ਹਾ ਹੋ ਜਾਂਦਾ ਹੈ।ਇਸ ਲਈ ਮੈਨੂੰ ਲੱਗਦਾ ਹੈ ਕਿ ਗਿਆਨ ਕੋਸ਼ ਦੇ ਅਨੇਕਾਂ ਸ਼ਬਦਾਂ 'ਤੇ ਇਹ ਪੰਜ ਸ਼ਬਦਾਂ ਦਾ ਵਾਕ ਭਾਰੀ ਹੈ। ਇਹ ਵਾਕ ਨਹੀਂ, ਇਹ ਇੱਕ ਵਾਅਦਾ ਹੈ ਕਿ ਤੂੰ ਇਕੱਲਾ ਨਹੀਂ ਹੈ।

ਮੇਰਾ ਤਾਂ ਮੰਨਣਾ ਹੈ ਕਿ ਹੋਰਨਾਂ ਨੂੰ ਕਿਸੇ ਮੁਸ਼ਕਲ 'ਚੋਂ ਕੱਢਣ ਲਈ ਜਦੋਂ ਵੀ ਮਦਦ ਵਾਲਾ ਹੱਥ ਵਧਾਉਗੇ, ਭਵਿੱਖ 'ਚ ਇਸੇ ਤਜਰਬੇ ਨਾਲ ਤੁਹਾਨੂੰ ਆਪਣੀਆਂ ਸਮੱਸਿਆਵਾਂ ਦੇ ਬਿਹਤਰ ਹੱਲ ਸੁੱਝ ਜਾਣਗੇ ।

**#ਸੰਪਰਕ : 95173-96001**

# ਸਰਕਾਰੀ ਯੂਨੀਵਰਸਿਟੀਆਂ ਦੀ ਦਸ਼ਾ ਤੇ ਦਿਸ਼ਾ



ਡਾ. ਸਿਕੰਦਰ ਸਿੰਘ ਚੀਮਾ

ਸਰਕਾਰੀ ਯੂਨੀਵਰਸਿਟੀਆਂ ਕਿਸੇ ਵੀ ਦੇਸ਼ ਦੀ ਉੱਚ ਸਿੱਖਿਆ ਦਾ ਮਜ਼ਬੂਤ ਆਧਾਰ ਹੁੰਦੀਆਂ ਹਨ।ਇਨ੍ਹਾਂ ਦਾ ਮੁੱਖ ਉਦੇਸ਼ ਗੁਣਵੱਤਾ ਵਾਲੀ ਸਿੱਖਿਆ, ਖੋਜ ਤੇ ਸਮਾਜ ਦੀ ਤਰੱਕੀ ਲਈ ਯੋਗ ਨਾਗਰਿਕ ਤਿਆਰ ਕਰਨ ਹੈ । ਭਾਰਤ ਵਿੱਚ ਸਰਕਾਰੀ ਯੂਨੀਵਰਸਿਟੀਆਂ ਨੇ ਲੱਖਾਂ ਵਿਦਿਆਰਥੀਆਂ ਨੂੰ ਘੱਟ ਖਰਚੇ 'ਤੇ ਉੱਚ ਸਿਖਿਆ ਪ੍ਰਦਾਨ ਕੀਤੀ ਹੈ। ਅਸੀਂ ਪੰਜਾਬ ਦੀਆਂ ਸਰਕਾਰੀ ਯੂਨੀਵਰਸਿਟੀਆਂ ਦੇ ਕੰਮ-ਕਾਜ, ਜਵਾਬਦੇਹੀ, ਪਾਰਦਰਸ਼ਤਾ ਤੇ ਸਰਕਾਰ ਵੱਲੋਂ ਮਿਲਣ ਵਾਲੀ ਵਿੱਤੀ ਸਹਾਇਤਾ ਆਦਿ ਬਾਰੇ ਕੁਝ ਗੱਲਾਂ ਤੁਹਾਡੇ ਨਾਲ ਸਾਝੀਆਂ ਕਰਾਂਗੇ । ਜ਼ਿਆਦਾਤਰ ਪੰਜਾਬ ਦੀਆਂ ਸਰਕਾਰੀ ਯੂਨੀਵਰਸਿਟੀਆਂ ਵਿੱਤੀ ਘਾਟ, ਅਧਿਆਪਕਾਂ ਦੀਆਂ ਖਾਲੀ ਅਸਾਮੀਆਂ, ਪੁਰਾਣੇ ਬੁਨਿਆਦੀ ਢਾਂਚੇ, ਖੋਜ ਲਈ ਸੀਮਿਤ ਫੰਡ ਅਤੇ ਪ੍ਰਸ਼ਾਸਨਿਕ ਦੇਰੀ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੀਆ ਹਨ।ਇਸ ਕਾਰਨ ਸਿੱਖਿਆ ਦੀ ਗੁਣਵੱਤਾ ਅਤੇ ਵਿਦਿਆਰਥੀਆਂ ਦੇ ਸਿੱਖਣ ਦੇ ਤਰਰਬੇ 'ਤੇ ਅਸਰ ਪੈਂਦਾ ਹੈ । ਇਥੇ ਇੰਝ ਮਹਿਸੂਸ ਹੁੰਦਾ ਹੈ ਕਿ ਸਰਕਾਰਾਂ ਦਾ ਸਰਕਾਰੀ ਯੂਨੀਵਰਸਿਟੀਆਂ ਵੱਲ ਧਿਆਨ ਦੇਣ ਨੂੰ ਮਨ ਹੀ ਨਹੀਂ ਕਰਦਾ, ਉਹਨਾਂ ਨੂੰ ਤਾਂ ਮਜਬੂਰੀਵੱਸ ਜੋ ਪੁਰਾਣੀਆਂ ਗਰਾਂਟਾਂ ਦੇਣੀਆਂ ਪੈ ਰਹੀਆਂ ਹਨ, ਉਹ ਵੀ ਮਸਾਂ ਹੀ ਦੇ ਰਹੀਆਂ ਹਨ, ਕੀ ਕਹਿਣਾ ਕਦੇ ਕੋਈ ਜਨਤਾ ਦੇ ਅੰਦੋਲਨ ਦੇ ਡਰੋਂ ਮਾੜਾ-ਮੋਟਾ ਗਰਾਂਟਾਂ ਵਿੱਚ ਵਾਧਾ ਕਰਨ, ਨਹੀਂ ਤਾਂ ਬੱਸ ਉਹੀ ਗਰਾਂਟਾਂ ਦੇ ਕੇ ਟਾਈਮ ਟੱਪਾ ਰਹੀਆਂ ਹਨ, ਜਦੋਂ ਕਿ ਸਰਕਾਰੀ ਯੂਨੀਵਰਸਿਟੀਆਂ ਨੂੰ ਵੱਧ ਤੋਂ ਵੱਧ ਬਣਦੀਆਂ ਗਰਾਂਟਾਂ ਦੇ ਕੇ ਚਲਾਉਣਾ ਸਰਕਾਰਾਂ ਦਾ ਫਰਜ਼ ਹੁੰਦਾ ਹੈ। ਸਰਕਾਰੀ ਯੂਨੀਵਰਸਿਟੀਆਂ ਦੀ ਦਸ਼ਾ ਬਾਰੇ ਗੱਲ ਕਰੀਏ ਤਾਂ ਉਹ ਬੁਹਤ ਹੀ ਮਾੜੀ ਹੈ, ਇਹ ਕੋਈ ਇੱਕ ਦਮ ਨਹੀਂ ਹੋਈ, ਸਮੇਂ ਸਮੇਂ ਦੀਆਂ ਸਰਕਾਰਾਂ ਨੇ ਬਣਦੀਆਂ ਗਰਾਂਟਾਂ ਵਿੱਚ ਵਾਧਾ ਨਾ ਕਾਰਨ ਕਰਕੇ ਹੋਈ ਹੈ, ਜਿਸ ਹਿਸਾਬ ਨਾਲ ਮਹਿਗਾਈ ਵਧ ਰਹੀ ਹੈ, ਸਾਡੀਆਂ ਸਰਕਾਰਾਂ ਨੂੰ ਉਸ ਹਿਸਾਬ ਨਾਲ ਹਰ ਸਾਲ ਗਰਾਂਟ ਵਿੱਚ ਵਾਧਾ ਕਰਨਾ ਚਾਹੀਦਾ ਹੈ, ਕਿਉਂਕਿ ਸਰਕਾਰੀ ਯੂਨੀਵਰਸਿਟੀਆਂ ਫੀਸਾਂ ਵਿੱਚ ਵਾਧਾ ਕਰਕੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ 'ਤੇ ਵਿੱਤੀ ਬੋਝ ਨਹੀਂ ਪਾ ਸਕਦੀਆਂ। ਇਸ ਕਰਕੇ ਸਾਡੀ ਪੰਜਾਬ ਦੀ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸਰਕਾਰੀ ਯੂਨੀਵਰਸਿਟੀਆਂ ਨੂੰ ਵੱਧ ਤੋਂ ਵੱਧ ਬਣਦੀਆਂ ਗਰਾਂਟਾਂ ਦੇਵੇ, ਤਾਂ ਜੋ ਪੰਜਾਬ ਦੇ ਗਰੀਬ ਤਬਕੇ ਦੇ ਬੱਚੇ ਇਨ੍ਹਾਂ ਯੂਨੀਵਰਸਿਟੀਆਂ ਵਿੱਚ ਪੜ੍ਹ ਕੇ ਆਪਣੇ ਮਾਪਿਆਂ ਦੇ ਸੁਪਨੇ ਸਾਕਾਰ ਕਰ ਸਕਣ ।ਦੂਜੇ ਪਾਸੇ ਸਰਕਾਰੀ ਯੂਨੀਵਰਸਿਟੀਆਂ ਦੇ ਪ੍ਰਸ਼ਾਸਨਾ ਦਾ ਵੀ ਫਰਜ਼ ਬਣਦਾ ਹੈ ਕਿ ਉਹ ਇਹਨਾਂ ਗਰਾਂਟਾਂ ਦਾ ਸਹੀ ਇਸਤੇਮਾਲ ਕਰਨ ਤੇ ਵਿਦਿਆਰਥੀਆਂ ਦਾ ਭਵਿੱਖ ਉਜਵਲ ਕਰਨ ਵਿੱਚ ਬਣਦਾ ਯੋਗਦਾਨ ਪਾਉਣ ।

ਕੁੱਝ ਲੋਕਾਂ ਦਾ ਮੰਨਣਾ ਹੈ ਕਿ ਬੰਦੇ ਦੀ ਪਹਿਚਾਣ ਸੰਸਥਾ ਕਰਕੇ ਹੁੰਦੀ ਹੈ, ਪਰ ਸਾਡਾ ਮੰਨਣਾ ਹੈ ਕਿ ਕਈ ਵਾਰ ਕਿਸੇ ਵਿਅਕਤੀ ਦੀ ਪ੍ਰਬੰਧਕੀ ਸੁਧਾਰ ਅਤੇ ਸਹੀ ਤੇ ਢੁਕਵੇਂ ਫੈਸਲੇ ਲੈਣ ਕਰਕੇ ਕੁਰਸੀ ਤੇ ਸੰਸਥਾ ਦਾ ਨਾਮ ਵੱਡਾ ਹੋ ਜਾਂਦਾ । ਇਸੇ ਕਰਕੇ ਸਰਕਾਰਾਂ ਨੂੰ ਵੀ ਵਾਈਸ ਚਾਂਸਲਰਾਂ ਦੀ ਚੋਣ ਬੜੇ ਹੀ ਨਿਰਪੱਖ ਅਤੇ ਪਾਰਦਰਸ਼ੀ ਤਰੀਕੇ ਨਾਲ ਕਰਨੀ ਚਾਹੀਦੀ ਹੈ, ਕਿਉਂਕਿ ਕਿਸੇ ਯੂਨੀਵਰਸਿਟੀ ਨੂੰ ਸੁਚੱਜੇ ਢੰਗ ਨਾਲ ਚਲਾਉਣ ਦੀ ਸਾਰੀ ਜ਼ਿੰਮੇਵਾਰੀ ਇੱਕ ਵਾਈਸ ਚਾਂਸਲਰ ਦੀ ਹੀ ਹੁੰਦੀ ਹੈ। ਜੇ ਅਸੀਂ ਪੁਰਾਣੇ ਸਮਿਆਂ ਦੀ ਗੱਲ ਕਰੀਏ ਤਾਂ ਮੁੱਖ ਮੰਤਰੀ ਸਾਹਿਬ ਖੁਦ ਚੰਗੇ ਵਾਈਸ ਚਾਂਸਲਰਾਂ ਦੀ ਖੋਜ ਕਰਦੇ ਸਨ, ਤੇ ਉਹ (ਮੁੱਖ ਮੰਤਰੀ) ਉਹਨਾਂ ਨੂੰ ਬੁਲ੍ਹਾ ਕੇ ਇਹ ਅਹੁਦਾ ਸੰਭਾਲਣ ਨੂੰ ਕਹਿੰਦੇ ਸਨ ਤੇ ਇਹ ਚਾਹੀਦਾ ਵੀ ਇਸੇ ਤਰ੍ਹਾਂ ਹੀ ਹੈ। ਇੱਕ ਵਾਈਸ ਚਾਂਸਲਰ ਦੀ ਪਹੁੰਚ ਸਿੱਧੇ ਮੁੱਖ ਮੰਤਰੀ ਤੱਕ ਹੋਣੀ ਚਾਹੀਦੀ ਹੈ ਤੇ ਉਹ ਖੁੱਲ੍ਹ ਕੇ ਯੂਨੀਵਰਸਿਟੀ ਦੇ ਮਸਲਿਆਂ 'ਤੇ ਗੱਲ ਕਰੇ ਤੇ ਹਰ ਇੱਕ ਮੁਸ਼ਕਲ ਦਾ ਮੁੱਖ ਮੰਤਰੀ ਤੋਂ ਮੌਕੇ 'ਤੇ ਹੱਲ ਕਰਵਾਵੇ । ਜੇਕਰ ਵਾਈਸ ਚਾਂਸਲਰ ਇੱਕ ਚੰਗੇ ਪ੍ਰਸ਼ਾਸਕੀ ਸੁਧਾਰਾਂ ਵਾਲਾ ਹੋਵੇ ਤੇ ਸਰਕਾਰਾਂ ਬਣਦੀ ਗਰਾਂਟ ਦੇਣ ਤਾਂ ਉਹ ਯੂਨੀਵਰਸਿਟੀ ਭਵਿੱਖ ਵਿੱਚ ਚੰਗੇ ਮੀਲ ਪੱਥਰ ਗੱਡ ਸਕਦੀ ਹੈ। ਕਈ ਵਾਈਸ ਚਾਂਸਲਰ ਢੁਕਵੇਂ ਤੇ ਸਹੀ ਫੈਸਲੇ ਨਹੀਂ ਲੈ ਪਾਉਂਦੇ, ਇਸ ਨਾਲ ਵੀ ਉਹ ਯੂਨੀਵਰਸਿਟੀਆਂ ਹੌਲੀ-ਹੌਲੀ ਨਿਘਾਰ ਵੱਲ ਜਾਣਾ ਸ਼ੁਰੂ ਕਰ ਦਿੰਦੀਆਂ ਹਨ । ਵਾਈਸ ਚਾਂਸਲਰ ਨੂੰ ਹਮੇਸ਼ਾ ਫੈਸਲੇ ਬਿਨਾਂ ਕਿਸੇ ਦਬਾਅ ਤੋਂ ਲੈਣੇ ਚਾਹੀਦੇ ਹਨ। ਜੇਕਰ ਗਲਤੀਆਂ ਕਰਨ ਵਾਲਿਆਂ ਨੂੰ ਸਮੇਂ ਰਹਿੰਦੇ ਸਜ਼ਾਂ ਦਿੱਤੀ ਜਾਵੇ ਤਾਂ ਦੂਜਿਆਂ ਨੂੰ ਵੀ ਕੰਨ ਹੋ ਜਾਂਦੇ ਹਨ ਤੇ ਗਲਤ ਅਨਸਰ ਕੋਈ ਵੀ ਗਲਤ ਕੰਮ ਕਰਨ ਤੋਂ ਪਹਿਲਾਂ ਸੌ ਵਾਰ ਸੋਚਣਗੇ । ਜੇਕਰ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਨਿਡਰ ਹੋ ਕੇ ਸਹੀ ਤੇ ਢੁਕਵੇਂ ਫੈਸਲੇ ਲਵੇਗਾ ਤਾਂ ਉਸ ਯੂਨੀਵਰਸਿਟੀ ਦੇ ਬਾਕੀ ਅਧਿਆਰੀ ਵੀ ਉਸ ਦੇ ਮਾਰਗ 'ਤੇ ਚੱਲਣਗੇ ਅਤੇ ਇਸ ਤਰ੍ਹਾਂ ਯੂਨੀਵਰਸਿਟੀ ਵਿੱਚ ਇੱਕ ਵਧੀਆਂ ਮਾਹੌਲ ਸਿਰਜਿਆ ਜਾ ਸਕਦਾ ਹੈ, ਨਹੀਂ ਤਾਂ ਜੇ ਵਾਈਸ ਚਾਂਸਲਰ ਮਸਲਿਆਂ ਨੂੰ ਲਟਕਾਈ ਜਾਵੇਗਾ ਤੇ ਬਿਨਾਂ ਕਿਸੇ ਗੱਲ ਤੋਂ ਕਿਸੇ ਮੁੱਦੇ ਤੇ ਵਾਰ-ਵਾਰ ਮੀਟਿੰਗਾਂ ਕਰਕੇ ਸਮਾਂ ਬਰਬਾਦ ਕਰੇਗਾ ਤਾਂ ਬਾਕੀ ਅਧਿਕਾਰੀਆਂ ਦਾ ਵੀ ਉਹੀ ਰੁਟੀਨ ਬਣ ਜਾਂਦਾ ਹੈ ਤੇ ਇਹੋ ਜਿਹੇ ਮਾਹੌਲ ਵਿੱਚ ਸਭ ਤੋਂ ਜ਼ਿਆਦਾ ਨੁਕਸਾਨ ਵਿਦਿਆਰਥੀਆਂ ਦਾ ਹੁੰਦਾ ਹੈ। ਇਸ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਪੰਜਾਬ ਦੀਆਂ ਯੂਨੀਵਰਸਿਟੀਆਂ ਦੀ ਦਸ਼ਾ ਕੋਈ ਚੰਗੀ ਨਹੀਂ ।

ਸਰਕਾਰਾਂ ਤਾਂ ਆਪਣੇ ਹੱਥ ਖਿੱਚ ਹੀ ਰਹੀਆਂ ਹਨ, ਪਰ ਕੁੱਝ ਯੂਨੀਵਰਸਿਟੀਆਂ ਦੇ ਅਧਿਕਾਰੀਆਂ ਵੱਲੋਂ ਲਏ ਜਾਂਦੇ ਪ੍ਰਸ਼ਾਸਕੀ ਫੈਸਲਿਆਂ ਕਾਰਨ ਵੀ ਯੂਨੀਵਰਸਿਟੀਆਂ ਇਸ ਕਰਕੇ ਸਰਕਾਰਾਂ ਨੂੰ ਸਿੱਖਿਆਂ ਖਾਸ ਕਰਕੇ ਉਚੇਰੀ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਲੰਮੇ ਸਮੇਂ ਦੇ ਵਿਕਾਸ ਦੀ ਰਣਨੀਤੀ ਵਜੋਂ ਵੇਖਣਾ ਚਾਹੀਦਾ ਹੈ। ਇਸ ਤਰ੍ਹਾਂ ਕਰਨ ਨਾਲ ਸਰਕਾਰਾਂ ਨੂੰ ਲੋਕਾਂ ਨੂੰ ਮੁਫਤ ਵਿੱਚ ਰਿਉੜੀਆਂ ਵੰਡਣ ਦੀ ਲੋੜ ਨਹੀਂ ਪੈਣੀ।ਸਾਡੇ ਬੱਚੇ ਪੜ੍ਹ-ਲਿਖ ਕੇ ਆਪਣੀ ਰੋਜ਼ੀ-ਰੋਟੀ ਖੁਦ ਕਮਾਉਣ ਜੋਗੇ ਹੋ ਜਾਣਗੇ ।ਪੰਜਾਬੀਆਂ ਨੂੰ ਮੁਫਤ ਰਿਉੜੀਆਂ ਦੇ ਕੇ ਨਿਰਭਰ ਨਾ ਬਣਾਓ, ਸਗੋਂ ਉਹਨਾਂ ਨੂੰ ਚੰਗੀ, ਸਸਤੀ ਤੇ ਮਿਆਰੀ ਸਿੱਖਿਆ ਦਿਉ । ਸਿੱਖਿਆ ਹੀ ਉਹ ਤਾਕਤ ਹੈ, ਜੋ ਸਮਾਜ ਨੂੰ ਖੁਦਮੁਖਤਿਆਰ ਤੇ ਖੁਸ਼ਹਾਲ ਬਣਾਉਂਦੀ ਹੈ ।ਇਸ ਲਈ ਸਮੇਂ ਦੀ ਲੋੜ ਹੈ ਕਿ ਸਰਕਾਰਾਂ ਆਪਣਾ ਬਣਦਾ ਯੋਗਦਾਨ ਪਾਉਣ ਅਤੇ ਸਮੇਂ-ਸਮੇਂ 'ਤੇ ਸਰਕਾਰੀ ਯੂਨੀਵਰਸਿਟੀਆਂ ਦੀਆਂ ਗਰਾਂਟਾਂ ਵਿੱਚ ਵਾਧਾ ਕਰਨ । ਵਾਈਸ ਚਾਂਸਲਰ ਨੂੰ ਵੀ ਚਾਹੀਦਾ ਹੈ ਕਿ ਉਹ ਅਧਿਆਪਕਾਂ, ਕਰਚਾਰੀਆਂ ਤੇ ਵਿਦਿਆਰਥੀਆਂ ਦੇ ਹਿੱਤਾਂ ਵਿੱਚ ਚੰਗੇ ਤੇ ਦੂਰਅੰਦੇਸ਼ੀ ਫੈਸਲੇ ਲੈਣ ਅਤੇ ਯੂਨੀਵਰਸਿਟੀਆਂ ਵਿੱਚ ਕੰਮ ਕਰਦੇ ਹਰ ਇੱਕ ਮੁਲਾਜ਼ਮ ਦੀ ਜਵਾਬਦੇਹੀ ਤੈਅ ਕਰਨ, ਤਾਂ ਹੀ ਸਰਕਾਰੀ ਯੂਨੀਵਰਸਿਟੀ ਦੀ ਦਸ਼ਾ ਅਤੇ ਦਿਸ਼ਾ ਦੋਵੇਂ ਬਦਲ ਸਕਦੀਆਂ ਹਨ ।

**# ਸੰਪਰਕ : 97799-39555**

## ਬਜ਼ੁਰਗਾਂ ਦੀ ਇਕੱਲਤਾ ਪੰਜਾਬ ਲਈ ਵਧਦੀ ਚਿੰਤਾ

ਪੰਜਾਬ ਦੀ ਧਰਤੀ ਹਮੇਸ਼ਾ ਸਾਂਝੇ ਪਰਵਾਰਾਂ, ਰਿਸ਼ਤਿਆਂ ਦੀ ਮਜ਼ਬੂਤੀ ਅਤੇ ਬਜ਼ੁਰਗਾਂ ਦੇ ਸਤਿਕਾਰ ਲਈ ਜਾਣੀ ਜਾਂਦੀ ਰਹੀ ਹੈ, ਪਰ ਬਦਲਦੇ ਸਮੇਂ ਨੇ ਇਸ ਤਸਵੀਰ ਵਿੱਚ ਵੱਡਾ ਬਦਲਾਅ ਲਿਆ ਹੈ। ਅੱਜ ਪੰਜਾਬ ਦੇ ਕਈ ਘਰਾਂ ਵਿੱਚ ਬਜ਼ੁਰਗ ਮੌਜੂਦ ਹਨ, ਪਰ ਉਨ੍ਹਾਂ ਦੇ ਨਾਲ ਰਹਿਣ ਵਾਲੇ ਆਪਣੇ ਨਹੀਂ।

ਪੰਜਾਬ ਦੇ ਨੌਜਵਾਨਾਂ ਦਾ ਸਿੱਖਿਆ, ਰੋਜ਼ਗਾਰ ਅਤੇ ਬਿਹਤਰ ਭਵਿੱਖ ਦੀ ਭਾਲ ਵਿੱਚ ਵਿਦੇਸ਼ਾਂ ਵੱਲ ਜਾਣਾ ਇੱਕ ਆਮ ਰੁਝਾਨ ਬਣ ਗਿਆ ਹੈ। ਇਹ ਰੁਝਾਨ ਪਰਵਾਰਾਂ ਦੀ ਆਰਥਿਕ ਸਥਿਤੀ ਨੂੰ ਸੁਧਾਰਨ ਵਿੱਚ ਸਹਾਇਕ ਹੈ, ਪਰ ਇਸ ਦਾ ਇੱਕ ਦੂਜਾ ਪੱਖ ਵੀ ਹੈ—ਘਰ ਵਿੱਚ ਰਹਿ ਗਏ ਬਜ਼ੁਰਗਾਂ ਵਿੱਚ ਵਧਦੀ ਇਕੱਲਤਾ।ਕਈ ਮਾਪੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਆਪਣੀ ਜ਼ਮੀਨ ਜਾਂ ਜਾਇਦਾਦ ਤੱਕ ਵੇਚ ਦਿੰਦੇ ਹਨ। ਬੱਚੇ ਵਿਦੇਸ਼ ਜਾ ਕੇ ਆਪਣਾ ਭਵਿੱਖ ਸਵਾਰ ਲੈਂਦੇ ਹਨ, ਜਦਕਿ ਮਾਪੇ ਪਿੱਛੇ ਰਹਿ ਜਾਂਦੇ ਹਨ। ਵੀਡੀਓ ਕਾਲ ਅਤੇ ਫ਼ੋਨ ਗੱਲਬਾਤ ਦੂਰੀ ਨੂੰ ਕੁਝ ਹੱਦ ਤੱਕ ਘਟਾਉਂਦੇ ਹਨ, ਪਰ ਇੱਕ ਫ਼ੋਨ ਕਾਲ ਮਾਂ ਦੇ ਕੋਲ ਬੈਠਣ ਜਾਂ ਪਿਤਾ ਦੇ ਮੋਢੇ 'ਤੇ ਹੱਥ ਰੱਖਣ ਦੀ ਥਾਂ ਨਹੀਂ ਲੈ ਸਕਦੀ।ਬਜ਼ੁਰਗਾਂ ਲਈ ਇਕੱਲਤਾ ਸਿਰਫ਼ ਕਿਸੇ ਦੇ ਨਾਲ ਨਾ ਹੋਣ ਦਾ ਨਾਂਅ ਨਹੀਂ ਹੈ। ਇਹ ਭਾਵਨਾਤਮਕ ਅਣਗਹਿਲੀ, ਸਮਾਜਿਕ ਦੂਰੀ ਅਤੇ ਆਪਣੇਪਣ ਦੀ ਘਾਟ ਦਾ ਪ੍ਰਤੀਕ ਵੀ ਹੈ। ਕਈ ਬਜ਼ੁਰਗ ਬਿਮਾਰੀ, ਐਮਰਜੈਂਸੀ ਜਾਂ ਰੋਜ਼ਾਨਾ ਦੀਆਂ ਮੁਸ਼ਕਲਾਂ ਦੌਰਾਨ ਸਹਾਇਤਾ ਲਈ ਆਪਣੇ ਪਰਿਵਾਰ ਦੀ ਉਡੀਕ ਕਰਦੇ ਰਹਿੰਦੇ ਹਨ।ਇਸ ਸਮੱਸਿਆ ਦਾ ਇੱਕ ਹੋਰ ਗੰਭੀਰ ਪੱਖ ਸੁਰੱਖਿਆ ਅਤੇ ਕਾਨੂੰਨੀ ਸੁਰੱਖਿਆ ਨਾਲ ਜੁੜਿਆ ਹੈ। ਇਕੱਲੇ ਰਹਿਣ ਵਾਲੇ ਬਜ਼ੁਰਗ ਧੋਖਾਧੜੀ, ਆਰਥਿਕ ਸ਼ੋਸ਼ਣ ਅਤੇ ਜਾਇਦਾਦ ਸੰਬੰਧੀ ਵਿਵਾਦਾਂ ਲਈ ਵਧੇਰੇ ਸੰਵੇਦਨਸ਼ੀਲ ਹੁੰਦੇ ਹਨ। ਭਾਰਤ ਵਿੱਚ Maintenance and Welfare of Parents and Senior Citizens Act, 2007 ਵਰਗੇ ਕਾਨੂੰਨ ਮਾਪਿਆਂ ਅਤੇ ਬਜ਼ੁਰਗਾਂ ਦੇ ਭਰਣ-ਪੋਸ਼ਣ ਅਤੇ ਸੁਰੱਖਿਆ ਲਈ ਕਾਨੂੰਨੀ ਪ੍ਰਬੰਧ ਕਰਦੇ ਹਨ। ਹਾਲਾਂਕਿ, ਕਾਨੂੰਨ ਦੀ ਮੌਜੂਦਗੀ ਦੇ ਨਾਲ-ਨਾਲ ਇਸ ਬਾਰੇ ਜਾਗਰੂਕਤਾ ਅਤੇ ਪ੍ਰਭਾਵਸ਼ਾਲੀ ਲਾਗੂਅਤ ਵੀ ਬਹੁਤ ਜ਼ਰੂਰੀ ਹੈ।ਸਰਕਾਰ ਅਤੇ ਸਮਾਜ ਦੋਵਾਂ ਨੂੰ ਇਸ ਸਮੱਸਿਆ ਵੱਲ ਗੰਭੀਰਤਾ ਨਾਲ ਧਿਆਨ ਦੇਣ ਦੀ ਲੋੜ ਹੈ।

ਹਰ ਪਿੰਡ ਅਤੇ ਸ਼ਹਿਰ ਵਿੱਚ ਬਜ਼ੁਰਗਾਂ ਲਈ ਕਮਿਊਨਿਟੀ ਸੈਂਟਰ, ਸਿਹਤ ਸਹੂਲਤਾਂ, ਕਾਨੂੰਨੀ ਸਹਾਇਤਾ ਅਤੇ ਐਮਰਜੈਂਸੀ ਸਹਾਇਤਾ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਪਰਵਾਰਾਂ ਵਿੱਚ ਇਹ ਸਮਝ ਪੈਦਾ ਕਰਨੀ ਹੋਵੇਗੀ ਕਿ ਮਾਪਿਆਂ ਦੀ ਦੇਖਭਾਲ ਸਿਰਫ਼ ਆਰਥਿਕ ਸਹਾਇਤਾ ਤੱਕ ਸੀਮਿਤ ਨਹੀਂ।ਸਾਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਜਿਨ੍ਹਾਂ ਮਾਪਿਆਂ ਨੇ ਸਾਨੂੰ ਤੁਰਨਾ ਸਿਖਾਇਆ, ਬੁਢਾਪੇ ਵਿੱਚ ਉਨ੍ਹਾਂ ਨੂੰ ਸਿਰਫ਼ ਸਹਾਰੇ ਦੀ ਨਹੀਂ, ਸਾਡੇ ਸਮੇਂ ਅਤੇ ਆਪਣੇਪਣ ਦੀ ਵੀ ਲੋੜ ਹੁੰਦੀ ਹੈ।ਪੰਜਾਬ ਦੀ ਤਰੱਕੀ ਉਸ ਵੇਲੇ ਹੀ ਪੂਰੀ ਮੰਨੀ ਜਾ ਸਕਦੀ ਹੈ, ਜਦੋਂ ਇੱਥੋਂ ਦੇ ਨੌਜਵਾਨ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਕਾਮਯਾਬ ਹੋਣ, ਪਰ ਪੰਜਾਬ ਦੇ ਘਰਾਂ ਵਿੱਚ ਰਹਿ ਗਏ ਉਨ੍ਹਾਂ ਦੇ ਮਾਪੇ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰਨ।

**ਪਲਕ**

**# ਸੰਪਰਕ : 94176-1203**

## ਕਾਤਰਾਂ

### ਪੁਲਸ ਪਾਰਟੀ ਨਾਲ ਧੱਕਾ-ਮੁੱਕੀ ਦੇ ਦੋਸ਼ 'ਚ 9 ਵਿਰੁੱਧ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਕਾਠਗੜ੍ਹ ਵਿਖੇ ਪੁਲਸ ਪਾਰਟੀ ਨਾਲ ਧੱਕਾਮੁੱਕੀ ਕਰਨ ਦੇ ਦੋਸ਼ ਵਿੱਚ 9 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਮਨਜਿੰਦਰ ਸਿੰਘ ਨੇ ਆਪਣਾ ਬਿਆਨ ਲਿਖਵਾਇਆ ਹੈ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਵੈਰੋਕੇ ਏਰੀਏ ਵਿੱਚ ਮੌਜੂਦ ਸੀ ਅਤੇ ਪੁਲਸ ਪਾਰਟੀ ਪਿੰਡ ਕਾਠਗੜ੍ਹ ਪੁੱਜੀ ਤਾਂ ਉਥੇ ਸੁਖਵਿੰਦਰ ਸਿੰਘ ਉਰਫ ਬਿੱਟੂ ਅਤੇ ਕੁਝ ਹੋਰ ਲੋਕਾਂ ਨੇ ਏ.ਐਸ.ਆਈ. ਮਨਜਿੰਦਰ ਸਿੰਘ ਨਾਲ ਧੱਕਾ ਮੁਕੀ ਕੀਤੀ ਅਤੇ ਉਸ ਦੀ ਵਰਦੀ ਪਾੜ ਦਿੱਤੀ।

### ਫ਼ਰਜ਼ੀ ਐਨ ਓ ਸੀ ਮਾਮਲੇ 'ਚ ਜ਼ਮਾਨਤ ਦੀ ਅਰਜ਼ੀ ਖ਼ਾਰਜ

**ਰਾਏਕੋਟ (ਸੰਤੋਖ ਗਿੱਲ)**-ਰਾਏਕੋਟ ਤਹਿਸੀਲ ਵਿੱਚ ਕਥਿਤ ਤੌਰ 'ਤੇ ਫ਼ਰਜ਼ੀ ਐਨ.ਓ.ਸੀ ਦੇ ਸਹਾਰੇ ਸਰਕਾਰ ਨੂੰ ਲੱਖਾਂ ਰੁਪਏ ਦਾ ਚੂਨਾ ਲਾਉਣ ਦੇ ਮਾਮਲੇ ਵਿੱਚ ਨਾਮਜ਼ਦ ਮੁੱਖ ਮੁਲਜ਼ਮ ਗੁਰਸੇਵਕ ਸਿੰਘ ਮਿੱਠਾ ਨੂੰ ਲੁਧਿਆਣਾ ਦੀ ਵਿਸ਼ੇਸ਼ ਅਦਾਲਤ ਨੇ ਵੱਡਾ ਝਟਕਾ ਦਿੱਤਾ ਹੈ। ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਮਰਿੰਦਰ ਸਿੰਘ ਸ਼ੇਰਗਿੱਲ ਦੀ ਵਿਸ਼ੇਸ਼ ਅਦਾਲਤ ਨੇ ਸਰਕਾਰੀ ਧਿਰ ਅਤੇ ਮੁਲਜ਼ਮ ਦੇ ਵਕੀਲਾਂ ਦੀਆਂ ਦਲੀਲਾਂ ਸੁਣਨ ਉਪਰੰਤ ਕੇਸ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਦਿਆਂ ਗੁਰਸੇਵਕ ਸਿੰਘ ਮਿੱਠਾ ਦੀ ਜ਼ਮਾਨਤ ਅਰਜ਼ੀ ਖ਼ਾਰਜ ਕਰ ਦਿੱਤੀ ਹੈ।

### ਸੁਖਚਰਨ ਦਾਸ ਆਨੰਦ ਦਾ ਦੇਹਾਂਤ

**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਦੇ ਆਨੰਦ ਪਰਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਪੁਰਾਣਾ ਬਾਜ਼ਾਰ ਵਾਸੀ ਤੇ ਲੱਲ ਕਲਾਂ ਵਾਲੇ ਅਮਰੀਸ਼ ਆਨੰਦ ਤੇ ਸੁਧੀਰ ਆਨੰਦ ਦੇ ਸਤਿਕਾਰਯੋਗ ਪਿਤਾ ਜੀ ਸੁਖਚਰਨ ਦਾਸ ਆਨੰਦ (ਬਿੱਲਾ ਆਨੰਦ) ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ-ਮਿੱਤਰਾਂ ਤੇ ਜਾਣ-ਪਛਾਣ ਵਾਲਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ।ਸੁਖਚਰਨ ਦਾਸ ਆਨੰਦ ਦੇ ਦੇਹਾਂਤ 'ਤੇ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਆਨੰਦ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਪਰਵਾਰ ਨੂੰ ਇਸ ਦੁੱਖ ਦੀ ਘੜੀ ਵਿੱਚ ਹੌਸਲਾ ਦਿੱਤਾ।ਉਨ੍ਹਾਂ ਦਾ ਅੰਤਿਮ ਸੰਸਕਾਰ ਬੁੱਧਵਾਰ ਦੁਪਹਿਰ 12 ਵਜੇ ਸ਼ਿਵਪੁਰੀ ਸ਼ਮਸ਼ਾਨਘਾਟ, ਦੋਰਾਹਾ ਵਿਖੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਸਨੇਹੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ।ਇਸ ਮੌਕੇ ਹਾਜ਼ਰ ਲੋਕਾਂ ਨੇ ਨਮ ਅੱਖਾਂ ਨਾਲ ਸੁਖਚਰਨ ਦਾਸ ਆਨੰਦ ਨੂੰ ਅੰਤਿਮ ਵਿਦਾਈ ਦਿੱਤੀ ਤੇ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।

### ਬਖਤੌਰ ਢਿੱਲੋਂ ਨੂੰ ਸਦਮਾ, ਭਰਾ ਦਾ ਦੇਹਾਂਤ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਪ੍ਰੈੱਸ ਕਲੱਬ ਦੇ ਪ੍ਰਧਾਨ ਤੇ ਸੀਨੀਅਰ ਪੱਤਰਕਾਰ ਬਖਤੌਰ ਸਿੰਘ ਢਿੱਲੋਂ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਛੋਟੇ ਭਰਾ ਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਕਰਤਾਰ ਸਿੰਘ ਢਿੱਲੋਂ ਇਸ ਫਾਨੀ ਦੁਨੀਆ ਨੂੰ ਅਲਵਿਦਾ ਕਹਿ ਗਏ।ਕਰਤਾਰ ਸਿੰਘ ਢਿੱਲੋਂ ਦੇ ਦਿਹਾਂਤ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ।ਵੱਖ-ਵੱਖ ਰਾਜਨੀਤਕ, ਸਮਾਜਿਕ ਤੇ ਪੱਤਰਕਾਰ ਭਾਈਚਾਰੇ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਪਰਵਾਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕਰਤਾਰ ਸਿੰਘ ਢਿੱਲੋਂ ਦਾ ਅੰਤਿਮ ਸੰਸਕਾਰ ਵੀਰਵਾਰ ਸਵੇਰੇ 9:30 ਵਜੇ ਪਿੰਡ ਘੁੱਦਾ ਵਿਖੇ ਬਾਹੋ ਰੋਡ ਸਥਿਤ ਸ਼ਮਸ਼ਾਨਘਾਟ ਵਿੱਚ ਕੀਤਾ ਜਾਵੇਗਾ।

### ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੀ ਬਰਸੀ ਚੰਡੀਗੜ੍ਹ ਵਿਖੇ 31 ਨੂੰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਮਰਹੂਮ ਮੁੱਖ ਮੰਤਰੀ ਸ੍ਰ. ਬੇਅੰਤ ਸਿੰਘ ਦੀ ਯਾਦ ਵਿੱਚ ਉਨ੍ਹਾਂ ਦੀ 31ਵੀਂ ਬਰਸੀ ਉਨ੍ਹਾਂ ਦੇ ਸਮਾਧੀ ਸਥਲ ਸ੍ਰ. ਬੇਅੰਤ ਸਿੰਘ ਮੈਮੋਰੀਅਲ ਸੈਕਟਰ-42 ਚੰਡੀਗੜ੍ਹ ਵਿਖੇ ਸਰਬ ਧਰਮ ਪ੍ਰਾਰਥਨਾ ਸਭਾ ਕਰਕੇ 31 ਅਗਸਤ 2026 ਨੂੰ ਸਵੇਰੇ 9:00 ਵਜੇ ਤੋਂ 11:00 ਵਜੇ ਤੱਕ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੇ ਪ੍ਰਸ਼ੰਸਕਾਂ ਵੱਲੋਂ ਮਨਾਈ ਜਾਵੇਗੀ।ਇਸ ਮੌਕੇ ਪੰਜਾਬ ਦੀਆਂ ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਵੀ ਮੌਜੂਦ ਰਹਿਣਗੀਆਂ। ਇਹ ਜਾਣਕਾਰੀ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਸੀਨੀਅਰ ਸਿਟੀਜਨ ਮਹਿੰਦਰ ਸਿੰਘ ਰੂਪ ਭਾਗੀਵਾਂਦਰ ਵੱਲੋਂ ਪ੍ਰੈੱਸ ਨੂੰ ਜਾਰੀ ਕੀਤੀ ਗਈ।

### ਅੱਗ ਲੱਗਣ ਨਾਲ ਜਨਰਲ ਸਟੋਰ ਸੜ ਕੇ ਸਵਾਹ

**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਦੇ ਨਜ਼ਦੀਕੀ ਪਿੰਡ ਫਤਹਿਪੁਰ ਮੰਨੀਆਂ ਵਿਖੇ ਬੀਤੀ ਅੱਧੀ ਰਾਤ ਅਚਾਨਕ ਅੱਗ ਲੱਗਣ ਕਾਰਨ ਇੱਕ ਜਨਰਲ ਸਟੋਰ ਸੜ ਕੇ ਸਵਾਹ ਹੋ ਗਿਆ।ਦੁਕਾਨ ਮਾਲਕ ਵਿਕਾਸ ਬੱਤਰਾ ਨੇ ਦੱਸਿਆ ਕਿ ਬੀਤੀ ਅੱਧੀ ਰਾਤ ਅਚਾਨਕ ਦੁਕਾਨ ਵਿੱਚੋਂ ਅੱਗ ਦੀਆਂ ਲਪਟਾਂ ਉੱਠਣ ਲੱਗੀਆਂ।ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਪਿੰਡ ਵਾਸੀ ਮੌਕੇ 'ਤੇ ਇਕੱਠੇ ਹੋ ਗਏ ਤੇ ਫਾਇਰ ਬ੍ਰਿਗੇਡ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ।ਜਦੋਂ ਤੱਕ ਅੱਗ 'ਤੇ ਕਾਬੂ ਪਾਇਆ ਗਿਆ, ਉਦੋਂ ਤੱਕ ਦੁਕਾਨ ਅੰਦਰ ਪਿਆ ਲੱਖਾਂ ਰੁਪਏ ਦਾ ਸਾਮਾਨ ਸੜ ਚੁੱਕਾ ਸੀ।ਮੁੱਢਲੇ ਤੌਰ 'ਤੇ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਹੋਣ ਦਾ ਅੰਦਾਜ਼ਾ ਹੈ।

# 22,006 ਕਰੋੜ ਰੁਪਏ ਦਾ ਕਰਜ਼ਾ 6.5 ਕਰੋੜ ਦੀ ਵਸੂਲੀ : ਆਮ ਲੋਕਾਂ ਦੇ ਪੈਸੇ ਦੀ ਲੁੱਟ : ਸੀ ਪੀ ਆਈ

## 100 ਰੁਪਏ ਦਾ ਕਰਜ਼ਾ 3 ਪੈਸੇ ਮੁੜੇ, ਮੋਦੀ ਸਰਕਾਰ ਦੇਵੇ ਜਵਾਬ

**ਲੁਧਿਆਣਾ (ਨ ਜ਼ ਸ)**

ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ (ਐੱਨ.ਸੀ.ਐੱਲ.ਟੀ.) ਨੇ ਜ਼ੀ ਗਰੁੱਪ ਦੇ ਸੰਸਥਾਪਕ ਸੁਭਾਸ਼ ਚੰਦਰ ਦੀ ਨਿੱਜੀ ਦੀਵਾਲੀਆਪਨ ਪ੍ਰਕਿਰਿਆ ਵਿੱਚ ਲਗਭਗ 22,006.57 ਕਰੋੜ ਦੇ ਮਨਜ਼ੂਰਸ਼ੁਦਾ ਦਾਅਵਿਆਂ ਦੇ ਮੁਕਾਬਲੇ ਸਿਰਫ਼ 6.5 ਕਰੋੜ ਦੀ ਵਸੂਲੀ ਯੋਜਨਾ ਨੂੰ ਮਨਜ਼ੂਰੀ ਦਿੱਤੀ ਹੈ।



ਇਸ ਮਾਮਲੇ ਵਿੱਚ ਸਾਰੇ ਕਰਜ਼ਦਾਤਾ ਇਸ ਯੋਜਨਾ ਦੇ ਹੱਕ ਵਿੱਚ ਨਹੀਂ ਸਨ।ਐੱਲ.ਆਈ.ਸੀ ਹਾਊਸਿੰਗ ਫਾਈਨੈਂਸ ਨੇ ਇਸ ਦਾ ਵਿਰੋਧ ਕਰਦਿਆਂ ਦੱਸਿਆ ਕਿ ਉਸ ਦਾ ਮਨਜ਼ੂਰਸ਼ੁਦਾ ਦਾਅਵਾ ਲਗਭਗ 1,322.39 ਕਰੋੜ ਸੀ, ਜਦਕਿ ਪ੍ਰਸਤਾਵਿਤ ਵਸੂਲੀ ਸਿਰਫ਼ 38.09 ਲੱਖ ਸੀ-ਲਗਭਗ 0.028%।ਐੱਚ ਡੀ ਐੱਫ ਸੀ ਬੈਂਕ, ਐਕਸਿਸ ਬੈਂਕ, ਕੇਨਰਾ ਬੈਂਕ, ਆਰ ਬੀ ਐੱਲ ਬੈਂਕ ਤੇ ਯੂਨੀਅਨ ਬੈਂਕ ਆਫ ਇੰਡੀਆ ਸਮੇਤ ਹੋਰ ਕਰਜ਼ਦਾਤਿਆਂ ਨੇ ਵੀ ਇਸ ਯੋਜਨਾ 'ਤੇ ਇਤਰਾਜ਼ ਕੀਤਾ ਸੀ।ਇਸ ਦੇ ਬਾਵਜੂਦ ਕਰਜ਼ਦਾਤਿਆਂ ਦੇ 80.81 ਫ਼ੀਸਦੀ ਵੋਟਿੰਗ ਸ਼ੇਅਰ ਨੇ ਯੋਜਨਾ ਦਾ ਸਮਰਥਨ ਕੀਤਾ ਤੇ ਐੱਨ.ਸੀ.ਐੱਲ.ਟੀ. ਨੇ ਇਸ ਨੂੰ ਮਨਜ਼ੂਰੀ ਦੇ ਦਿੱਤੀ।ਇੱਥੇ ਜਾਰੀ ਇੱਕ ਬਿਆਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਜ਼ਿਲ੍ਹਾ ਲੁਧਿਆਣਾ ਦੇ ਕਾਰਜਕਾਰੀ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਸ਼ਹਿਰੀ ਸਕੱਤਰ ਐੱਮ ਐੱਸ ਭਾਟੀਆ, ਡਾ. ਰਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਨਵੈਤ ਤੇ ਵਿਜੇ ਕੁਮਾਰ ਸ਼ਾਮਲ ਨੇ ਕਿਹਾ ਕਿ ਕਰਜ਼ਦਾਤਿਆਂ ਨੇ ਐੱਨ.ਸੀ.ਐੱਲ.ਟੀ. ਸਾਹਮਣੇ ਸੁਭਾਸ਼ ਚੰਦਰ ਦੀ ਪੁਰਾਣੀ ਤੇ ਮੌਜੂਦਾ ਕੁੱਲ ਕੀਮਤ ਦੇ ਅੰਕੜਿਆਂ ਵਿੱਚ ਵੱਡੇ ਫ਼ਰਕ ਦਾ ਮੁੱਦਾ ਵੀ ਉਠਾਇਆ।ਉਨ੍ਹਾਂ ਅਨੁਸਾਰ 2017 ਦੇ ਇੱਕ ਸਰਟੀਫਿਕੇਟ ਵਿੱਚ ਕੁੱਲ ਕੀਮਤ ਲਗਭਗ 45,888 ਕਰੋੜ ਤੇ 2018 ਵਿੱਚ ਕਰੀਬ 40,562 ਕਰੋੜ ਰੁਪਏ ਦੱਸੀ ਗਈ ਸੀ, ਜਦਕਿ ਮੌਜੂਦਾ ਦੱਸੀ ਗਈ ਕੁੱਲ ਜਾਇਦਾਦ ਲਗਭਗ 31.79 ਕਰੋੜ ਦੱਸੀ ਗਈ। ਕਰਜ਼ਦਾਤਿਆਂ ਨੇ ਇਸ ਫ਼ਰਕ ਦੀ ਫੋਰੈਂਸਿਕ ਜਾਂਚ ਦੀ ਮੰਗ ਵੀ ਕੀਤੀ ਸੀ।ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਇੱਕ ਵੱਡੇ ਕਾਰੋਬਾਰੀ ਦੇ ਦੀਵਾਲੀਆਪਨ ਦਾ ਮਾਮਲਾ ਨਹੀਂ ਹੈ।ਇਹ ਭਾਰਤ ਦੀ ਬੈਂਕਿੰਗ ਪ੍ਰਣਾਲੀ, ਵੱਡੇ ਕਾਰਪੋਰੇਟ ਕਰਜ਼ਿਆਂ ਤੇ ਵੱਡੇ ਕਰਜ਼ਦਾਰਾਂ ਪ੍ਰਤੀ ਪ੍ਰਣਾਲੀ ਦੇ ਰਵੱਈਏ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਵਰਨਨਯੋਗ ਹੈ ਕਿ ਸਾਲ 2016 ਵਿੱਚ ਕੇਂਦਰ ਸਰਕਾਰ ਨੇ ਇਨਸਾਲਵੈਂਸੀ ਐਂਡ ਬੈਂਕਰਪਸੀ ਕੋਡ (ਆਈਬੀਸੀ) ਲਾਗੂ ਕੀਤਾ।ਇਸ ਕਾਨੂੰਨ ਦਾ ਉਦੇਸ਼ ਸੀ ਕਿ ਦਿਵਾਲੀਆ ਹੋ ਰਹੀਆਂ ਕੰਪਨੀਆਂ ਦਾ ਸਮੇਂਬੱਧ ਨਿਪਟਾਰਾ ਕੀਤਾ ਜਾਵੇ, ਬੈਂਕਾਂ ਦਾ ਫਸਿਆ ਹੋਇਆ ਧਨ ਵਾਪਸ ਲਿਆਂਦਾ ਜਾਵੇ ਤੇ ਉਦਯੋਗਿਕ ਸੰਪਤੀਆਂ ਨੂੰ ਦੁਬਾਰਾ ਉਤਪਾਦਨ ਵਿੱਚ ਲਿਆਂਦਾ ਜਾਵੇ।ਆਗੂਆਂ ਨੇ ਕਿਹਾ ਕਿ ਆਈਬੀਸੀ ਨੇ ਪਹਿਲੀ ਵਾਰ ਸਮਾਂ-ਸੀਮਾ ਨਿਰਧਾਰਤ ਕੀਤੀ ਤੇ ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ (ਐੱਨ ਸੀ ਐੱਲ ਟੀ) ਨੂੰ ਕੇਂਦਰੀ ਭੂਮਿਕਾ ਦਿੱਤੀ।ਇਸ ਲਈ ਇਹ ਸਵਾਲ ਪੁੱਛਣਾ ਬਿਲਕੁਲ ਜਾਇਜ਼ ਹੈ ਕਿ ਕਰਜ਼ਾ ਕਿਸ ਆਧਾਰ 'ਤੇ ਦਿੱਤਾ ਗਿਆ ਸੀ?

ਕਰਜ਼ਾ ਦੇਣ ਸਮੇਂ ਪ੍ਰਮੋਟਰ ਦੀ ਅਸਲ ਵਿੱਤੀ ਸਮਰੱਥਾ ਦੀ ਜਾਂਚ ਕਿਵੇਂ ਕੀਤੀ ਗਈ? ਨਿੱਜੀ ਗਾਰੰਟੀ ਲੈਣ ਦੇ ਬਾਵਜੂਦ ਵਸੂਲੀ ਇੰਨੀ ਘੱਟ ਕਿਉਂ ਰਹਿ ਗਈ? ਅਤੇ ਸਭ ਤੋਂ ਮਹੱਤਵਪੂਰਨ, ਕੀ ਵੱਡੇ ਕਰਜ਼ਦਾਰਾਂ ਦੇ ਮਾਮਲੇ ਵਿੱਚ ਦੀਵਾਲੀਆਪਨ ਪ੍ਰਣਾਲੀ ਅਸਲ ਜਵਾਬਦੇਹੀ ਤੈਅ ਕਰ ਰਹੀ ਹੈ? ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ 13 ਵੱਡੇ ਘਰਾਣਿਆਂ ਨੂੰ ਦਾ 4.56 ਲੱਖ ਕਰੋੜ ਦੇ ਕਰਜ਼ੇ ਵਿੱਚੋਂ ਹੇਅਰ ਕੱਟ ਰਾਹੀਂ 1.96 ਕਰੋੜ ਰੁਪਏ ਹੀ ਵਾਪਸ ਆਇਆ ਸੀ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਸਰਕਾਰ ਤੁਰੰਤ ਨਿਪਟਾਰਾ ਕਰੇ : ਸਤਪਾਲ ਪੂਨੀਆ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਅੰਦਰ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਆਪਣੇ ਹੱਕਾਂ ਲਈ ਚਲਾਏ ਜਾ ਰਹੇ ਅੰਦੋਲਨ ਦਾ ਪੂਰਨ ਸਮਰਥਨ ਕਰਦਿਆਂ ਸਨੌਰ ਤੋਂ ਬੀ ਜੇ ਪੀ ਦੇ ਦਾਅਵੇਦਾਰ ਤੇ ਬੀਜੇਪੀ ਦੇ ਆਗੂ ਸਤਪਾਲ ਸਿੰਘ ਪੂਨੀਆ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁਲਾਜ਼ਮਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਦਾ ਬਿਨਾਂ ਕਿਸੇ ਦੇਰੀ ਤੁਰੰਤ ਨਿਪਟਾਰਾ ਕੀਤਾ ਜਾਵੇ। ਇਸੇ ਦਿਨੀਂ ਸਤਪਾਲ ਪੂਨੀਆ ਨੇ ਨੈਸ਼ਨਲ ਕਮਿਸ਼ਨ ਫਾਰ ਮਾਈਨਾਰਿਟੀਜ਼ ਦੇ ਚੇਅਰਮੈਨ ਸ. ਹਰਜੀਤ ਸਿੰਘ ਗਰੇਵਾਲ ਨਾਲ ਅਹਿਮ ਮੀਟਿੰਗ ਕਰਕੇ ਹਲਕਾ ਸਨੌਰ ਦੇ ਵੱਖ-ਵੱਖ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਲਜਿੰਦਰ ਸਿੰਘ ਮਦਰਾਹੇੜੀ, ਹਰਜਿੰਦਰ ਸਿੰਘ ਪੰਜੋਲਾ, ਗੁਰਮੇਜ ਸਿੰਘ ਡਡੋਆ, ਕੁਲਵੰਤ ਸਿੰਘ ਪੰਜੋਲਾ, ਜਗਦੇਵ ਸਿੰਘ ਪੰਜੋਲਾ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ 18% ਡੀ.ਏ. ਨਾ ਦੇਣਾ ਅਦਾਲਤੀ ਹੁਕਮਾਂ ਦੀ ਉਲੰਘਣਾ ਤੇ ਮੁਲਾਜ਼ਮਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਪੁਰਾਣੀ ਪੈਨਸ਼ਨ ਸਕੀਮ, ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਛੇਵੇਂ ਪੇ-ਕਮਿਸ਼ਨ ਦੇ ਬਕਾਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਪੰਜਾਬ ਦੇਸ਼ ਦੀ ਇੱਕੋ-ਇੱਕ ਅਜਿਹੀ ਰਾਜ ਸਰਕਾਰ ਹੈ, ਜਿੱਥੇ ਮੁਲਾਜ਼ਮਾਂ ਨੂੰ ਮਹਿਜ਼ 42% ਡੀ.ਏ. ਮਿਲ ਰਿਹਾ ਹੈ, ਜਦਕਿ ਕੇਂਦਰੀ ਮੁਲਾਜ਼ਮਾਂ ਦਾ ਡੀ.ਏ. ਵਧ ਕੇ 60% ਹੋ ਚੁੱਕਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਇਸ ਸੰਘਰਸ਼ ਵਿੱਚ ਉਨ੍ਹਾਂ ਦੇ ਨਾਲ ਚਟਾਨ ਵਾਂਗ ਡੱਟ ਕੇ ਖੜੇ ਹਨ ਤੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਹਰ ਫੋਰਮ 'ਤੇ ਲੜੀ ਜਾਵੇਗੀ।

# ਟੂਸਾ 'ਚ ਤਣਾਅ, ਕਿਸਾਨ ਯੂਨੀਅਨ ਨੇ ਸੀਲ ਤੋੜ ਕੇ ਘਰ ਕਿਸਾਨ ਪਰਵਾਰ ਨੂੰ ਮੁੜ ਸੌਂਪਿਆ



**ਰਾਏਕੋਟ (ਸੰਤੋਖ ਗਿੱਲ)**-ਲੁਧਿਆਣਾ (ਦਿਹਾਤੀ) ਪੁਲਸ ਜ਼ਿਲ੍ਹੇ ਦੇ ਪਿੰਡ ਟੂਸਾ ਵਿੱਚ ਕਰਜ਼ੇ ਦੀ ਵਸੂਲੀ ਨੂੰ ਲੈ ਕੇ ਚੱਲ ਰਿਹਾ ਵਿਵਾਦ ਹੁਣ ਕਿਸਾਨ ਜਥੇਬੰਦੀ ਤੇ ਪ੍ਰਸ਼ਾਸਨ ਵਿਚਾਲੇ ਟਕਰਾਅ ਦੀ ਸਥਿਤੀ ਤੱਕ ਪਹੁੰਚ ਗਿਆ ਹੈ।ਸ਼ੁੱਕਰਵਾਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੈਂਕੜੇ ਕਾਰਕੁਨਾਂ ਨੇ ਕਿਸਾਨ ਪਿਆਰਾ ਸਿੰਘ ਦੇ ਮਕਾਨ 'ਤੇ ਲੱਗੀ ਸੀਲ ਤੋੜ ਕੇ ਕਿਸਾਨ ਪਰਵਾਰ ਨੂੰ ਮੁੜ ਘਰ ਸੌਂਪ ਦਿੱਤਾ ਹੈ।ਕਾਬਲੇ-ਗ਼ੌਰ ਹੈ ਕਿ ਮੰਗਲਵਾਰ ਤੜਕਸਾਰ ਭਾਰੀ ਪੁਲਸ ਫੋਰਸ ਦੀ ਮੌਜੂਦਗੀ ਵਿੱਚ ਫਾਈਨਾਂਸ ਕੰਪਨੀ ਨੇ ਅਦਾਲਤੀ ਹੁਕਮਾਂ ਤਹਿਤ ਪਿਆਰਾ ਸਿੰਘ ਦਾ ਮਕਾਨ ਖ਼ਾਲੀ ਕਰਵਾਇਆ ਸੀ।ਇਸ ਤੋਂ ਬਾਅਦ ਮਕਾਨ ਨੂੰ ਸੀਲ ਲਗਾ ਕੇ ਬੰਦ ਕਰਨ ਉਪਰੰਤ ਪਰਵਾਰ ਨੂੰ ਬੇਘਰ ਕਰ ਦਿੱਤਾ ਗਿਆ ਸੀ।ਇਸ ਕਾਰਵਾਈ ਦੇ ਤਿੰਨ ਦਿਨ ਬਾਅਦ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਨੇ ਮਾਮਲੇ ਵਿੱਚ ਦਖ਼ਲ ਦਿੰਦਿਆਂ ਮਕਾਨ ਦਾ ਕਬਜ਼ਾ ਪਰਵਾਰ ਨੂੰ ਵਾਪਸ ਸੌਂਪ ਦਿੱਤਾ ਹੈ।

ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਦੇ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਤੇ ਬਲਾਕ ਪ੍ਰਧਾਨ ਅਮਰੀਕ ਸਿੰਘ ਹਲਵਾਰਾ ਦੀ ਅਗਵਾਈ ਹੇਠ ਵੱਡੀ ਗਿਣਤੀ ਕਿਸਾਨਾਂ ਨੇ ਕਰਜ਼ਾਈ ਕਿਸਾਨ ਪਿਆਰਾ ਸਿੰਘ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ ਤੇ ਮਕਾਨ ਦੇ ਆਸਪਾਸ ਇਕੱਠ ਕਰ ਕੇ ਧਰਨਾ ਲਗਾ ਦਿੱਤਾ।ਕਿਸਾਨ ਆਗੂਆਂ ਨੇ ਕਿਹਾ ਕਿ ਪਿਆਰਾ ਸਿੰਘ ਦੇ ਪਰਿਵਾਰ ਨੂੰ ਬੇਘਰ ਨਹੀਂ ਹੋਣ ਦਿੱਤਾ ਜਾਵੇਗਾ।ਉਨ੍ਹਾਂ ਦਾਅਵਾ ਕੀਤਾ ਕਿ ਜਿਸ ਜ਼ਮੀਨ 'ਤੇ ਕਰਜ਼ਾ ਲਿਆ ਗਿਆ ਸੀ, ਮਾਲ ਰਿਕਾਰਡ ਵਿੱਚ ਉਸ ਦਾ ਨੰਬਰ ਵੱਖਰਾ ਹੈ ਤੇ ਉੱਥੇ ਪਸ਼ੂਆਂ ਦਾ ਤਬੇਲਾ ਬਣਿਆ ਹੋਇਆ ਹੈ।ਉਨ੍ਹਾਂ ਮੁਤਾਬਕ ਜਿਸ ਕੋਠੀ 'ਤੇ ਕਾਰਵਾਈ ਕੀਤੀ ਗਈ, ਉਹ ਪੁਸ਼ਤੈਨੀ ਜ਼ਮੀਨ 'ਤੇ ਬਣੀ ਹੋਈ ਹੈ ਤੇ ਸਾਂਝੇ ਖਾਤੇ ਦੀ ਜ਼ਮੀਨ ਹੈ। ਕਿਸਾਨ ਜਥੇਬੰਦੀ ਨੇ ਇਹ ਵੀ ਦੋਸ਼ ਲਗਾਇਆ ਕਿ ਫਾਈਨਾਂਸ ਕੰਪਨੀ ਵੱਲੋਂ ਅਦਾਲਤ ਤੇ ਪੁਲਸ ਪ੍ਰਸ਼ਾਸਨ ਸਾਹਮਣੇ ਮਾਲ ਰਿਕਾਰਡ ਦੀ ਸਹੀ ਸਥਿਤੀ ਪੇਸ਼ ਨਹੀਂ ਕੀਤੀ ਗਈ, ਜਿਸ ਕਾਰਨ ਕੋਠੀ 'ਤੇ ਕਾਰਵਾਈ ਹੋਈ।ਹਾਲਾਂਕਿ ਕਿਸਾਨ ਆਗੂਆਂ ਦੇ ਦੋਸ਼ਾਂ ਸਬੰਧੀ ਤੱਥਾਂ ਦੀ ਪੁਸ਼ਟੀ ਨਹੀਂ ਹੋ ਸਕੀ ਤੇ ਫਾਈਨਾਂਸ ਕੰਪਨੀ ਜਾਂ ਪ੍ਰਸ਼ਾਸਨ ਦਾ ਕੋਈ ਪ੍ਰਤੀਕਰਮ ਹਾਲੇ ਤੱਕ ਸਾਹਮਣੇ ਨਹੀਂ ਆਇਆ।ਇਸ ਦੌਰਾਨ ਕਿਸਾਨ ਕਾਰਕੁਨਾਂ ਨੇ ਮਕਾਨ ਦੇ ਬਾਹਰ ਬੰਨ੍ਹੇ ਪਸ਼ੂਆਂ ਲਈ ਚਾਰੇ ਤੇ ਪਾਣੀ ਦਾ ਵੀ ਪ੍ਰਬੰਧ ਕੀਤਾ।ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਉਹ ਪਰਵਾਰ ਨੂੰ ਬੇਘਰ ਕਰਨ ਵਾਲੀ ਕਿਸੇ ਵੀ ਕਾਰਵਾਈ ਦਾ ਵਿਰੋਧ ਕਰਨਗੇ ਤੇ ਇਸ ਮਾਮਲੇ ਵਿੱਚ ਜਥੇਬੰਦੀ ਸੰਘਰਸ਼ ਤੋਂ ਪੈਰ ਪਿੱਛੇ ਨਹੀਂ ਕਰੇਗੀ।

## ਮੁਲਾਜ਼ਮ ਜਥੇਬੰਦੀਆਂ ਨੇ ਮਹਿਲ ਕਲਾਂ 'ਚ ਫੂਕੀ ਮੁੱਖ ਮੰਤਰੀ ਦੀ ਅਰਥੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗ ਤੋਂ ਕਥਿਤ ਤੌਰ 'ਤੇ ਮੁਕਰਨ ਦੇ ਰੋਸ ਵਜੋਂ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਮਹਿਲ ਕਲਾਂ ਦੇ ਬੱਸ ਸਟੈਂਡ ਵਿਖੇ ਰੋਸ ਰੈਲੀ ਕੀਤੀ ਗਈ।ਇਸ ਦੌਰਾਨ ਮੁੱਖ ਮੰਤਰੀ ਦੀ ਅਰਥੀ ਫੂਕ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਰੈਲੀ ਦੀ ਪ੍ਰਧਾਨਗੀ ਸੇਵਾਮੁਕਤ ਇੰਜੀਨੀਅਰ ਕੇਵਲ ਸਿੰਘ ਧਾਲੀਵਾਲ ਤੇ ਪੈਨਸ਼ਨਰਜ਼ ਐਸੋਸੀਏਸ਼ਨ ਮਹਿਲ ਕਲਾਂ ਦੇ ਪ੍ਰਧਾਨ ਮਾਸਟਰ ਦਰਸ਼ਨ ਸਿੰਘ ਪੰਡੋਰੀ ਨੇ ਕੀਤੀ।ਆਗੂਆਂ ਨੇ ਸਰਕਾਰ ਤੋਂ ਡੀ. ਏ. ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, 2.59 ਫੈਕਟਰ ਲਾਗੂ ਕਰਨ ਤੇ 200 ਰੁਪਏ ਜੁਜ਼ੀਆ ਟੈਕਸ ਬੰਦ ਕਰਨ ਸਮੇਤ ਹੋਰ ਮੰਗਾਂ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ।ਡੀ.ਟੀ.ਐੱਫ. ਆਗੂ ਬਲਜਿੰਦਰ ਕੁਮਾਰ ਪ੍ਰਭੂ ਨੇ ਕਿਹਾ ਕਿ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਜਾਰੀ ਰੱਖਣਗੇ।ਉਨ੍ਹਾਂ ਦੱਸਿਆ ਕਿ 30 ਅਗਸਤ ਨੂੰ ਲੁਧਿਆਣਾ ਵਿਖੇ ਮੁਲਾਜ਼ਮ ਜਥੇਬੰਦੀਆਂ ਦੀ ਲੀਡਰਸ਼ਿਪ ਦੀ ਮੀਟਿੰਗ ਕਰਕੇ ਅਗਲੇ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ।

## ਸੀ-ਪਾਈਟ ਕੈਂਪ ਕਾਲਝਰਾਣੀ ਵਿਖੇ ਲਿਖਤੀ ਪੇਪਰ ਦੀ ਮੁਫ਼ਤ ਤਿਆਰੀ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ (ਬਾਦਲ-ਬਠਿੰਡਾ ਰੋਡ) ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਤੇ ਫਾਜ਼ਿਲਕਾ ਦੇ ਪੀ.ਐਸ.ਐਸ.ਐਸ.ਬੀ. ਵਿੱਚ ਕਲੈਰੀਕਲ ਜਾਂ ਗਰੁੱਪ-ਡੀ ਦੀਆਂ ਅਸਾਮੀਆਂ ਲਈ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਲਈ ਮੁਫ਼ਤ ਪੂਰਵ-ਸਿਖਲਾਈ ਕੈਂਪ 01 ਸਤੰਬਰ 2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿਖਲਾਈ ਅਧਿਕਾਰੀ ਸੀ-ਪਾਈਟ ਕੈਂਪ ਕਾਲਝਰਾਣੀ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਪੀ.ਐਸ.ਐਸ.ਐਸ. ਬੀ. ਵਿੱਚ ਕਲੈਰੀਕਲ ਜਾਂ ਗਰੁੱਪ-ਡੀ ਦੀਆਂ ਅਸਾਮੀਆਂ ਲਈ ਅਪਲਾਈ ਕਰ ਚੁੱਕੇ ਨੌਜਵਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਕੈਂਪ ਵਿਖੇ ਪਹੁੰਚ ਕੇ ਲਿਖਤੀ ਪੇਪਰ ਦੀ ਮੁਫ਼ਤ ਤਿਆਰੀ ਦਾ ਲਾਭ ਲੈਣ।ਇਨ੍ਹਾਂ ਅਸਾਮੀਆਂ ਲਈ 7 ਸਤੰਬਰ 2026 ਤੱਕ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਲਿਖਤੀ ਪੇਪਰ ਦੀ ਤਿਆਰੀ ਤਜਰਬੇਕਾਰ ਸਟਾਫ਼ ਵੱਲੋਂ ਕਰਵਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਉਕਤ ਜ਼ਿਲ੍ਹਿਆਂ ਦੇ ਪੂਰਵ-ਸਿਖਲਾਈ ਲੈਣ ਦੇ ਚਾਹਵਾਨ ਨੌਜਵਾਨ 31 ਅਗਸਤ ਤੋਂ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 9:00 ਵਜੇ ਨਿੱਜੀ ਤੌਰ 'ਤੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ ਜ਼ਿਲ੍ਹਾ ਬਠਿੰਡਾ ਵਿਖੇ ਦਸਵੀਂ, ਬਾਰ੍ਹਵੀਂ ਤੇ ਉੱਚ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋ ਕਾਪੀਆਂ, ਭਰਤੀ ਲਈ ਆਨਲਾਈਨ ਅਪਲਾਈ ਕੀਤੇ ਫਾਰਮ ਤੇ ਐਡਮਿਟ ਕਾਰਡ ਦੀ ਫੋਟੋ ਕਾਪੀ, ਆਧਾਰ ਕਾਰਡ ਦੀ ਫੋਟੋ ਕਾਪੀ, ਜਾਤੀ ਸਰਟੀਫਿਕੇਟ ਅਤੇ ਰਿਹਾਇਸ਼ੀ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ, ਦੋ ਤਾਜ਼ਾ ਪਾਸਪੋਰਟ ਸਾਈਜ਼ ਫੋਟੋਆਂ ਸਮੇਤ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

## ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਸੰਸਥਾ ਦੇ ਵਿਦਿਆਰਥੀਆਂ ਨੇ ਰੱਖੜੀ ਦਾ ਤਿਉਹਾਰ ਮਨਾਇਆ

**ਬਠਿੰਡਾ (ਰਾਜੀਵ ਗੋਇਲ)**



'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਵਿੱਚ ਰੱਖੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਸਕੂਲ ਦੀਆਂ ਲੜਕੀਆਂ ਵੱਲੋਂ ਹੱਥੀਂ ਰੱਖੜੀਆਂ ਤਿਆਰ ਕੀਤੀਆਂ ਗਈਆਂ, ਜਿਸ ਵਿੱਚ ਉਨ੍ਹਾਂ ਨੇ ਬੜੇ ਹੀ ਆਕਰਸ਼ਿਤ ਡਿਜ਼ਾਇਨ ਤਿਆਰ ਕਰਕੇ ਬਜ਼ਾਰੀ ਰੱਖੜੀਆਂ ਨੂੰ ਵੀ ਮਾਤ ਪਾ ਦਿੱਤੀ। ਵੱਖ-ਵੱਖ ਅਕਾਰਾਂ ਤੇ ਡਿਜ਼ਾਇਨਾਂ ਦੀਆਂ ਇਨ੍ਹਾਂ ਰੱਖੜੀਆਂ ਨੂੰ ਭੈਣਾਂ (ਵਿਦਿਆਰਥਣਾਂ) ਨੇ ਆਪਣੇ ਵਿਦਿਆਰਥੀ ਭਰਾਵਾਂ ਦੇ ਗੁੱਟ 'ਤੇ ਵੀ ਸਜਾਇਆ। ਇਸ ਦੇ ਨਾਲ-ਨਾਲ ਲੜਕਿਆਂ ਵੱਲੋਂ ਵੀ ਭੈਣਾਂ ਲਈ ਹੱਥੀਂ ਗਿਫ਼ਟ ਬਾਕਸ ਤਿਆਰ ਕੀਤੇ ਗਏ। ਇਹ ਗਿਫ਼ਟ ਬਾਕਸ ਵੀ ਦੇਖਣੇ ਹੀ ਬਣਦੇ ਸਨ। ਇਸ ਤਰ੍ਹਾਂ ਸਕੂਲ ਦੇ ਵਿਦਿਆਰਥੀਆਂ ਨੇ ਰੱਖੜੀ ਤੇ ਗਿਫ਼ਟ ਬਾਕਸ ਦਾ ਅਦਾਨ-ਪ੍ਰਦਾਨ ਕਰਕੇ ਇਸ ਪਵਿੱਤਰ ਬੰਧਨ ਦਾ, ਭੈਣ-ਭਰਾ ਦੇ ਆਤਮਿਕ ਪਿਆਰ ਦਾ ਪ੍ਰਗਟਾਵਾ ਕੀਤਾ। ਇਸ ਸਮੇਂ ਤਿਆਰ ਕੀਤੀਆਂ ਗਈਆਂ ਰੱਖੜੀਆਂ, ਰੱਖੜੀ-ਥਾਲੀ ਤੇ ਗਿਫ਼ਟ ਬਾਕਸਾਂ ਦੀ ਨੁਮਾਇਸ਼ ਵੀ ਲਗਾਈ ਗਈ, ਜਿਸ ਨੂੰ ਮਾਪਿਆਂ ਵੱਲੋਂ ਉਤਸ਼ਾਹ ਪੂਰਵਕ ਹੁੰਗਾਰਾ ਮਿਲਿਆ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਕਿਹਾ ਕਿ ਅਜਿਹੇ ਤਿੱਥ-ਤਿਉਹਾਰ ਸਾਡੇ ਜੀਵਨ ਵਿੱਚ ਰੰਗੀਨੀ ਭਰਦੇ ਹਨ, ਹੁਲਾਸ ਪੈਦਾ ਕਰਦੇ ਹਨ ਤੇ ਨਵੀਆਂ ਉਮੰਗਾਂ ਜਗਾਉਂਦੇ ਹਨ। ਇਸ ਲਈ ਸਾਨੂੰ ਇਨ੍ਹਾਂ ਤਿਉਹਾਰਾਂ ਨੂੰ ਬੜੀ ਪਵਿੱਤਰਤਾ, ਸ਼ਰਧਾ ਨਾਲ ਮਨਾਉਣਾ ਚਾਹੀਦਾ ਹੈ।

ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ),ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ ਢਿੱਲੋਂ (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਸਾਰੇ ਵਿਦਿਆਰਥੀਆਂ ਨੂੰ ਰੱਖੜੀ ਦਿਵਸ ਦੀ ਵਧਾਈ ਦਿੱਤੀ।

## ਸਰਕਾਰ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰੇ : ਗੌਰਵ ਸੰਧੂ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੀ ਸਰਕਾਰ ਮੁਫ਼ਤ ਸਕੀਮਾਂ ਦੀ ਨਾਂ 'ਤੇ ਫੋਕੀ ਬਿਆਨ ਬਾਜ਼ੀ ਛੱਡ ਕੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਕੇ ਉਨ੍ਹਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇ। ਹਲਕਾ ਸਨੌਰ ਤੋਂ ਕਾਂਗਰਸ ਪਾਰਟੀ ਦੇ ਦਾਅਵੇਦਾਰ ਗੌਰਵ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਜਾਵੇਗੀ ਤੇ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ।ਗੌਰਵ ਸੰਧੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਵਧਦੇ ਰੁਝਾਨ ਦਾ ਇੱਕ ਵੱਡਾ ਕਾਰਨ ਬੇਰੁਜ਼ਗਾਰੀ ਹੈ।ਇਸ ਲਈ ਕਾਂਗਰਸ ਦੀ ਸਰਕਾਰ ਬਣਦੇ ਹੀ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਨੂੰ ਪਹਿਲ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨਾਂ ਨੂੰ ਰੁਜ਼ਗਾਰ ਤੇ ਬਿਹਤਰ ਭਵਿੱਖ ਦੇ ਮੌਕੇ ਮਿਲਣਗੇ ਤਾਂ ਉਹ ਆਪਣੇ ਆਪ ਨਸ਼ਿਆਂ ਤੋਂ ਦੂਰ ਰਹਿਣਗੇ।ਕਾਂਗਰਸ ਦਾ ਮੁੱਖ ਉਦੇਸ਼ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਕਰਨਾ ਤੇ ਸੂਬੇ ਨੂੰ ਨਸ਼ਾ-ਮੁਕਤ ਬਣਾਉਣਾ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਲੋਕ ਕਾਂਗਰਸ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਸਮਰਥਨ ਦੇਣਗੇ।

### ਮਾਤਾ ਹਰਪਾਲ ਕੌਰ ਵੱਲੋਂ ਨੇਹਾ ਦੇ ਪਰਵਾਰ ਨਾਲ ਦੁੱਖ ਸਾਂਝਾ

**ਧੂਰੀ (ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਾਤਾ ਹਰਪਾਲ ਕੌਰ ਨੇ ਸਵਰਗੀ ਨੇਹਾ ਦੇ ਪਰਵਾਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ।ਉਨ੍ਹਾਂ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਨੇਹਾ ਦੀ ਬੇਵਕਤੀ ਮੌਤ ਬੇਹੱਦ ਦੁਖਦਾਈ ਤੇ ਦਿਲ ਨੂੰ ਝੰਜੋੜ ਦੇਣ ਵਾਲੀ ਘਟਨਾ ਹੈ।ਮਾਤਾ ਹਰਪਾਲ ਕੌਰ ਨੇ ਪਰਵਾਰ ਨੂੰ ਭਰੋਸਾ ਦਿਵਾਇਆ ਕਿ ਦੁੱਖ ਦੀ ਇਸ ਘੜੀ ਵਿਚ ਸਰਕਾਰ ਤੇ ਉਹ ਖ਼ੁਦ ਪਰਵਾਰ ਦੇ ਨਾਲ ਖੜ੍ਹੇ ਹਨ।ਉਨ੍ਹਾਂ ਕਿਹਾ ਕਿ ਨੇਹਾ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ ਤੇ ਮਾਮਲੇ ਵਿੱਚ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੀ ਧੂਰੀ ਇਕਾਈ ਦੀ ਸਮੁੱਚੀ ਲੀਡਰਸ਼ਿਪ ਵੀ ਮੌਜੂਦ ਸੀ।

# ਦੀਕਸ਼ਾਰੰਭ ਦੌਰਾਨ ਮਾਹਰਾਂ ਨੇ ਨਵੇਂ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਬਾਰੇ ਦਿੱਤੀ ਜਾਣਕਾਰੀ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) 'ਤੇ ਇੱਕ ਸੂਝਵਾਨ ਪੇਸ਼ੇਵਰ ਭਾਸ਼ਣ ਦੇ ਨਾਲ ਆਪਣੇ ਦੀਕਸ਼ਾਰੰਭ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਨੂੰ ਜਾਰੀ ਰੱਖਿਆ, ਜਿਸਦਾ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਆਧੁਨਿਕ ਜੀਵਨ, ਸਿੱਖਿਆ ਤੇ ਭਵਿੱਖ ਦੇ ਕਰੀਅਰ ਵਿੱਚ ਏਆਈ ਦੀ ਪਰਿਵਰਤਨਸ਼ੀਲ ਭੂਮਿਕਾ ਤੋਂ ਜਾਣੂ ਕਰਾਉਣਾ ਸੀ।ਪ੍ਰੋਗਰਾਮ ਵਿੱਚ ਡਾ. ਜ਼ੋਰਾ ਸਿੰਘ, ਚਾਂਸਲਰ ਤੇ ਡਾ. ਤਜਿੰਦਰ ਕੌਰ, ਪ੍ਰੋ.ਚਾਂਸਲਰ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਡਾ. ਹਰਸ਼ ਸਦਾਵਰਤੀ, ਵਾਈਸ ਚਾਂਸਲਰ, ਨੇ ਇਕੱਠ ਨੂੰ ਸੰਬੋਧਨ ਕੀਤਾ ਤੇ ਵਿਦਿਆਰਥੀਆਂ ਨੂੰ ਉੱਤਮਤਾ ਪ੍ਰਾਪਤ ਕਰਨ, ਉਤਸੁਕ ਰਹਿਣ ਤੇ ਆਪਣੇ ਅਕਾਦਮਿਕ ਅਤੇ ਪੇਸ਼ੇਵਰ ਸਫ਼ਰ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਉਤਸ਼ਾਹਤ ਕੀਤਾ।

ਪ੍ਰੋਗਰਾਮ ਦਾ ਮੁੱਖ ਆਕਰਸ਼ਣ ਕੋਰਸੇਰਾ ਦੇ ਐਂਟਰਪ੍ਰਾਈਜ਼ ਅਕਾਊਂਟ ਡਾਇਰੈਕਟਰ ਪ੍ਰੋ. ਮਾਨਿਕ ਕਥੂਰੀਆ ਦੁਆਰਾ ਇੱਕ ਮਾਹਰ ਸੈਸ਼ਨ ਸੀ।ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਧ ਰਹੇ ਪ੍ਰਭਾਵ ਬਾਰੇ ਕੀਮਤੀ ਸੂਝਾਂ ਸਾਂਝੀਆਂ ਕਰਦੇ ਹੋਏ ਉਨ੍ਹਾਂ ਨੇ ਰੋਜ਼ਾਨਾ ਜੀਵਨ ਦੇ ਨਾਲ-ਨਾਲ ਪੇਸ਼ੇਵਰ ਸੰਸਾਰ ਵਿੱਚ ਇਸਦੀ ਸਾਰਥਿਕਤਾ ਬਾਰੇ ਦੱਸਿਆ।ਉਨ੍ਹਾਂ ਦਾ ਸੈਸ਼ਨ, ਜਿਸਦਾ ਸਿਰਲੇਖ 'ਦਿ ਰਿਐਲਿਟੀ ਚੈੱਕ', ਬਦਲਦੇ ਹੁਨਰਾਂ ਦੇ ਦ੍ਰਿਸ਼, ਰੁਜ਼ਗਾਰਯੋਗਤਾ, ਉਦਯੋਗ ਦੀਆਂ ਉਮੀਦਾਂ ਤੇ ਤੇਜ਼ੀ ਨਾਲ ਵਿਕਸਤ ਹੋ ਰਹੇ ਕਾਰਜ ਸਥਾਨ ਵਿੱਚ ਸਫਲ ਹੋਣ ਲਈ ਲੋੜੀਂਦੀਆਂ ਯੋਗਤਾਵਾਂ 'ਤੇ ਕੇਂਦ੍ਰਿਤ ਸੀ।ਪ੍ਰੋਗਰਾਮ ਦੌਰਾਨ ਨਵੀਂ ਦਿੱਲੀ ਤੋਂ ਖੇਲੋ ਇੰਡੀਆ ਡਾਇਲਾਗ 'ਖੇਲ ਕੀ ਬਾਤ ਪੀਐਮ ਮੋਦੀ ਕੇ ਸਾਥ' ਦਾ ਸਿੱਧਾ ਪ੍ਰਸਾਰਣ ਵੀ ਪ੍ਰਸਾਰਤ ਕੀਤਾ ਗਿਆ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਇੱਕ ਹੋਰ ਪ੍ਰਸਿੱਧ ਮਾਹਿਰ ਬੁਲਾਰੇ, ਸ੍ਰੀ ਐਲ.ਐਸ. ਮਲੂਕਾ ਨੇ ਗਿਆਨ ਨਾਲ ਅਪਡੇਟ ਰਹਿਣ, ਸਿੱਖਣ ਦਾ ਜਨੂੰਨ ਵਿਕਸਤ ਕਰਨ ਤੇ ਵਿਦਿਆਰਥੀ ਜੀਵਨ ਦੌਰਾਨ ਆਪਣੇ ਹੁਨਰਾਂ ਨੂੰ ਨਿਰੰਤਰ ਵਧਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹਜਨਕ ਭਾਗੀਦਾਰੀ ਕੀਤੀ।ਭਾਗੀਦਾਰਾਂ ਨੇ ਮਾਹਿਰਾਂ ਨਾਲ ਸਰਗਰਮੀ ਨਾਲ ਗੱਲਬਾਤ ਕੀਤੀ, ਵਿਚਾਰਸ਼ੀਲ ਸਵਾਲ ਉਠਾਏ ਤੇ ਅਰਥਪੂਰਨ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ। ਡੀਬੀਯੂ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਇੱਕ ਜੀਵੰਤ ਸੱਭਿਆਚਾਰਕ ਪ੍ਰੋਗਰਾਮ ਨੇ ਇਕੱਠ ਵਿੱਚ ਊਰਜਾ ਅਤੇ ਉਤਸ਼ਾਹ ਨੂੰ ਹੋਰ ਵਧਾ ਦਿੱਤਾ।

## ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਵੱਲੋਂ ਝੂਠ ਬੋਲ ਕੇ ਜਨਤਾ ਨੂੰ ਭਰਮਾਉਣ ਦੀਆਂ ਹੱਦਾਂ ਪਾਰ

**ਲੁਧਿਆਣਾ (ਸਤੀਸ਼ ਸਚਦੇਵਾ)**-ਦੇਸ਼ ਦੇ ਹਰ ਕੋਨੇ ਵਿੱਚ ਲੋਕ ਆਪਣੇ ਮਸਲੇ ਹੱਲ ਕਰਾਉਣ ਵੱਲ ਜਮਹੂਰੀ ਤੇ ਹੱਕੀ ਸੰਘਰਸ਼ਾਂ ਰਾਹੀਂ ਸਰਕਾਰਾਂ ਦਾ ਧਿਆਨ ਦਿਵਾ ਰਹੇ ਹਨ, ਪਰ ਸਰਕਾਰਾਂ ਦੀ ਲੋਕਾਂ ਪ੍ਰਤੀ ਲਾਪ੍ਰਵਾਹੀ ਸਪੱਸ਼ਟ ਹੈ।'ਲੋਕਾਂ ਨੂੰ ਧੱਕੇ ਤੇ ਕਾਰਪੋਰੇਟਾਂ ਨੂੰ ਗੱਫੇ' ਦੇ ਕੇ ਸਰਕਾਰਾਂ ਵੱਲੋਂ ਦੇਸ਼ ਦੇ ਕਮਾਊ ਅਦਾਰੇ ਦੇਸੀ ਵਿਦੇਸ਼ੀ ਕਾਰਪੋਰੇਟਾਂ ਨੂੰ ਸੌਂਪ ਕੇ ਆਮ ਲੋਕਾਂ ਲਈ ਰੋਜ਼ਗਾਰ ਖਤਮ ਕਰਕੇ, ਉਹਨਾਂ ਨੂੰ ਪੂੰਜੀਪਤੀਆਂ ਲਈ ਸਸਤੀ ਮਜ਼ਦੂਰੀ ਦੇ ਸਾਧਨ ਬਣਾ ਕੇ ਦੇਸ਼ ਨੂੰ ਕੰਗਾਲ ਬਣਾਇਆ ਜਾ ਰਿਹਾ ਹੈ।

ਸਰਕਾਰਾਂ ਦੇ ਇਸ ਰੁਝਾਨ ਵਿਰੁੱਧ ਲੋਕਾਂ ਦੇ ਪੀੜਤ ਹਿੱਸਿਆਂ ਵੱਲੋਂ ਆਪਣੀ ਹੱਕੀ ਆਵਾਜ਼ ਉਠਾਉਣਾ, ਸਮੁੱਚੇ ਦੇਸ਼ ਦੇ ਹਿੱਤ ਵਿੱਚ ਜ਼ਰੂਰੀ ਹੈ।ਲੁਧਿਆਣੇ ਦੀਆਂ ਜਨਤਕ ਜਮਹੂਰੀ, ਤਰਕਸ਼ੀਲ ਜਥੇਬੰਦੀਆਂ, ਜਮਹੂਰੀ ਅਧਿਕਾਰ ਸਭਾ ਪੰਜਾਬ, ਸ਼ਹੀਦ ਭਗਤ ਸਿੰਘ ਵਿਚਾਰ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਮਹਾਂ ਸਭਾ ਲੁਧਿਆਣਾ ਨੇ ਸਰਕਾਰਾਂ ਦੇ ਇਸ ਦੇਸ਼ ਵਿਰੋਧੀ ਵਰਤਾਰੇ ਨੂੰ ਠੱਲ੍ਹ ਪਾਉਣ ਲਈ ਦੇਸ਼ ਵਿੱਚ ਚੱਲ ਰਹੇ ਲੋਕ ਸੰਘਰਸ਼ਾਂ ਦੀ ਹਮਾਇਤ ਕਰਦਿਆਂ, ਸੂਬੇ ਦੇ ਮੁੱਖ ਮੰਤਰੀ ਤੇ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਲੋਕਾਂ ਨੂੰ ਝੂਠ ਬੋਲਕੇ ਸੰਘਰਸ਼ਸ਼ੀਲ ਕਾਰਕੁੰਨਾਂ ਬਾਰੇ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਦਾ ਗੰਭੀਰ ਨੋਟਿਸ ਲਿਆ ਹੈ।ਜਥੇਬੰਦੀਆਂ ਦੇ ਆਗੂਆਂ ਪ੍ਰੋ ਜਗਮੋਹਨ ਸਿੰਘ, ਜਸਵੰਤ ਜ਼ੀਰਖ, ਪ੍ਰੋ ਏ ਕੇ ਮਲੇਰੀ, ਡਾ ਦਰਸ਼ਨ ਖੇੜੀ, ਡਾ ਹਰਬੰਸ ਗਰੇਵਾਲ, ਬਲਵਿੰਦਰ ਸਿੰਘ, ਅਜਮੇਰ ਦਾਖਾ, ਐਡਵੋਕੇਟ ਹਰਪ੍ਰੀਤ ਜ਼ੀਰਖ, ਰਾਕੇਸ਼ ਆਜ਼ਾਦ, ਬਲਕੌਰ ਸਿੰਘ ਗਿੱਲ ਨੇ ਮੁੱਖ ਮੰਤਰੀ ਵੱਲੋਂ ਕੱਲ੍ਹ ਪੁਲਸ ਵਿੱਚ ਨਵੇਂ ਭਰਤੀ ਹੋਣ ਵਾਲੇ ਮੁਲਾਜ਼ਮ ਨੂੰ 80,000/- ਰੁਪਏ ਮਹੀਨਾ ਤਨਖਾਹ ਦੱਸਣ ਦੇ ਬਿਆਨ ਨੂੰ ਗੈਰ ਜ਼ਿੰਮੇਵਾਰਾਨਾ ਤੇ ਝੂਠਾ ਕਰਾਰ ਦਿੱਤਾ।ਇਸੇ ਤਰ੍ਹਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਉਨ੍ਹਾਂ ਦੇ ਮਸਲਿਆਂ ਪ੍ਰਤੀ 20 ਦਿਨ ਪਹਿਲਾਂ 27 ਅਗਸਤ ਦੀ ਮੀਟਿੰਗ ਰੱਖਕੇ ਮੌਕੇ 'ਤੇ ਹੜਤਾਲ ਖਤਮ ਕਰਨ ਦੀ ਸ਼ਰਤ ਰੱਖ ਕੇ ਭੱਜ ਜਾਣਾ ਉਨ੍ਹਾਂ ਦੇ ਝੂਠੇ ਵਾਅਦੇ ਦਾ ਤਾਜਾ ਪ੍ਰਤੱਖ ਸਬੂਤ ਹੈ।ਹਰ ਪਾਸੇ ਹੱਕ ਮੰਗਦੇ ਲੋਕਾਂ ਨੂੰ ਪੁਲਿਸ ਰਾਹੀਂ ਗ੍ਰਿਫਤਾਰ ਕਰਾਉਣਾ ਤੇ ਝੂਠੇ ਕੇਸ ਮੜ੍ਹਨੇ ਆਮ ਵਰਤਾਰੇ ਹਨ।

# ਸਾਂਝੀ ਤਾਲਮੇਲ ਮੁਲਾਜ਼ਮ ਕਮੇਟੀ ਵੱਲੋਂ ਬਿਜਲੀ ਦਫ਼ਤਰ ਵਿਖੇ ਧਰਨਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਸਾਂਝੀ ਤਾਲਮੇਲ ਮੁਲਾਜ਼ਮ ਕਮੇਟੀ ਰਾਮਪੁਰਾ ਵੱਲੋਂ ਸਮੂਹਕ ਛੁੱਟੀ ਲੈ ਕੇ ਸਮੁੱਚਾ ਸਰਕਾਰੀ ਤੰਤਰ ਬੰਦ ਕਰਨ ਕਰਕੇ ਪੰਜਾਬ ਮਹਾਂਬੰਦ ਦੇ ਦਿੱਤੇ ਸੱਦੇ ਨੂੰ ਬਲਾਕ ਰਾਮਪੁਰਾ ਦੇ ਅਧਿਆਪਕਾਂ ਤੇ ਮੁਲਾਜ਼ਮ ਜਥੇਬੰਦੀਆਂ ਨੇ ਵੱਡਾ ਹੁੰਗਾਰਾ ਦਿੱਤਾ ਹੈ।ਇਸ ਬੰਦ ਦੌਰਾਨ ਤਹਿਸੀਲ ਦੇ ਵੱਡੀ ਗਿਣਤੀ ਵਿੱਚ ਸਕੂਲ ਤੇ ਦਫਤਰ ਮੁਕੰਮਲ ਬੰਦ ਰਹੇ।ਜ਼ਿਲ੍ਹੇ ਦੀਆਂ ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਤੇ ਮੁਲਾਜ਼ਮ ਜਥੇਬੰਦੀਆਂ ਦੀ ਅਗਵਾਈ ਵਿੱਚ ਸੈਂਕੜੇ ਅਧਿਆਪਕਾਂ ਵੱਲੋਂ ਸਮੂਹਕ ਛੁੱਟੀ ਲੈ ਕੇ ਬਿਜਲੀ ਬੋਰਡ ਦੇ ਦਫ਼ਤਰ ਰਾਮਪੁਰਾ ਵਿਖੇ ਵਿਸ਼ਾਲ ਧਰਨਾ ਦਿੱਤਾ ਗਿਆ ਤੇ ਉਪਰੰਤ ਟੀ ਪੁਆਇੰਟ ਰਾਮਪੁਰਾ ਤੱਕ ਮਾਰਚ ਕਰਕੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਦਾ ਪੁਤਲਾ ਵੀ ਫੂਕਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ।ਇਸ ਮੌਕੇ 'ਆਪ' ਸਰਕਾਰ ਵੱਲੋਂ ਹੱਕੀ ਮੰਗਾਂ ਪੂਰੀਆਂ ਕਰਨ ਦੀ ਥਾਂ ਆਪਣੇ ਆਈਟੀ ਸੈੱਲ ਰਾਹੀਂ ਮੁਲਾਜ਼ਮਾਂ-ਪੈਨਸ਼ਨਰਾਂ ਖਿਲਾਫ ਤਨਖਾਹਾਂ ਪਹਿਲਾਂ ਹੀ ਵੱਧ ਹੋਣ ਦੇ ਝੂਠੇ ਬਿਰਤਾਂਤ ਨੂੰ ਵੀ ਮੁਢੋਂ ਰੱਦ ਕੀਤਾ ਗਿਆ।ਇਸ ਮਹਾਂਬੰਦ ਦੌਰਾਨ ਦਿੱਤੇ ਧਰਨੇ ਨੂੰ ਸੰਬੋਧਨ ਕਰਦਿਆਂ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਅਧਿਆਪਕ ਆਗੂਆਂ ਬੇਅੰਤ ਸਿੰਘ ਫੂਲੇਵਾਲਾ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਵਿਕਾਸ ਗਰਗ ਬਲਾਕ ਪ੍ਰਧਾਨ, ਗੁਰਸੇਵਕ ਸਿੰਘ ਫੂਲ, ਹਰਜੀਤ ਸਿੰਘ ਜੀਦਾ, ਬੀ. ਐੱਡ.ਫਰੰਟ ਤੋਂ ਪੁਨੀਤ ਕੁਮਾਰ, ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਦੇ ਕੁਲਦੀਪ ਸਿੰਘ, ਜਗਜੀਤ ਸਿੰਘ ਕੋਟਲੀ, ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੇ ਧਰਮ ਸਿੰਘ ਕੋਠਾਗੁਰੂ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤੋਂ ਹਰਿਭਜਨ ਸਿੰਘ, ਹੈਲਥ ਵਿਭਾਗ ਦੇ ਗੁਰਜਿੰਦਰ ਸਿੰਘ ਵਾਟਰ ਸਪਲਾਈ ਤੋਂ ਅੰਮ੍ਰਿਤਪਾਲ ਮਾੜੀ, ਬਿਜਲੀ ਮੁਲਾਜ਼ਮ ਸੰਘਰਸ਼ਸ਼ੀਲ ਕਮੇਟੀ ਦੇ ਕਰਮਜੀਤ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਮੰਗਾਂ ਨੂੰ ਮੰਨਣ ਤੋਂ ਇਨਕਾਰੀ ਹੋ ਕੇ ਮੁਲਾਜ਼ਮਾਂ ਖ਼ਿਲਾਫ਼ ਦੁਸ਼ਮਣਾਂ ਵਾਂਗ ਵਿਰੋਧ ਵਿੱਚ ਖੜੀ ਹੋ ਚੁੱਕੀ ਆਪ ਸਰਕਾਰ ਖਿਲਾਫ ਮੁਲਾਜ਼ਮਾਂ ਦਾ ਰੋਹ ਸਿਖਰ 'ਤੇ ਪਹੁੰਚ ਚੁੱਕਿਆ ਹੈ। ਇਸ ਧਰਨੇ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਪੀ ਐੱਸ ਪੀ ਸੀ ਐੱਲ ਦੇ ਜਗਜੀਤ ਸਿੰਘ, ਸਿਹਤ ਵਿਭਾਗ ਦੇ ਜਗਦੀਸ਼ ਸਿੰਘ, ਇੰਪਲਾਈਜ਼ ਸੰਘਰਸ਼ ਯੂਨੀਅਨ ਤੋਂ ਹਰਜਸ ਸਿੰਘ, ਤਰਕਸ਼ੀਲ ਸੁਸਾਇਟੀ ਦੇ ਗਗਨ ਗਰੋਵਰ, ਜੰਗਲਾਤ ਵਰਕਰ ਯੂਨੀਅਨ ਤੋਂ ਗੁਰਮੇਲ ਸਿੰਘ, ਅਧਿਆਪਕ ਆਗੂ ਕ੍ਰਿਸ਼ਨ ਮੰਨਨ, ਸੀ ਐਂਡ ਵੀ ਯੂਨੀਅਨ ਤੋਂ ਗੁਰਵਿੰਦਰ ਸਿੰਘ ਸਿੱਧੂ, ਪੈਰਾ ਮੈਡੀਕਲ ਤੋਂ ਸੁਰਿੰਦਰ ਸਿੰਘ ਆਦਿ ਆਗੂ ਕੇਡਰ ਸਮੇਤ ਸ਼ਾਮਲ ਸਨ।

# ਦਲਿਤ ਵਰਗ ਦੇ ਹੱਕਾਂ ਦੀ ਰਾਖੀ ਕਰਨਾ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ : ਡਾ. ਬਿਸਵਾਸ

## ਰਾਸ਼ਟਰੀ ਐੱਸ ਸੀ ਕਮਿਸ਼ਨ ਦੇ ਮੈਂਬਰ ਨੇ ਸੁਣੀਆਂ ਮੁਸ਼ਕਲਾਂ



**ਕੋਟ ਈਸੇ ਖਾਂ (ਅਰੋੜਾ)**-ਭਾਰਤ ਸਰਕਾਰ ਦੇ ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮਾਨਯੋਗ ਮੈਂਬਰ ਡਾ. ਪਾਰਥਾ ਬਿਸਵਾਸ ਕਸਬਾ ਕੋਟ ਈਸੇ ਖਾਂ ਦੇ 'ਬਜਰੰਗ ਭਵਨ' ਵਿਖੇ ਪਹੁੰਚੇ।ਇੱਥੇ ਉਨ੍ਹਾਂ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ 'ਗ੍ਰਾਮ ਸੰਵਾਦ' (ਪਿੰਡ ਪੱਧਰੀ ਲੋਕ ਅਦਾਲਤ ਤੇ ਗੱਲਬਾਤ) ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਕੇਂਦਰ ਸਰਕਾਰ ਵੱਲੋਂ ਗਠਿਤ ਇਹ ਕਮਿਸ਼ਨ ਸੰਵਿਧਾਨ ਦੇ ਅਨੁਛੇਦ 338 ਦੇ ਤਹਿਤ ਅਨੁਸੂਚਿਤ ਜਾਤੀਆਂ ਦੇ ਸੰਵਿਧਾਨਕ ਅਧਿਕਾਰਾਂ ਤੇ ਹਿੱਤਾਂ ਦੀ ਰੱਖਿਆ ਲਈ ਕੰਮ ਕਰਦਾ ਹੈ।ਇਸ ਉੱਚ-ਪੱਧਰੀ ਦੌਰੇ ਦਾ ਮੁੱਖ ਮਕਸਦ ਜ਼ਮੀਨੀ ਪੱਧਰ 'ਤੇ ਐੱਸ.ਸੀ. ਵਰਗ ਨੂੰ ਦਰਪੇਸ਼ ਸਮੱਸਿਆਵਾਂ ਦਾ ਜਾਇਜ਼ਾ ਲੈਣਾ ਸੀ।

ਸਮਾਗਮ ਵਾਲੀ ਥਾਂ ਪਹੁੰਚਣ 'ਤੇ ਰਾਸ਼ਟਰੀ ਕਮਿਸ਼ਨ ਦੇ ਮੈਂਬਰ ਡਾ. ਪਾਰਥਾ ਬਿਸਵਾਸ ਦਾ ਇਲਾਕੇ ਦੇ ਪ੍ਰਮੁੱਖ ਆਗੂਆਂ ਵਿਕਾਸ ਗਾਬਾ, ਸੁਸ਼ੀਲ ਅਰੋੜਾ ਤੇ ਜਗਦੀਸ਼ ਬਾਵਾ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਭਰਵਾਂ ਸਵਾਗਤ ਕੀਤਾ ਗਿਆ।ਜਨਤਕ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਤੋਂ ਪਹਿਲਾਂ ਡਾ. ਬਿਸਵਾਸ ਨੇ ਮੋਗਾ ਦੇ ਸਰਕਾਰੀ ਰੈਸਟ ਹਾਊਸ ਵਿਖੇ ਜ਼ਿਲ੍ਹੇ ਦੇ ਸਮੂਹ ਪ੍ਰਸ਼ਾਸਨਕ ਤੇ ਪੁਲਸ ਮੁਖੀਆਂ ਨਾਲ ਇੱਕ ਅਹਿਮ ਨਿਰੀਖਣ ਮੀਟਿੰਗ ਕੀਤੀ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੋਗਾ ਦੇ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ, ਐੱਸ.ਐੱਸ.ਪੀ. ਸ੍ਰੀ ਸਰਤਾਜ ਸਿੰਘ ਚਾਹਲ ਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਜਗਵਿੰਦਰ ਸਿੰਘ (ਆਰ.ਏ.ਐਸ.) ਸ਼ਾਮਲ ਹੋਏ।ਮੀਟਿੰਗ ਦੀ ਸ਼ੁਰੂਆਤ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਦਾ ਰਸਮੀ ਸਵਾਗਤ ਕੀਤਾ ਗਿਆ, ਜਿਸ ਉਪਰੰਤ ਪੰਜਾਬ ਪੁਲਸ ਦੀ ਹਥਿਆਰਬੰਦ ਟੁਕੜੀ ਵੱਲੋਂ ਉਨ੍ਹਾਂ ਨੂੰ ਸਨਮਾਨ ਵਜੋਂ ਗਾਰਡ ਆਫ਼ ਆਨਰ (ਸਲਾਮੀ) ਭੇਟ ਕੀਤਾ ਗਿਆ।ਮੀਟਿੰਗ ਦੌਰਾਨ ਜ਼ਿਲ੍ਹੇ ਅੰਦਰ ਐੱਸ.ਸੀ. ਵਰਗ ਨਾਲ ਸਬੰਧਤ ਚੱਲ ਰਹੇ ਵੱਖ-ਵੱਖ ਮਾਮਲਿਆਂ ਦੀ ਕਾਨੂੰਨੀ ਸਥਿਤੀ ਬਾਰੇ ਚਰਚਾ ਕੀਤੀ ਗਈ।ਗ੍ਰਾਮ ਸੰਵਾਦ ਦੌਰਾਨ ਡਾ. ਪਾਰਥਾ ਬਿਸਵਾਸ ਨੇ ਆਮ ਲੋਕਾਂ ਨਾਲ ਸਿੱਧਾ ਸੰਵਾਦ ਰਚਾਇਆ। ਪਿੰਡ ਵਾਸੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ, ਦਰਖਾਸਤਾਂ ਤੇ ਸੁਝਾਵਾਂ ਨੂੰ ਉਨ੍ਹਾਂ ਨੇ ਬੜੀ ਗੰਭੀਰਤਾ ਤੇ ਹਮਦਰਦੀ ਨਾਲ ਸੁਣਿਆ।ਸਮਾਗਮ ਦੌਰਾਨ ਲੋਕਾਂ ਵੱਲੋਂ ਮਿਲੀਆਂ ਸ਼ਿਕਾਇਤਾਂ ਦਾ ਤੁਰੰਤ ਨੋਟਿਸ ਲੈਂਦਿਆਂ ਡਾ. ਪਾਰਥਾ ਬਿਸਵਾਸ ਨੇ ਮੌਕੇ 'ਤੇ ਮੌਜੂਦ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੂੰ ਸਖ਼ਤ ਲਹਿਜੇ ਵਿੱਚ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾ ਕਿਹਾ ਕਿ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਹਰ ਇੱਕ ਯੋਗ ਲਾਭਪਾਤਰੀ ਤੱਕ ਪਹੁੰਚਾਉਣਾ ਅਤੇ ਦਲਿਤ ਵਰਗ ਦੇ ਹੱਕਾਂ ਦੀ ਰਾਖੀ ਕਰਨਾ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਬਣਦੀ ਹੈ। ਇਸ ਵਿਸ਼ੇਸ਼ ਸਮਾਗਮ ਤੇ ਗ੍ਰਾਮ ਸੰਵਾਦ ਦੌਰਾਨ ਇਲਾਕੇ ਦੀਆਂ ਕਈ ਪ੍ਰਮੁੱਖ ਰਾਜਨੀਤਕ, ਸਮਾਜਿਕ ਤੇ ਪ੍ਰਸ਼ਾਸਨਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਮਸ਼ੇਰ ਕੈਲਾ, ਉਦੋਂ ਸੂਦ, ਗੁਰਬੀਰ ਕੈਲਾ, ਤਰਸੇਮ ਸਿੰਘ ਵਾਲਮੀਕਿ ਹਾਜ਼ਰ ਸਨ।ਇਸ ਦੇ ਨਾਲ ਹੀ ਐਸ.ਸੀ. ਵਰਗ ਦੇ ਮਸਲਿਆਂ ਨੂੰ ਚੁੱਕਣ ਤੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਹਰਮਨਦੀਪ ਮੀਤਾ, ਦਰਸ਼ਨ ਘਾਰੂ, ਜਗਦੀਸ਼ ਭੋਲਾ, ਰੋਹਨ ਬਾਵਾ, ਰਾਜ ਕੁਮਾਰ ਠਾਕੁਰ, ਹਰਦੀਪ ਸਿੰਘ, ਬਲਜਿੰਦਰ ਸਿੰਘ, ਗੁਰਨਾਮ ਸਿੰਘ, ਰਵੀ, ਬੰਟੀ, ਤਿਲਕ ਰਾਜ ਸ਼ਰਮਾ ਅਤੇ ਮਹਿਲਾ ਪ੍ਰਤੀਨਿਧਾਂ ਵਜੋਂ ਮਨਿੰਦਰ ਕੌਰ, ਮਮਤਾ ਸ਼ਰਮਾ, ਜਸਵੀਰ ਕੌਰ, ਜਸਵਿੰਦਰ ਕੌਰ ਆਦਿ ਨੇ ਵੀ ਅਹਿਮ ਭੂਮਿਕਾ ਨਿਭਾਈ ਅਤੇ ਕਮਿਸ਼ਨ ਦੇ ਮੈਂਬਰ ਸਾਹਮਣੇ ਇਲਾਕੇ ਦੀਆਂ ਮੁਸ਼ਕਲਾਂ ਨੂੰ ਪ੍ਰਮੁੱਖਤਾ ਨਾਲ ਰੱਖਿਆ।

## ਮਹਾਂ ਹੜਤਾਲ ਉਪਰੰਤ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵਿਸ਼ਾਲ ਰੈਲੀ ਤੇ ਮਾਰਚ




**ਜਗਰਾਉਂ (ਨਛੱਤਰ ਸੰਧੂ)**

ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ ਆਪਣੇ-ਅਪਣੇ ਅਦਾਰਿਆਂ 'ਚ ਹੜਤਾਲ ਕਰਨ, ਸਮੂਹਿਕ ਛੁੱਟੀ ਲੈਣ ਉਪਰੰਤ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਥਾਨਕ ਬਸ ਸਟੈਂਡ ਵਿਖੇ ਰੱਖੀ ਵਿਸ਼ਾਲ ਰੈਲੀ 'ਚ ਭਾਗ ਲਿਆ।ਵੱਡੀ ਗਿਣਤੀ 'ਚ ਔਰਤ ਵਰਗ ਵੀ ਹਾਜ਼ਰ ਸੀ।ਭਾਰੀ ਗਰਮੀ ਦੇ ਬਾਵਜੂਦ ਸਭ ਤੋਂ ਪਹਿਲਾਂ ਨੇਪਾਲ ਤੇ ਅਸਾਮ ਵਿੱਚ ਆਏ ਭਾਰੀ ਹੜਾਂ ਕਾਰਨ ਹੋਏ ਜਾਨੀ ਤੇ ਮਾਲੀ ਨੁਕਸਾਨ ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਗਿਆ।ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਹਾਈਕੋਰਟ ਦੇ ਹੁਕਮਾਂ ਅਨੁਸਾਰ 18 ਪ੍ਰਤੀਸ਼ਤ ਮਹਿੰਗਾਈ ਭੱਤਾ ਦੇਣ ਅਤੇ ਯਕਮੁਸ਼ਤ ਬਕਾਇਆ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ, ਠੇਕੇਦਾਰੀ ਸਿਸਟਮ ਅਤੇ ਆਉਟਸੋਰਸ ਬੰਦ ਕਰਨ, 15.1. 15 ਤੇ. 17.7.20 ਦਾ ਪੱਤਰ ਰੱਦ ਕਰਨ, ਪੈਨਸ਼ਨਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੇ ਨੋਟੀਫਿਕੇਸ਼ਨ ਮੁਤਾਬਿਕ 2.59 ਦਾ ਗੁਣਾਂਕ ਜਾਰੀ ਕਰਨ, 37 ਕਿਸਮ ਦੇ ਬੰਦ ਕੀਤੇ ਭੱਤੇ ਬਹਾਲ ਕਰਨ, ਏ ਸੀ ਪੀ ਸਕੀਮ ਲਾਗੂ ਕਰਨ, ਮਿਨੀਮਮ ਵੇਜ 26000 ਰੁਪਏ ਲਾਗੂ ਕਰਨ ਦੀ ਮੰਗ ਕੀਤੀ ਗਈ।ਇਸ ਸਮੇਂ ਦਿਨੋ-ਦਿਨ ਵਧ ਰਹੀ ਲੱਕਤੋੜ ਮਹਿੰਗਾਈ ਨੂੰ ਨੱਥ ਪਾਉਣ ਦੀ ਵੀ ਮੰਗ ਕੀਤੀ ਗਈ।31 ਅਗਸਤ ਨੂੰ ਕਮੇਟੀ ਪਾਰਕ ਜਗਰਾਓਂ ਵਿਖੇ ਸ਼ਾਮ ਛੇ ਵਜੇ ਰੱਖੀ ਮਹਿੰਗਾਈ ਖ਼ਿਲਾਫ਼ ਰੈਲੀ ਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।ਰੈਲੀ 'ਚ ਇਹ ਸੁਨੇਹਾ ਪੁੱਜਣ 'ਤੇ ਕਿ ਮੁੱਖ ਮੰਤਰੀ ਵਲੋਂ ਸੂਬਾਈ ਟੀਮ ਨੂੰ ਦਿੱਤੀ ਮੀਟਿੰਗ ਵੀ ਰੱਦ ਕਰ ਦਿੱਤੀ ਗਈ ਹੈ ਤਾਂ ਗੁੱਸੇ ਤੇ ਰੋਹ ਚ ਭਰੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਦਾ ਰੱਜ ਕੇ ਸਿਆਪਾ ਕੀਤਾ ਤੇ ਕਿਹਾ ਕਿ ਇਸ ਦਾ ਅੰਤ ਨੇੜੇ ਆ ਗਿਆ ਹੈ।

# ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਸਰਕਾਰ ਖ਼ਿਲਾਫ਼ ਰੋਸ ਮੁਜ਼ਾਹਰਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**




ਐੱਨਐੱਚਐੱਮ ਮੁਲਾਜ਼ਮਾਂ ਵੱਲੋਂ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ। ਮੁਲਾਜ਼ਮਾਂ ਨੇ ਸਰਕਾਰ ਵੱਲੋਂ ਐੱਨ ਐੱਚ ਐੱਮ ਮੁਲਾਜ਼ਮਾਂ ਦੀਆਂ ਜਾਇਜ਼ ਤੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਨ ਤੇ ਮਸਲਿਆਂ ਦਾ ਹੱਲ ਨਾ ਕਰਨ 'ਤੇ ਸਖ਼ਤ ਨਾਰਾਜ਼ਗੀ ਜ਼ਾਹਰ ਕੀਤੀ। ਬਗੀਚ ਸਿੰਘ ਯੂਨੀਅਨ ਆਗੂ ਨੇ ਕਿਹਾ ਕਿ ਕੱਲ੍ਹ ਸਾਰੇ ਪੰਜਾਬ ਵਿੱਚ ਮੁਲਾਜ਼ਮਾਂ ਵੱਲੋਂ ਕੀਤੀ ਗਈ ਗਤੀਵਿਧੀਆ ਤੋਂ ਬਾਅਦ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਨਾਲ ਹੋਣ ਵਾਲੀ ਮੀਟਿੰਗ ਰੱਦ ਕਰ ਦਿੱਤੀ ਗਈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਲਈ ਪਿਛਲੇ ਲਗਭਗ ਦੋ ਹਫ਼ਤਿਆਂ ਤੋਂ ਹੜਤਾਲ 'ਤੇ ਹਨ, ਪਰ ਸਰਕਾਰ ਵੱਲੋਂ ਮੰਗਾਂ ਮੰਨਣ ਦੀ ਬਜਾਏ ਮਸਲੇ ਨੂੰ ਲਟਕਾਇਆ ਜਾ ਰਿਹਾ ਹੈ। ਯੂਨੀਅਨ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਬਰਾਬਰ ਕੰਮ ਲਈ ਬਰਾਬਰ ਤਨਖ਼ਾਹ ਲਾਗੂ ਕੀਤੀ ਜਾਵੇ, ਲੋਇਲਟੀ ਬੋਨਸ ਦਿੱਤਾ ਜਾਵੇ ਤੇ ਐੱਨਐੱਚਐੱਮ ਮੁਲਾਜ਼ਮਾਂ ਦੀਆਂ ਹੋਰ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਕਰੀਬ ਦੋ ਹਫ਼ਤਿਆਂ ਤੋਂ ਸਿਹਤ ਵਿਭਾਗ ਦੇ ਮੁਲਾਜ਼ਮ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਦਾ ਰਵੱਈਆ ਬੇਹੱਦ ਨਿਰਾਸ਼ਾਜਨਕ ਤੇ ਨਿੰਦਣਯੋਗ ਹੈ। ਮੁਲਾਜ਼ਮਾਂ ਨੇ ਕਿਹਾ ਕਿ ਸਰਕਾਰ ਨੂੰ ਗੱਲਬਾਤ ਰਾਹੀਂ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ ਅਤੇ ਮੁੱਖ ਮੰਤਰੀ ਜੀ ਨੂੰ ਆਪ ਅੱਗੇ ਆ ਕੇ ਮੁਲਾਜ਼ਮਾ ਦੀਆਂ ਮੰਗਾਂ ਮੰਨ ਕੇ ਅਤੇ ਇਸ ਦਾ ਨੋਟੀਫਿਕੇਸ਼ਨ ਜਾਰੀ ਕਰਨਾ ਚਾਹੀਦਾ ਹੈ। ਯੂਨੀਅਨ ਆਗੂ ਹਰਜਿੰਦਰ ਸਿੰਘ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਐੱਨਐੱਚਐੱਮ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਨਹੀਂ ਮੰਨੀਆਂ ਗਈਆਂ ਤੇ ਸਰਕਾਰ ਵੱਲੋਂ ਗੱਲਬਾਤ ਲਈ ਦੁਬਾਰਾ ਸਮਾਂ ਨਹੀਂ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਚੇਅਰਮੈਨ ਆਰੇਵਾਲਾ ਵੱਲੋਂ ਕੋਹਾਰਵਾਲਾ 'ਚ ਖੇਡ ਗਰਾਊਂਡ ਦਾ ਉਦਘਾਟਨ, ਖਿਡਾਰੀਆਂ ਨੂੰ ਵੰਡਿਆ ਖੇਡਾਂ ਦਾ ਸਾਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਰਹਿਨੁਮਾਈ ਹੇਠ ਪਿੰਡਾਂ ਵਿੱਚ ਵਧੀਆ ਖੇਡ ਗਰਾਊਂਡ ਤਿਆਰ ਕਰਵਾਏ ਜਾ ਰਹੇ ਹਨ ਤੇ ਖਿਡਾਰੀਆਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਪਿੰਡ ਕੋਹਾਰਵਾਲਾ ਵਿਖੇ ਨਵੇਂ ਬਣੇ ਖੇਡ ਗਰਾਊਂਡ ਦਾ ਉਦਘਾਟਨ ਮਾਰਕੀਟ ਕਮੇਟੀ ਕੋਟਕਪੂਰਾ ਦੇ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਵੱਲੋਂ ਕੀਤਾ ਗਿਆ। ਇਸ ਮੌਕੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਖੇਡ ਸਮੱਗਰੀ ਵੀ ਵੰਡੀ ਗਈ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਨੇ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੇ ਰਸਤੇ 'ਚੋਂ ਕੱਢ ਕੇ ਸੁਨਹਿਰੀ ਭਵਿੱਖ ਦੇ ਰਾਹ ਤੋਰਨਾ ਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਬਿਹਤਰੀਨ ਮੌਕੇ ਪ੍ਰਦਾਨ ਕਰਨਾ ਹੈ।ਪਿੰਡਾਂ ਵਿੱਚ ਬਣ ਰਹੇ ਕ੍ਰਿਕਟ, ਫੁੱਟਬਾਲ, ਵਾਲੀਬਾਲ ਦੇ ਮੈਦਾਨ ਤੇ ਆਧੁਨਿਕ ਜਿਮ ਨੌਜਵਾਨਾਂ ਨੂੰ ਇੱਕ ਨਵੀਂ ਊਰਜਾ ਦੇ ਰਹੇ ਹਨ।ਚੇਅਰਮੈਨ ਆਰੇਵਾਲਾ ਨੇ ਅੱਗੇ 'ਖੇਡੇਗਾ ਪੰਜਾਬ, ਵਧੇਗਾ ਪੰਜਾਬ' ਤੇ 'ਤੰਦਰੁਸਤ ਨੌਜਵਾਨ-ਮਜ਼ਬੂਤ ਪੰਜਾਬ' ਦੇ ਸੁਪਨੇ ਨੂੰ ਦ੍ਰਿੜਤਾਪੂਰਵਕ ਕਿਹਾ ਕਿ ਖੇਡਾਂ ਰਾਹੀਂ ਹੀ ਰੰਗਲਾ ਪੰਜਾਬ ਬਣਾਉਣ ਦਾ ਸੁਪਨਾ ਸਾਕਾਰ ਕੀਤਾ ਜਾ ਸਕਦਾ ਹੈ।ਇਸ ਮੌਕੇ ਪਿੰਡ ਦੇ ਪੰਚ-ਸਰਪੰਚ, ਖਿਡਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਦੇ ਜਨਮ ਸ਼ਤਾਬਦੀ ਸਮਾਗਮ 30 ਨੂੰ

**ਸਨੌਰ/ਭੁੰਨਰਹੇੜੀ (ਰਾਜਿੰਦਰ ਸਿੰਘ ਥਿੰਦ)**-ਸਾਬਕਾ ਐਮ ਐਲ ਏ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਦੱਸਿਆ ਕਿ ਗੁਰੂ ਰਵਿਦਾਸ ਜੀ ਦੇ 650 ਸਾਲਾ ਜਨਮ ਸ਼ਤਾਬਦੀ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਐਸ ਆਰੰਭ ਕਰਵਾਏ ਜਾਣਗੇ ਤੇ 30 ਅਗਸਤ ਐਤਵਾਰ ਨੂੰ ਭੋਗ ਪੈਣ ਉਪਰੰਤ ਕਥਾ ਕੀਰਤਨ ਤੇ ਢਾਡੀ ਜਥੇ ਬਾਣੀ ਦੇ ਗੁਣਗਾਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਚੰਦੂਮਾਜਰਾ ਨੇ ਕਿਹਾ ਕਿ ਸ਼ਤਾਬਦੀ ਸਮਾਗਮਾਂ ਸਬੰਧੀ ਸਮੁੱਚੇ ਹਲਕੇ ਦੀ ਸੰਗਤ ਵਿੱਚ ਭਾਰੀ ਉਤਸ਼ਾਹ ਹੈ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣਗੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਿੰਦਰਪਾਲ ਚੰਦੂਮਾਜਰਾ ਨੇ ਦੱਸਿਆ ਕਿ ਸਮਾਗਮ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ ਉਨ੍ਹਾਂ ਸੰਗਤਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਬੇਨਤੀ ਵੀ ਕੀਤੀ। ਇਸ ਮੌਕੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਮੈਂਬਰ ਐਸ ਜੀ ਪੀ ਸੀ, ਐਡਵੋਕੇਟ ਇੰਦਰਜੀਤ ਸਿੰਘ ਮਾਨ, ਗੁਰਜੀਤ ਸਿੰਘ ਉਪਲੀ, ਕੁਲਵਿੰਦਰ ਸਿੰਘ ਭੁੰਨਰਹੇੜੀ, ਸੰਤੋਖ ਮਿਗਲਾਨੀ ਭੁੰਨਰਹੇੜੀ, ਗੁਰਚਰਨ ਸਿੰਘ ਕੌਲੀ, ਡਾ. ਹਰਵਿੰਦਰ ਸਿੰਘ, ਹਰਚੰਦ ਸਿੰਘ, ਗੁਲਜਾਰ ਸਿੰਘ ਭੁੰਨਰਹੇੜੀ, ਮਨਿੰਦਰ ਸਿੰਘ ਬੰਟੀ ਦੂਧਨਸਾਧਾਂ, ਬਾਬਾ ਬਲਵਿੰਦਰ ਸਿੰਘ ਭੁਨਰਹੇੜੀ, ਲਾਡੀ ਜੁਲਕਾਂ, ਭੋਲ ਸਿੰਘ ਭੰਬੂਆਂ, ਜਗਤਾਰ ਸਿੰਘ ਦੂੱਧਨ ਸਾਧਾਂ ਕੁਲਵੰਤ ਸਿੰਘ ਫਰੀਦਪੁਰ, ਮੇਜਰ ਸਿੰਘ ਭੁੰਨਰਹੇੜੀ, ਕੈਪਟਨ ਰਣਧੀਰ ਸਿੰਘ, ਪੀ ਏ ਗੁਰਮੁੱਖ ਸਿੰਘ ਸੁਹਾਗਹੇੜੀ, ਬਾਬਾ ਰਣਜੀਤ ਸਿੰਘ ਬੀਰੋਕੇ ਹਾਜ਼ਰ ਸਨ।

## ਮੁਲਾਜ਼ਮ ਮੰਗਾਂ 'ਤੇ ਸਰਕਾਰ ਦੀ ਟਾਲ-ਮਟੋਲ ਨੇ ਵਧਾਇਆ ਰੋਸ : ਸਿੰਗਲਾ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਪੰਜਾਬ ਦੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਤੇ ਜਥੇਬੰਦੀਆਂ ਵਿਚਕਾਰ ਤਣਾਅ ਵਧ ਗਿਆ ਹੈ।ਮੁੱਖ ਮੰਤਰੀ ਵੱਲੋਂ ਮੀਟਿੰਗ ਦੇ ਕੇ ਮੀਟਿੰਗ ਨਾ ਕਰਨਾ ਸਰਕਾਰ ਦੇ ਅੜੀਅਲ ਵਤੀਰੇ ਨੂੰ ਸਾਬਿਤ ਕਰ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਜਾਇਜ਼ ਹਨ ਤਾਂ ਸਰਕਾਰ ਉਨ੍ਹਾਂ ਨੂੰ ਲਟਕਾਉਣ ਦੀ ਬਜਾਏ ਸਪੱਸ਼ਟ ਫੈਸਲਾ ਲਵੇ।ਉਨ੍ਹਾਂ ਕਿਹਾ ਕਿ ਸਰਕਾਰ ਦੀ ਟਾਲ-ਮਟੋਲ ਵਾਲੀ ਨੀਤੀ ਕਾਰਨ ਮੁਲਾਜ਼ਮਾਂ 'ਚ ਰੋਹ ਵਧ ਗਿਆ ਹੈ।ਸਿੰਗਲਾ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਪ੍ਰਸ਼ਾਸਨ ਦੇਣ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਦੂਜੇ ਪਾਸੇ ਸਰਕਾਰੀ ਦਫ਼ਤਰਾਂ ਨੂੰ ਚਲਾਉਣ ਵਾਲੇ ਮੁਲਾਜ਼ਮ ਹੀ ਆਪਣੀਆਂ ਮੰਗਾਂ ਲਈ ਸੜਕਾਂ 'ਤੇ ਆਉਣ ਲਈ ਮਜਬੂਰ ਹਨ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਸਰਕਾਰ ਤੇ ਮੁਲਾਜ਼ਮਾਂ ਵਿਚਕਾਰ ਗੱਲਬਾਤ ਹੁੰਦੀ ਹੈ, ਪਰ ਉਸ ਦਾ ਕੋਈ ਨਤੀਜਾ ਨਹੀਂ ਨਿਕਲਦਾ ਤਾਂ ਫਿਰ ਅਜਿਹੀਆਂ ਮੀਟਿੰਗਾਂ ਦਾ ਕੀ ਫਾਇਦਾ ਹੈ? ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਨੂੰ ਸਿਰਫ਼ ਭਰੋਸਿਆਂ ਤੇ ਮੀਟਿੰਗਾਂ ਦੀ ਰਾਜਨੀਤੀ ਕਰਨ ਦੀ ਬਜਾਏ ਜ਼ਮੀਨੀ ਪੱਧਰ 'ਤੇ ਫੈਸਲੇ ਲੈਣੇ ਚਾਹੀਦੇ ਹਨ।ਜੇਕਰ ਮਸਲੇ ਹੱਲ ਨਹੀਂ ਕਰਨੇ ਤਾਂ ਵਾਰ-ਵਾਰ ਗੱਲਬਾਤ ਦਾ ਦਿਖਾਵਾ ਕਰਕੇ ਮੁਲਾਜ਼ਮਾਂ ਤੇ ਲੋਕਾਂ ਦਾ ਸਮਾਂ ਬਰਬਾਦ ਕਰਨਾ ਵੀ ਠੀਕ ਨਹੀਂ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮਾਂ ਦੀ ਹੜਤਾਲ ਕਾਰਨ ਆਮ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਸਿੰਗਲਾ ਨੇ ਕਿਹਾ ਪੰਜਾਬ ਕਾਂਗਰਸ ਤੇ ਜ਼ਿਲ੍ਹਾ ਕਮੇਟੀ ਮੁਲਾਜ਼ਮਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਦਾ ਸਮਰਥਨ ਕਰਦੀ ਹੈ।ਭਵਿੱਖ ਵਿੱਚ ਮੁਲਾਜ਼ਮਾਂ ਵੱਲੋਂ ਉਲੀਕੇ ਜਾਣ ਵਾਲੇ ਸੰਘਰਸ਼ ਦੌਰਾਨ ਮੁਲਾਜ਼ਮਾਂ ਦੀ ਤਨਦੇਹੀ ਨਾਲ ਹਰ ਤਰ੍ਹਾਂ ਦੀ ਸਹਾਇਤਾ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਹਰਪ੍ਰੀਤ ਸਿੰਘ ਪਿਆਰੀ, ਬਲਜੀਤ ਸਿੰਘ ਬਠਿੰਡਾ, ਹਰਜਿੰਦਰ ਸਿੰਘ ਬਹਾਦੁਰਪੁਰ, ਮੱਖਣ ਸ਼ਰਮਾ, ਸਤਿਗੁਰੂ ਸਿੰਘ, ਜਲਵੇੜਾ ਲਾਲੂ, ਭਾਰਦਵਾਜ, ਰਾਜੂ ਸਰਪੰਚ, ਗੁਰਦਿੱਤ ਬਰੇਟਾ, ਲਵਲੀ ਬੋੜਾਵਾਲੀਆ, ਗੁਰਪਰਨ ਸਿੰਘ ਬਲਾਕ ਪ੍ਰਧਾਨ ਬੁਢਲਾਡਾ, ਧਨਜੀਤ ਸਿੰਘ ਭੀਖੀ, ਅੰਮ੍ਰਿਤਪਾਲ ਸਿੰਘ ਸਰਦੂਲਗੜ੍ਹ, ਸ਼ਿੰਦਾ ਸਰਪੰਚ ਸਰਦੂਲਗੜ੍ਹ, ਗੁਰਜੀਤ ਕੌਰ ਬੁੱਢਲਾਡਾ, ਗੁਰਜੀਤ ਸਿੰਘ ਫੌਜੀ, ਹਰਵਿੰਦਰ ਸਵੀਟੀ, ਸਤਪਾਲ ਕਟੋਦੀਆ ਆਦਿ ਹਾਜ਼ਰ ਸਨ।

## ਨੈਸ਼ਨਲ ਹਾਈਵੇ 'ਤੇ ਚੱਲਦੀ ਕਾਰ ਨੂੰ ਲੱਗੀ ਅੱਗ, ਪਰਵਾਰ ਵਾਲ-ਵਾਲ ਬਚਿਆ



**ਚੰਡੀਗੜ੍ਹ (ਰਾਜ ਖੁਰਮੀ)**-ਸਥਾਨਕ-ਚੰਡੀਗੜ੍ਹ ਨੈਸ਼ਨਲ ਹਾਈਵੇ 'ਤੇ ਫੱਤੂਵਾਲਾ ਕੈਂਚੀਆਂ ਨੇੜੇ ਪੁੱਲ 'ਤੇ ਉਸ ਸਮੇਂ ਵੱਡਾ ਹਾਦਸਾ ਹੋਣੋਂ ਟਲ ਗਿਆ, ਜਦੋਂ ਪਰਵਾਰ ਸਮੇਤ ਜਾ ਰਹੀ ਇੱਕ ਕਾਰ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ।ਕਾਰ ਸਵਾਰਾਂ ਨੇ ਸਮੇਂ ਸਿਰ ਕਾਰ ਵਿੱਚੋਂ ਬਾਹਰ ਨਿਕਲ ਕੇ ਆਪਣੀ ਜਾਨ ਬਚਾ ਲਈ।ਘਟਨਾ ਵਿੱਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ।ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਚ.ਓ. ਦੇ ਏ.ਐੱਸ.ਆਈ. ਹਰਬੰਸ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ 112 ਨੰਬਰ ਰਾਹੀਂ ਨੈਸ਼ਨਲ ਹਾਈਵੇ 'ਤੇ ਇੱਕ ਕਾਰ ਨੂੰ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਉਹ ਆਪਣੀ ਟੀਮ ਸਮੇਤ ਫੱਤੂਵਾਲਾ ਕੈਂਚੀਆਂ ਨੇੜੇ ਪੁਲ 'ਤੇ ਪਹੁੰਚੇ, ਜਿੱਥੇ ਕਾਰ ਨੂੰ ਅੱਗ ਲੱਗੀ ਹੋਈ ਸੀ।ਉਨ੍ਹਾਂ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਤੇ ਖੁਦ ਵੀ ਅੱਗ 'ਤੇ ਕਾਬੂ ਪਾਉਣ ਲਈ ਯਤਨ ਸ਼ੁਰੂ ਕਰ ਦਿੱਤੇ।ਇਸ ਦੌਰਾਨ ਮੌਕੇ 'ਤੇ ਇਕੱਠੇ ਹੋਏ ਪਿੰਡ ਵਾਸੀਆਂ ਵੱਲੋਂ ਪਾਣੀ ਵਾਲੀ ਟੈਂਕੀ ਦੀ ਮਦਦ ਨਾਲ ਵੀ ਅੱਗ ਬੁਝਾਉਣ ਦੇ ਯਤਨ ਕੀਤੇ ਗਏ।ਫਾਇਰ ਬ੍ਰਿਗੇਡ ਦੇ ਮੁਲਾਜ਼ਮ ਗੁਰਦਾਸ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਵਾਹਨ ਚਾਲਕ ਵੱਲੋਂ ਘਟਨਾ ਦੀ ਸੂਚਨਾ ਦਿੱਤੀ ਗਈ ਸੀ, ਜਿਸ ਤੋਂ ਬਾਅਦ ਉਹ ਸੰਗਰੂਰ ਸਟੇਸ਼ਨ ਤੋਂ ਫਾਇਰ ਬ੍ਰਿਗੇਡ ਦੀ ਗੱਡੀ ਲੈ ਕੇ ਮੌਕੇ 'ਤੇ ਪਹੁੰਚੇ ਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ।ਕਾਰ ਸਵਾਰ ਦੀਪਕ ਕੁਮਾਰ ਨੇ ਦੱਸਿਆ ਕਿ ਉਹ ਆਪਣੇ ਪਰਵਾਰ ਸਮੇਤ ਕਾਰ ਰਾਹੀਂ ਪੁਲ 'ਤੇ ਚੜ੍ਹ ਰਹੇ ਸਨ।ਇਸੇ ਦੌਰਾਨ ਅਚਾਨਕ ਕਾਰ ਦੇ ਅੱਗੇ ਹਿੱਸੇ ਵਿੱਚੋਂ ਧੂੰਆਂ ਨਿਕਲਣਾ ਸ਼ੁਰੂ ਹੋ ਗਿਆ।ਹਾਲਾਤ ਨੂੰ ਭਾਂਪਦਿਆਂ ਉਸ ਨੇ ਤੁਰੰਤ ਕਾਰ ਰੋਕ ਦਿੱਤੀ ਤੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਸੁਰੱਖਿਅਤ ਢੰਗ ਨਾਲ ਕਾਰ ਵਿੱਚੋਂ ਬਾਹਰ ਕੱਢ ਲਿਆ।ਪਰਵਾਰ ਦੇ ਬਾਹਰ ਨਿਕਲਣ ਤੋਂ ਕੁਝ ਹੀ ਸਮੇਂ ਬਾਅਦ ਕਾਰ ਨੇ ਅੱਗ ਦਾ ਭਿਆਨਕ ਰੂਪ ਧਾਰ ਲਿਆ ਤੇ ਦੇਖਦੇ ਹੀ ਦੇਖਦੇ ਕਾਰ ਅੱਗ ਦੀਆਂ ਲਪਟਾਂ ਵਿੱਚ ਘਿਰ ਗਈ।ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

## ਸਿਵਲ ਹਸਪਤਾਲ ਫਰੀਦਕੋਟ ਵਿਖੇ ਖ਼ੂਨਦਾਨ ਕੈਂਪ ਲਗਾਇਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸਿਵਲ ਹਸਪਤਾਲ ਫਰੀਦਕੋਟ ਵਿਖੇ ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪੁਨੀਤ ਕਾਜਲ ਦੇ ਯਤਨਾਂ ਸਦਕਾ ਬਲੱਡ ਸੈਂਟਰ ਸਿਵਲ ਹਸਪਤਾਲ ਫਰੀਦਕੋਟ ਨੂੰ ਮੁੜ ਚਾਲੂ ਕੀਤਾ ਗਿਆ।ਇਸ ਮੌਕੇ ਸੇਵਕ ਸਿੰਘ ਧੁਰਕੋਟ, ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਕਿਸਾਨ ਵਿੰਗ ਇੰਚਾਰਜ, ਵੱਲੋਂ ਆਪਣੇ ਨੌਜਵਾਨ ਸਾਥੀਆਂ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਵੱਲੋਂ ਖ਼ੂਨਦਾਨੀਆਂ, ਸਹਿਯੋਗੀਆਂ ਤੇ ਪ੍ਰਬੰਧਕਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਬਲੱਡ ਸੈਂਟਰ ਦਾ ਕੰਮ ਮੁੜ ਸ਼ੁਰੂ ਹੋਣ 'ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਲੋਕਾਂ ਨੂੰ ਨਿਰਵਿਘਨ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ ਤੇ ਸਾਨੂੰ ਸਵੈ-ਇੱਛਾ ਨਾਲ ਖ਼ੂਨਦਾਨ ਕਰਕੇ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਆਸ-ਪਾਸ ਦੇ ਪਿੰਡਾਂ ਦੇ ਵੱਧ ਤੋਂ ਵੱਧ ਲੋਕਾਂ ਨੂੰ ਸਿਵਲ ਹਸਪਤਾਲ ਫਰੀਦਕੋਟ ਵਿਖੇ ਸਥਾਪਿਤ ਬਲੱਡ ਸੈਂਟਰ ਵਿਖੇ ਖ਼ੂਨਦਾਨ ਕੈਂਪ ਲਗਾਉਣ ਤੇ ਖ਼ੂਨਦਾਨ ਕਰਨ ਦੀ ਅਪੀਲ ਕੀਤੀ।ਇਸ ਮੌਕੇ ਡਾ. ਰੀਚਾ ਗਰਗ, ਮੈਡੀਕਲ ਅਫ਼ਸਰ ਬੀ.ਟੀ.ਓ., ਮੈਡੀਕਲ ਅਫ਼ਸਰ ਡਾ. ਗਗਨ ਬਜਾਜ, ਡਿਪਟੀ ਮਾਸ ਮੀਡੀਆ ਅਫ਼ਸਰ ਸੁਧੀਰ ਧੀਰ, ਡਿਪਟੀ ਮਾਸ ਮੀਡੀਆ ਅਫ਼ਸਰ ਡਾ. ਪ੍ਰਭਦੀਪ ਸਿੰਘ ਚਾਵਲਾ, ਡਾ. ਹਰਜੋਤ ਕੌਰ, ਡੀ.ਆਰ.ਪੀ. ਆਈ.ਐੱਚ.ਬੀ.ਟੀ., ਹਰੀ ਸਿੰਘ ਐੱਮ.ਐੱਲ.ਟੀ., ਕਰਮਜੀਤ ਕੌਰ ਐੱਮ.ਐੱਲ.ਟੀ., ਜਸਪ੍ਰੀਤ ਕੌਰ ਐੱਮ.ਐੱਲ.ਟੀ., ਫਾਰਮੇਸੀ ਅਫ਼ਸਰ ਅਰਸ਼ਦੀਪ ਸਿੰਘ, ਕਰਮਵੀਰ ਕੌਰ, ਮਨਪ੍ਰੀਤ ਸਿੰਘ ਅਤੇ ਗਗਨਦੀਪ ਕੌਰ ਹਾਜ਼ਰ ਸਨ।

## ਰੱਖੜੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਭੈਣ-ਭਰਾ ਦੇ ਪਵਿੱਤਰ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਹਾਰ ਬੜੀ ਹੀ ਧੂਮ-ਧਾਮ, ਉਤਸ਼ਾਹ ਅਤੇ ਸਰਧਾ ਨਾਲ ਮਨਾਇਆ ਗਿਆ।ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਰੌਣਕ ਵੇਖਣ ਨੂੰ ਮਿਲੀ, ਜਿੱਥੇ ਭੈਣਾਂ ਆਪਣੇ ਵੀਰਾਂ ਲਈ ਸੁੰਦਰ ਅਤੇ ਆਕਰਸ਼ਕ ਰੱਖੜੀਆਂ ਦੀ ਖਰੀਦਦਾਰੀ ਕਰਦੀਆਂ ਨਜ਼ਰ ਆਈਆਂ।ਤਿਉਹਾਰ ਦੇ ਮੱਦੇਨਜ਼ਰ ਸ਼ਹਿਰ ਦੀਆਂ ਮਿਠਾਈਆਂ, ਕੌਸਮੈਟਿਕ, ਕੱਪੜਿਆਂ ਤੇ ਰੈਡੀਮੇਡ ਗਾਰਮੈਂਟਸ ਦੀਆਂ ਦੁਕਾਨਾਂ 'ਤੇ ਗਾਹਕਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ।ਲੜਕੀਆਂ ਨੇ ਆਪਣੀ ਪਸੰਦ ਦੀਆਂ ਰੰਗ-ਬਿਰੰਗੀਆਂ ਰੱਖੜੀਆਂ, ਮਿਠਾਈਆਂ ਤੇ ਤੋਹਫ਼ੇ ਖਰੀਦ ਕੇ ਆਪਣੇ ਭਰਾਵਾਂ ਦੇ ਗੁੱਟਾਂ 'ਤੇ ਬੰਨ੍ਹੇ ਅਤੇ ਉਨ੍ਹਾਂ ਦੀ ਲੰਮੀ ਉਮਰ ਤੇ ਸੁੱਖ-ਸਾਂਦ ਦੀ ਅਰਦਾਸ ਕੀਤੀ।ਭਰਾਵਾਂ ਨੇ ਵੀ ਆਪਣੀਆਂ ਭੈਣਾਂ ਨੂੰ ਸ਼ਗਨ ਅਤੇ ਮਨਭਾਉਂਦੇ ਤੋਹਫ਼ੇ ਦੇ ਕੇ ਉਨ੍ਹਾਂ ਦੀ ਰੱਖਿਆ ਕਰਨ ਦਾ ਵਚਨ ਦਿੱਤਾ। ਦੂਜੇ ਪਾਸੇ, ਹੱਦਬੰਨ੍ਹੇ ਟੱਪ ਰਹੀ ਮਹਿੰਗਾਈ ਨੇ ਆਮ ਲੋਕਾਂ ਦੀ ਜੇਬ 'ਤੇ ਡਾਕਾ ਜ਼ਰੂਰ ਮਾਰਿਆ ਹੈ।

## ਕਾਂਗਰਸ ਪਾਰਟੀ ਵੱਲੋਂ ਮਹਿੰਗਾਈ ਵਿਰੁੱਧ ਵਿਸ਼ਾਲ ਰੈਲੀ




**ਸਮਰਾਲਾ (ਸੁਰਜੀਤ ਸਿੰਘ)**

ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਦਿੱਤੀ ਕਾਲ ਦੇ ਸਮਰਥਨ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਥੇ ਕਾਂਗਰਸ ਪਾਰਟੀ ਦੇ ਪੁਲਸ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਪਾਇਲ ਦੀ ਅਗਵਾਈ ਵਿੱਚ ਲੱਕ ਤੋੜਵੀਂ ਮਹਿੰਗਾਈ ਦੇ ਮੁੱਦੇ ਨੂੰ ਲੈ ਕੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਸਥਾਨਕ ਮੁੱਖ ਚੌਕ ਵਿੱਚ ਵਿਸ਼ਾਲ ਰੈਲੀ ਕੀਤੀ ਗਈ, ਜਿਸ ਵਿਚ ਕਾਂਗਰਸ ਪਾਰਟੀ ਦੇ ਸਮਰਾਲਾ ਤੇ ਮਾਛੀਵਾੜਾ ਦੇ ਆਗੂਆਂ ਤੇ ਸਰਗਰਮ ਵਰਕਰਾਂ ਨੇ ਭਾਗ ਲਿਆ।ਇਸ ਮੌਕੇ ਕਾਂਗਰਸ ਪਾਰਟੀ ਦੇ ਵਰਕਰਾਂ ਨੇ ਇਕੱਤਰ ਹੋ ਕੇ ਕੇਂਦਰ ਤੇ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ। ਰੈਲੀ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ 'ਤੇ ਵਰ੍ਹਦਿਆਂ ਕਿਹਾ ਕਿ ਕੇਂਦਰ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਸਿਰਫ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਹੀ ਪੂਰਤੀ ਕਰਦੀ ਹੈ, ਉਨ੍ਹਾਂ ਨੂੰ ਇਸ ਗੱਲ ਦਾ ਕੋਈ ਇਲਮ ਨਹੀਂ ਕਿ ਦੇਸ਼ ਦੇ ਕਿਸਾਨ ਮਜ਼ਦੂਰ, ਵਪਾਰੀ, ਮੁਲਾਜ਼ਮ ਤੇ ਛੋਟਾ ਕਾਰੋਬਾਰੀ ਕਿਸ ਹਾਲ ਵਿੱਚ ਆਪਣੀ ਗੁਜ਼ਰ ਬਸਰ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਰੋਜ਼ਾਨਾ ਵਰਤੋਂ ਵਿਚ ਆਉਣ ਵਾਲੀਆਂ ਵਸਤਾਂ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ, ਜਿਸ ਕਾਰਨ ਲੋਕਾਂ ਦਾ ਜੀਣਾ ਮੁਹਾਲ ਹੋ ਗਿਆ ਹੈ, ਪਰ ਸਰਕਾਰ ਨੂੰ ਕੋਈ ਪ੍ਰਵਾਹ ਨਹੀਂ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਦੀ ਸਰਕਾਰ ਵੀ ਕੇਂਦਰ ਦੀ ਭਾਜਪਾ ਸਰਕਾਰ ਦੇ ਹੀ ਨਕਸ਼ੇ ਕਦਮ ਤੇ ਚਲਦੀ ਹੋਈ ਮਜ਼ਦੂਰ ਮੁਲਾਜ਼ਮ ਤੇ ਦੱਬੇ ਕੁਚਲੇ ਵਰਗਾਂ ਨੂੰ ਨਜ਼ਰ ਅੰਦਾਜ਼ ਕਰ ਰਹੀ ਹੈ।ਉਨ੍ਹਾਂ ਪੰਜਾਬ ਦੇ ਮੁਲਾਜ਼ਮਾਂ ਦੀ ਹੜਤਾਲ ਤੇ ਉਨ੍ਹਾਂ ਦੀਆਂ ਮੰਗਾਂ ਦਾ ਸਮਰਥਨ ਕੀਤਾ।ਉਨ੍ਹਾਂ ਕਿਹਾ ਕਿ ਚਰਨਜੀਤ ਚੰਨੀ ਦੀ ਅਗਵਾਈ ਵਾਲੀ ਤਿੰਨ ਮਹੀਨੇ ਦੀ ਸਰਕਾਰ ਨੇ ਡੀਜ਼ਲ, ਪੈਟਰੋਲ ਤੇ ਬਿਜਲੀ ਬਿੱਲਾਂ ਵਿੱਚ ਭਾਰੀ ਕਟੌਤੀ ਕਰ ਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਸੀ, ਜਿਸ ਨੂੰ ਪੰਜਾਬ ਦੇ ਲੋਕ ਅੱਜ ਵੀ ਚੇਤੇ ਕਰਦੇ ਹਨ।ਇਸ ਮੌਕੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਕਸਤੂਰੀ ਲਾਲ ਮਿੰਟੂ ਤੇ ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ ਨੇ ਵੀ ਸੰਬੋਧਨ ਕੀਤਾ।

## ਕੌਂਸਲਰ ਨੇ ਸੀਵਰੇਜ ਸਿਸਟਮ ਦੀ ਮਸ਼ੀਨ ਨਾਲ ਕਰਵਾਈ ਸਫਾਈ

### ਲੋਕਾਂ ਨੂੰ ਨਾਲਿਆਂ 'ਚ ਕੂੜਾ ਤੇ ਲਿਫਾਫੇ ਨਾ ਸੁੱਟਣ ਦੀ ਅਪੀਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਵਾਰਡ ਨੰਬਰ 17 ਦੀ ਕੌਂਸਲਰ ਮੋਨਿਕਾ ਗੋਇਲ ਵੱਲੋਂ ਆਪਣੇ ਵਾਰਡ ਵਿੱਚ ਸੀਵਰੇਜ ਤੇ ਨਾਲਿਆਂ ਦੀ ਸਾਫ਼-ਸਫ਼ਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ, ਜਿਸ ਦਾ ਉਦੇਸ਼ ਵਾਰਡ ਵਿੱਚ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣਾ ਤੇ ਸੀਵਰੇਜ ਜਾਮ ਹੋਣ ਵਰਗੀਆਂ ਸਮੱਸਿਆਵਾਂ ਤੋਂ ਲੋਕਾਂ ਨੂੰ ਰਾਹਤ ਦਿਵਾਉਣਾ ਹੈ।ਇਸ ਮੌਕੇ ਐੱਮ ਸੀ ਮੋਨਿਕਾ ਗੋਇਲ ਦੇ ਪਤੀ ਪਰਵਿੰਦਰ ਗੋਇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਤੇ ਵਾਰਡ ਵਿੱਚ ਸਾਫ਼-ਸਫ਼ਾਈ ਨੂੰ ਬਣਾਈ ਰੱਖਣਾ ਸਿਰਫ਼ ਪ੍ਰਸ਼ਾਸਨ ਜਾਂ ਨਗਰ ਕੌਂਸਲ ਦੀ ਹੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਸ਼ਹਿਰ ਵਾਸੀ ਨੂੰ ਵੀ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਕਸਰ ਨਾਲਿਆਂ ਤੇ ਸੀਵਰੇਜ ਵਿੱਚ ਕੂੜਾ-ਕਰਕਟ ਸੁੱਟਣ ਕਾਰਨ ਪਾਣੀ ਦੀ ਨਿਕਾਸੀ ਵਿੱਚ ਰੁਕਾਵਟ ਪੈਦਾ ਹੁੰਦੀ ਹੈ ਤੇ ਨਾਲੇ ਜਾਮ ਹੋ ਜਾਂਦੇ ਹਨ, ਜਿਸ ਕਾਰਨ ਬਰਸਾਤ ਜਾਂ ਹੋਰ ਸਮੇਂ ਗੰਦਾ ਪਾਣੀ ਸੜਕਾਂ ਤੇ ਗਲੀਆਂ ਵਿੱਚ ਖੜ੍ਹਾ ਹੋਣ ਦੀ ਸਮੱਸਿਆ ਪੈਦਾ ਹੋ ਜਾਂਦੀ ਹੈ।ਪਰਵਿੰਦਰ ਗੋਇਲ ਨੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਾਲਿਆਂ ਵਿੱਚ ਕੂੜਾ ਨਾ ਸੁੱਟਿਆ ਜਾਵੇ ਤੇ ਕੂੜੇ ਨੂੰ ਨਗਰ ਕੌਂਸਲ ਵੱਲੋਂ ਵਾਰਡ ਵਾਈਜ਼ ਲਗਾਈਆਂ ਗਈਆਂ ਗੱਡੀਆਂ ਵਿੱਚ ਹੀ ਪਾਇਆ ਜਾਵੇ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਇਆ ਜਾ ਸਕਦਾ ਹੈ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਐਕਸਟੈਂਪੋਰ ਮੁਕਾਬਲੇ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਵੱਲੋਂ ਰੈਗਿੰਗ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਐਕਸਟੈਂਪੋਰ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਵਿਭਾਗ ਦੇ ਵਿਦਿਆਰਥੀਆਂ ਨੇ ਨੈਤਿਕ ਕੈਂਪਸ ਦਾ ਨਿਰਮਾਣ ਵਿਸ਼ੇ 'ਤੇ ਆਪਣੇ ਵਿਚਾਰ ਪੇਸ਼ ਕਰਦਿਆਂ ਰੈਗਿੰਗ ਵਿਰੁੱਧ ਜਾਗਰੂਕਤਾ ਦਾ ਸੰਦੇਸ਼ ਦਿੱਤਾ।ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੈਗਿੰਗ ਦੇ ਵੱਖ-ਵੱਖ ਰੂਪਾਂ ਅਤੇ ਇਸ ਦੇ ਗੰਭੀਰ ਨਤੀਜਿਆਂ ਪ੍ਰਤੀ ਜਾਗਰੂਕ ਕਰਨਾ ਸੀ।ਇਹ ਸਮਾਗਮ ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਰੈਗਿੰਗ ਨਾਲ ਸਬੰਧਤ ਘਟਨਾਵਾਂ ਦੀ ਗੰਭੀਰਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਰੈਗਿੰਗ ਨੂੰ ਰੋਕਣ ਲਈ ਵਿਦਿਆਰਥੀਆਂ ਵਿੱਚ ਸਮੂਹਕ ਜ਼ਿੰਮੇਵਾਰੀ ਤੇ ਜਾਗਰੂਕਤਾ ਪੈਦਾ ਕਰਨਾ ਬੇਹੱਦ ਜ਼ਰੂਰੀ ਹੈ।ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਰੈਗਿੰਗ ਦੇ ਗੰਭੀਰ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਤੇ ਕੈਂਪਸ ਵਿੱਚ ਨੈਤਿਕਤਾ, ਸਨਮਾਨ ਤੇ ਸਦਭਾਵਨਾ ਵਾਲਾ ਮਾਹੌਲ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।ਮੁਕਾਬਲੇ ਵਿੱਚ ਬੀ.ਏ.ਜੇ.ਐਮ.ਸੀ. ਭਾਗ ਪਹਿਲਾ ਦੀਆਂ ਜਸਪਾਲ ਕੌਰ ਤੇ ਨਾਜ਼ੀਆ ਤੇ ਬੀ.ਏ. ਭਾਗ ਪਹਿਲਾ ਦੇ ਸੌਰਵਪ੍ਰੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਵਿਭਾਗ ਵੱਲੋਂ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਮੌਕੇ ਕਰਵਾਏ ਗਏ ਫ਼ੋਟੋ ਫੀਚਰ ਤੇ ਫ਼ੋਟੋਗ੍ਰਾਫ਼ੀ ਮੁਕਾਬਲਿਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪੱਤਰਕਾਰੀ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼ ਤੇ ਪ੍ਰੋ. ਭਵਨੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਰੈਗਿੰਗ ਵਿਰੁੱਧ ਜਾਗਰੂਕ ਰਹਿਣ ਤੇ ਐਂਟੀ-ਰੈਗਿੰਗ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।

## ਹਾਰਮਨੀ ਕਾਲਜ 'ਚ ਮਹਾਰਿਸ਼ੀ ਚਰਕ ਜਯੰਤੀ ਸਪਤਾਹ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਦੇ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਮਹਾਰਿਸ਼ੀ ਚਰਕ ਜਯੰਤੀ ਸਪਤਾਹ ਦੇ ਸਬੰਧ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। 'ਸੰਹਿਤਾ ਸਿਧਾਂਤ ਤੇ ਸੰਸਕ੍ਰਿਤ ਵਿਭਾਗ' ਵੱਲੋਂ ਆਯੋਜਿਤ ਇਸ ਪ੍ਰੋਗਰਾਮ ਵਿੱਚ ਬੀ ਏ ਐੱਮ ਐੱਸ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਆਯੁਰਵੇਦ ਦੇ ਪ੍ਰਚਾਰ ਤੇ ਸਮਾਜ ਸੇਵਾ ਲਈ ਸਹੁੰ ਵੀ ਚੁਕਾਈ ਗਈ।

ਸਮਾਗਮ ਦੀ ਸ਼ੁਰੂਆਤ ਸ਼ਰੁਤੀ, ਮਹਿਕ, ਅਦਿਤੀ, ਅਰਪਿਤਾ ਤੇ ਪੂਜਾ ਵੱਲੋਂ ਗਾਈ ਧਨਵੰਤਰੀ ਵੰਦਨਾ ਨਾਲ ਹੋਈ। ਇਸ ਮੌਕੇ ਕਾਲਜ ਦੇ ਚੇਅਰਮੈਨ ਧਰਮਪਾਲ ਬਾਂਸਲ, ਡਾਇਰੈਕਟਰ ਜੋਗੇਸ਼ ਬਾਂਸਲ ਤੇ ਪ੍ਰਿੰਸੀਪਲ ਡਾ. ਮਹਿੰਦਰ ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਪ੍ਰੋਗਰਾਮ ਦਾ ਸੰਚਾਲਨ ਜਾਨਵੀ ਤੇ ਸ਼ਹੀਨ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ।

ਬੀ ਏ ਐੱਮ ਐੱਸ ਪਹਿਲੇ ਸਾਲ ਦੇ ਵਿਦਿਆਰਥੀਆਂ ਅੰਮ੍ਰਿਤਪਾਲ, ਪਲਕ, ਕਾਜਲ, ਰਾਣੀ, ਕ੍ਰਿਤੀ, ਪ੍ਰਗਤੀ, ਕਾਦਿਰ, ਸਹਿਜ ਤੇ ਸਿੱਧੀ ਨੇ ਮਹਾਰਿਸ਼ੀ ਚਰਕ ਦੇ ਜੀਵਨ ਤੇ ਆਯੁਰਵੇਦ ਵਿਚ ਉਨ੍ਹਾਂ ਦੇ ਅਤੁਲ ਯੋਗਦਾਨ 'ਤੇ ਅਧਾਰਤ ਪ੍ਰਤੀਯੋਗਤਾਵਾਂ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਕੁਇੱਜ਼, ਨਾਟਕ (ਸਕਿੱਟ) ਤੇ ਭਾਸ਼ਣ ਮੁਕਾਬਲਿਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਐੱਮ ਪੀ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਰਿਸ਼ੀ ਚਰਕ ਦੇ ਚਿਕਿਤਸਾ ਸਿਧਾਂਤ ਅੱਜ ਵੀ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਉਹ ਆਯੁਰਵੇਦ ਦੇ ਪ੍ਰਚਾਰ-ਪ੍ਰਸਾਰ, ਸਹੀ ਖਾਣ-ਪੀਣ ਤੇ ਬਿਹਤਰ ਜੀਵਨ ਸ਼ੈਲੀ ਬਾਰੇ ਲੋਕਾਂ ਨੂੰ ਜਾਗਰੂਕ ਕਰਨ।

ਸਮਾਗਮ ਦੌਰਾਨ ਡਾ. ਗੋਇਲ ਵੱਲੋਂ ਵਿਦਿਆਰਥੀਆਂ ਨੂੰ ਆਯੁਰਵੇਦ ਦੀ ਉੱਨਤੀ ਤੇ ਜਨ-ਸੇਵਾ ਲਈ ਸਹੁੰ ਚੁਕਾਈ ਗਈ। ਇਸ ਮੌਕੇ ਕਾਲਜ ਦੇ ਸਮੂਹ ਅਧਿਆਪਕ ਤੇ ਸਟਾਫ਼ ਮੈਂਬਰ ਹਾਜ਼ਰ ਸਨ।

## ਸੰਗਤ ਮੈਂਟਲ ਹੈਲਥ ਕਲੱਬ ਨੇ ਸਿਖਲਾਈ ਕੈਂਪ ਲਾਇਆ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਪ੍ਰਿੰਸੀਪਲ ਡਾ. ਪੂਜਾ ਤੱਲਾ ਦੀ ਅਗਵਾਈ ਵਿੱਚ ਡਾਇਰੈਕਟਰ ਹਾਇਰ ਐਜੂਕੇਸ਼ਨ ਦੇ ਨਿਰਦੇਸ਼ਾਂ ਅਨੁਸਾਰ ਸੰਗਤ ਮੈਂਟਲ ਹੈਲਥ ਕਲੱਬ ਵੱਲੋਂ ਤਿੰਨ ਰੋਜ਼ਾ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਸਿਖਲਾਈ ਕੈਂਪ ਦਾ ਆਰੰਭ 25 ਅਗਸਤ ਨੂੰ ਹੋਇਆ।ਕੈਂਪ ਵਿੱਚ ਬਤੌਰ ਮੁੱਖ ਵਕਤਾ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਅੰਮ੍ਰਿਤਪਾਲ ਸਿੰਘ ਉਚੇਚੇ ਤੌਰ 'ਤੇ ਤਿੰਨੇ ਦਿਨ ਹਾਜ਼ਰ ਰਹੇ।ਇਸ ਸਿਖਲਾਈ ਕੈਂਪ ਵਿੱਚ ਵਿਭਾਗ ਵੱਲੋਂ ਚੁਣੇ ਹੋਏ।ਪੰਦਰਾਂ ਵਿਦਿਆਰਥੀਆਂ ਨੇ ਹਿੱਸਾ ਲਿਆ।ਸਿਖਲਾਈ ਕੈਂਪ ਦਾ ਮਕਸਦ ਅਜੋਕੇ ਦੌਰ ਵਿੱਚ ਸਿੱਖਿਆ ਸੰਸਥਾਵਾਂ ਵਿੱਚ ਨੌਜਵਾਨ ਵਿਦਿਆਰਥੀਆਂ ਨੂੰ ਦਰਪੇਸ਼ ਮਾਨਸਿਕ ਸਮੱਸਿਆਵਾਂ ਦੇ ਹੱਲ ਸਮਝਾਉਣ ਹੈ।ਚੁਣੇ ਹੋਏ ਸਿਖਲਾਈ ਲੈਣ ਵਾਲੇ ਵਿਦਿਆਰਥੀ ਭਵਿੱਖ ਵਿੱਚ ਕਾਲਜ ਕੈਂਪਸ ਵਿੱਚ ਵਿਦਿਆਰਥੀਆਂ ਦੀਆਂ ਮਾਨਸਿਕ ਸਮੱਸਿਆਵਾਂ ਨੂੰ ਹੱਲ ਕਰਨ ਲਈ ਇਕ ਗਾਈਡ ਤੇ ਸਹਿਯੋਗੀ ਵਜੋਂ ਭੂਮਿਕਾ ਨਿਭਾਉਣਗੇ।

## ਪੈਨਸ਼ਨਰਜ਼ ਜਥੇਬੰਦੀਆਂ ਨੇ ਫੂਕਿਆ ਸਰਕਾਰ ਦਾ ਪੁਤਲਾ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਦੀਆਂ ਮੁਲਾਜ਼ਮ ਜਥੇਬੰਦੀਆਂ ਤੇ ਪੰਜਾਬ ਸਰਕਾਰ 'ਚ ਕਸ਼ਮਕਸ਼ ਤੇਜ਼ ਹੋ ਗਈ ਹੈ।ਸਰਕਾਰ ਵੱਲੋਂ ਮੁਲਾਜ਼ਮ ਤੇ ਪੈਨਸ਼ਨਰਜ਼ ਜਥੇਬੰਦੀਆਂ ਨਾਲ ਨਿਸ਼ਚਿਤ ਕੀਤੀ ਮੀਟਿੰਗ ਤੋਂ ਕਥਿਤ ਰੂਪ 'ਚ ਭਗੌੜਾ ਹੋਣ ਤੇ ਸਮੂਹਕ ਛੁੱਟੀ ਲੈਣ ਵਾਲੇ ਲੱਖਾਂ ਕਰਮਚਾਰੀਆਂ ਖਿਲਾਫ ਕਾਰਵਾਈ ਕਰਨ ਦੇ ਆਦੇਸ਼ ਜਾਰੀ ਹੋਣ 'ਤੇ ਮੁਲਾਜ਼ਮ ਵਰਗ 'ਚ ਰੋਹ ਦੀ ਲਹਿਰ ਦੇਖੀ ਜਾ ਰਹੀ ਹੈ।ਅੱਜ ਇਥੇ ਰੈਵੀਨਿਊ ਪਟਵਾਰ ਯੂਨੀਅਨ ਦੇ ਪ੍ਰਧਾਨ ਹਰਮੇਸ਼ ਸਿੰਘ ਤੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਦੀ ਅਗਵਾਈ 'ਚ ਤਹਿਸੀਲ ਦਫਤਰ ਦੇ ਕਰਮਚਾਰੀਆਂ ਨੇ ਸਰਕਾਰ ਖਿਲਾਫ ਮੀਟਿੰਗ ਕਰਨ ਉਪਰੰਤ ਬਸ ਸਟੈਂਡ ਨੇੜੇ ਭਗਵੰਤ ਮਾਨ ਸਰਕਾਰ ਦੀ ਅਰਥੀ ਸਾੜੀ।ਇਸ ਮੌਕੇ ਮੁਜ਼ਾਹਰਾਕਾਰੀਆਂ ਨੂੰ ਡੀ ਟੀ ਐੱਫ ਦੇ ਆਗੂ ਪਰਮਜੀਤ ਦੁੱਗਲ, ਪੈਨਸ਼ਨਰਜ਼ ਫਰੰਟ ਦੇ ਪ੍ਰਧਾਨ ਅਸ਼ੋਕ ਕੁਮਾਰ ਭੰਡਾਰੀ, ਬਲਵਿੰਦਰ ਸਿੰਘ ਪਟਵਾਰੀ ਤੇ ਟ੍ਰੇਡ ਯੂਨੀਅਨ ਆਗੂ ਜੋਗਿੰਦਰ ਆਜ਼ਾਦ ਨੇ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ ਸਰਕਾਰ ਦੀਆਂ ਕਥਿਤ ਰੂਪ 'ਚ ਬਦਲਾਖੋਰ ਕਾਰਵਾਈਆਂ ਨੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰ ਦੇਣਾ ਹੈ। ਇਸ ਮੌਕੇ ਕੁਲਦੀਪ ਕੁਮਾਰ ਗੁਰਦੇਵ ਸਿੰਘ ਕਾਨੂੰਗੋ ਤੇ ਮਨਪ੍ਰੀਤ ਸਿੰਘ ਰੀਡਰ, ਅਭਿਸ਼ੇਕ ਚੋਪੜਾ, ਅਮਰਿੰਦਰ ਸਿੰਘ, ਧਰਮ ਪਾਲ, ਜਸ਼ਨ ਦੀਪ, ਹਰਮਨਪ੍ਰੀਤ, ਪਿਆਰਾ ਸਿੰਘ, ਰੁਪਿੰਦਰ ਕੌਰ, ਮਨਪ੍ਰੀਤ ਸੁਮਨ ਤੇ ਕਮਲਦੀਪ ਕੌਰ ਮੌਜੂਦ ਸਨ।

## 1 ਸਤੰਬਰ ਦੇ ਚੰਡੀਗੜ੍ਹ ਧਰਨੇ ਸੰਬੰਧੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡਾਂ 'ਚ ਮੀਟਿੰਗਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਬਲਾਕ ਬਾਘਾ ਪੁਰਾਣਾ ਦੇ ਸਾਥੀਆ ਵੱਲੋਂ 1 ਸਤੰਬਰ ਨੂੰ ਚੰਡੀਗੜ੍ਹ ਵਿੱਚ ਲੱਗਣ ਵਾਲੇ ਧਰਨੇ ਨੂੰ ਮੁੱਖ ਰੱਖਦੇ ਹੋਏ ਪਿੰਡ ਮਾੜੀ ਮੁਸਤਫਾ ਤੇ ਵੈਰੋਕੇ ਵਿੱਚ ਮੀਟਿੰਗਾਂ ਕੀਤੀਆਂ ਗਈਆਂ। ਇਹ ਮੀਟਿੰਗ ਕਿਰਤੀ ਕਿਸਾਨ ਯੂਨੀਅਨ ਦੇ ਯੂਥ ਵਿੰਗ ਆਗੂ ਬਲਕਰਨ ਸਿੰਘ ਵੈਰੋਕੇ ਦੀ ਪ੍ਰਧਾਨਗੀ ਹੇਠ ਕੀਤੀਆਂ ਗਈਆਂ। ਇਸ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਆਗੂ ਚਮਕੌਰ ਸਿੰਘ ਰੋਡੇ ਨੇ ਸ਼ਿਰਕਤ ਕੀਤੀ। ਇਸ ਮੌਕੇ ਸੂਬਾ ਆਗੂ ਚਮਕੌਰ ਸਿੰਘ ਰੋਡੇ ਨੇ 1 ਸਤੰਬਰ ਨੂੰ ਚੰਡੀਗੜ੍ਹ ਦੇ 48, 49 ਸੈਕਟਰ ਵਿੱਚ ਲੱਗਣ ਵਾਲੇ ਧਰਨੇ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ ਪਾਣੀਆਂ ਦੇ ਮਸਲੇ, ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਫ੍ਰੀ ਟਰੇਡ ਐਗਰੀਮੈਂਟ ਨੂੰ ਰੱਦ ਕਰਵਾਉਣਾ, ਪੰਜਾਬ ਦੇ ਲੋਕਾ ਸਿਰ ਚੜ੍ਹੇ ਕਰਜ਼ੇ ਨੂੰ ਮੁਆਫ ਕਰਵਾਉਣਾ ਤੇ 6 ਫਸਲਾ ਦੇ ਪੱਕੇ ਰੇਟ ਤੇ ਐਮ ਐਸ ਪੀ ਤੇ ਹੋਰ ਕਈ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿੱਚ 7 ਦਿਨਾਂ ਦਾ ਧਰਨਾ ਲਾਇਆ ਜਾਵੇਗਾ। ਇਸ ਮੌਕੇ ਬਲਾਕ ਸਕੱਤਰ ਬਲਜੀਤ ਸਿੰਘ ਪਿੰਡ ਲੰਡੇ ਨੇ ਦੱਸਿਆ ਕਿ 31 ਅਗਸਤ ਨੂੰ ਠੀਕ 11 ਵਜੇ ਪਿੰਡ ਅਜੀਤਵਾਲ ਦੀ ਦਾਣਾ ਮੰਡੀ ਵਿੱਚ ਟਰੈਕਟਰ ਟਰਾਲੀਆਂ 'ਤੇ ਇਕੱਠੇ ਹੋ ਕੇ ਚੰਡੀਗੜ੍ਹ ਨੂੰ ਰਵਾਨਾ ਹੋ ਜਾਵਾਂਗੇ ਅਤੇ ਨਾਲ ਹੀ ਲੰਗਰ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਮੀਟਿੰਗ ਵਿੱਚ ਸ਼ਾਮਲ ਹੋਏ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਕਿਰਤੀ ਕਿਸਾਨ ਯੂਨੀਅਨ ਬਲਾਕ ਬਾਘਾ ਪੁਰਾਣਾ ਵਿੱਚੋਂ ਵੱਡੀ ਗਿਣਤੀ ਵਿੱਚ ਟਰੈਕਟਰ ਟਰਾਲੀਆਂ ਦਾ ਕਾਫਲਾ ਚੰਡੀਗੜ੍ਹ ਦੇ ਧਰਨੇ ਵਿੱਚ ਸ਼ਮੂਲੀਅਤ ਕਰੇਗਾ। ਇਸ ਮੌਕੇ ਬਲਾਕ ਆਗੂ ਸਾਧੂ ਸਿੰਘ ਲੰਡੇ, ਨਿਰਮਲ ਸਿੰਘ, ਕਰਨੈਲ ਸਿੰਘ ਨੱਥੂਵਾਲਾ ਗਰਬੀ, ਜੋਗਿੰਦਰ ਸਿੰਘ, ਜਸਵਿੰਦਰ ਸਿੰਘ, ਵੀਰ ਸਿੰਘ, ਇਕਬਾਲ ਸਿੰਘ ਸਤਬੀਰ ਸਿੰਘ ਤੇ ਅਮਰਜੀਤ ਸਿੰਘ ਮਾੜੀ ਮੁਸਤਫਾ, ਅਮਨਪ੍ਰੀਤ ਸਿੰਘ, ਹਰਜਿੰਦਰ ਸਿੰਘ, ਫਤਹਿ ਸਿੰਘ, ਅੰਗਰੇਜ ਸਿੰਘ, ਗੁਰਪ੍ਰੀਤ ਸਿੰਘ ਤੇ ਪਿੰਡ ਵੈਰੋਕੇ ਦੇ ਬਹੁਤ ਸਾਰੇ ਸਾਥੀਆਂ ਨੇ ਮੀਟਿੰਗ ਵਿੱਚ ਹਾਜ਼ਰੀ ਲਵਾਈ।

## ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ਦਾ ਜ਼ਿਲ੍ਹਾ ਖੇਡਾਂ 'ਚ ਦਬਦਬਾ



**ਜਗਰਾਉਂ (ਅਮਿਤ ਖੰਨਾ)**-ਸਕੂਲ ਸਿੱਖਿਆ ਵਿਭਾਗ ਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਲੁਧਿਆਣਾ ਵੱਲੋਂ 70ਵੀਆਂ ਜ਼ਿਲ੍ਹਾ ਸਕੂਲ ਖੇਡਾਂ ਅੰਡਰ 17 ਤੇ 19 ਲੜਕੇ ਤੇ ਲੜਕੀਆਂ ਦਾ ਟੂਰਨਾਮੈਂਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾਖਾ ਵਿਖੇ ਕਰਵਾਇਆ ਗਿਆ।ਡੀਏਵੀ ਸੈਂਟਨਰੀ ਪਬਲਿਕ ਸਕੂਲ ਜਗਰਾਉਂ ਦੇ ਪ੍ਰਿੰਸੀਪਲ ਵੇਦ ਵਰਤ ਪਲਾਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਡੀਏਵੀ ਸੈਂਟਨਰੀ ਪਬਲਿਕ ਸਕੂਲ ਜਗਰਾਉਂ ਦੇ ਖਿਡਾਰੀਆਂ ਨੇ 6 ਗੋਲਡ ਮੈਡਲ 13 ਸਿਲਵਰ ਮੈਡਲ ਤੇ 1 ਬਰਾਉਨ ਮੈਡਲ ਹਾਸਲ ਕਰਕੇ ਸਕੂਲ ਦਾ ਨਾਮ ਇਲਾਕੇ ਵਿੱਚ ਰੋਸ਼ਨ ਕੀਤਾ।ਅੰਡਰ 17 ਦੇ ਇਸ ਟੂਰਨਾਮੈਂਟ ਵਿੱਚ ਸਕਸ਼ਮ ਅਗਰਵਾਲ ਨੇ -45 ਕਿਲੋ ਦੇ ਵਿੱਚ ਸਿਲਵਰ ਮੈਡਲ ਤੇ ਚਾਹਲ ਪ੍ਰੀਤ ਸਿੰਘ ਨੇ -48 ਕਿਲੋ ਵਿੱਚ ਗੋਲਡ ਮੈਡਲ ਹਾਸਲ ਕੀਤਾ। ਅੰਸ਼ਮਨ ਕੁਮਾਰ ਨੇ -52 ਕਿਲੋ ਵਿੱਚ ਸਿਲਵਰ ਮੈਡਲ, ਅਹਿਮ ਜਿੰਦਲ ਨੇ -56 ਕਿਲੋ ਭਾਰ ਵਿੱਚ ਸਿਲਵਰ ਮੈਡਲ, ਭਵਨੀਤ ਸਿੰਘ ਨੇ -65 ਕਿਲੋ ਭਾਰ ਵਿੱਚ ਬਰਾਉਨ ਮੈਡਲ, ਪ੍ਰਭਜੀਤ ਸਿੰਘ ਨੇ -70 ਕਿਲੋ ਦੇ ਵਿੱਚ ਗੋਲਡ ਮੈਡਲ, ਮਾਨਸ ਕੁਮਾਰ ਵਰਮਾ ਨੇ -80 ਕਿਲੋ ਵਿੱਚ ਸਿਲਵਰ ਮੈਡਲ ਹਾਸਲ ਕੀਤਾ। ਅੰਡਰ 19 ਲੜਕਿਆਂ ਦੇ ਵਿੱਚ ਕਰਮਨ ਸਿੰਘ ਨੇ -60 ਕਿਲੋ ਵਿੱਚ ਸਿਲਵਰ ਮੈਡਲ ਤੇ ਐਸ਼ਪ੍ਰੀਤ ਸਿੰਘ ਨੇ -65 ਕਿਲੋ ਵਿੱਚ ਗੋਲਡ ਮੈਡਲ ਹਾਸਲ ਕੀਤਾ। ਲੜਕੀਆਂ ਦੇ ਅੰਡਰ 17 ਵਿੱਚ ਏਕਮ ਵਰਮਾ ਨੇ -45 ਕਿਲੋ 'ਚ ਗੋਲਡ ਮੈਡਲ, ਰੀਆ ਗਰੋਵਰ ਨੇ -48 ਕਿਲੋ 'ਚ ਸਿਲਵਰ ਮੈਡਲ ਹਾਸਲ ਕੀਤਾ। ਤਨਵੀ ਨੇ -52 ਕਿਲੋ 'ਚ ਸਿਲਵਰ ਮੈਡਲ, ਨਵਨੂਰ ਕੌਰ ਨੇ -56 ਕਿਲੋ 'ਚ ਸਿਲਵਰ ਮੈਡਲ, ਅਰਲੀਨ ਕੌਰ ਨੇ -60 ਕਿਲੋ 'ਚ ਸਿਲਵਰ ਮੈਡਲ, ਸੁਭਰੀਤ ਕੌਰ ਨੇ -70 ਕਿਲੋ 'ਚ ਗੋਲਡ ਮੈਡਲ ਹਾਸਲ ਕੀਤਾ। ਅੰਡਰ 19 ਲੜਕੀਆਂ ਵਿੱਚ ਗੁਨੀਤਾ ਨੇ -45 ਕਿਲੋ 'ਚ ਸਿਲਵਰ ਮੈਡਲ ਹਾਸਲ ਕੀਤਾ, ਯਸ਼ਿਕਾ ਗਰਗ ਨੇ -48 ਕਿਲੋ 'ਚ ਸਿਲਵਰ ਮੈਡਲ, ਅਵਨੀਤ ਕੌਰ ਨੇ -60 ਕਿਲੋ 'ਚ ਗੋਲਡ ਮੈਡਲ ਹਾਸਲ ਕੀਤਾ। ਆਕ੍ਰਿਤੀ ਨੇ -65 ਕਿਲੋ 'ਚ ਸਿਲਵਰ ਮੈਡਲ ਤੇ ਸਰਬਜੀਤ ਕੌਰ ਨੇ -70 ਕਿਲੋ 'ਚ ਸਿਲਵਰ ਮੈਡਲ ਹਾਸਲ ਕੀਤਾ। ਟੀਮ ਦਾ ਸਕੂਲ ਵਾਪਸ ਆਉਣ 'ਤੇ ਸਮੂਹ ਸਕੂਲ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਵੇਦ ਵਰਤ ਪਲਾਹ, ਹਰਦੀਪ ਸਿੰਘ ਡੀਪੀਈ, ਸੁਰਿੰਦਰ ਪਾਲ ਵਿਜ ਡੀਪੀਈ ਤੇ ਸੁਰਿੰਦਰ ਕੌਰ ਤੂਰ ਡੀਪੀਈ ਹਾਜ਼ਰ ਸਨ।

## ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ, ਧਮਕੀਆਂ ਤੋਂ ਨਹੀਂ ਡਰਾਂਗੇ : ਰਮਨਦੀਪ ਸਿੰਘ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਟੈਕਨੀਕਲ ਸਰਵਿਸਜ਼ ਯੂਨੀਅਨ ਸਰਕਲ ਫ਼ਿਰੋਜ਼ਪੁਰ ਵੱਲੋਂ ਸਮੂਹ ਮੁਲਾਜ਼ਮ ਜਥੇਬੰਦੀਆਂ ਦੇ ਸੱਦੇ 'ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਨੇ ਸਰਕਾਰ ਦੀ ਧਮਕੀ ਭਰੀ ਨੀਤੀ ਖ਼ਿਲਾਫ਼ ਤਿੱਖਾ ਰੋਸ ਪ੍ਰਗਟ ਕੀਤਾ। ਇਸ ਮੌਕੇ ਵੱਖ-ਵੱਖ ਸਬ-ਡਵੀਜ਼ਨਾਂ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ। ਪ੍ਰਦਰਸ਼ਨ ਦੌਰਾਨ ਰਜਿੰਦਰ ਸ਼ਰਮਾ ਡਵੀਜ਼ਨ ਪ੍ਰਧਾਨ ਸਬ ਅਰਬਨ, ਰਾਮ ਲੁਭਾਇਆ ਪ੍ਰਧਾਨ ਝੋਕ ਹਰੀਹਰ, ਵਰਿੰਦਰ ਚਾਵਲਾ, ਤੁਸ਼ਾਰ ਚਾਵਲਾ, ਰਵੀ ਸ਼ਰਮਾ ਸਕੱਤਰ, ਗੁਰਦੇਵ ਸਿੰਘ, ਗੁਰਨਾਮ ਸਿੰਘ, ਗੁਰਮੀਤ ਸਿੰਘ ਤੇ ਹਰੀ ਕੰਬੋਜ ਸਮੇਤ ਹੋਰ ਮੁਲਾਜ਼ਮ ਹਾਜ਼ਰ ਸਨ। ਯੂਨੀਅਨ ਆਗੂ ਰਮਨਦੀਪ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 27 ਅਗਸਤ 2026 ਨੂੰ ਜਾਰੀ ਕੀਤਾ ਗਿਆ ਪੱਤਰ ਮੁਲਾਜ਼ਮਾਂ ਦੇ ਜਮਹੂਰੀ ਹੱਕਾਂ 'ਤੇ ਹਮਲਾ ਹੈ। ਇਸ ਪੱਤਰ ਵਿੱਚ ਸਮੂਹਿਕ ਛੁੱਟੀ ਲੈ ਕੇ ਸੰਘਰਸ਼ ਕਰਨ ਵਾਲੇ ਮੁਲਾਜ਼ਮਾਂ ਨੂੰ 'ਅਣਅਧਿਕਾਰਤ ਗੈਰਹਾਜ਼ਰ' ਦਰਸਾ ਕੇ ਕਾਰਵਾਈ ਦੀ ਧਮਕੀ ਦਿੱਤੀ ਗਈ ਹੈ, ਜਿਸ ਦਾ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਖ਼ਤ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਧਮਕੀਆਂ, ਡਰ ਤੇ ਦਬਾਅ ਰਾਹੀਂ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਹਰ ਮੁਲਾਜ਼ਮ ਦਾ ਜਮਹੂਰੀ ਹੱਕ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਗੱਲਬਾਤ ਰਾਹੀਂ ਮਸਲੇ ਦਾ ਹੱਲ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਮਹਾਂਬੰਦ ਸਿਰਫ਼ ਇਕ ਦਿਨ ਦਾ ਪ੍ਰੋਗਰਾਮ ਨਹੀਂ, ਸਗੋਂ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਵੱਡੇ ਸੰਘਰਸ਼ ਦੀ ਸ਼ੁਰੂਆਤ ਹੈ। ਪੰਜਾਬ ਦੇ ਲੱਖਾਂ ਮੁਲਾਜ਼ਮਾਂ ਦੇ ਨਾਲ ਕਿਸਾਨ, ਮਜ਼ਦੂਰ, ਵਿਦਿਆਰਥੀ ਤੇ ਹੋਰ ਜਨਤਕ ਜਥੇਬੰਦੀਆਂ ਵੀ ਸੰਘਰਸ਼ ਵਿੱਚ ਸਾਥ ਦੇ ਰਹੀਆਂ ਹਨ।

ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਧਮਕੀਆਂ ਤੇ ਦਬਾਅ ਦੀ ਨੀਤੀ ਜਾਰੀ ਰੱਖੀ ਤਾਂ ਆਉਣ ਵਾਲੇ ਦਿਨਾਂ ਵਿਚ ਹੋਰ ਵੀ ਵਿਸ਼ਾਲ ਤੇ ਤਿੱਖੇ ਸੰਘਰਸ਼ ਕੀਤੇ ਜਾਣਗੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਉਹ ਆਪਣੇ ਹੱਕਾਂ ਦੀ ਰਾਖੀ ਲਈ ਇਕਜੁੱਟ ਹੋ ਕੇ ਸੰਘਰਸ਼ ਜਾਰੀ ਰੱਖਣਗੇ।

## ਹੋਲੀ ਹਾਰਟ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਵਿਖੇ ਭੈਣ-ਭਰਾ ਦੇ ਅਟੁੱਟ ਪਿਆਰ ਤੇ ਪਵਿੱਤਰ ਰਿਸ਼ਤੇ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਬਹੁਤ ਹੀ ਉਤਸ਼ਾਹ, ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਦੀ ਸਵੇਰ ਦੀ ਸਭਾ ਦੌਰਾਨ ਹੋਈ, ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਤਿਉਹਾਰ ਦੀ ਖ਼ੁਸ਼ੀ ਵਿੱਚ ਪੂਰੇ ਸਕੂਲ ਕੰਪਲੈਕਸ ਨੂੰ ਰੰਗ-ਬਿਰੰਗੇ ਗੁਬਾਰਿਆਂ, ਫੁੱਲਾਂ ਤੇ ਸੁੰਦਰ ਚਾਰਟਾਂ ਨਾਲ ਬਹੁਤ ਹੀ ਆਕਰਸ਼ਕ ਢੰਗ ਨਾਲ ਸਜਾਇਆ ਗਿਆ ਸੀ।ਸਕੂਲ ਵਿੱਚ ਵਿਦਿਆਰਥੀਆਂ ਦੀਆਂ ਕਲਾਤਮਕ ਯੋਗਤਾਵਾਂ ਨੂੰ ਉਜਾਗਰ ਕਰਨ ਲਈ ਰੱਖੜੀ ਬਣਾਉਣ ਤੇ ਥਾਲੀ ਸਜਾਵਟ ਦੇ ਵਿਸ਼ੇਸ਼ ਮੁਕਾਬਲੇ ਕਰਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਛੋਟੇ-ਛੋਟੇ ਬੱਚਿਆਂ ਤੋਂ ਲੈ ਕੇ ਵੱਡੀ ਜਮਾਤ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਦਾ ਪ੍ਰਗਟਾਵਾ ਕਰਦਿਆਂ ਈਕੋ-ਫ੍ਰੈਂਡਲੀ, ਰੰਗ-ਬਿਰੰਗੇ ਧਾਗਿਆਂ, ਮੋਤੀਆਂ ਤੇ ਨਗਾਂ ਦੀ ਵਰਤੋਂ ਕਰਕੇ ਇੱਕ ਤੋਂ ਵੱਧ ਕੇ ਇੱਕ ਸੁੰਦਰ ਅਤੇ ਆਕਰਸ਼ਕ ਰੱਖੜੀਆਂ ਤਿਆਰ ਕੀਤੀਆਂ।ਛੋਟੀਆਂ ਬੱਚੀਆਂ ਨੇ ਆਪਣੇ ਸਹਿ-ਪਾਠੀ ਭਰਾਵਾਂ ਦੇ ਗੁੱਟਾਂ 'ਤੇ ਪਿਆਰ ਨਾਲ ਰੱਖੜੀਆਂ ਬੰਨ੍ਹੀਆਂ, ਤਿਲਕ ਲਾਇਆ ਤੇ ਉਨ੍ਹਾਂ ਦੀ ਲੰਮੀ ਉਮਰ ਤੇ ਚੰਗੀ ਸਿਹਤ ਦੀ ਕਾਮਨਾ ਕੀਤੀ।ਦੂਜੇ ਪਾਸੇ ਵਿਦਿਆਰਥੀਆਂ ਨੇ ਆਪਣੀਆਂ ਭੈਣਾਂ ਨੂੰ ਪਿਆਰ ਭਰੇ ਤੋਹਫ਼ੇ ਦਿੱਤੇ ਤੇ ਹਰ ਮੁਸ਼ਕਲ ਵਿੱਚ ਉਨ੍ਹਾਂ ਦੀ ਰੱਖਿਆ ਕਰਨ ਦਾ ਵਚਨ ਦਿੱਤਾ।ਸਕੂਲ ਦੇ ਬੱਚਿਆਂ ਦੁਆਰਾ ਰੱਖੜੀ ਦੇ ਤਿਉਹਾਰ ਨਾਲ ਸਬੰਧਤ ਧਾਰਮਿਕ ਅਤੇ ਸਮਾਜਿਕ ਗੀਤ, ਕਵਿਤਾਵਾਂ ਤੇ ਸੱਭਿਆਚਾਰਕ ਕੋਰੀਓਗ੍ਰਾਫ਼ੀ ਵੀ ਪੇਸ਼ ਕੀਤੀ ਗਈ, ਜਿਸ ਨੇ ਸਮੁੱਚੇ ਮਾਹੌਲ ਨੂੰ ਭਾਵੁਕ ਤੇ ਖ਼ੁਸ਼ਗੁਆਰ ਬਣਾ ਦਿੱਤਾ।ਸਕੂਲ ਪ੍ਰਬੰਧਕ ਕਮੇਟੀ ਚੇਅਰਮੈਨ ਸ਼ੁਬਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ ਤੇ ਪ੍ਰਿੰਸੀਪਲਨੇ ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੰਦਿਆਂ ਇਸ ਦੇ ਸਮਾਜਿਕ ਅਤੇ ਸੱਭਿਆਚਾਰਕ ਮਹੱਤਵ ਬਾਰੇ ਚਾਨਣਾ ਪਾਇਆ।

## ਡੇਢ ਮਹੀਨੇ ਤੋਂ ਬਿਜਲੀ ਲੋਡ ਵਧਾਉਣ ਦੀ ਅਰਜ਼ੀ ਲਟਕਾਉਣ 'ਤੇ ਪੀ ਐੱਸ ਪੀ ਸੀ ਐੱਲ 'ਤੇ ਗੰਭੀਰ ਸਵਾਲ

- **ਖੱਜਲ-ਖੁਆਰ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਲੜਾਈ ਵੀ ਲੜਨੀ ਪਈ ਤਾਂ ਲੜਾਂਗਾ : ਬਲਕਰਨ ਮੋਗਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਇੰਦਰ ਸਿੰਘ ਗਿੱਲ ਨਗਰ ਮੋਗਾ ਦੇ ਵਸਨੀਕ ਬਲਕਰਨ ਸਿੰਘ ਭੁੱਲਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪੀ ਐੱਸ ਪੀ ਸੀ ਐੱਲ) ਦੇ ਸਬੰਧਤ ਅਧਿਕਾਰੀਆਂ ਦੀ ਲਾਪ੍ਰਵਾਹੀ ਤੇ ਗੈਰ-ਜ਼ਿੰਮੇਵਾਰਾਨਾ ਰਵੱਈਏ ਵਿਰੁੱਧ ਤਿੱਖਾ ਰੋਸ ਪ੍ਰਗਟ ਕੀਤਾ ਹੈ।ਉਨ੍ਹਾਂ ਕਿਹਾ ਕਿ ਬਿਜਲੀ ਲੋਡ ਵਧਾਉਣ ਲਈ ਨਿਯਮਾਂ ਅਨੁਸਾਰ ਅਰਜ਼ੀ ਤੇ ਬਣਦੀ ਫੀਸ ਜਮ੍ਹਾਂ ਕਰਵਾਉਣ ਦੇ ਬਾਵਜੂਦ ਡੇਢ ਮਹੀਨਾ ਬੀਤ ਚੁੱਕਾ ਹੈ, ਪਰ ਵਿਭਾਗ ਵੱਲੋਂ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ।ਭੁੱਲਰ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਬਿਜਲੀ ਖਾਤਾ ਨੰਬਰ 4731114000 ਲਈ ਲੋਡ ਵਧਾਉਣ ਦੀ ਅਰਜ਼ੀ ਦਿੱਤੀ ਸੀ।ਪੀ.ਐੱਸ.ਪੀ.ਸੀ.ਐੱਲ. ਦੇ ਨਿਯਮਾਂ ਤੇ ਜਨਤਕ ਨੋਟਿਸਾਂ ਅਨੁਸਾਰ ਅਜਿਹੀਆਂ ਅਰਜ਼ੀਆਂ ਦਾ ਨਿਪਟਾਰਾ ਨਿਰਧਾਰਿਤ ਸਮੇਂ ਅੰਦਰ ਕੀਤਾ ਜਾਣਾ ਲਾਜ਼ਮੀ ਹੈ, ਪਰ ਉਨ੍ਹਾਂ ਦੇ ਮਾਮਲੇ ਵਿੱਚ ਵਿਭਾਗੀ ਅਧਿਕਾਰੀਆਂ ਨੇ ਨਿਯਮਾਂ ਤੇ ਖਪਤਕਾਰ ਦੇ ਹੱਕਾਂ ਨੂੰ ਅਣਦੇਖਾ ਕਰਦਿਆਂ ਅਰਜ਼ੀ ਨੂੰ ਬੇਵਜ੍ਹਾ ਲਟਕਾਇਆ ਹੋਇਆ ਹੈ।ਉਨ੍ਹਾਂ ਕਿਹਾ ਕਿ ਸਬ ਡਿਵੀਜ਼ਨ ਐੱਸ.ਡੀ.ਓ 15251 ਤੇ ਸਬੰਧਤ ਅਧਿਕਾਰੀਆਂ ਨੂੰ ਕਈ ਵਾਰ ਮਾਮਲੇ ਬਾਰੇ ਜਾਣੂੰ ਕਰਵਾਇਆ ਗਿਆ, ਪਰ ਨਾ ਤਾਂ ਕੋਈ ਸੰਤੋਸ਼ਜਨਕ ਜਵਾਬ ਦਿੱਤਾ ਗਿਆ ਤੇ ਨਾ ਹੀ ਲੋਡ ਵਧਾਉਣ ਦੀ ਕਾਰਵਾਈ ਕੀਤੀ ਗਈ।ਇਹ ਰਵੱਈਆ ਵਿਭਾਗ ਦੀ ਜਵਾਬਦੇਹੀ, ਪਾਰਦਰਸ਼ਤਾ ਤੇ ਖਪਤਕਾਰ ਸੇਵਾ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਬਲਕਰਨ ਸਿੰਘ ਭੁੱਲਰ ਨੇ ਕਿਹਾ ਕਿ ਜਦੋਂ ਖਪਤਕਾਰ ਆਪਣੀ ਫੀਸ ਸਮੇਂ ਸਿਰ ਜਮ੍ਹਾਂ ਕਰਵਾ ਸਕਦਾ ਹੈ ਤਾਂ ਵਿਭਾਗ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਡੇਢ ਮਹੀਨਾ ਕਿਉਂ ਲਗਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਦਾ ਬਿਜਲੀ ਲੋਡ ਤੁਰੰਤ ਵਧਾਇਆ ਜਾਵੇ, ਦੇਰੀ ਦਾ ਲਿਖਤੀ ਕਾਰਨ ਦੱਸਿਆ ਜਾਵੇ ਤੇ ਲਾਪ੍ਰਵਾਹੀ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਵਿਭਾਗੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਪੀ.ਐੱਸ.ਪੀ.ਸੀ.ਐੱਲ. ਦੇ ਉੱਚ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਦਾ ਤੁਰੰਤ ਨਿਪਟਾਰਾ ਨਾ ਕੀਤਾ ਗਿਆ ਤਾਂ ਉਹ ਖਪਤਕਾਰ ਸ਼ਿਕਾਇਤ ਨਿਵਾਰਨ ਫੋਰਮ, ਬਿਜਲੀ ਲੋਕਪਾਲ ਤੇ ਹੋਰ ਸਬੰਧਤ ਸਰਕਾਰੀ ਮੰਚਾਂ ਕੋਲ ਸ਼ਿਕਾਇਤ ਦਰਜ ਕਰਵਾਉਣ ਦੇ ਨਾਲ-ਨਾਲ ਮਾਮਲੇ ਨੂੰ ਜਨਤਕ ਤੌਰ 'ਤੇ ਉਠਾਉਣ ਲਈ ਮਜਬੂਰ ਹੋਣਗੇ।ਇਸ ਦੀ ਪੂਰੀ ਜ਼ਿੰਮੇਵਾਰੀ ਪੀ.ਐੱਸ.ਪੀ.ਸੀ.ਐੱਲ. ਦੇ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

## ਮੁੱਖ ਮੰਤਰੀ ਦੇ ਟਵੀਟ ਖ਼ਿਲਾਫ਼ ਭੜਕੇ ਮੁਲਾਜ਼ਮ ਤੇ ਪੈਨਸ਼ਨਰ, ਕਾਪੀਆਂ ਫੂਕੀਆਂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਮੁਲਾਜ਼ਮਾਂ ਦੀ ਹੜਤਾਲ ਸਬੰਧੀ ਕੀਤੇ ਟਵੀਟ ਤੇ ਕਥਿਤ ਧਮਕੀ ਭਰੇ ਪੱਤਰਾਂ ਦੇ ਵਿਰੋਧ ਵਿੱਚ ਫਰੀਦਕੋਟ ਵਿਖੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਗੁੱਸਾ ਫੁੱਟ ਪਿਆ।'ਸਾਂਝੀ ਤਾਲਮੇਲ ਕਮੇਟੀ' ਦੇ ਸੱਦੇ 'ਤੇ ਸਥਾਨਕ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਮੁਜ਼ਾਹਰਾ ਕਰਦਿਆਂ ਮੁਲਾਜ਼ਮਾਂ ਨੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਤੇ ਟਵੀਟ ਦੀਆਂ ਕਾਪੀਆਂ ਚਿਖਾ ਹਵਾਲੇ ਕੀਤੀਆਂ।ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਬਰਜਿੰਦਰ ਜੀਤ ਸਿੰਘ ਢਿੱਲੋਂ, ਰਵਿੰਦਰ ਪਾਲ ਸਿੰਘ ਘਾਲੀ, ਸੇਵਕ ਸਿੰਘ (ਪ੍ਰਧਾਨ ਡੀ.ਸੀ. ਦਫ਼ਤਰ) ਤੇ ਅਧਿਆਪਕ ਆਗੂਆਂ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਨੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਘੋਰ ਅਪਮਾਨ ਕੀਤਾ ਹੈ।ਉਨ੍ਹਾਂ ਕਿਹਾ ਕਿ 7 ਅਗਸਤ ਦੀ ਚੰਡੀਗੜ੍ਹ ਮਹਾਂ ਰੈਲੀ ਤੋਂ ਬਾਅਦ ਓ.ਐੱਸ.ਡੀ. ਰਾਹੀਂ 27 ਅਗਸਤ ਦੀ ਮੀਟਿੰਗ ਤੈਅ ਕਰਕੇ ਬਾਅਦ ਵਿੱਚ ਅਜਿਹੀ ਨਾਂਹ-ਪੱਖੀ ਪਹੁੰਚ ਅਪਣਾਉਣਾ ਨਿੰਦਣਯੋਗ ਹੈ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਆਉਣ ਵਾਲਾ ਸਮਾਂ ਆਮ ਆਦਮੀ ਪਾਰਟੀ ਤੇ ਸਰਕਾਰ ਨੂੰ ਮੁਆਫ਼ ਨਹੀਂ ਕਰੇਗਾ।ਮੁਲਾਜ਼ਮ ਆਗੂਆਂ ਨੇ ਐਲਾਨ ਕੀਤਾ ਕਿ 30 ਅਗਸਤ ਨੂੰ ਲੁਧਿਆਣਾ ਵਿਖੇ ਸਾਂਝੀ ਤਾਲਮੇਲ ਕਮੇਟੀ ਦੀ ਸੂਬਾ ਪੱਧਰੀ ਅਹਿਮ ਮੀਟਿੰਗ ਬੁਲਾਈ ਗਈ ਹੈ, ਜਿਸ ਵਿੱਚ ਸਰਕਾਰ ਖ਼ਿਲਾਫ਼ ਆਰ-ਪਾਰ ਦੀ ਲੜਾਈ ਲੜਨ ਲਈ ਤਿੱਖੇ ਅੰਦੋਲਨ ਦਾ ਬਿਗੁਲ ਵਜਾਇਆ ਜਾਵੇਗਾ।ਇਸ ਰੋਸ ਪ੍ਰਦਰਸ਼ਨ ਵਿੱਚ ਪ੍ਰੇਮ ਚਾਵਲਾ, ਸੁਖਵਿੰਦਰ ਸਿੰਘ ਸੁੱਖੀ, ਅਮਰੀਕ ਸਿੰਘ ਸੰਧੂ, ਸਿਮਰਜੀਤ ਸਿੰਘ ਬਰਾੜ, ਹਰਪ੍ਰੀਤ ਸਿੰਘ ਸਰਾਂ, ਇੰਦਰਜੀਤ ਸਿੰਘ ਖੀਵਾ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ, ਨਵਪ੍ਰੀਤ ਸਿੰਘ, ਲਖਵਿੰਦਰ ਕੌਰ (ਮਿੱਡ-ਡੇ-ਮੀਲ), ਅਮਰਜੀਤ ਸਿੰਘ ਵਾਲੀਆ, ਇੰਦਰਜੀਤ ਸਿੰਘ ਗਿੱਲ, ਗਗਨ ਪਾਹਵਾ, ਜੀਤੇਂਦਰ ਕੁਮਾਰ ਹੰਸ, ਕਿਸਾਨ ਆਗੂ ਲਾਲ ਸਿੰਘ ਗੋਲੇ ਵਾਲਾ, ਮਾਸਟਰ ਸੂਰਜ ਭਾਨ, ਗੁਰਬਿੰਦਰ ਸਿੰਘ ਮਚਾਕੀ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਤੇ ਮੁਲਾਜ਼ਮ ਹਾਜ਼ਰ ਸਨ।

# ਰੱਖੜੀ ਦੇ ਸ਼ੁੱਭ ਦਿਹਾੜੇ ਮੌਕੇ ਰਾਮਲੀਲਾ ਦਾ ਝੰਡਾ ਚੜ੍ਹਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਬੇਦੀ ਲਾਲ ਚੰਦ ਮੈਮੋਰੀਅਲ ਰਾਮਲੀਲਾ ਡਰਾਮਾਟਿਕ ਕਲੱਬ ਵੱਲੋਂ ਹਰ ਸਾਲ ਦੀ ਤਰਾ ਇਸ ਵਾਰ ਵੀ ਰੱਖੜੀ ਦੇ ਸ਼ੁਭ ਦਿਹਾੜੇ ਮੌਕੇ ਰਾਮਲੀਲਾ ਦਾ ਝੰਡਾ ਚੜ੍ਹਾਇਆ ਗਿਆ।ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ਼੍ਰੀ ਚੋਲਾ ਸਾਹਿਬ ਵਾਲਿਆਂ ਨੇ ਰਾਮਲੀਲਾ ਕਲੱਬ ਦੇ ਮੈਂਬਰਾਂ ਨੂੰ ਨਾਲ ਲੈ ਕੇ ਗੁਰਦੁਆਰਾ ਸੱਚਖੰਡ ਸ਼੍ਰੀ ਚੋਲਾ ਸਾਹਿਬ ਵਿਖੇ ਰਾਮ ਲੀਲਾ ਕਲੱਬ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਨਾਰੀਅਲ ਤੋੜ ਕੇ ਝੰਡੇ ਦੀ ਸ਼ੁਭ ਰਸਮ ਦੀ ਅਦਾ ਕਰਨ ਉਪਰੰਤ ਕਲੱਬ ਮੈਂਬਰਾਂ ਵੱਲੋਂ ਝੰਡੇ ਸਮੇਤ ਢੋਲ ਵਾਜਿਆਂ ਨਾਲ ਸ਼ਹਿਰ ਦੀ ਪਰਕਰਮਾ ਕਰਦਿਆਂ ਹੋਇਆਂ ਰਾਮ ਲੀਲ੍ਹਾ ਗਰਾਊਂਡ ਵਿੱਚ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ, ਰਹਿਬਰਾਂ ਦੇ ਦਿਨ ਦਿਹਾੜੇ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ।ਇਸ ਮੌਕੇ ਕਲੱਬ ਦੇ ਪ੍ਰਧਾਨ ਬਲਦੇਵ ਰਾਜ ਡਾਇਮੰਡ ਨੇ ਬਾਬਾ ਅਵਤਾਰ ਸਿੰਘ ਬੇਦੀ ਦਾ ਧੰਨਵਾਦ ਕਰਦਿਆਂ ਦੱਸਿਆ ਕਿ 11 ਅਕਤੂਬਰ ਨੂੰ ਰਾਮਲੀਲਾ ਦੀ ਸ਼ੁਰੂਆਤ ਹੋਵੇਗੀ ਅਤੇ 20 ਅਕਤੂਬਰ ਨੂੰ ਕਲੱਬ ਵੱਲੋਂ ਦੁਸਹਿਰਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਬਾਬਾ ਜੀ ਵੱਲੋਂ ਸਾਡੀ ਰਾਮ ਲੀਲ੍ਹਾ ਕਲੱਬ ਨੂੰ ਪਿਛਲੇ 32 ਸਾਲਾਂ ਤੋਂ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਟੈਂਟ ਸਮੇਤ ਕਈ ਹੋਰ ਕੰਮਾਂ ਵਿੱਚ ਵੀ ਸਹਿਯੋਗ ਕਰਦੇ ਹੋਏ ਉਸ ਦਾ ਸਾਰਾ ਖਰਚਾ ਬਾਬਾ ਜੀ ਵੱਲੋਂ ਕੀਤਾ ਜਾਂਦਾ ਹੈ।ਇਸ ਕਰਕੇ ਅਸੀਂ ਸਮੂਹ ਕਲੱਬ ਮੈਂਬਰ ਬਾਬਾ ਜੀ ਦਾ ਵਿਸ਼ੇਸ਼ ਤੌਰ ਧੰਨਵਾਦ ਕਰਦੇ ਹਾਂ।ਇਸ ਮੌਕੇ ਐਕਟਿਵ ਮੈਂਬਰ ਅੰਗਰੇਜ਼ ਸਿੰਘ, ਸੰਜੀਵ ਰਿੰਕਾ, ਦਲਜੀਤ ਸਿੰਘ ਸੋਨੀ, ਮਾਸਟਰ ਜੋਗਿੰਦਰ ਕੁਮਾਰ ਬੇਦੀ,ਰਾਜਕੁਮਾਰ ਪਟਵਾਰੀ, ਰਿਸ਼ੂ ਕੁਮਾਰ, ਪਲੇਅ ਬੈਕ ਸਿੰਗਰ ਗੁਰਮੀਤ ਸਿੰਘ ਰੰਧਾਵਾ,ਨਰਿੰਦਰ ਕੁਮਾਰ ਬੱਬੀ,ਪਰਵੀਨ ਮਹਾਜਨ ,ਜੈ ਮਹਾਜਨ, ਲਵ ਸਰਨਾ, ਕੁਛ ਸਰਨਾ, ਰਾਕੇਸ਼ ਕੁਮਾਰ, ਮਿੰਟੂ, ਨਬੀ, ਰਾਕੇਸ਼ ਕੁਮਾਰ ਸੰਨੀ, ਮਹੰਤ ਬਾਬਾ ਕਰਨ ਦਾਸ, ਬਾਬਾ ਸੰਤੋਖ ਸਿੰਘ ਠੇਠਰਕੇ, ਕੰਵਲਜੀਤ ਸਿੰਘ, ਪਵਨ ਕੁਮਾਰ, ਸਾਬਰੀ, ਯੋਗੇਸ਼ ਸ਼ਰਮਾ, ਰਿਸ਼ੀ, ਪਾਰਸ, ਅਰਸ਼, ਹੈਪੀ, ਬੇਦੀ, ਲਵ ਕੁਮਾਰ, ਓਮ ਪ੍ਰਕਾਸ਼, ਅਸ਼ਵਨੀ ਕੁਮਾਰ, ਹੀਰਾ ਲਾਲਾ ਢੋਲ ਮਾਸਟਰ, ਚੈਂਚਲ ਕੁਮਾਰ ਅਤੇ ਭੀਮ ਡਕਾਲ ਆਦਿ ਹਾਜ਼ਰ ਸਨ।

# ਰੱਖੜ ਪੁੰਨਿਆ ਸਮਾਗਮ ਦੀ ਸਫਲਤਾ ਲਈ ਵਿਧਾਇਕ ਟੌਂਗ ਵੱਲੋਂ ਸੰਗਤਾਂ ਦਾ ਧੰਨਵਾਦ



ਬਿਆਸ/ਰਈਆ (ਪਰਮਜੀਤ ਸਿੰਘ ਰੱਖੜਾ/ਡੀ. ਕੇ. ਰੈਡੀ)-ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਰੱਖੜ ਪੁੰਨਿਆ ਦੇ ਪਾਵਨ ਅਵਸਰ ਮੌਕੇ ਪੰਜਾਬ ਸਰਕਾਰ ਵੱਲੋਂ ਦਾਣਾ ਮੰਡੀ ਰਈਆ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਸ਼ਾਮਲ ਹੋਈਆਂ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਸਾਰੀਆਂ ਸੰਗਤਾਂ ਦੇ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਰੱਖੜ ਪੁੰਨਿਆ ਦੇ ਇਸ ਪਵਿੱਤਰ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਉਨ੍ਹਾਂ ਕਿਹਾ ਕਿ ਸੰਗਤਾਂ ਵੱਲੋਂ ਦਿਖਾਇਆ ਗਿਆ ਉਤਸ਼ਾਹ ਅਤੇ ਸ਼ਰਧਾ ਇਸ ਸਮਾਗਮ ਦੀ ਸਫਲਤਾ ਦਾ ਸਭ ਤੋਂ ਵੱਡਾ ਸਬੂਤ ਹੈ।ਉਨ੍ਹਾਂ ਰਾਜ ਪੱਧਰੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਪੰਜਾਬ ਕੈਬਨਿਟ ਦੇ ਮੰਤਰੀ ਸਾਹਿਬਾਨ, ਵਿਧਾਇਕ ਸਾਹਿਬਾਨ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪਾਰਟੀ ਲੀਡਰਸ਼ਿਪ ਵੱਲੋਂ ਸਮਾਗਮ ਵਿੱਚ ਕੀਤੀ ਗਈ ਸ਼ਮੂਲੀਅਤ ਨਾਲ ਸੰਗਤਾਂ ਦਾ ਉਤਸ਼ਾਹ ਹੋਰ ਵਧਿਆ ਹੈ।ਉਨ੍ਹਾਂ ਕਿਹਾ ਕਿ ਅੱਜ ਹੋਇਆ ਵਿਸ਼ਾਲ ਇਕੱਠ ਇਹ ਦਰਸਾਉਂਦਾ ਹੈ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਸੰਤੁਸ਼ਟ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਡੀ ਸ਼ਾਨ ਨਾਲ ਬਣੇਗੀ। ਉਨ੍ਹਾਂ ਸਮਾਗਮ ਨੂੰ ਸਫਲ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਸਮੂਹ ਸਰਕਾਰੀ ਅਧਿਕਾਰੀਆਂ, ਕਰਮਚਾਰੀਆਂ, ਪ੍ਰਸ਼ਾਸਨਿਕ ਅਮਲੇ ਅਤੇ ਹੋਰ ਸਹਿਯੋਗੀਆਂ ਦਾ ਵੀ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਾਂਝੇ ਯਤਨਾਂ ਸਦਕਾ ਇਹ ਪਾਵਨ ਸਮਾਗਮ ਸ਼ਰਧਾ, ਉਤਸ਼ਾਹ ਅਤੇ ਸੁਚੱਜੇ ਪ੍ਰਬੰਧਾਂ ਨਾਲ ਸਫਲਤਾਪੂਰਵਕ ਨੇਪਰੇ ਚੜ੍ਹਿਆ ਹੈ।

# ਬੱਚਿਆਂ ਨੂੰ ਸਿੱਖੀ ਸਰੂਪ ਤੇ ਗੁਰਬਾਣੀ ਨਾਲ ਜੋੜਨਾ ਹਰ ਪਰਵਾਰ ਦੀ ਸਾਂਝੀ ਜ਼ਿੰਮੇਵਾਰੀ : ਗੜਗੱਜ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਦੂਸਰੇ ਪੜਾਅ ਤਹਿਤ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਗਾਗਾ (ਸੰਗਰੂਰ) ਤੋਂ ਪੰਥਕ ਰਵਾਇਤਾਂ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਕਰਹਾਲੀ ਸਾਹਿਬ ਲਈ ਰਵਾਨਾ ਹੋਇਆ।ਖ਼ਾਲਸਾ ਮਾਰਚ ਦੀ ਰਵਾਨਗੀ ਤੋਂ ਪਹਿਲਾਂ ਗੁਰਮਤਿ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਕਥਾ-ਵਿਚਾਰ ਕਰਦਿਆਂ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ ਅਤੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਰਵਾਨਗੀ ਦੀ ਅਰਦਾਸ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਕੀਤੀ, ਜਿਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਪਾਲਕੀ 'ਚ ਸ਼ੁਸ਼ੋਭਿਤ ਕੀਤਾ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬਾਬਾ ਮੱਖਣ ਸ਼ਾਹ ਜੀ ਲੁਬਾਣਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਛਾਣ ਕਰਕੇ ਸਾਚਾ ਗੁਰੂ ਲਾਧੋ ਰੇ ਦਾ ਜੋ ਮਹਾਨ ਸੰਦੇਸ਼ ਸਿੱਖ ਸੰਗਤ ਨੂੰ ਦਿੱਤਾ, ਉਹ ਸਿਰਫ਼ ਇਤਿਹਾਸਕ ਘਟਨਾ ਨਹੀਂ, ਸਗੋਂ ਗੁਰੂ ਪ੍ਰਤੀ ਅਟੁੱਟ ਵਿਸ਼ਵਾਸ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਸਾਨੂੰ ਅੱਜ ਦਸਵੇਂ ਪਾਤਸ਼ਾਹ ਜੀ ਦੇ ਹੁਕਮ ਗੁਰੂ ਮਾਨਿਓ ਗ੍ਰੰਥ ਨੂੰ ਜੀਵਨ ਦਾ ਆਧਾਰ ਬਣਾਉਂਦਿਆਂ ਕਿਸੇ ਵੀ ਦੇਹਧਾਰੀ ਨੂੰ ਗੁਰੂ ਮੰਨਣ ਦੇ ਭੁਲੇਖੇ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸੇ ਗੁਰੂ ਸਿਧਾਂਤ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਏਕਤਾ ਦਾ ਸੰਦੇਸ਼ ਸੰਗਤ ਤੱਕ ਪਹੁੰਚਾਉਣ ਲਈ ਮੀਰੀ-ਪੀਰੀ ਖਾਲਸਾ ਮਾਰਚ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੀ ਸਭ ਤੋਂ ਵੱਡੀ ਚਿੰਤਾ ਨਸ਼ਿਆਂ ਦੀ ਮਾਰ ਹੈ। ਸਾਨੂੰ ਨਸ਼ਾ ਵੇਚਣ ਵਾਲਿਆਂ ਦਾ ਸਮਾਜਿਕ ਬਾਈਕਾਟ ਕਰਦਿਆਂ ਸਰਕਾਰਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਜਵਾਬਦੇਹ ਬਣਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਦੀ ਲਪੇਟ ਵਿੱਚ ਆਏ ਨੌਜਵਾਨਾਂ ਨੂੰ ਨਫ਼ਰਤ ਨਹੀਂ, ਸਗੋਂ ਪਿਆਰ, ਸਹਾਰਾ ਅਤੇ ਮੁੜ ਚੰਗੇ ਜੀਵਨ ਵੱਲ ਲਿਆਉਣ ਦਾ ਮੌਕਾ ਦੇਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਇਸ ਦੇ ਨਾਲ ਸਾਨੂੰ ਆਪਣੇ ਬੱਚਿਆਂ ਨੂੰ ਸਿੱਖੀ ਸਰੂਪ ਅਤੇ ਗੁਰਬਾਣੀ ਨਾਲ ਜੋੜਨ ਲਈ ਵੀ ਯਤਨਸ਼ੀਲ ਹੋਣ ਦੀ ਲੋੜ ਹੈ।

# ਘਰਾਚੋਂ ਇਕਾਈ ਦੀ ਸਰਬਸੰਮਤੀ ਨਾਲ ਚੋਣ, ਅਮਰੀਕ ਸਿੰਘ ਬਣੇ ਪ੍ਰਧਾਨ

ਭਵਾਨੀਗੜ੍ਹ (ਰਾਜ ਖੁਰਮੀ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਭਵਾਨੀਗੜ੍ਹ ਦੇ ਪਿੰਡ ਘਰਾਚੋਂ ਵਿਖੇ ਇਕਾਈ ਦੀ ਚੋਣ ਜ਼ਿਲ੍ਹਾ ਤੇ ਬਲਾਕ ਆਗੂਆਂ ਦੀ ਦੇਖ-ਰੇਖ ਹੇਠ ਸਰਬਸੰਮਤੀ ਨਾਲ ਕੀਤੀ ਗਈ।ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਕਿਸਾਨਾਂ ਨੂੰ 1 ਸਤੰਬਰ ਤੋਂ ਚੰਡੀਗੜ੍ਹ ਵਿਖੇ ਲੱਗਣ ਵਾਲੇ ਸੱਤ ਰੋਜ਼ਾ ਧਰਨੇ ਦੀਆਂ ਮੰਗਾਂ ਤੇ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੱਤੀ।ਜ਼ਿਲ੍ਹਾ ਸਕੱਤਰ ਕਸ਼ਮੀਰ ਸਿੰਘ ਘਰਾਚੋਂ, ਜ਼ਿਲ੍ਹਾ ਯੂਥ ਪ੍ਰਧਾਨ ਜਗਦੇਵ ਸਿੰਘ ਘਰਾਚੋਂ, ਜ਼ਿਲ੍ਹਾ ਪ੍ਰੈੱਸ ਸਕੱਤਰ ਜਸਪਾਲ ਸਿੰਘ ਘਰਾਚੋਂ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਤੇ ਰੋਹੀ ਸਿੰਘ ਸੰਘਰੇੜੀ ਦੀ ਦੇਖ-ਰੇਖ ਹੇਠ ਨਵੀਂ ਇਕਾਈ ਦੀ ਚੋਣ ਕੀਤੀ ਗਈ। ਚੋਣ ਦੌਰਾਨ ਅਮਰੀਕ ਸਿੰਘ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਉਨ੍ਹਾਂ ਕਿਹਾ ਕਿ ਕਿਸਾਨ ਟਰੈਕਟਰ-ਟਰਾਲੀਆਂ ਰਾਹੀਂ ਧਰਨੇ ਵਿੱਚ ਸ਼ਮੂਲੀਅਤ ਕਰਨਗੇ ਤੇ ਸੱਤ ਦਿਨਾਂ ਲਈ ਲੋੜੀਂਦਾ ਰਾਸ਼ਨ-ਪਾਣੀ ਨਾਲ ਲੈ ਕੇ ਜਾਣ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਚੋਣ ਅਨੁਸਾਰ ਸਰਪ੍ਰਸਤ ਸੁਖਦੇਵ ਸਿੰਘ ਤੇ ਕੇਵਲ ਸਿੰਘ, ਪ੍ਰਧਾਨ ਅਮਰੀਕ ਸਿੰਘ, ਖਜ਼ਾਨਚੀ ਦਰਸ਼ਨ ਸਿੰਘ ਅਤੇ ਨਿਰਭੈ ਸਿੰਘ, ਸਕੱਤਰ ਜਤਿੰਦਰ ਸਿੰਘ ਜੀਤੀ, ਸੀਨੀਅਰ ਮੀਤ ਪ੍ਰਧਾਨ ਨੇਤਰ ਸਿੰਘ, ਬਹਾਦਰ ਸਿੰਘ ਕਾਕੀ, ਸਤਿਨਾਮ ਸਿੰਘ ਸੱਤਾ, ਮਿੰਠੂ ਸਿੰਘ ਸੁਆਮੀ ਅਤੇ ਦੇਵ ਸਿੰਘ ਚਾਦ ਪੱਤੀ ਚੁਣੇ ਗਏ।

# ਨਰਸਿੰਗ ਕਾਲਜ ਤੇ ਭਗਤੀ ਭਜਨ ਗਰੁੱਪ ਨੇ ਸਰਹੱਦ 'ਤੇ ਤੈਨਾਤ ਜਵਾਨਾਂ ਨਾਲ ਮਨਾਇਆ ਰੱਖੜੀ ਦਾ ਤਿਉਹਾਰ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫਿਰੋਜ਼ਪੁਰ ਦੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ (ਸੋਢੇ ਵਾਲਾ) ਤੇ ਭਗਤੀ ਭਜਨ ਗਰੁੱਪ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਦੀਆਂ ਸਰਹੱਦਾਂ 'ਤੇ ਤਾਇਨਾਤ ਬਹਾਦਰ ਜਵਾਨਾਂ ਨਾਲ ਰੱਖੜੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਟੀਮ ਦੇ ਮੈਂਬਰਾਂ ਨੇ ਵੱਖ-ਵੱਖ ਬਾਰਡਰ ਚੌਕੀਆਂ 'ਤੇ ਪਹੁੰਚ ਕੇ ਦੇਸ਼ ਦੇ ਰੱਖਿਅਕਾਂ ਦੇ ਗੁੱਟਾਂ 'ਤੇ ਪਿਆਰ ਦੀ ਰੱਖੜੀ ਬੰਨ੍ਹੀ। ਇਹ ਉਪਰਾਲਾ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਤੇ ਹਾਰਮਨੀ ਆਯੁਰਵੇਦਿਕ ਮੈਡੀਕਲ ਕਾਲਜ ਐਂਡ ਹਸਪਤਾਲ ਦੇ ਡਾਇਰੈਕਟਰ ਅਤੇ ਭਗਤੀ ਭਜਨ ਗਰੁੱਪ ਦੇ ਸੰਸਥਾਪਕ ਧਰਮਪਾਲ ਬਾਂਸਲ ਦੀ ਅਗਵਾਈ ਹੇਠ ਕੀਤਾ ਗਿਆ। ਇਸ ਪੂਰੇ ਪ੍ਰੋਗਰਾਮ ਦਾ ਪ੍ਰਬੰਧ ਤੇ ਦੇਖ-ਰੇਖ ਕਮਾਂਡੈਂਟ ਅਫਸਰ ਐੱਮਕੇ ਗੋਸਵਾਮੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਈ। ਇਸ ਦੌਰਾਨ ਟੀਮ ਨੇ ਵੱਖ-ਵੱਖ ਸਰਹੱਦੀ ਚੌਕੀਆਂ ਦਾ ਦੌਰਾ ਕੀਤਾ, ਜਿਨ੍ਹਾਂ 'ਚ ਵਿਜੇ ਕੁਮਾਰ ਗੱਟੀ ਹਯਾਤ, ਵਿਜੈ ਸਿੰਘ ਇੰਸਪੈਕਟਰ ਮੱਬੋਕੇ, ਸਰਵਨਦੀਪ ਬਿਸਵਾਸ ਇੰਸਪੈਕਟਰ ਡੀ.ਟੀ ਮੱਲ, ਪ੍ਰਮੋਦ ਕੁਮਾਰ ਇੰਸਪੈਕਟਰ, ਜਗਦੀਸ਼ ਚੌਕੀ, ਮਹੇਸ਼ ਕੁਮਾਰ ਹੁਸੈਨੀਵਾਲਾ ਬਾਰਡਰ ਸਨ। ਇਨ੍ਹਾਂ ਸਾਰੀਆਂ ਚੌਕੀਆਂ 'ਤੇ ਜਾ ਕੇ ਜਵਾਨਾਂ ਨੂੰ ਰੱਖੜੀਆਂ ਬੰਨ੍ਹੀਆਂ ਗਈਆਂ ਤੇ ਮਿਠਾਈਆਂ ਵੰਡ ਕੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਗਈਆਂ। ਸਰਹੱਦ 'ਤੇ ਤਾਇਨਾਤ ਜਵਾਨਾਂ ਨੇ ਇਸ ਭਾਵੁਕ ਅਤੇ ਸਤਿਕਾਰਯੋਗ ਉਪਰਾਲੇ ਲਈ ਕਾਲਜ ਪ੍ਰਬੰਧਕਾਂ ਅਤੇ ਭਗਤੀ ਭਜਨ ਗਰੁੱਪ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਭਗਤੀ ਭਜਨ ਗਰੁੱਪ ਦੇ ਪ੍ਰਮੁੱਖ ਮੈਂਬਰ ਕੈਲਾਸ਼ ਸ਼ਰਮਾ, ਪਵਨ ਕਾਲੀਆ, ਸੁਖਵਿੰਦਰ ਕੌਰ, ਬਲਵਿੰਦਰ ਕੌਰ, ਜਗਦੇਵ ਸਿੰਘ, ਪਰਮਪ੍ਰੀਤ ਕੌਰ, ਸਹਿਜਪ੍ਰੀਤ ਕੌਰ ਅਤੇ ਪ੍ਰਤਾਪ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਮੁੱਖ ਮੰਤਰੀ 5 ਨੂੰ ਬਠਿੰਡਾ 'ਚ ਕਰਨਗੇ 'ਖੇਡਾਂ ਵਤਨ ਪੰਜਾਬ ਦੀਆਂ-2026' ਦਾ ਆਗਾਜ਼

## ਅੰਤਰਰਾਸ਼ਟਰੀ, ਰਾਸ਼ਟਰੀ ਪੱਧਰ ਦੇ ਖਿਡਾਰੀ ਬਣਨਗੇ ਸਮਾਗਮ ਦਾ ਹਿੱਸਾ



ਤਲਵੰਡੀ ਸਾਬੋ/ਬਠਿੰਡਾ, (ਜਗਦੀਪ ਗਿੱਲ/ਪਰਵਿੰਦਰ ਜੀਤ ਸਿੰਘ) : ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ 5 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਸਟੇਡੀਅਮ ਬਠਿੰਡਾ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ 2026' ਦਾ ਆਗਾਜ਼ ਕਰਨਗੇ।ਸੂਬੇ 'ਚ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਵਾਲੀ ਇਨ੍ਹਾਂ ਖੇਡਾਂ ਵਤਨ ਪੰਜਾਬ ਦੀਆਂ ਖੇਡਾਂ 'ਚ 16 ਤੋਂ ਘੱਟ ਤੋਂ 60 ਸਾਲ ਤੋਂ ਵੱਧ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਖੇਡਾਂ ਦੇ ਪ੍ਰਬੰਧਾਂ ਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੱਦੀ ਵਿਸ਼ੇਸ਼ ਮੀਟਿੰਗ ਦੌਰਾਨ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਖੇਡਾਂ ਵਤਨ ਪੰਜਾਬ ਦੀਆਂ 2026 'ਚ ਭਾਗ ਲੈਣ ਸਬੰਧੀ ਕਿਊ. ਆਰ ਕੋਡ ਵੀ ਜਾਰੀ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹਾ ਬਠਿੰਡਾ ਨੂੰ 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮੇਜ਼ਬਾਨੀ ਦਾ ਮਾਣ ਹਾਸਲ ਹੋਇਆ ਹੈ।ਉਦਘਾਟਨੀ ਸਮਾਗਮ ਨੂੰ ਯਾਦਗਾਰ ਬਣਾਉਣ ਲਈ ਵਿਆਪਕ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਸਮਾਗਮ ਦੌਰਾਨ ਅੰਤਰਰਾਸ਼ਟਰੀ ਤੇ ਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀ ਵਿਸ਼ੇਸ਼ ਮਾਰਚ ਪਾਸਟ ਵਿੱਚ ਸ਼ਾਮਲ ਹੋਣਗੇ।ਇਸ ਮੌਕੇ ਖੇਡ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਤੇ ਖਿਡਾਰੀਆਂ ਦੀ ਸ਼ਮੂਲੀਅਤ ਵੀ ਖਿੱਚ ਦਾ ਕੇਂਦਰ ਰਹੇਗੀ।ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਾਇਕ ਕੁਲਵਿੰਦਰ ਬਿੱਲਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਸ੍ਰੀ ਧੀਮਾਨ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਦਘਾਟਨੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਅਤੇ ਖਿਡਾਰੀਆਂ ਤੇ ਦਰਸ਼ਕਾਂ ਦੀ ਸਹੂਲਤ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇ।ਉਨ੍ਹਾਂ ਪੁਲਸ ਨੂੰ ਹਦਾਇਤ ਕੀਤੀ ਕਿ ਸਮਾਗਮ 'ਚ ਭਾਗ ਲੈਣ ਵਾਲੇ ਮਹਿਮਾਨਾਂ, ਆਮ ਜਨਤਾ ਤੇ ਖਿਡਾਰੀਆਂ ਲਈ ਪਾਰਕਿੰਗ, ਟ੍ਰੈਫਿਕ ਤੇ ਸੁਰੱਖਿਆ ਸਬੰਧੀ ਢੁੱਕਵੇਂ ਪ੍ਰਬੰਧ ਕੀਤੇ ਜਾਣ।ਉਨ੍ਹਾਂ ਸਕੂਲੀ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸਮਾਗਮ ਸੱਭਿਆਚਾਰਕ ਵੰਨਗੀਆਂ ਪੇਸ਼ ਕਰਨ ਵਾਲੇ ਵਿਦਿਆਰਥੀਆਂ ਲਈ ਪਾਣੀ, ਰਿਫਰੈਸ਼ਮੈਂਟ ਆਵਾਜਾਈ ਸਬੰਧੀ ਵੀ ਢੁੱਕਵੇਂ ਪ੍ਰਬੰਧ ਕੀਤੇ ਜਾਣ।ਨਗਰ ਨਿਗਮ ਬਠਿੰਡਾ ਨੂੰ ਹਦਾਇਤ ਕੀਤੀ ਗਈ ਕਿ ਸਟੇਡੀਅਮ ਤੇ ਉਸ ਦੇ ਆਸ-ਪਾਸ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਸਹਾਇਕ ਕਮਿਸ਼ਨਰ ਸ੍ਰੀ ਗੁਰਜਿੰਦਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਉਪ ਮੰਡਲ ਮੈਜਿਸਟ੍ਰੇਟ ਫੂਲ ਸ. ਬਲਕਰਨ ਸਿੰਘ ਮਾਹਲ, ਐੱਸ ਪੀ ਹੈੱਡਕੁਆਰਟਰ ਜਗਦੀਸ਼ ਬਿਸ਼ਨੋਈ, ਜ਼ਿਲ੍ਹਾ ਖੇਡ ਅਫ਼ਸਰ ਰੁਪਿੰਦਰ ਸਿੰਘ, ਡੀ ਐੱਸ ਪੀ ਗੁਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਮੁਲਾਜ਼ਮਾਂ ਨੇ ਟਵੀਟ ਦੀਆਂ ਕਾਪੀਆਂ ਸਾੜ ਕੇ ਕੀਤਾ ਰੋਸ ਦਾ ਪ੍ਰਗਟਾਵਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ, ਪੰਜਾਬ ਦੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਵਲੋਂ ਮੁੱਖ ਮੰਤਰੀ ਦੇ ਘਟੀਆ ਵਿਵਹਾਰ ਅਤੇ ਮੀਟਿੰਗ ਤੋਂ ਭੱਜਣ ਦੇ ਵਿਰੋਧ ਵਿੱਚ ਮੁੱਖ ਮੰਤਰੀ ਦੀਆਂ ਅਰਥੀਆਂ ਫੂਕਣ ਦੇ ਦਿੱਤੇ ਸੱਦੇ ਤਹਿਤ ਸ਼ੁੱਕਰਵਾਰ ਜਿੱਥੇ ਸਿਵਲ ਸਰਜਨ ਦਫਤਰ ਦੇ ਸਾਹਮਣੇ ਮੁੱਖ ਮੰਤਰੀ ਦੀ ਅਰਥੀ ਫੂਕੀ ਗਈ ਅਤੇ ਮੁਲਾਜ਼ਮਾਂ ਵੱਲੋਂ ਖੂਬ ਪਿਟ ਸਿਆਪਾ ਕੀਤਾ ਗਿਆ। ਇਸ ਮੌਕੇ ਆਗੂਆਂ ਵੱਲੋ ਮੁੱਖ ਮੰਤਰੀ ਦੇ ਹੰਕਾਰ ਭਰੇ ਵਤੀਰੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਹਾਈ ਕੋਰਟ ਦੇ ਫੈਸਲੇ ਤਹਿਤ ਤੁਰੰਤ ਮਹਿਗਾਈ ਭੱਤੇ ਦਾ ਭੁਗਤਾਨ ਕਰੇ ਅਤੇ ਮੰਗ ਪੱਤਰ ਵਿੱਚ ਦਰਜ ਬਾਕੀ ਮੰਗਾਂ ਦਾ ਨਿਪਟਾਰਾ ਕਰੇ। ਇਸ ਮੌਕੇ ਆਗੂਆਂ ਵਲੋਂ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਰੋਸ ਧਰਨਿਆਂ ਵਿੱਚ ਵੱਡੇ ਪੱਧਰ 'ਤੇ ਕੀਤੀ ਸ਼ਮੂਲੀਅਤ ਲਈ ਧੰਨਵਾਦ ਕੀਤਾ ਅਤੇ ਸਰਕਾਰ ਵਲੋਂ ਛੁੱਟੀ ਸਬੰਧੀ ਜੋ ਪੱਤਰ ਜਾਰੀ ਕੀਤਾ ਹੈ, ਉਸ ਦੀ ਨਿਖੇਧੀ ਕਰਦਿਆਂ ਉਸ ਨੂੰ ਵੀ ਮੌਕੇ 'ਤੇ ਸਾੜਿਆ ਗਿਆ ਅਤੇ ਮੁੱਖ ਮੰਤਰੀ ਵੱਲੋਂ ਜੋ ਪਿਛਲੇ ਕੱਲ੍ਹ ਟਵੀਟ ਕਰਕੇ ਕਿਹਾ ਸੀ ਕਿ ਸੰਘਰਸ਼ ਤੇ ਮੀਟਿੰਗ ਦੋਨੋਂ ਇੱਕੋ ਸਮੇਂ ਨਹੀਂ ਹੋ ਸਕਦੇ ਉਸ ਟਵੀਟ ਦੀਆਂ ਵੀ ਕਾਪੀਆਂ ਸਾੜੀਆਂ ਗਈਆਂ। ਇਸ ਮੌਕੇ ਸਾਂਝੀ ਤਾਲਮੇਲ ਕਮੇਟੀ ਦੇ ਸੂਬਾ ਆਗੂ ਸਤੀਸ਼ ਰਾਣਾ, ਜ਼ਿਲ੍ਹਾ ਆਗੂ ਅਨਰਿਧ ਮੋਦਗਿਲ, ਮਨਜੀਤ ਸਿੰਘ ਸੈਣੀ, ਵਰਿਆਮ ਸਿੰਘ, ਰਕੇਸ਼ ਕੁਮਾਰ, ਸਿਵਲ ਸਰਜਨ ਦਫਤਰ ਦੇ ਪ੍ਰਧਾਨ ਧਰਮਿੰਦਰ, ਜਨਰਲ ਸਕੱਤਰ ਸੰਜੀਵ ਕੁਮਾਰ, ਸਤਪਾਲ ਸੇਵਾ, ਪ੍ਰੈੱਸ ਸਕੱਤਰ ਗੁਰਵਿੰਦਰ ਸ਼ਾਨੇ, ਰਿਧੂ ਬਾਲਾ, ਵਿਸ਼ਾਲ ਪੂਰੀ, ਕੇਵਲ ਕ੍ਰਿਸ਼ਨ, ਰਾਮ ਲੁਭਾਇਆ, ਨੀਲਮ ਸੈਣੀ ਪ੍ਰਧਾਨ ਸਟਾਫ ਨਰਸ ਅਸੋਸੀਏਸ਼ਨ, ਨਰਸਿੰਗ ਸਿਸਟਰ ਕੁਲਰਾਜ ਕੌਰ, ਰਾਜਵਿੰਦਰ ਕੌਰ, ਲਖਬੀਰ ਕੁਮਾਰ, ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਮਹਿੰਗਾਈ ਨੇ ਵਿਗਾੜਿਆ ਆਮ ਜਨਤਾ ਦੀ ਰਸੋਈ ਦਾ ਬਜਟ



ਫਗਵਾੜਾ (ਜਸਵਿੰਦਰ ਢੱਡਾ)-ਬਲਾਕ ਯੂਥ ਕਾਂਗਰਸ ਫਗਵਾੜਾ ਦੇ ਪ੍ਰਧਾਨ ਸਾਹਿਲ ਵੋਹਰਾ ਨੇ ਦੇਸ਼ ਵਿੱਚ ਲਗਾਤਾਰ ਵੱਧ ਰਹੀ ਮਹਿੰਗਾਈ ਨੂੰ ਲੈ ਕੇ ਕੇਂਦਰ ਦੀ ਭਾਜਪਾ ਸ਼ਾਸਿਤ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ 'ਤੇ ਕਾਬੂ ਪਾਉਣ ਵਿੱਚ ਸਰਕਾਰ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ, ਜਿਸ ਦਾ ਸਿੱਧਾ ਅਸਰ ਆਮ ਲੋਕਾਂ ਦੀ ਜੇਬ ਅਤੇ ਘਰੇਲੂ ਬਜਟ 'ਤੇ ਪੈ ਰਿਹਾ ਹੈ। ਸਾਹਿਲ ਵੋਹਰਾ ਨੇ ਕਿਹਾ ਕਿ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵੱਧਣ ਕਾਰਨ ਮੱਧ ਵਰਗ ਅਤੇ ਗਰੀਬ ਪਰਵਾਰਾਂ ਲਈ ਘਰ ਦਾ ਖਰਚਾ ਚਲਾਉਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਉਨ੍ਹਾਂ ਖਾਸ ਤੌਰ 'ਤੇ ਖੰਡ ਦੀਆਂ ਵੱਧ ਰਹੀਆਂ ਅਤੇ ਬੇਕਾਬੂ ਕੀਮਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਖੰਡ ਵਰਗੀ ਰੋਜ਼ਾਨਾ ਵਰਤੋਂ ਵਾਲੀ ਵਸਤੂ ਵੀ ਹੁਣ ਆਮ ਆਦਮੀ ਦੀ ਪਹੁੰਚ ਤੋਂ ਦੂਰ ਹੁੰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਘਰੇਲੂ ਗੈਸ ਸਿਲੰਡਰ, ਪੈਟਰੋਲ ਅਤੇ ਹੋਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧੇ ਨੇ ਲੋਕਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ। ਹੁਣ ਖਾਣ-ਪੀਣ ਦੀਆਂ ਵਸਤੂਆਂ ਦੇ ਲਗਾਤਾਰ ਵੱਧ ਰਹੇ ਭਾਅ ਨੇ ਰਸੋਈ ਦਾ ਬਜਟ ਪੂਰੀ ਤਰ੍ਹਾਂ ਵਿਗਾੜ ਦਿੱਤਾ ਹੈ। ਆਮ ਪਰਿਵਾਰਾਂ ਲਈ ਸੀਮਤ ਆਮਦਨ ਵਿੱਚ ਘਰ ਦਾ ਰਾਸ਼ਨ, ਬੱਚਿਆਂ ਦੀ ਪੜ੍ਹਾਈ, ਬਿਜਲੀ-ਪਾਣੀ ਦੇ ਬਿੱਲ, ਸਿਹਤ ਸਬੰਧੀ ਖਰਚੇ ਅਤੇ ਹੋਰ ਜ਼ਰੂਰੀ ਲੋੜਾਂ ਪੂਰੀਆਂ ਕਰਨਾ ਮੁਸ਼ਕਲ ਹੋ ਰਿਹਾ ਹੈ। ਬਲਾਕ ਯੂਥ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕੇਂਦਰ ਸਰਕਾਰ ਮਹਿੰਗਾਈ ਨੂੰ ਲੈ ਕੇ ਵੱਡੇ-ਵੱਡੇ ਦਾਅਵੇ ਤਾਂ ਕਰਦੀ ਹੈ, ਪਰ ਜ਼ਮੀਨੀ ਪੱਧਰ 'ਤੇ ਆਮ ਜਨਤਾ ਨੂੰ ਇਸ ਦਾ ਕੋਈ ਲਾਭ ਦਿਖਾਈ ਨਹੀਂ ਦੇ ਰਿਹਾ।

# ਬਸ਼ੰਬਰ ਨਾਥ ਗਰੋਵਰ ਨਮਿਤ ਅੰਤਿਮ ਅਰਦਾਸ ਅੱਜ



ਮੋਗਾ, (ਇਕਬਾਲ ਸਿੰਘ ਖਹਿਰਾ)-ਪੱਤਰਕਾਰ ਪਵਨ ਗਰੋਵਰ ਤੇ ਪੱਤਰਕਾਰ ਬਿੱਟੂ ਗਰੋਵਰ ਦੇ ਸਤਿਕਾਰਯੋਗ ਪਿਤਾ ਸਵਸ੍ਰੀ ਬਸ਼ੰਬਰ ਨਾਥ ਗਰੋਵਰ, ਜੋ ਕਿ ਪਿਛਲੇ ਦਿਨੀਂ ਅਕਾਲ ਪੁਰਖ ਵੱਲੋਂ ਬਖਸ਼ੀ ਸਵਾਸਾਂ ਰੂਪੀ ਪੂੰਜੀ ਨੂੰ ਭੋਗਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਨਮਿੱਤ ਪ੍ਰਕਾਸ਼ ਕਰਵਾਏ ਸ਼੍ਰੀ ਅਖੰਡ ਪਾਠ ਸਾਹਿਬ ਦਾ ਭੋਗ 29 ਅਗਸਤ ਸ਼ਨੀਵਾਰ ਨੂੰ ਦੁਪਹਿਰ 12:30 ਤੋਂ 1:30 ਵਜੇ ਤੱਕ ਗੁਰਦੁਆਰਾ ਡੇਰਾ ਬਾਬਾ ਸਮਾਧਾਂ ਅਜੀਤਵਾਲ ਵਿਖੇ ਪਵੇਗਾ। ਇਸ ਦੁੱਖ ਦੀ ਘੜੀ 'ਚ ਗਰੋਵਰ ਭਰਾਵਾਂ ਤੇ ਪਰਵਾਰ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਮੀਡੀਆ ਸਲਾਹਕਾਰ ਰਜੈਦੀਪ ਸਿੰਘ, ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ ਹਲਕਾ ਪਾਇਲ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਗੁਰਮਿੰਦਰਜੀਤ ਸਿੰਘ ਬਬਲੂ ਬਰਾੜ ਸੀਨੀਅਰ ਆਪ ਆਗੂ, ਕੁਲਵਿੰਦਰ ਸਿੰਘ ਕਿੰਦੋ ਕੋਕਰੀ ਚੇਅਰਮੈਨ ਰੂਰਲ ਡਿਵੈਲਪਮੈਂਟ ਸੈੱਲ ਕਾਂਗਰਸ ਮੋਗਾ, ਜਸਵੰਤ ਸਿੰਘ ਭੋਲਾ ਬਾਸੀ, ਸੁਰਿੰਦਰ ਸਿੰਘ ਨਿੱਕਾ ਪੰਚ ਅਜੀਤਵਾਲ, ਨਿਰਮਲ ਸਿੰਘ ਭੱਟੀ, ਅਜੀਤਵਾਲ, ਜਸਦੀਪ ਸਿੰਘ ਗੈਰੀ ਢੁੱਡੀਕੇ ਉੱਪ-ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਮੋਗਾ, ਡੀ. ਐੱਸ. ਪੀ. ਜਗਤਾਰ ਸਿੰਘ ਫਰੀਦਕੋਟ, ਸ਼ੰਮੀ ਗੁਪਤਾ ਨਿਹਾਲ ਸਿੰਘ ਵਾਲਾ, ਰਣਜੀਤ ਬਾਵਾ ਨਿਹਾਲ ਸਿੰਘ ਵਾਲਾ ਸਮੇਤ ਅਨੇਕਾਂ ਸ਼ਖ਼ਸੀਅਤਾਂ ਨੇ ਦੁੱਖ ਦਾ ਇਜ਼ਹਾਰ ਕੀਤਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Azad Singh Khokhar S/o Nirmal Singh R/o 476/1, Street No. 04, Bhawani Nagar, Hoshiarpur 146001, Punjab have changed my name from Azad Singh Khokhar to Azad Singh. Concerned note.

I, Shamsher Singh S/O Karam Singh R/O Village Vain Poin Tehsil Khadur Sahib, Distt. Tarn Taran, Punjab have changed my name from Shamsher Singh to Sher Singh. Concerned note.

I, Amritpal Singh S/o Gurtej Singh R/o H.No.63, Gali No.9, Sher Shah Suri Road, Hagobind Nagar, Chheharta, Amritsar have declare that Amritpal is my given name and Singh is my Surname.

I, Jagdeep Singh S/o Didar Singh R/o Khapar Kheri, Amritsar have changed my name from Jagdeep Singh to Jagdip Singh.

I, Manprit Kaur W/o Surjit Singh R/o Mata Ganga Ji Nagar Kot Mit Singh Depot Wali Gali, Tarn Taran Road, Amritsar have changed my name from Manprit Kaur to Manpreet Kaur.

I, Surjeet Singh S/o Gurcharan Singh R/o Mata Ganga Ji Nagar, Kot Mit Singh Depot Wali Gali, Tarn Taran Road, Amritsar have changed my name from Surjeet Singh to Surjit Singh.

I, Ravi Sher Singh S/o Karamjit Singh R/o 217/C, Gali No.4, New Partap Nagar, Amritsar have changed my name from Ravi Sher Singh to Ravisher Singh Gill.

I, Anita Devi alias Anita Mayer W/o Narinder Mayer R/o H.no.3, Basant Vihar, Khambra, Jalandhar - 144001, Punjab have changed my name from Anita Devi alias Anita Mayer to Anita Mayer. All concerned please note.

I Harpreet Singh S/O Sucha Singh R/O Badshapur, Kapurthala ,Punjab Have Changed My Name From Harpreet Singh To Harpreet As Given Name And Singh As Surname. All Concerned May Note.

I, Natasha Chopra wife of Sunil Beri, R/o Flat No. I-704, Jalandhar Heights-1, Jalandhar have changed my name from Nastasha Chopra to Natasha Beri after marriage.

I, Gurnam Rani W/o Gurnam Singh R/o VPO. Barn, Tehsil Phagwara, Distt. Kapurthala, Punjab have changed my name from Gurnam Rani to Resham Rani. All Please Note.

I, Jovraj Singh S/o Rattan Singh R/o VPO. Jaito Sarja, Tehsil Batala, Distt. Gurdaspur, Punjab have changed my name from Jovraj Singh to Given Name Jovraj & Surname as Singh. Concerned Note.

I, Rajesh Bighamal son of Late Sh. Kedar Nath Bighamal resident of H.No. E.E-132 A, Sham Sunder Joshi Wali Gali, Bhagat Singh Chowk, Jalandhar, Punjab-144001 have changed my name from Rajesh Kumar to Rajesh Bighamal. All concerned please note.

I, Monu S/o Vijay Kumar R/o H.No. E-73, Dhobri Mohalla, Tanda Road, Jalandhar that in some documents my name written as Vishwa Nath. That I hereby declare that Monu as well as Vishwa Nath is one and same person and carrying equal value.

I, Arvinder Singh S/o Iqbal Singh R/o Village Babak, Post Office Ghorewaha, Tehsil Tanda, Distt. Hoshiarpur, Punjab have changed my name from Arvinder Singh to Given Name Arvinder & Surname as Singh. Concerned Note.

## PUBLIC NOTICE

I Sunita Paul W/o Surinder Kumar R/o V.P.O. Dialpur, Distt. Kapurthala Declare That I Disinherit and Evict my Daughter-in-Law Himali W/o Late Ankush and their Son Kairav and Shivay from all my movable & Immovable properties/assets because she is not in my say even not in my control so if anybody deal with Her, He/She may responsible for his/her own act or dealing and Neither I nor my any family member is responsible for any act done by her.

I, Surinder Kumar S/o Kartar Chand R/o V.P.O. Dialpur, Distt. Kapurthala Declare That I Disinherit and Evict my Daughter-in-Law Himali W/o Late Ankush and their Son Kairav and Shivay from all my movable & Immovable properties/assets because she is not in my say even not in my control so if anybody deal with Her, He/She may responsible for his/her own act or dealing and Neither I nor my any family member is responsible for any act done by her.

## Lost and Found

I, Vijay S/o Tarsem Lal & Ajay S/o Tarsem Lal R/o H.No. 257/3, B.I. Bazar, Jalandhar Cantt, District Jalandhar, Punjab declare that I have lost my transfer deed no. 2019-20/186/1/10044, Dated 24-12-2019 Registered with the office sub/registrar/joint sub registrar, Jalandhar & Original Sale Deed Document No. 5114/1 Volume No. 1163 Page No. 93, Dated 15-09-2004 Registered with office of sub/registrar Jalandhar-I. That I tried a lot to find the said documents but I could not find it. That If anyone finds my documents then contact me at above address.

## ਨਾਂਅ ਦੀ ਬਦਲੀ

ਮੈਂ, ਦੇਵ ਰਾਜ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਭੰਡਾਲ ਦੋਨਾਂ, ਡਾਕਖਾਨਾ ਸਿੱਧਵਾਂ ਦੋਨਾਂ, ਜ਼ਿਲ੍ਹਾ ਕਪੂਰਥਲਾ ਦਾ ਵਾਸੀ ਹਾਂ। ਮੈਂ ਆਪਣਾ ਨਾਮ ਦੇਵਰਾਜ ਤੋਂ ਬਦਲਕੇ ਹਰਦੇਵ ਸਿੰਘ ਰੱਖ ਲਿਆ। ਸਾਰੇ ਸੰਬੰਧਿਤ ਨੋਟ ਕਰਨ।

ਮੈਂ, ਸੂਰਜਾ ਪੁੱਤਰ ਭਜਨ ਲਾਲ ਵਾਸੀ ਪਿੰਡ ਤੇ ਡਾਕਖਾਨਾ ਸਮੀਪੁਰ, ਜ਼ਿਲ੍ਹਾ ਜਲੰਧਰ -144026, ਪੰਜਾਬ ਨੇ ਆਪਣਾ ਨਾਮ ਸੂਰਜਾ ਤੋਂ ਬਦਲ ਕੇ ਸੂਰਜਾ ਕੁਮਾਰ ਰੱਖ ਲਿਆ ਹੈ।

ਮੈਂ, ਪਰਮਜੀਤ ਕੌਰ ਪੁੱਤਰੀ ਦਲਜੀਤ ਸਿੰਘ ਹਾਲ ਪਤਨੀ ਕੁਲਜੀਤ ਸਿੰਘ, ਵਾਸੀ ਪਿੰਡ ਭੂਲਪੁਰ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਮੇਰਾ ਨਾਂਅ ਜਮ੍ਹਾਂਬੰਦੀ ਵਿਚ ਇੰਦਰਜੀਤ ਕੌਰ ਚੱਲ ਰਿਹਾ ਹੈ। ਮੇਰਾ ਸਹੀ ਨਾਂਅ ਪਰਮਜੀਤ ਕੌਰ ਹੈ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਦਵਿੰਦਰ ਸਿੰਘ ਪੁੱਤਰ ਸ਼੍ਰੀ ਨਿਸ਼ਾਨ ਸਿੰਘ ਅਤੇ ਰਣਜੀਤ ਕੌਰ ਪਤਨੀ ਦਵਿੰਦਰ ਸਿੰਘ ਵਾਸੀਆਨ ਪਿੰਡ ਤੇ ਡਾਕਖਾਨਾ ਪੰਜਗਰਾਈਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਰਸ਼ਦੀਪ ਸਿੰਘ ਅਤੇ ਸਾਡੀ ਨੂੰਹ ਸੰਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੀਤਾ ਦੇਵੀ ਪਤਨੀ ਲੇਟ ਸ਼੍ਰੀ ਚਰਨ ਦਾਸ ਵਾਸੀ ਮਕਾਨ ਨੰਬਰ ਬੀ-9, 681/2 ਸੰਤੋਖਪੁਰਾ, ਇੰਡਸਟਰੀਅਲ ਟਾਊਨ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ, ਉਸ ਦੀ ਪਤਨੀ ਮਨਪ੍ਰੀਤ ਅਤੇ ਉਨ੍ਹਾਂ ਦੀ ਲੜਕੀ ਗੁਰਲੀਨ, ਨਵਨੀਤ ਅਤੇ ਲੜਕੇ ਖੁਸ਼ਹਾਲ ਅਤੇ ਬੰਕੁਸ਼, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਇਨ੍ਹਾਂ ਦਾ ਵਤੀਰਾ ਠੀਕ ਨਹੀਂ ਹੈ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਕੰਮਾਂ ਦੀ ਮੈਂ ਜ਼ਿੰਮੇਵਾਰ ਨਹੀਂ ਹੋਵਾਂਗੀ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

## ਬੇਦਖਲੀ ਨੋਟਿਸ

ਮੈਂ, ਰਸ਼ਪਾਲ ਸਿੰਘ ਪੁੱਤਰ ਸ਼੍ਰੀ ਰਾਵਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਕੰਧਾਲਾ ਗੁਰੂ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਸੁਖਪ੍ਰੀਤ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਮਿੰਦੋ ਪਤਨੀ ਲੇਟ ਸ੍ਰੀ ਬੂਟਾ ਰਾਮ ਵਾਸੀ ਮਕਾਨ ਨੰਬਰ 115 ਪਿੰਡ ਧੀਣਾ ਡਾਕਖਾਨਾ ਜਲੰਧਰ ਕੈਂਟ ਤਹਿਸੀਲ ਤੇ ਜਿਲਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਤੇ ਮੇਰੀ ਨੂੰਹ ਉਸ ਦੀ ਪਤਨੀ ਲਵੀਨਾ ਮੇਰੇ ਕਹਿਣੇ ਤੋਂ ਬਾਹਰ ਹਨ,ਤੇ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ, ਮੈਂ ਆਪਣੇ ਲੜਕੇ ਗੁਰਪ੍ਰੀਤ ਤੇ ਉਸ ਦੀ ਪਤਨੀ ਲਵੀਨਾ ਨੂੰ ਆਪਣੀ ਚੱਲ -ਅਚੱਲ ਸੰਮਤੀ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜੰਟਾ ਸਿੰਘ ਪੁੱਤਰ ਗੁੱਜਰ ਸਿੰਘ ਵਾਸੀ ਧਰਮਪੁਰਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰੇ ਦੋਵੇਂ ਪੁੱਤਰ ਬਿੱਟੂ ਸਿੰਘ, ਦੀਪੀ ਸਿੰਘ ਅਤੇ ਮੇਰੀ ਨੂੰਹ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੀ ਤੇ ਮੇਰੇ ਪਰਵਾਰ ਦੀ ਕੋਈ ਗੱਲ ਨਹੀਂ ਮੰਨਦੇ । ਮੈਂ ਇਨ੍ਹਾਂ ਤਿੰਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ ਰਾਕੇਸ਼ ਗੁਲਾਟੀ ਪੁੱਤਰ ਪ੍ਰੀਤਮ ਦਾਸ ਗੁਲਾਟੀ ਵਾਸੀ 512 ਗੁਰਮੇਅਰ ਇਨਕਲੇਵ ਡਾਕਘਰ ਟਾਵਰ ਟਾਊਨ ਕਾਲੋਨੀ ਜਲੰਧਰ ਨੇ ਆਪਣੇ ਪੁੱਤਰ ਨੀਤਿਨ ਗੁਲਾਟੀ ਨੂੰ ਆਪਣੇ ਕਹਿਣ ਤੋਂ ਬਾਹਰ ਹੋਣ ਕਾਰਣ ਸੰਪੰਤੀ ਤੋਂ ਬੇਦਖ਼ਲ ਕਰਦਾ ਹਾਂ। ਇਸਦੇ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਚੀਨਾ ਰਾਮ ਪੁੱਤਰ ਪ੍ਰੇਮ ਚੰਦ ਵਾਸੀ ਵਾਰਡ ਨੰਬਰ 7 ਧੂਰੀ (ਜਿਲਾ ਸੰਗਰੂਰ) ਦਾ ਰਹਿਣ ਵਾਲਾ ਹਾਂ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪੂ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਬੁਰੀ ਸੰਗਤ ਵਿੱਚ ਪੈ ਗਿਆ ਹੈ। ਮੈਂ ਇਸ ਨੂੰ ਆਪਣੀ ਚਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਪਰਮਜੀਤ ਕੌਰ ਪਤਨੀ ਸਵ.ਰਾਜਕੁਮਾਰ ਵਾਸੀ ਪਿੰਡ ਪਵਾਰ ਡਾਕਖਾਨਾ ਨਿੱਝਰਾਂ ਜਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ ਇਹ ਕੀ ਮੇਰਾ ਲੜਕਾ ਜਿੰਦਰ ਕੁਮਾਰ ਅਤੇ ਉਸਦੀ ਪਤਨੀ ਸੋਨੀਆਂ ਮੇਰੀ ਨੂੰਹ ਤੇ ਉਸਦਾ ਲੜਕਾ ਰਿਹਾਨ ਅਤੇ ਲੜਕੀ ਪਲਕ ਜੋਕਿ ਮੇਰੇ ਕਹਿਣੇ ਕਾਰ ਨਹੀਂ ਹਨ ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਜੋ ਕੋਈ ਇਨ੍ਹਾਂ ਨਾਲ ਸਾਕ ਸੰਬੰਧੀ ਲੈਣ ਦੇਣ ਕਰੇਗਾ ਉਹ ਖੁਦ ਜੁੰਮੇਬਾਰ ਹੋਵੇਗਾ।ਸੰਬੰਧਿਤ ਨੋਟ ਕਰਨ।

ਮੈਂ, ਬੱਗਾ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਦੌਲੇ ਵਾਲਾ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵਗਾ।

ਅਸੀਂ, ਸਕੱਤਰ ਸਿੰਘ ਪੁੱਤਰ ਜਗੀਰ ਸਿੰਘ ਵਾ ਬਲਬੀਰ ਕੌਰ ਪਤਨੀ ਸਕੱਤਰ ਸਿੰਘ, ਵਾਸੀਆਨ ਪਿੰਡ ਕੋਟਲੀ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਦੀਪ ਸਿੰਘ ਉਰਫ ਪੂਹਲਾ ਉਰਫ ਨਿਹੰਗ, ਜੋ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਸੁਖਦੇਵ ਸਿੰਘ ਪੁੱਤਰ ਸ਼੍ਰੀ ਅਮਰ ਸਿੰਘ ਵਾਸੀ ਪਿੰਡ ਕਲੋਆ, ਡਾਕ. ਬਾਇਚ ਬਾਜਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਮਜੀਤ ਸਿੰਘ ਅਤੇ ਉਸ ਦੀ ਪਤਨੀ ਨੀਰਜਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਦੋਵਾਂ ਪੁੱਤਰ ਅਤੇ ਨੂੰਹ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਪ੍ਰਕਾਰ ਦਾ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਬਾਕੀ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਦਫਤਰ ਜੁਆਇੰਟ ਸਬ ਰਜਿਸਟਰਾਰ ਭਵਾਲ ਕਲਾਂ

### ਨੋਟਿਸ ਬਨਾਮ ਆਮ ਪਬਲਿਕ

[illegible] ਮੌਤ ਮਿਤੀ 13-09-2021 ਨੂੰ ਹੋ ਚੁੱਕੀ ਹੈ। ਉਹ ਇਹ ਵਸੀਅਤ ਨੂੰ ਜ਼ੇਰ ਧਾਰਾ 40 ਏ ਤਹਿਤ ਰਜਿਸਟਰਡ ਕਰਵਾਉਣਾ ਚਾਹੁੰਦਾ ਹੈ।

ਇਸ ਲਈ ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਵਸੀਅਤ ਦੇ ਰਜਿਸਟਰਡ ਹੋਣ ਸੰਬੰਧੀ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਦੇ 15 ਦਿਨਾਂ ਦੇ ਅੰਦਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣਾ ਉਜ਼ਰ/ਦਾਅਵਾ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਕਿਸਮ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਇਹ ਨੋਟਿਸ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਅੱਜ ਮਿਤੀ 11/08/2026 ਨੂੰ ਜਾਰੀ ਕੀਤਾ ਜਾਂਦਾ ਹੈ।

ਸਹੀ/-ਜਾਇੰਟ ਸਬ ਰਜਿਸਟਰਾਰ ਭਵਾਲ ਕਲਾਂ।

1733/11.08.2026

## COURT NOTICE

(U/o 5 Rule 20 CPC)
In the Court of
Sh. Kapil Dev Singla
Additional Principal Judge
Family Court-2, Patiala
MNT125/292/2025
CNR No. PBPT01-012187-2025
Next Date:- 05-12-2026
Suman Rani & Anr.
Vs.
Harwinder Kumar @ Harminder @ Harminder Sharma
Publication Issued To:
Harwinder Kumar @ Harminder @ Harminder Sharma Father : Surinder Kumar, R/O Village Neelpur, District Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-12-2026 at 10:00 a.m.

For details logon to https://highcourtchd.gov.in/?trs=district_notice&district=Patiala

Additional Principal Judge
Family Court-2, Patiala
Dated, this day of 27-08-2026

## PUBLIC NOTICE

This is to be put to notice that on behalf of my client ICICI Bank Following Public Notice for loss of original document may be publish by the company/owner in loan case of Joginderpal S/o Dev Raj and Harsh Sehgal S/o Joginderpal App No. 77212567017.

"Joginderpal S/o Dev Raj and Harsh Sehgal S/o Joginderpal is owner in possession of House No. WF-17 area measuring approximately 03 Marla under Redline Area Situated at Ali Mohalla, Jalandhar Tehsil and Distt Jalandhar The previous chain document i.e. GPA No. 3016 dated 22.05.2005, SR – Jalandhar and Sale Deed No. 16922 dated 20.03.2013 have been lost/ missing & is not traceable and owner is intending tolodge/register DDR/Lost information report is respect to loss of above said document to police. If any concern, Bank or any person having claim. Objection related to above transactions/ document and any objection regarding mortgageof said property with ICICI Bank, he/she may raiseobjection to ICICI Bank Limited, 4th Floor, Midland Financial Center .G.T.Road, Jalandhar , Jalandhar, within 7 days from the date of publication, failing which no claim will be entertained later by ICICI Bank."

Lalit Kakkar, Advocate, Jalandhar
M/s. Jaideep Nayyar & Associates. , 91, New Harbans Nagar, Jalandhar, M - 9876107449

## ਉੱਤਰ ਰੇਲਵੇ

### ਨਿਵਿਦਾ ਸੂਚਨਾ

ਉਪ ਮੁੱਖ ਇੰਜੀਨੀਅਰ/ਨਿਰਮਾਣ/ਡਬਲਿੰਗ ਉੱਤਰ ਰੇਲਵੇ, ਜੰਮੂ ਤਵੀ ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਹੇਠਾਂ ਲਿਖਤ ਕੰਮ ਦੇ ਲਈ ਦੋ ਪੈਕੇਟ ਸਿਸਟਮ ਦੇ ਤਹਿਤ ਖੁੱਲ੍ਹੇ ਈ-ਨਿਵਿਦਾ ਦੀ ਮੰਗ ਕਰਦੇ ਹਨ:

| | | |
|---|---|---|
| 1 | ਕੰਮ ਅਤੇ ਸਥਾਨ ਦਾ ਨਾਮ | JRC-PTKC ਸੈਕਸ਼ਨ ਤੇ ਮਿਥੂਲ ਸਟੇਸ਼ਨ ਦੇ ਕੋਲ, ਰੇਲਵੇ km 93/780.8 'ਤੇ ਨਾਲੁੰਗਾ ਪਿੰਡ ਵਿਚ ਪੁਲ ਦੇ ਹੇਠਾਂ ਸੜਕ ਜਾਂ ਲਿਮਿਟਡ ਹਾਈਟ ਸਬਵੇ (RCC ਬਾਕਸ ਸਾਈਜ਼ 7.5 x 5.5) ਦੀ ਉਸਾਰੀ। |
| 2 | ਕੰਮ ਸਮਾਪਤੀ ਦਾ ਸਮਾਂ | 9 (ਨੌਂ) ਮਹੀਨੇ। |
| 3 | ਲਗਭਗ ਕੰਮ ਦੀ ਲਾਗਤ | Rs. 15,87,45,816.08/- |
| 4 | ਅਗਾਊਂ ਧਨ ਜਮ੍ਹਾਂ ਕਰਨ ਦੇ ਲਈ ਘਟ ਤੋਂ ਘਟ ਧਨ | Rs. 31,74,900.00/- |
| 5 | ਈ ਨਿਵਿਦਾ ਜਮ੍ਹਾਂ ਕਰਨ ਅਤੇ ਨਿਵਿਦਾ ਨਿਵਿਦਾਵਾਂ ਖੋਲਣ ਦੇ ਲਈ ਮਿਤੀ ਅਤੇ ਸਮਾਂ | ਆਈਆਰਈਪੀਐਸ ਵੈਬਸਾਈਟ ਯਾਨੀ www.ireps.gov.in 'ਤੇ 23.09.2026 ਦੀ ਮਿਤੀ ਨੂੰ 15.00 ਵਜੇ ਤਕ ਨਿਵਿਦਾਵਾਂ ਆਨਲਾਈਨ ਜਮ੍ਹਾਂ ਕੀਤੀ ਜਾ ਸਕਦੀ ਹੈ। ਬੋਲੀ ਦਾਤਾ ਈ-ਨਿਵਿਦਾ ਵਿਚ ਭਾਗ ਲੈ ਸਕਦੇ ਹਨ, ਜਿਸ ਵਿਚ ਤਕਨੀਕੀ ਸਵਾਲਾਂ [illegible] 23.09.2026 ਨੂੰ 15:00 ਵਜੇ ਖੋਲ੍ਹੇ ਜਾਣਗੇ। |
| 6 | ਵਿਸਤ੍ਰਿਤ ਨਿਵਿਦਾ ਸੂਚਨਾ ਅਤੇ ਨਿਵਿਦਾ ਦਸਤਾਵੇਜ਼ | ਵਿਸਤ੍ਰਿਤ ਈ-ਨਿਵਿਦਾ ਸੂਚਨਾ ਉੱਤਰੀ ਰੇਲਵੇ ਵੈਬਸਾਈਟ www.nr.indianrailways.gov.in 'ਤੇ ਉਪਲਬਧ ਹੈ ਅਤੇ ਈ ਨਿਵਿਦਾ ਦਸਤਾਵੇਜ਼ www.ireps.gov.in 'ਤੇ ਉਪਲਬਧ ਹੈ। ਪ੍ਰੀ-ਬਿਡ ਨਿਵਿਦਾ ਦਸਤਾਵੇਜ਼ ਮਿਤੀ 09.09.2026 ਤੋਂ 23.09.2026 ਤਕ [illegible] |

ਨਿਵਿਦਾ ਸੂਚਨਾ ਕ੍ਰਮਾਂਕ 5-WDYCECDJAT-26-27, ਤਾਰੀਕ 27.08.2026 | 2982/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਰੇਲਯਾਤਰੀ ਕਿਰਪਾ ਧਿਆਨ ਦੇਣ!

### ਵਿਸ਼ੇਸ਼ ਰੇਲਗੱਡੀਆਂ

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਦੇ ਲਈ ਰੇਲਵੇ ਦੁਆਰਾ ਵਿਸ਼ੇਸ਼ ਰੇਲਗੱਡੀਆਂ ਸੰਚਾਲਿਤ ਕਰਨ ਦਾ ਫੈਸਲਾ ਲਿਆ ਗਿਆ ਹੈ, ਜਿਨ੍ਹਾਂ ਦਾ ਵਿਸਤ੍ਰਿਤ ਵੇਰਵਾ ਹੇਠਾਂ ਅਨੁਸਾਰ ਹੈ:

**04165/04166 ਪ੍ਰਯਾਗਰਾਜ-ਸ਼ਕੂਰਬਸਤੀ-ਪ੍ਰਯਾਗਰਾਜ ਵਿਸ਼ੇਸ਼ — 2 ਫੇਰੇ**

| ਰੇਲਗੱਡੀ ਨੰ.04165 ਪਹੁੰਚ | ਰੇਲਗੱਡੀ ਨੰ.04165 ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ.04166 ਪਹੁੰਚ | ਰੇਲਗੱਡੀ ਨੰ.04166 ਰਵਾਨਗੀ |
|---|---|---|---|---|
| --- | 20:00 | ਪ੍ਰਯਾਗਰਾਜ | 22:30 | --- |
| 10:00 | --- | ਸ਼ਕੂਰ ਬਸਤੀ | --- | 12:00 |

ਚਲਣ ਦੇ ਦਿਨ : 04165 ਪ੍ਰਯਾਗਰਾਜ ਤੋਂ ਮਿਤੀ 29.08.2026 ਨੂੰ ਅਤੇ 04166 ਸ਼ਕੂਰਬਸਤੀ ਤੋਂ ਮਿਤੀ 30.08.2026 ਨੂੰ।
ਸਥਾਨ: 3 ਟੀਅਰ ਏਸੀ., ਸਲੀਪਰ ਅਤੇ ਜਨਰਲ
ਠਹਿਰਾਓ: ਫਤੇਹਪੁਰ, ਕਾਨਪੁਰ, ਇਟਾਵਾ, ਟੂੰਡਲਾ, ਅਲੀਗੜ੍ਹ ਅਤੇ ਦਿੱਲੀ ਸਟੇਸ਼ਨ।

**02157/02158 ਰਾਣੀ ਕਮਲਾਪਤਿ-ਹਜ਼ਰਤ ਨਿਜ਼ਾਮੁਦੀਨ-ਰਾਣੀ ਕਮਲਾਪਤਿ ਵਿਸ਼ੇਸ਼ — 2 ਫੇਰੇ**

| ਰੇਲਗੱਡੀ ਨੰ.02157 ਪਹੁੰਚ | ਰੇਲਗੱਡੀ ਨੰ.02157 ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ.02158 ਪਹੁੰਚ | ਰੇਲਗੱਡੀ ਨੰ.02158 ਰਵਾਨਗੀ |
|---|---|---|---|---|
| --- | 21:20 | ਰਾਣੀ ਕਮਲਾਪਤਿ | 23:15 | --- |
| 10:30 | --- | ਹਜ਼ਰਤ ਨਿਜ਼ਾਮੁਦੀਨ | --- | 12:10 |

ਚਲਣ ਦੇ ਦਿਨ : 02157 ਰਾਣੀ ਕਮਲਾਪਤਿ ਤੋਂ ਮਿਤੀ 30.08.2026 ਨੂੰ ਅਤੇ 02158 ਹਜ਼ਰਤ ਨਿਜ਼ਾਮੁਦੀਨ ਤੋਂ ਮਿਤੀ 31.08.2026 ਨੂੰ।
ਸਥਾਨ: 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
ਠਹਿਰਾਓ: ਵਿਦਿਸ਼ਾ, ਬੀਨਾ, ਵੀਰਾਂਗਨਾ ਲਕਸ਼ਮੀਬਾਈ ਝਾਂਸੀ, ਗਵਾਲੀਅਰ ਅਤੇ ਮਥੁਰਾ ਜੰ. ਸਟੇਸ਼ਨ।

**04642/04641 ਅੰਮ੍ਰਿਤਸਰ-ਹਜ਼ੂਰ ਸਾਹਿਬ ਨਾਂਦੇੜ-ਅੰਮ੍ਰਿਤਸਰ ਰੀਜ਼ਰਵ ਵਿਸ਼ੇਸ਼ — 2 ਫੇਰੇ**

| ਰੇਲਗੱਡੀ ਨੰ. 04642 ਪਹੁੰਚ | ਰੇਲਗੱਡੀ ਨੰ. 04642 ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 04641 ਪਹੁੰਚ | ਰੇਲਗੱਡੀ ਨੰ. 04641 ਰਵਾਨਗੀ |
|---|---|---|---|---|
| --- | 20:10 | ਅੰਮ੍ਰਿਤਸਰ | 11:20 | --- |
| 11:00 | --- | ਹਜ਼ੂਰ ਸਾਹਿਬ ਨਾਂਦੇੜ | --- | 21:00 |

ਚਲਣ ਦੇ ਦਿਨ : 04642 ਅੰਮ੍ਰਿਤਸਰ ਤੋਂ ਮਿਤੀ 31.08.2026 ਨੂੰ ਅਤੇ 04641 ਹਜ਼ੂਰ ਸਾਹਿਬ ਨਾਂਦੇੜ ਤੋਂ ਮਿਤੀ 06.09.2026 ਨੂੰ।
ਸਥਾਨ: ਸਲੀਪਰ ਅਤੇ ਜਨਰਲ
ਠਹਿਰਾਓ: ਬਿਆਸ, ਜਾਲੰਧਰ ਸਿਟੀ, ਫਗਵਾੜਾ ਜੰ., ਲੁਧਿਆਣਾ, ਜੰ., ਸਰਹਿੰਦ ਜੰ., ਰਾਜਪੁਰਾ ਜੰ., ਅੰਬਾਲਾ ਕੈਂਟ, ਪਾਨੀਪਤ ਜੰ., ਦਿੱਲੀ ਸਫਦਰਜੰਗ, ਮਥੁਰਾ ਜੰ., ਆਗਰਾ ਕੈਂਟ ਜੰ., ਗਵਾਲੀਅਰ ਜੰ., ਵੀਰਾਂਗਨਾ ਲਕਸ਼ਮੀਬਾਈ ਝਾਂਸੀ ਜੰ., ਬੀਨਾ ਜੰ., ਭੋਪਾਲ ਜੰ., ਇਟਾਰਸੀ ਜੰ. ਖੰਡਵਾ ਜੰ. ਭੁਸਾਵਲ ਜੰ., ਮਨਮਾਡ ਜੰ., ਨਾਗਰਸੁਲ, ਛਤਰਪਤੀ ਸੰਭਾਜੀਨਗਰ, ਜਾਲਨਾ, ਪਰਭਨੀ ਜੰ. ਅਤੇ ਪੂਰਨਾ ਜੰ. ਸਟੇਸ਼ਨ।

ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਆਉਣ ਵਾਲੇ ਠਹਿਰਾਵਾਂ ਅਤੇ ਟਾਈਮ-ਟੇਬਲ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enqury.indianrail.gov.in ਵੇਖੋ।

ਰੇਲਮਦਦ ਹੈਲਪਲਾਈਨ ਨੰ. 139
ਰੇਲਮਦਦ ਵੈਬਸਾਈਟ ਵੇਖੋ-: www.railmadad.indianrailways.gov.in
ਰੇਲਮਦਦ ਐਪ ਡਾਊਨਲੋਡ ਕਰੋ
'ਤੇ ਸਾਨੂੰ ਫਾਲੋ ਕਰੋ
ਉੱਤਰ ਰੇਲਵੇ — ਸਦਾ ਤੁਹਾਡੀ ਸੇਵਾ ਵਿਚ
ਸਾਨੂੰ www.nr.indianrailways.gov.in 'ਤੇ ਮਿਲੋ
2984/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## CHOLAMANDALAM INVESTMENT AND FINANCE COMPANY LIMITED

Chola — Enter a better life

Corporate Office Address : Chola Crest, Super B, C54 & C55, 4, Thiru Vi Ka, Industrial Estate, Guindy, Chennai-600 032

### ਅੰਤਿਕਾ IV ਦੇਖੋ [ ਰੂਲ (8-1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ਼ ਸਕਿਉਰਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002, ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ ਤੇ ਸੈਕਸ਼ਨ 13(2) 'ਤੇ ਕਰਜ਼ਦਾਰਾਂ (ਨਾਂਅ ਅਤੇ ਪਤੇ ਹੇਠਾਂ ਦਰਸਾਏ ਗਏ ਹਨ) ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਅਤੇ ਇਸ 'ਤੇ ਵਿਆਜ ਵਾਪਸ ਮੋੜਨ ਲਈ ਸੱਦਾ ਦਿੰਦਾ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਹੇਠਾਂ ਦਰਸਾਏ ਕਰਜ਼ਦਾਰ ਰਕਮ ਅਦਾ ਕਰਨ 'ਚ ਅਸਫ਼ਲ ਰਹੇ ਹਨ। ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਕਰਜ਼ਾ ਲੈ ਲਿਆ ਹੈ।

ਇੱਥੇ ਦੇਖੋ ਖਾਸ ਕਰਕੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ **ਮੈਸਰਜ਼ ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ** ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਅਤੇ ਇਸ ਉਪਰ ਵਿਆਜ ਵਸੂਲ ਕੀਤੀ ਜਾਵੇਗੀ। ਉਪਲਬੱਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰਾਂ ਦਾ ਨਾਂਅ ਅਤੇ ਪਤਾ ਤੇ ਕਰਜ਼ਾ ਖਾਤਾ ਨੰ. | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ | ਕਬਜ਼ੇ ਦੀ ਜਾਇਦਾਦ ਦਾ ਵੇਰਵਾ | ਕਬਜ਼ੇ ਦੀ ਮਿਤੀ |
|---|---|---|---|---|---|
| 1. | **ਕਰਜ਼ਾ ਖਾਤਾ ਨੰ. ਐੱਚ ਐੱਲ 24 ਸੀ ਐੱਚ ਏ 000141245 ਹਰਦੀਪ ਸਿੰਘ ਸਰਬਜੀਤ ਕੌਰ** #379 ਦਦਹੇੜੀ, ਦੋਦਹੇੜੀ ਫਤਹਿਗੜ੍ਹ ਸਾਹਿਬ, ਮਾਰਕਿਟ, ਫਤਹਿਗੜ੍ਹ ਸਾਹਿਬ, ਪੰਜਾਬ-147301 ਨਾਲ ਹੀ : ਖੇਵਟ ਖਤੌਨੀ 950/1596, ਖਸਰਾ ਨੰ. 2264/994, ਅਮਲੋਹ ਰੋਡ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ, ਭੋਡੇ ਕਾਂਟਾ, ਐੱਨ ਏ, ਫਤਹਿਗੜ੍ਹ ਸਾਹਿਬ, ਪੰਜਾਬ, ਜੱਸੜਾਂ, ਗੋਬਿੰਦਗੜ੍ਹ, ਪੰਜਾਬ-147301 | 12.06.2026 | 12.06.2026 ਨੂੰ ਰੁਪਏ 20,82,795/- (ਵੀਹ ਲੱਖ ਬਿਆਸੀ ਹਜ਼ਾਰ ਸੱਤ ਸੌ ਪਚਾਨਵੇਂ ਰੁਪਏ ਕੇਵਲ) | ਵਪਾਰਕ ਜਾਇਦਾਦ ਜੋ ਕਿ ਦੁਕਾਨ ਨੰ. 1 ਅਤੇ 1 ਏ, ਪਿੰਡ ਜੱਸੜਾਂ ਵਿਖੇ ਸਥਿਤ (ਹੱਦਬਸਤ ਨੰ. 2) ਤਹਿਸੀਲ ਅਮਲੋਹ (ਗੋਬਿੰਦਗੜ੍ਹ) ਜ਼ਿਲ੍ਹਾ ਫਤਹਿਗੜ੍ਹ ਸਾਹਿਬ ਖੇਤਰ ਰਕਬਾ 0ਬੀ-0ਬੀ-18 ਬਿਸਵਾਸੀ, ਖੇਵਟ ਨੰ. 998, ਖਤੌਨੀ ਨੰ. 1670, ਖਸਰਾ ਨੰ. 2264/994 (1-0) ਆਈਟਮ 1, ਕੁੱਲ ਖੇਤਰ 1 ਬੀ-0 ਬਿਸਵਾ ਜਿਸ ਚੋਂ 18/400 ਹਿੱਸਾ ਜੋ ਕਿ 0ਬੀ-0ਬੀ-18 ਬਿਸਵਾਸੀ। ਹੱਦਾਂ : ਪੂਰਬ : ਭਗਵੰਤ ਸਿੰਘ, ਬਾਹੀ 18.5 ਫੁੱਟ, ਪੱਛਮ : ਸੜਕ, ਬਾਹੀ 9.5 ਫੁੱਟ, ਉੱਤਰ : ਭੋਡੇ ਕੰਡਾ, ਬਾਹੀ 35 ਫੁੱਟ, ਦੱਖਣ : ਲਾਂਘਾ 10 ਫੁੱਟ ਚੌੜਾ, ਬਾਹੀ 20 ਫੁੱਟ + 25 ਫੁੱਟ | ਕਬਜ਼ਾ ਨੋਟਿਸ : 24.08.2026 |

ਮਿਤੀ : 24.08.2026
ਸਥਾਨ : ਫਤਹਿਗੜ੍ਹ ਸਾਹਿਬ

ਅਧਿਕਾਰਤ ਅਫ਼ਸਰ
ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ

# ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਦਾ ਤਿੱਖਾ ਪ੍ਰਤੀਕਰਮ

## ਮੁੱਖ ਮੰਤਰੀ ਨੇ ਮੀਟਿੰਗ ਕਰਨ ਦੀ ਸ਼ਰਤ ਰੱਖੀ



**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਤੰਬਰ ਦੀ ਰੈਲੀ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਦੇ ਆਗੂਆਂ ਨੂੰ ਪੈਨਲ ਮੀਟਿੰਗ ਲਈ ਸੱਦਾ ਦਿੱਤਾ ਗਿਆ ਸੀ। ਇਹ ਮੀਟਿੰਗ ਪਹਿਲਾਂ ਚੰਡੀਗੜ੍ਹ ਵਿਖੇ ਹੋਣੀ ਸੀ, ਪਰ ਬਾਅਦ ਵਿੱਚ ਇਸ ਦਾ ਸਥਾਨ ਬਦਲ ਕੇ ਜਲੰਧਰ ਕਰ ਦਿੱਤਾ ਗਿਆ। ਮੰਚ ਦੇ ਆਗੂ ਸਿਰ ਮੀਟਿੰਗ ਲਈ ਪਹੁੰਚ ਚੁੱਕੇ ਸਨ। ਇਸ ਦੌਰਾਨ ਪ੍ਰਸ਼ਾਸਨ ਵੱਲੋਂ ਇੱਕ ਸੁਨੇਹਾ ਭੇਜਿਆ ਗਿਆ ਕਿ ਆਗੂ ਪਹਿਲਾਂ ਇੱਕ ਲਾਈਵ ਵੀਡੀਓ ਪੋਸਟ ਕਰਨ, ਜਿਸ ਵਿੱਚ ਇਹ ਕਿਹਾ ਜਾਵੇ ਕਿ ਮੁੱਖ ਮੰਤਰੀ ਨਾਲ ਸਿੱਧੇ ਅਤੇ ਸੁਖਾਵੇਂ ਮਾਹੌਲ ਵਿੱਚ ਗੱਲਬਾਤ ਚੱਲ ਰਹੀ ਹੈ। ਇਸ 'ਤੇ ਮੰਚ ਦੇ ਤਿੰਨ ਆਗੂਆਂ ਸਾਥੀ ਜਸਵੀਰ ਸਿੰਘ ਤਲਵਾੜਾ, ਸਾਥੀ ਸੁਖਜਿੰਦਰ ਸਿੰਘ ਢਿੱਲੋਂ ਅਤੇ ਸਾਥੀ ਗੁਰਜੰਟ ਸਿੰਘ ਕੋਕਰੀ ਨੇ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਨਹੀਂ ਹੋ ਜਾਂਦੀ, ਉਨ੍ਹਾਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਬਿਆਨ ਜਾਂ ਲਾਈਵ ਵੀਡੀਓ ਜਾਰੀ ਨਹੀਂ ਕੀਤੀ ਜਾਵੇਗੀ।ਮੰਚ ਦੇ ਆਗੂਆਂ ਦਾ ਦੋਸ਼ ਹੈ ਕਿ ਇਸ ਗੱਲ ਤੋਂ ਬਾਅਦ ਮੁੱਖ ਮੰਤਰੀ ਵੱਲੋਂ ਆਪਣਾ ਅੜੀਅਲ ਰਵੱਈਆ ਅਪਣਾਉਂਦੇ ਹੋਏ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ ਗਿਆ। ਮੰਚ ਦੇ ਆਗੂਆਂ ਨੇ ਇਸ ਘਟਨਾ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਭਗਤ ਸਿੰਘ ਦੇ ਇਨਕਲਾਬੀ ਵਿਚਾਰਾਂ ਦਾ ਨਾਂ ਲੈ ਕੇ ਅਤੇ ਮੁਲਾਜ਼ਮਾਂ ਦੇ ਹੱਕਾਂ ਦੀ ਗੱਲ ਕਰਕੇ ਸੱਤਾ ਵਿੱਚ ਆਈ ਭਗਵੰਤ ਮਾਨ ਸਰਕਾਰ ਦਾ ਇਹ ਰਵੱਈਆ ਮੁਲਾਜ਼ਮ ਵਿਰੋਧੀ ਹੋਣ ਦਾ ਸਬੂਤ ਹੈ। ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਵੱਲੋਂ ਐਲਾਨ ਕੀਤਾ ਗਿਆ ਹੈ ਕਿ 29 ਅਗਸਤ ਨੂੰ ਮੰਚ ਦੀ ਅਹਿਮ ਮੀਟਿੰਗ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਅਗਲੇ ਸੰਘਰਸ਼ ਅਤੇ ਵੱਡੇ ਐਕਸ਼ਨਾਂ ਬਾਰੇ ਫੈਸਲਾ ਲਿਆ ਜਾਵੇਗਾ, ਤਾਂ ਜੋ ਪੰਜਾਬ ਸਰਕਾਰ 'ਤੇ ਜ਼ੋਰ ਪਾਇਆ ਜਾਏ ਕਿ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾ ਸਕੇ।ਇਸ ਮੌਕੇ ਜਰਨੈਲ ਸਿੰਘ ਪੱਟੀ, ਟਹਿਲ ਸਿੰਘ ਸਰਾਭਾ, ਅਜੀਤਪਾਲ ਸਿੰਘ ਜੱਸੋਵਾਲ, ਬਿਕਰ ਸਿੰਘ ਮਾਖਾ, ਸੰਗਤ ਸਿੰਘ ਥਰਾਲੀ, ਰਣਧੀਰ ਫਤਿਹਗੜ੍ਹ, ਬਿਕਰਮਜੀਤ ਸਿੰਘ ਕੱਦੋਂ, ਹਰਵਿੰਦਰ ਸਿੰਘ ਬਿਲਗਾ, ਵਰਿੰਦਰ ਵਿੱਕੀ, ਸੱਤ ਪ੍ਰਕਾਸ਼, ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਜਿੰਪਾ ਨੇ ਬੂਥਗੜ੍ਹ 'ਚ ਖੇਡ ਮੈਦਾਨ ਦਾ ਕੀਤਾ ਉਦਘਾਟਨ

**ਮੇਹਟੀਆਣਾ, ਹੁਸ਼ਿਆਰਪੁਰ (ਜਗਤਾਰ ਸਿੰਘ ਭੁੰਗਰਨੀ, ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਬੂਥਗੜ੍ਹ ਵਿੱਚ 38 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਮੈਦਾਨ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਹੈ। ਪਿੰਡਾਂ ਵਿੱਚ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪਹਿਲੀ ਤਰਜੀਹ ਹੈ, ਤਾਂ ਜੋ ਨੌਜਵਾਨ ਆਪਣੀ ਪ੍ਰਤਿਭਾ ਨੂੰ ਨਿਖਾਰ ਕੇ ਜ਼ਿਲ੍ਹਾ, ਸੂਬਾ ਅਤੇ ਕੌਮੀ ਪੱਧਰ 'ਤੇ ਨਾਮ ਰੌਸ਼ਨ ਕਰ ਸਕਣ।ਜਿੰਪਾ ਨੇ ਕਿਹਾ ਕਿ ਖੇਡ ਮੈਦਾਨ ਸਿਰਫ਼ ਖੇਡ ਗਤੀਵਿਧੀਆਂ ਦਾ ਕੇਂਦਰ ਹੀ ਨਹੀਂ, ਸਗੋਂ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਦਾ ਸਾਧਨ ਵੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਖੇਡ ਗਤੀਵਿਧੀਆਂ ਵਿੱਚ ਭਾਗ ਲੈਣ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ।ਇਸ ਮੌਕੇ ਸਰਪੰਚ ਸਤਨਾਮ ਸਿੰਘ ਬੂਥਗੜ੍ਹ, ਸਰਪੰਚ ਸਰਬਜੀਤ ਕੌਰ, ਅਮਨਦੀਪ ਕੌਰ, ਮੁਕੇਸ਼ ਕੁਮਾਰ ਬਲਾਕ ਸੰਮਤੀ ਮੈਂਬਰ, ਬਲਾਕ ਪ੍ਰਧਾਨ ਦਲਜੀਤ ਸਿੰਘ, ਪਵਨ ਸ਼ਰਮਾ, ਸਰਪੰਚ ਕਰਨੈਲ ਸਿੰਘ, ਸਰਪੰਚ ਹਰਪ੍ਰੀਤ ਕੌਰ ਮਹਿਲਾਂਵਾਲੀ ਅਤੇ ਸਰਪੰਚ ਸੁਰਜੀਤ ਪਾਲ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।



# ਆਈ ਕੇ ਗੁਜਰਾਲ ਪੰਜਾਬ ਟੈਕਨੀਕਲ 'ਵਰਸਿਟੀ ਦੇ ਉਪ-ਕੁਲਪਤੀ ਨੇ ਚਾਰਜ ਸੰਭਾਲਿਆ

**ਕਪੂਰਥਲਾ (ਮਨਜੀਤ ਮਾਨ)**- ਪ੍ਰੋ. ਅਰਵਿੰਦ ਕੇ. ਬੰਸਲ ਨੇ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ ਕੇ ਜੀ ਪੀ ਟੀ ਯੂ) ਦੇ 21ਵੇਂ ਉਪ-ਕੁਲਪਤੀ ਵਜੋਂ ਯੂਨੀਵਰਸਿਟੀ ਦੇ ਮੇਨ ਕੈਂਪਸ ਵਿੱਚ ਅਧਿਕਾਰਕ ਤੌਰ 'ਤੇ 25 ਅਗਸਤ ਨੂੰ ਚਾਰਜ ਸੰਭਾਲਿਆ ਹੈ। ਚਾਰਜ ਸੰਭਾਲਣ ਤੋਂ ਬਾਅਦ, ਪ੍ਰੋ. ਬੰਸਲ ਨੇ ਸ਼ੁੱਕਰਵਾਰ ਨੂੰ ਪਹਿਲੀ ਵਾਰ ਜਲੰਧਰ-ਕਪੂਰਥਲਾ ਹਾਈਵੇ 'ਤੇ ਸਥਿਤ ਯੂਨੀਵਰਸਿਟੀ ਦੇ ਮੁੱਖ ਕੈਂਪਸ ਵਿਖੇ ਜ਼ਿੰਮੇਦਾਰੀ ਸੰਭਾਲੀ।ਪ੍ਰੋ. ਬੰਸਲ ਨੇ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ ਨਾਲ ਆਪਣੀ ਪਹਿਲੀ ਮੁਲਾਕਾਤ ਕੀਤੀ ਅਤੇ ਵੱਖ-ਵੱਖ ਵਿਭਾਗਾਂ ਦੇ ਕੰਮਕਾਜ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ।

ਉਨ੍ਹਾਂ ਨੇ ਅਕਾਦਮਿਕ ਅਤੇ ਪ੍ਰਸ਼ਾਸਕੀ ਪ੍ਰਕਿਰਿਆਵਾਂ ਵਿੱਚ ਕੁਸ਼ਲਤਾ, ਪਾਰਦਰਸ਼ਤਾ ਅਤੇ ਨਵੀਨਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਰਜਿਸਟਰਾਰ ਡਾ. ਨਵਦੀਪਕ ਸੰਧੂ ਨਾਲ ਮੀਟਿੰਗ ਦੌਰਾਨ ਉਪ-ਕੁਲਪਤੀ ਵੱਲੋਂ ਵੱਖ-ਵੱਖ ਵਿਭਾਗਾਂ ਦੇ ਪਹਿਲ ਦੇ ਆਧਾਰ 'ਤੇ ਕਰਨ ਵਾਲੇ ਕੰਮਾਂ ਦੀ ਸਮੀਖਿਆ ਕੀਤੀ ਅਤੇ ਯੂਨੀਵਰਸਿਟੀ ਦੇ ਅਕਾਦਮਿਕ ਤੇ ਰਿਸਰਚ ਇਕੋਸਿਸਟਮ ਨੂੰ ਮਜ਼ਬੂਤ ਕਰਨ ਲਈ ਰਣਨੀਤੀਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਪ੍ਰੋ. ਬੰਸਲ ਨੇ ਆਪਣੀ ਅਕਾਦਮਿਕ ਦ੍ਰਿਸ਼ਟੀ ਸਾਂਝੀ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਨੂੰ ਤਕਨੀਕੀ ਸਿੱਖਿਆ ਦਾ ਵਿਸ਼ਵ ਪੱਧਰੀ ਕੇਂਦਰ ਬਣਾਇਆ ਜਾਵੇਗਾ, ਜਿਸ ਵਿੱਚ ਇੰਟਰਡਿਸਿਪਲਿਨਰੀ (ਅੰਤਰ-ਅਕਾਦਮਿਕ ਵਿਸ਼ੇ) ਸਿੱਖਿਆ ਅਤੇ ਗਲੋਬਲ ਮਿਆਰਾਂ 'ਤੇ ਖਾਸ ਧਿਆਨ ਦਿੱਤਾ ਜਾਵੇਗਾ।



ਉਨ੍ਹਾਂ ਨੇ ਪ੍ਰਮੁੱਖ ਸੰਸਥਾਵਾਂ ਅਤੇ ਉਦਯੋਗਿਕ ਭਾਗੀਦਾਰਾਂ ਨਾਲ ਰਿਸਰਚ ਸਹਿਯੋਗ ਨੂੰ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ, ਤਾਂ ਜੋ ਨਵੀਨਤਾ ਅਤੇ ਗਿਆਨ ਦੇ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਪ੍ਰੋ. ਬੰਸਲ ਨੇ ਵਿਦਿਆਰਥੀ ਪਹਿਲਾ ਦੇ ਮਹੱਤਵ 'ਤੇ ਵੀ ਜ਼ੋਰ ਦਿੱਤਾ ਅਤੇ ਅਜਿਹੇ ਪ੍ਰੋਗਰਾਮਾਂ ਨੂੰ ਉਤਸ਼ਾਹਿਤ ਕਰਨ ਦੀ ਗੱਲ ਕੀਤੀ ਜੋ ਹੁਨਰ ਵਿਕਾਸ, ਉਦਯਮਤਾ ਅਤੇ ਸਮੁੱਚੇ ਵਿਕਾਸ ਨੂੰ ਪ੍ਰੋਤਸਾਹਿਤ ਕਰਨ। ਯੂਨੀਵਰਸਿਟੀ ਦੇ ਫੈਕਲਟੀ, ਅਧਿਕਾਰੀਆਂ ਅਤੇ ਸਟਾਫ਼ ਨੇ ਪ੍ਰੋ. ਬੰਸਲ ਦੀ ਸਰਗਰਮ ਭਾਗੀਦਾਰੀ ਦਾ ਸਵਾਗਤ ਕੀਤਾ ਅਤੇ ਵਿਸ਼ਵਾਸ ਜਤਾਇਆ ਕਿ ਉਨ੍ਹਾਂ ਦੇ ਨੇਤ੍ਰਿਤਵ (ਦੀ ਅਗਵਾਈ) ਹੇਠ ਆਈ ਕੇ ਜੀ ਪੀ ਟੀ ਯੂ ਨਵੀਂ ਉਚਾਈਆਂ ਅਤੇ ਦਿਸ਼ਾ ਪ੍ਰਾਪਤ ਕਰੇਗੀ।

# ਬੂਟਿਆਂ ਦੀ ਸਾਂਭ-ਸੰਭਾਲ ਦਾ ਲਿਆ ਪ੍ਰਣ

**ਪੋਜੇਵਾਲ (ਰਾਮ ਲਾਲ)**- ਵਾਤਾਵਰਨ ਨੂੰ ਹਰਿਆ-ਭਰਿਆ ਅਤੇ ਸਾਫ਼-ਸੁਥਰਾ ਰੱਖਣ ਲਈ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਵੀ ਬੇਹੱਦ ਜ਼ਰੂਰੀ ਹੈ। ਇਸੇ ਉਦੇਸ਼ ਤਹਿਤ ਪਿੰਡ ਚਾਂਦਪੁਰ ਰੁੜਕੀ ਦੀ ਸੜਕ ਅਤੇ ਗਰਾਊਂਡ ਵਿੱਚ ਲਗਾਏ ਗਏ ਬੂਟਿਆਂ ਦੀ ਸਾਂਭ-ਸੰਭਾਲ ਕੀਤੀ ਗਈ। ਇਸ ਮੌਕੇ ਰਜਿੰਦਰ ਸਿੰਘ ਚਾਂਦਪੁਰ ਰੁੜਕੀ ਨੇ ਦੱਸਿਆ ਕਿ ਬੂਟਿਆਂ ਨੂੰ ਬੱਚਿਆਂ ਵਾਂਗ ਪਾਲਣਾ ਪੈਂਦਾ ਹੈ। ਸਰਕਾਰੀ ਥਾਵਾਂ 'ਤੇ ਲਗਾਏ ਗਏ ਬੂਟਿਆਂ ਦੀ ਸਾਂਭ-ਸੰਭਾਲ ਕਰਨਾ ਸਿਰਫ਼ ਕਿਸੇ ਇੱਕ ਵਿਅਕਤੀ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਾਨੂੰ ਸਾਰਿਆਂ ਨੂੰ ਮਿਲ ਕੇ ਇਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਅਵਾਰਾ ਪਸ਼ੂਆਂ ਕਾਰਨ ਕਈ ਬੂਟਿਆਂ ਨੂੰ ਨੁਕਸਾਨ ਪਹੁੰਚਿਆ ਸੀ। ਬੂਟਿਆਂ ਨੂੰ ਪਸ਼ੂਆਂ ਤੋਂ ਬਚਾਉਣ ਲਈ ਜਾਲੀਆਂ ਲਗਾਈਆਂ ਗਈਆਂ। ਕਈ ਥਾਵਾਂ 'ਤੇ ਪਹਿਲਾਂ ਲੱਗੀਆਂ ਜਾਲੀਆਂ ਡਿੱਗੀਆਂ ਹੋਈਆਂ ਸਨ, ਜਿਨ੍ਹਾਂ ਨੂੰ ਮੁੜ ਠੀਕ ਕਰਕੇ ਬੂਟਿਆਂ ਦੀ ਸੁਰੱਖਿਆ ਯਕੀਨੀ ਬਣਾਈ ਗਈ।



ਉਨ੍ਹਾਂ ਕਿਹਾ ਕਿ ਰੁੱਖ ਕਿਸੇ ਜਾਤ-ਪਾਤ ਜਾਂ ਧਰਮ ਦਾ ਭੇਦ ਨਹੀਂ ਕਰਦੇ। ਇਹ ਹਰ ਮਨੁੱਖ ਨੂੰ ਸਾਫ਼ ਹਵਾ, ਛਾਂ ਅਤੇ ਸੁਹਾਵਣਾ ਵਾਤਾਵਰਨ ਪ੍ਰਦਾਨ ਕਰਦੇ ਹਨ। ਜੇਕਰ ਅਸੀਂ ਆਪਣੇ ਜਨਮ ਦਿਨ 'ਤੇ ਹਰ ਸਾਲ ਇੱਕ ਵਿਰਾਸਤੀ ਬੂਟਾ ਜਿਵੇਂ ਨਿੰਮ, ਪਿੱਪਲ, ਬੋਹੜ ਆਦਿ ਲਗਾਉਣ ਅਤੇ ਉਸ ਦੀ ਸੰਭਾਲ ਕਰਨ ਦਾ ਸੰਕਲਪ ਲਈਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਨ ਨੂੰ ਹੋਰ ਬਿਹਤਰ ਬਣਾਇਆ ਜਾ ਸਕਦਾ ਹੈ।ਸੁਨੇਹਾ ਸਾਫ਼ ਹੈ— ਚਾਹੇ ਇੱਕ ਬੂਟਾ ਹੀ ਲਗਾਓ, ਪਰ ਉਸ ਦੀ ਸੰਭਾਲ ਜ਼ਰੂਰ ਕਰੋ।

# ਰਨ ਫਾਰ ਇਕੁਐਲਿਟੀ ਥੀਮ ਤਹਿਤ ਮੈਰਾਥਨ 31 ਨੂੰ

**ਕਪੂਰਥਲਾ (ਮਨਜੀਤ ਮਾਨ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 31 ਅਗਸਤ ਨੂੰ 'ਰਨ ਫਾਰ ਇਕੁਐਲਿਟੀ' ਥੀਮ ਹੇਠ ਮੈਰਾਥਨ ਕਰਵਾਈ ਜਾ ਰਹੀ ਹੈ।



ਇਸ ਸਬੰਧੀ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਅਤੇ ਐੱਸ ਐੱਸ ਪੀ ਗੌਰਵ ਤੂਰਾ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਵਰਿੰਦਰ ਪਾਲ ਸਿੰਘ ਬਾਜਵਾ, ਐੱਸ ਡੀ ਐੱਮ ਡਾ. ਇਰਵਨ ਕੌਰ, ਖੇਡ ਅਫ਼ਸਰ ਕੁਲਵਿੰਦਰ ਸਿੰਘ ਅਤੇ ਹੋਰਨਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 'ਰਨ ਫਾਰ ਇਕੁਐਲਿਟੀ' ਥੀਮ ਹੇਠ ਕਰਵਾਈ ਜਾ ਰਹੀ ਇਸ ਮੈਰਾਥਨ ਦਾ ਮੁੱਖ ਮਕਸਦ ਗੁਰੂ ਸਾਹਿਬ ਦੇ ਸਮਾਨਤਾ, ਆਪਸੀ ਭਾਈਚਾਰਕ ਸਾਂਝ, ਪ੍ਰੇਮ ਅਤੇ ਮਾਨਵਤਾ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ।ਮੈਰਾਥਨ ਦੇ ਰੂਟ ਅਤੇ ਸਮੇਂ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਦੌੜ ਸਵੇਰੇ 6:00 ਵਜੇ ਗੁਰੂ ਨਾਨਕ ਸਟੇਡੀਅਮ ਤੋਂ ਸ਼ੁਰੂ ਹੋ ਕੇ ਜਲੰਧਰ ਰੋਡ ਸਥਿਤ ਹੋਟਲ ਕਾਸ਼ਾ ਤੱਕ ਜਾਵੇਗੀ ਅਤੇ ਉੱਥੋਂ ਯੂ-ਟਰਨ ਲੈ ਕੇ ਵਾਪਸ ਸਟੇਡੀਅਮ ਵਿਖੇ ਹੀ ਆ ਕੇ ਸਮਾਪਤ ਹੋਵੇਗੀ। ਦੌੜ ਦੌਰਾਨ ਭਾਗ ਲੈਣ ਵਾਲਿਆਂ ਦੀ ਸੁਰੱਖਿਆ ਅਤੇ ਸਿਹਤ ਸਹੂਲਤਾਂ ਲਈ ਰੂਟ ਦੇ ਨਾਲ-ਨਾਲ ਪੀਣ ਵਾਲੇ ਪਾਣੀ, ਮੈਡੀਕਲ ਟੀਮਾਂ ਅਤੇ ਐਂਬੂਲੈਂਸ ਦੇ ਵਿਸ਼ੇਸ਼ ਪ੍ਰਬੰਧ ਕਰਨ ਦੇ ਹੁਕਮ ਦਿੱਤੇ ਗਏ ਹਨ ਤਾਂ ਜੋ ਕਿਸੇ ਵੀ ਖੇਡ ਪ੍ਰੇਮੀ ਨੂੰ ਕੋਈ ਪਰੇਸ਼ਾਨੀ ਨਾ ਆਵੇ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਅੱਗੇ ਦੱਸਿਆ ਕਿ ਇਸ ਮੈਰਾਥਨ ਵਿੱਚ ਭਾਗ ਲੈਣ ਲਈ ਕੋਈ ਉਮਰ ਸੀਮਾ ਨਹੀਂ ਰੱਖੀ ਗਈ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ, ਸਕੂਲ ਪ੍ਰਬੰਧਕਾਂ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਅਤੇ ਖੇਡ ਪ੍ਰੇਮੀਆਂ ਨੂੰ ਨਿੱਘੀ ਅਪੀਲ ਕੀਤੀ ਕਿ ਉਹ ਇਸ ਇਤਿਹਾਸਕ ਦਿਹਾੜੇ ਨੂੰ ਯਾਦਗਾਰੀ ਬਣਾਉਣ ਲਈ ਪਰਵਾਰਾਂ ਸਮੇਤ 31 ਅਗਸਤ ਨੂੰ ਸਵੇਰੇ 6 ਵਜੇ ਸਟੇਡੀਅਮ ਪਹੁੰਚ ਕੇ ਇਸ 'ਰਨ ਫਾਰ ਇਕੁਐਲਿਟੀ' ਮੈਰਾਥਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ।

# ਨਾਇਬ ਸਿੰਘ ਸੈਣੀ ਨੇ ਸੰਤ ਕਬੀਰ ਕੁਟੀਰ 'ਤੇ ਮਨਾਇਆ ਰੱਖੜੀ ਦਾ ਤਿਉਹਾਰ



**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੰਤ ਕਬੀਰ ਕੁਟੀਰ ਵਿਖੇ ਸਕੂਲੀ ਛੋਟੀਆਂ ਬੱਚੀਆਂ, ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਅਤੇ ਪਤਵੰਤੇ ਸੱਜਣਾਂ ਨਾਲ ਰੱਖੜੀ ਦਾ ਪਵਿੱਤਰ ਤਿਉਹਾਰ ਮਨਾਇਆ। ਇਸ ਮੌਕੇ ਸਕੂਲੀ ਛੋਟੀਆਂ ਬੱਚੀਆਂ ਨੇ ਮੁੱਖ ਮੰਤਰੀ ਨੂੰ ਰੱਖੜੀ ਬੰਨ੍ਹੀ।

ਮੁੱਖ ਮੰਤਰੀ ਨੇ ਛੋਟੀਆਂ ਬੱਚੀਆਂ ਨੂੰ ਪਿਆਰ ਅਤੇ ਅਸ਼ੀਰਵਾਦ ਦਿੰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਸੁਮਨ ਸੈਣੀ ਵੀ ਮੌਜੂਦ ਸਨ। ਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰੱਖੜੀ ਭਰਾ-ਭੈਣ ਦੇ ਪਵਿੱਤਰ ਪਿਆਰ, ਸਨੇਹ ਅਤੇ ਵਿਸ਼ਵਾਸ ਦਾ ਤਿਉਹਾਰ ਹੈ।

ਇਹ ਪੁਰਬ ਸਾਨੂੰ ਧੀਆਂ ਅਤੇ ਭੈਣਾਂ ਦੇ ਸਨਮਾਨ, ਸੁਰੱਖਿਆ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੁਨੇਹਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਧੀਆਂ ਦੇ ਸਨਮਾਨ, ਸੁਰੱਖਿਆ ਅਤੇ ਉਨ੍ਹਾਂ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਰੱਖੜੀ ਪ੍ਰਤਿਯੋਗਤਾ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਰੱਖੜੀ ਦੇ ਤਿਉਹਾਰ ਨੂੰ ਸਬੰਧੀ ਐਕਟੀਵਿਟੀ ਕਰਵਾਈ ਗਈ। ਛੋਟੇ ਬੱਚਿਆਂ ਨੇ ਰਚਨਾਤਮਕਤਾ ਅਤੇ ਖੁਸ਼ੀ ਨਾਲ ਭਰੀਆਂ ਮਨਮੋਹਕ ਗਤੀਵਿਧੀਆਂ ਵਿੱਚ ਹਿੱਸਾ ਲਿਆ। ਕੇ ਜੀ ਵਿੰਗ ਦੇ ਵਿਦਿਆਰਥੀਆਂ ਨੇ ਬੜੇ ਹੀ ਪਿਆਰ ਨਾਲ ਰੱਖੜੀ ਵਿੱਚ ਰੰਗ ਭਰਨ ਦੀ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ ਅਤੇ ਆਪਣੀਆਂ ਛੋਟੀਆਂ ਰਚਨਾਵਾਂ ਵਿੱਚ ਸੁੰਦਰ ਰੰਗ ਭਰੇ। ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਨੇ ਰੱਖੜੀ ਬਣਾਉਣ ਦੀ ਪ੍ਰਤੀਯੋਗਿਤਾ ਰਾਹੀਂ ਖੁਦ ਆਪਣੇ ਹੱਥਾਂ ਨਾਲ ਰੱਖੜੀਆਂ ਤਿਆਰ ਕੀਤੀਆਂ।



ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਰੱਖੜੀ ਦੇ ਦਿਹਾੜੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਬੋਲਦਿਆਂ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਰੱਖੜੀ ਭੈਣ ਭਰਾ ਦੇ ਆਪਸੀ ਪਿਆਰ ਨੂੰ ਪ੍ਰਗਟ ਕਰਨ ਦਾ ਬੜਾ ਹੀ ਪਿਆਰਾ ਤੇ ਪਵਿੱਤਰ ਤਿਉਹਾਰ ਹੈ ਅਤੇ ਉਹਨਾਂ ਨੇ ਪ੍ਰਤਿਯੋਗਿਤਾ ਦੁਆਰਾ ਬੱਚਿਆਂ ਵੱਲੋਂ ਦਿਖਾਈ ਗਈ ਪ੍ਰਤਿਭਾ ਦੀ ਭਰਪੂਰ ਸ਼ਲਾਘਾ ਕੀਤੀ।



# ਪ੍ਰਭਜੋਤ ਸਿੰਘ ਯੂਥ ਅਕਾਲੀ ਦਲ ਐਸ ਸੀ ਵਿੰਗ ਦੋਆਬਾ ਜ਼ੋਨ ਦੇ ਸੰਗਠਨ ਸਕੱਤਰ ਨਿਯੁਕਤ

**ਆਦਮਪੁਰ (ਪਰਮਜੀਤ ਸਿੰਘ)**- ਯੂਥ ਵਿੰਗ ਪ੍ਰਧਾਨ ਹਲਕਾ ਆਦਮਪੁਰ ਤਰੁਣਵੀਰ ਸਿੰਘ ਨੇ ਪ੍ਰਭਜੋਤ ਸਿੰਘ ਨੂੰ ਐਸ ਸੀ ਵਿੰਗ ਦੋਆਬਾ ਜ਼ੋਨ ਦੇ ਸੰਗਠਨ ਸਕੱਤਰ ਦੀ ਜ਼ਿੰਮੇਵਾਰੀ ਮਿਲਣ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਪ੍ਰਭਜੋਤ ਸਿੰਘ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਦਾ ਮਾਣ ਉਨ੍ਹਾਂ ਨੂੰ ਮਿਲਿਆ ਸੀ ਅਤੇ ਅੱਜ ਉਨ੍ਹਾਂ ਨੂੰ ਮਿਲੀ ਇਹ ਜ਼ਿੰਮੇਵਾਰੀ ਉਨ੍ਹਾਂ ਲਈ ਬੇਹੱਦ ਮਾਣ ਵਾਲੀ ਗੱਲ ਹੈ।

ਤਰੁਣਵੀਰ ਸਿੰਘ ਨੇ ਇਸ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਰਾਜ ਸਿੰਘ ਰਣੀਕੇ ਅਤੇ ਪੂਰੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਵਰਕਰਾਂ ਦੀ ਮਿਹਨਤ ਅਤੇ ਵਫ਼ਾਦਾਰੀ ਨੂੰ ਦਿੱਤਾ ਜਾ ਰਿਹਾ ਸਨਮਾਨ ਹੋਰ ਨੌਜਵਾਨਾਂ ਨੂੰ ਵੀ ਪਾਰਟੀ ਲਈ ਦਿਨ-ਰਾਤ ਮਿਹਨਤ ਕਰਨ ਵਾਸਤੇ ਪ੍ਰੇਰਿਤ ਕਰੇਗਾ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੋਹ ਭਰਪੂਰ ਧਰਨਾ

**ਬੰਗਾ (ਅਵਤਾਰ ਕਲੇਰ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਮਹਾਂ ਬੰਦ ਦੇ ਸੱਦੇ 'ਤੇ ਜ਼ਿਲ੍ਹੇ ਦੀ ਸਾਂਝੀ ਤਾਲਮੇਲ ਕਮੇਟੀ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਹ ਭਰਪੂਰ ਰੈਲੀ ਕੀਤੀ ਗਈ ਜਿਸ ਵਿੱਚ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਮੁਲਾਜ਼ਮ, ਸਰਕਾਰੀ ਸਕੂਲਾਂ ਦੇ ਅਧਿਆਪਕ ਸਮੂਹਿਕ ਛੁੱਟੀ ਲੈ ਕੇ ਅਤੇ ਜ਼ਿਲ੍ਹੇ ਦੇ ਸਮੁੱਚੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਖਾਸ ਤੌਰ 'ਤੇ ਅਧਿਆਪਕਾਂਵਾਂ, ਮਹਿਲਾ ਮੁਲਾਜ਼ਮਾਂ, ਮਿਡ ਡੇ ਮੀਲ ਵਰਕਰਾਂ, ਆਂਗਨਵਾੜੀ ਵਰਕਰਾਂ ਅਤੇ ਆਸ਼ਾ ਵਰਕਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।



ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਸ਼ਿਵ ਕੁਮਾਰ ਤਿਵਾੜੀ, ਕੁਲਦੀਪ ਸਿੰਘ ਦੌੜਕਾ, ਵਿਜੇ ਕੁਮਾਰ, ਜੀਤ ਲਾਲ ਗੋਹਲੜੋਂ, ਕੁਲਵਿੰਦਰ ਸਿੰਘ ਅਟਵਾਲ, ਅਜੇ ਕੁਮਾਰ, ਕਰਨੈਲ ਸਿੰਘ, ਅਜੀਤ ਸਿੰਘ ਬਰਨਾਲਾ, ਕੁਲਵੀਰ ਸਿੰਘ, ਜਸਵਿੰਦਰ ਸਿੰਘ ਔਜਲਾ, ਬਿਕਰਮਜੀਤ ਸਿੰਘ, ਸੋਮ ਲਾਲ, ਰਾਮ ਕਿਸ਼ਨ ਪਲੀਝਿੱਕੀ, ਸੁਰਿੰਦਰ ਸਿੰਘ ਸੋਇਤਾ, ਗੁਰਦੀਪ ਸਿੰਘ ਨਾਮਧਾਰੀ, ਪਲਵਿੰਦਰ ਸਿੰਘ, ਮੋਹਣ ਸਿੰਘ ਪੂਨੀਆ, ਸ਼ਰਨਜੀਤ ਸਿੰਘ, ਹਰਵਿੰਦਰ ਸਿੰਘ, ਜਗਤਾਰ ਸਿੰਘ, ਬਲਵਿੰਦਰ ਕੁਮਾਰ, ਕੁਲਦੀਪ ਸਿੰਘ, ਹਰਮਿੰਦਰ ਸਿੰਘ ਉਪਲ, ਨਰਿੰਦਰ ਸਿੰਘ ਭਾਰਟਾ,ਸੰਜੀਵ ਕੁਮਾਰ, ਸੁਰਜੀਤ ਸੈਂਪਲੇ, ਪਿਆਰਾ ਰਾਮ, ਕਮਲਦੇਵ, ਸ੍ਰੀ ਕਿਸ਼ਨ, ਗੁਲਸ਼ਨ ਕੁਮਾਰ, ਹਰੀ ਕ੍ਰਿਸ਼ਨ, ਜਸਬੀਰ ਦੀਪ, ਗੁਰਮੇਲ ਚੰਦ, ਪਰਮਵੀਰ ਪ੍ਰਿੰਸ, ਅੰਮ੍ਰਿਤਪਾਲ ਸਿੰਘ, ਨੀਲਮ, ਰਾਜ ਰਾਣੀ, ਜਸਵੀਰ ਕੌਰ, ਮਨਜਿੰਦਰਜੀਤ ਸਿੰਘ, ਚਰਨਜੀਤ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਸਮੂਹ ਮੰਗਾਂ ਨੂੰ ਨਕਾਰਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਰੋਸ ਰੈਲੀ ਨੂੰ ਸੀਟੂ ਦੇ ਸੂਬਾ ਆਗੂ ਮਹਾਂ ਸਿੰਘ ਰੌੜੀ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਭੁਪਿੰਦਰ ਸਿੰਘ ਵੜੈਚ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਚਰਨਜੀਤ ਦੌਲਤਪੁਰ, ਇਫਟੂ ਦੇ ਆਗੂ ਅਵਤਾਰ ਸਿੰਘ ਤਾਰੀ, ਪੇਂਡੂ ਮਜ਼ਦੂਰ ਯੂਨੀਅਨ ਦੇ ਹਰੀ ਰਾਮ ਰਸੂਲਪੁਰੀ ਨੇ ਮੰਗਾਂ ਦਾ ਸਮਰਥਨ ਕੀਤਾ। ਇਸ ਮੌਕੇ ਅਜੈ ਕੁਮਾਰ, ਮਨਪ੍ਰੀਤ, ਪਰਮਵੀਰ, ਗੁਰਪ੍ਰੀਤ,ਅਮਨਪ੍ਰੀਤ,ਅਮਿਤ ਕੁਮਾਰ, ਸੰਦੀਪ, ਰਘਵਿੰਦਰ ਲਾਲ, ਸੁਖਦੇਵ ਸਿੰਘ ਗਰਚਾ, ਲਖਵਿੰਦਰ ਕੌਰ, ਜਰਨੈਲ ਸਿੰਘ ਰਾਣੇਵਾਲ, ਜਸਵੀਰ ਕੌਰ ਸੂਰਾਪੁਰ, ਮੋਹਨ ਸਿੰਘ ਬਲਾਚੌਰ ਆਗੂ ਵੀ ਮੌਜੂਦ ਸਨ।

# ਦਿਸ਼ਾ ਬਸਰਾ ਨੇ ਲੋਕ ਗੀਤ ਮੁਕਾਬਲੇ 'ਚ ਹਾਸਲ ਕੀਤਾ ਦੂਜਾ ਸਥਾਨ

**ਗੁਰਾਇਆ (ਬਿੰਦਰ ਸੁੰਮਨ)**- ਅੰਤਰ-ਸਕੂਲ ਸਹੋਦਯਾ ਸਕੂਲ ਕੰਪਲੈਕਸ ਵੱਲੋਂ ਆਯੋਜਿਤ ਪ੍ਰਸਿੱਧ ਲੋਕ ਗੀਤ ਮੁਕਾਬਲੇ ਵਿੱਚ ਸ੍ਰੀ ਹਨੁਮਤ ਦੀ ਦਸਵੀਂ ਜਮਾਤ ਦੀ ਹੋਣਹਾਰ ਅਤੇ ਅਤਿਅੰਤ ਪ੍ਰਤਿਭਾਸ਼ਾਲੀ ਵਿਦਿਆਰਥਣ ਦਿਸ਼ਾ ਬਸਰਾ ਨੇ ਆਪਣੀ ਸੁਰੀਲੀ ਆਵਾਜ਼ ਅਤੇ ਸ਼ਾਨਦਾਰ ਪੇਸ਼ਕਾਰੀ ਨਾਲ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। 27 ਪ੍ਰਮੁੱਖ ਸਕੂਲਾਂ ਦੀ ਭਾਗੀਦਾਰੀ ਵਾਲੇ ਇਸ ਸਖ਼ਤ ਮੁਕਾਬਲੇ ਵਿੱਚ ਦਿਸ਼ਾ ਦੀ ਇਹ ਉਪਲਬਧੀ ਪੂਰੇ ਹਨੁਮਤ ਪਰਵਾਰ ਲਈ ਬੇਹੱਦ ਮਾਣ ਵਾਲਾ ਪਲ ਹੈ। ਇਹ ਮੁਕਾਬਲਾ ਦੋਆਬਾ ਪਬਲਿਕ ਸਕੂਲ, ਦੋਹਲਰੋਂ ਵਿਖੇ ਆਯੋਜਿਤ ਕੀਤਾ ਗਿਆ।



ਮੁਕਾਬਲੇ ਦੌਰਾਨ ਦਿਸ਼ਾ ਨੇ ਲੋਕ ਸੰਗੀਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਨੂੰ ਆਪਣੇ ਸੁਰਾਂ ਵਿੱਚ ਪਿਰੋ ਕੇ ਜੱਜਾਂ ਤੇ ਸਰੋਤਿਆਂ ਨੂੰ ਮੋਹਿਤ ਕਰ ਦਿੱਤਾ। ਉਸ ਦੇ ਆਤਮ-ਵਿਸ਼ਵਾਸ, ਗਾਇਕੀ ਉੱਤੇ ਪਕੜ ਅਤੇ ਸਮਰਪਣ ਦੀ ਸਾਰਿਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਸੰਗੀਤ ਕੇਵਲ ਸੁਰਾਂ ਦਾ ਸੰਗਮ ਨਹੀਂ, ਸਗੋਂ ਸੱਭਿਆਚਾਰ ਅਤੇ ਰੂਹ ਦੀ ਜੀਵੰਤ ਅਭਿਵਿਅਕਤੀ ਹੈ। ਪ੍ਰਿੰਸੀਪਲ ਆਰਤੀ ਸੋਬਤੀ ਨੇ ਇਸ ਜਿੱਤ ਦਾ ਸਿਹਰਾ ਸਭ ਤੋਂ ਪਹਿਲਾਂ ਦਿਸ਼ਾ ਦੇ ਮਾਤਾ-ਪਿਤਾ ਨੂੰ ਦਿੱਤਾ। ਇਸ ਦੇ ਨਾਲ ਹੀ ਸਕੂਲ ਦੇ ਸੰਗੀਤ ਅਧਿਆਪਕ ਅਮਿਤ ਵੱਲੋਂ ਦਿਸ਼ਾ ਦੇ ਸੁਰਾਂ ਨੂੰ ਤਰਾਸ਼ਣ ਅਤੇ ਅਨੁਕਰਣਯੋਗ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਕੂਲ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ 'ਚ ਰੱਖੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਇੰਜ. ਨਿਮਰਤਾ ਕੌਰ ਨੇ ਕਿਹਾ ਕਿ ਰੱਖੜੀ ਸਿਰਫ ਇੱਕ ਧਾਗਾ ਨਹੀਂ, ਸਗੋਂ ਭੈਣ ਭਰਾ ਦੇ ਪਿਆਰ, ਵਿਸ਼ਵਾਸ, ਸਤਿਕਾਰ ਅਤੇ ਆਪਸੀ ਸਾਂਝ ਦਾ ਪ੍ਰਤੀਕ ਵੀ ਹੈ । ਸਾਨੂੰ ਇਸ ਤਿਉਹਾਰ ਦੀ ਭਾਵਨਾ ਨੂੰ ਸਮਝਦਿਆਂ ਆਪਣੇ ਰਿਸ਼ਤਿਆਂ ਵਿੱਚ ਪਿਆਰ ਸਤਿਕਾਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਮੌਕੇ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਕੇ.ਜੀ. ਵਿੰਗ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਰੱਖੜੀ ਦੇ ਸੁੰਦਰ ਚਿੱਤਰ ਬਣਾਏ ਅਤੇ ਉਨ੍ਹਾਂ ਵਿੱਚ ਰੰਗ ਭਰੇ। ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਵੀ ਸੁੰਦਰ ਰੱਖੜੀਆਂ ਤਿਆਰ ਕੀਤੀਆਂ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਰੱਖੜੀ ਦੇ ਪਾਵਨ ਤਿਉਹਾਰ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ

# ਸ਼ਹਿਰੀ ਖੇਤਰਾਂ 'ਚ ਸਵੱਛਤਾ ਅਭਿਆਨ ਅੱਜ ਤੋਂ ਹੋਵੇਗਾ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹੇ ਅੰਦਰ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਦੇ ਮੰਤਵ ਨਾਲ ਜੰਗੀ ਪੱਧਰ 'ਤੇ ਸਵੱਛਤਾ ਮੁਹਿੰਮ 29 ਅਗਸਤ ਤੋਂ 8 ਸਤੰਬਰ ਤੱਕ ਚਲਾਈ ਜਾਵੇਗੀ ਕਰਮਬੀਰ ਸਿੰਘ ਘੁੰਮਣ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਨਗਰ ਨਿਗਮ ਅਤੇ ਕੌਂਸਲਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਮੁਹਿੰਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਵਿਸਥਾਰਤ ਰਣਨੀਤੀ 'ਤੇ ਵਿਚਾਰਾਂ ਕੀਤੀਆਂ। ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਨਾਖਤ ਕੀਤੀਆਂ ਜਾ ਚੁੱਕੀਆਂ ਥਾਵਾਂ ਤੋਂ ਇਕੱਠਾ ਹੋਇਆ ਕੂੜਾ ਪੂਰੀ ਤਰ੍ਹਾਂ ਹਟਾਇਆ ਜਾਵੇ ਅਤੇ ਮੁੜ ਕੂੜਾ ਸੁੱਟਣ ਤੋਂ ਰੋਕਣ ਲਈ ਅਸਰਦਾਰ ਕਦਮ ਚੁੱਕੇ ਜਾਣ।



ਜਿਸ ਦੌਰਾਨ ਕੂੜੇ ਵਾਲੀਆਂ ਥਾਵਾਂ, ਖੁੱਲ੍ਹੇ ਵਿੱਚ ਕੂੜਾ ਸੁੱਟਣ ਵਾਲੀਆਂ ਥਾਵਾਂ ਅਤੇ ਉਹ ਥਾਂ, ਜਿੱਥੇ ਅਕਸਰ ਕੂੜਾ ਸੁੱਟਿਆ ਜਾਂਦਾ ਹੈ, ਦੀ ਪੂਰੀ ਤਰ੍ਹਾਂ ਸਫ਼ਾਈ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਪੰਜਾਬ ਦੇ ਜੇਲ੍ਹਾਂ ਅਤੇ ਐਨ.ਆਰ.ਆਈ. ਮਾਮਲੇ ਮੰਤਰੀ ਡਾ. ਰਵਜੋਤ ਸਿੰਘ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ... ਉਨ੍ਹਾਂ ਸਪੱਸ਼ਟ ਕੀਤਾ ਕਿ ਸਫ਼ਾਈ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਸਫ਼ਾਈ ਸਬੰਧੀ ਕਮੀਆਂ ਨੂੰ ਦੂਰ ਕਰਨ ਵਿੱਚ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੀਟਿੰਗ ਵਿੱਚ ਮੇਅਰ ਪਰਵੀਨ ਸੈਣੀ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੀ ਐੱਸ ਪਾਬਲਾ, ਹਲਕਾ ਇੰਚਾਰਜ ਮੁਕੇਰੀਆਂ ਸਰਬਜੋਤ ਸਿੰਘ ਸਾਬੀ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ 'ਚ ਇੰਟੈਕ ਹੈਰੀਟੇਜ 2026 ਕੁਇਜ਼ ਮੁਕਾਬਲੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਵਿਦਿਆਰਥੀਆਂ ਨੂੰ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ, ਇਤਿਹਾਸ ਅਤੇ ਪਰੰਪਰਾਵਾਂ ਨਾਲ ਜੋੜਨ ਦੇ ਉਦੇਸ਼ ਨਾਲ ਇੰਟੈਕ ਹੈਰੀਟੇਜ ਕਵਿਜ਼-2026 ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇੰਟੈਕ ਹੁਸ਼ਿਆਰਪੁਰ ਚੈਪਟਰ ਦੇ ਕਨਵੀਨਰ ਅਤੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਹੁਸ਼ਿਆਰਪੁਰ ਦੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ ਇਹਨਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੇ ਲਗਭਗ 100 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਵਿੱਚ ਸਰ ਮਾਰਸ਼ਲ ਬੈਂਸ ਅਵਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਂਬੜਾ, ਸੇਂਟ ਸੋਲਜਰ ਹੁਸ਼ਿਆਰਪੁਰ, ਸਰਕਾਰੀ ਸਕੂਲ ਨੰਦਾਚੌਰ, ਚੌਧਰੀ ਬਲਬੀਰ ਸਕੂਲ ਹੁਸ਼ਿਆਰਪੁਰ, ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਅਤੇ ਡੀ.ਏ.ਵੀ. ਟਾਂਡਾ ਸਮੇਤ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਕਰਵਾਏ ਗਏ ਇਹਨਾਂ ਕੁਇਜ਼ ਮੁਕਾਬਲਿਆਂ ਦੌਰਾਨ ਭਾਰਤੀ ਇਤਿਹਾਸ, ਕਲਾ, ਸੱਭਿਆਚਾਰ, ਵਿਰਾਸਤੀ ਸਥਾਨਾਂ ਅਤੇ ਪਰੰਪਰਾਵਾਂ ਨਾਲ ਸਬੰਧਤ ਪ੍ਰਸ਼ਨਾਂ ਰਾਹੀਂ ਵਿਦਿਆਰਥੀਆਂ ਦੇ ਗਿਆਨ ਦੀ ਪਰਖ ਕੀਤੀ ਗਈ। ਮੁਕਾਬਲੇ ਦੇ ਨਤੀਜਿਆਂ ਵਿੱਚ ਪਹਿਲਾ ਸਥਾਨ ਚੌਧਰੀ ਬਲਬੀਰ ਸਿੰਘ ਸਕੂਲ, ਦੂਜਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਨੈਣਵਾਲ ਵੈਦ ਅਤੇ ਤੀਜਾ ਸਥਾਨ ਡੀ.ਏ.ਵੀ. ਸਕੂਲ ਨੇ ਹਾਸਲ ਕੀਤਾ। ਜੇਤੂ ਟੀਮਾਂ ਨੂੰ ਇਨਾਮ ਅਤੇ ਸਨਮਾਨ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਇੰਟੈਕ ਹੁਸ਼ਿਆਰਪੁਰ ਚੈਪਟਰ ਦੇ ਕਨਵੀਨਰ ਅਤੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਹੁਸ਼ਿਆਰਪੁਰ ਦੇ ਪ੍ਰਿੰਸੀਪਲ ਹਰਜੀਤ ਸਿੰਘ ਨੇ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ, ਇਤਿਹਾਸ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਭਾਗੀਦਾਰ ਵਿਦਿਆਰਥੀਆਂ, ਅਧਿਆਪਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।




# ਗਮਾਡਾ ਨਾਲ ਸੰਬੰਧਤ ਮੰਤਰੀ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ : ਸੋਹਾਣਾ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਅਤੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਆਮ ਆਦਮੀ ਪਾਰਟੀ ਦੇ ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਵੱਲੋਂ ਗਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਦੀ ਕਾਰਗੁਜ਼ਾਰੀ ਨੂੰ ਲੈ ਕੇ ਉਠਾਏ ਗਏ ਸਵਾਲਾਂ ਤੋਂ ਬਾਅਦ ਪੰਜਾਬ ਸਰਕਾਰ ਦੇ ਗਮਾਡਾ ਨਾਲ ਸੰਬੰਧਤ ਮੰਤਰੀ ਦੇ ਅਸਤੀਫੇ ਦੀ ਮੰਗ ਕੀਤੀ ਹੈ। ਸੋਹਾਣਾ ਨੇ ਕਿਹਾ ਕਿ ਜਦੋਂ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਆਪਣੇ ਹੀ ਸੰਸਦ ਮੈਂਬਰ ਵੱਲੋਂ ਸਰਕਾਰ ਦੇ ਇੱਕ ਮਹੱਤਵਪੂਰਨ ਵਿਭਾਗ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਜਾ ਰਹੇ ਹਨ ਅਤੇ ਗਮਾਡਾ ਨੂੰ ਭ੍ਰਿਸ਼ਟਾਚਾਰ ਦਾ ਕੇਂਦਰ ਦੱਸਿਆ ਜਾ ਰਿਹਾ ਹੈ ਤਾਂ ਸਰਕਾਰ ਨੂੰ ਇਨ੍ਹਾਂ ਦੋਸ਼ਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੂਰੇ ਮਾਮਲੇ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੰਗ ਵੱਲੋਂ ਸੈਣੀ ਮਾਜਰਾ ਵਿੱਚ ਗਮਾਡਾ ਦੀ ਕਥਿਤ ਚੋਣਵੀਂ ਕਾਰਵਾਈ 'ਤੇ ਸਵਾਲ ਚੁੱਕੇ ਗਏ ਹਨ। ਮੀਡੀਆ ਰਿਪੋਰਟਾਂ ਮੁਤਾਬਕ ਕੰਗ ਨੇ ਦੋਸ਼ ਲਾਇਆ ਕਿ ਕੁਝ ਦੁਕਾਨਾਂ ਅਤੇ ਢਾਂਚਿਆਂ ਖ਼ਿਲਾਫ਼ ਕਾਰਵਾਈ ਕੀਤੀ ਗਈ, ਜਦਕਿ ਨਾਲ ਲੱਗਦੇ ਕੁਝ ਹੋਰ ਢਾਂਚਿਆਂ ਨੂੰ ਛੱਡ ਦਿੱਤਾ ਗਿਆ। ਕੰਗ ਨੇ ਗਮਾਡਾ ਦੇ ਲੰਮੇ ਸਮੇਂ ਤੋਂ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਤਬਾਦਲੇ ਅਤੇ ਕਥਿਤ ਬੇਨਿਯਮੀਆਂ ਦੀ ਜਾਂਚ ਦੀ ਮੰਗ ਵੀ ਕੀਤੀ ਹੈ। ਗਮਾਡਾ ਵੱਲੋਂ ਦੂਜੇ ਪਾਸੇ ਦੱਸਿਆ ਗਿਆ ਹੈ ਕਿ ਕਾਰਵਾਈ ਗੈਰ-ਅਧਿਕਾਰਤ ਢਾਂਚਿਆਂ ਖ਼ਿਲਾਫ਼ ਨਿਯਮਾਂ ਅਤੇ ਅਦਾਲਤੀ ਹੁਕਮਾਂ ਤਹਿਤ ਕੀਤੀ ਗਈ ਸੀ।



ਸੋਹਾਣਾ ਨੇ ਕਿਹਾ ਕਿ ਜੇਕਰ ਇੱਕ ਸੱਤਾਧਾਰੀ ਪਾਰਟੀ ਦਾ ਸੰਸਦ ਮੈਂਬਰ ਖੁਦ ਸਰਕਾਰ ਦੇ ਵਿਭਾਗ 'ਤੇ ਇੰਨੇ ਗੰਭੀਰ ਦੋਸ਼ ਲਗਾ ਰਿਹਾ ਹੈ ਤਾਂ ਸਰਕਾਰ ਨੂੰ ਸਿਰਫ਼ ਬਿਆਨਬਾਜ਼ੀ ਤੱਕ ਸੀਮਤ ਰਹਿਣ ਦੀ ਬਜਾਏ ਤੁਰੰਤ ਜਾਂਚ ਦੇ ਹੁਕਮ ਦੇਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਗਮਾਡਾ ਨਾਲ ਸਬੰਧਤ ਮੰਤਰੀ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ ਅਤੇ ਜੇਕਰ ਸਰਕਾਰ ਦੋਸ਼ਾਂ ਨੂੰ ਗਲਤ ਮੰਨਦੀ ਹੈ ਤਾਂ ਤੱਥ ਜਨਤਕ ਕਰਕੇ ਸਥਿਤੀ ਸਪੱਸ਼ਟ ਕਰੇ। ਅਕਾਲੀ ਆਗੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਮੋਹਾਲੀ ਨਗਰ ਨਿਗਮ ਦੇ ਤਹਿਬਾਜ਼ਾਰੀ ਵਿਭਾਗ ਨਾਲ ਸੰਬੰਧਤ ਕਥਿਤ ਬੇਨਿਯਮੀਆਂ ਅਤੇ ਘਪਲਿਆਂ ਦੀ ਵਿਜੀਲੈਂਸ ਪੱਧਰ 'ਤੇ ਜਾਂਚ ਕਰਵਾਈ ਜਾਵੇਗੀ। ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਬ੍ਰਿਗੇਡੀਅਰ ਰਾਜ ਕੁਮਾਰ ਨੇ ਭੋਲੇਵਾਲ ਵਿਖੇ ਕੀਤੀ ਲੋਕ ਮਿਲਣੀ



**ਪੋਜੇਵਾਲ (ਰਾਮ ਲਾਲ)**- ਪੰਜਾਬ ਗੁੱਜਰ ਵੈਲਫੇਅਰ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਆਗੂ ਬ੍ਰਿਗੇਡੀਅਰ ਰਾਜ ਕੁਮਾਰ ਵੱਲੋਂ ਪਿੰਡ ਭੋਲੇਵਾਲ ਵਿਖੇ ਲੋਕ ਮਿਲਣੀ ਕੀਤੀ ਗਈ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ । ਬ੍ਰਿਗੇਡੀਅਰ ਰਾਜ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਬਿਨਾਂ ਕਿਸੇ ਸਿਫਾਰਸ਼ ਜਾਂ ਭ੍ਰਿਸ਼ਟਾਚਾਰ ਦੇ ਹੁਣ ਤੱਕ 70 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਲਾਭ ਲੈਣ ਦੀ ਅਪੀਲ ਵੀ ਕੀਤੀ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਬ੍ਰਿਗੇਡੀਅਰ ਰਾਜ ਕੁਮਾਰ ਨਾਲ ਆਪਣੇ ਵੱਖ-ਵੱਖ ਮਸਲੇ ਵੀ ਸਾਂਝੇ ਕੀਤੇ ਗਏ, ਜਿਨ੍ਹਾਂ ਨੂੰ ਉਨ੍ਹਾਂ ਵੱਲੋਂ ਗੰਭੀਰਤਾ ਨਾਲ ਸੁਣਿਆ ਗਿਆ। ਇਸ ਮੌਕੇ ਤੇ ਅਸ਼ੋਕ ਸਰਪੰਚ, ਮਾਸਟਰ ਮਹਿੰਦਰ ਪਾਲ, ਮਹਿੰਦਰ ਲੰਬੜਦਾਰ, ਤੇਲੂਰਾਮ ਐਕਸ ਸਰਪੰਚ, ਮਹਿੰਦਰ ਪਾਲ ਵਪਾਰੀ, ਬਲਵੀਰ ਪੰਚ, ਹਰਪ੍ਰੀਤ ਪੰਚ, ਹਰਮੇਸ਼ ਐਕਸ ਸਰਪੰਚ, ਸ਼ਾਮ ਲਾਲ ਪਵਨ, ਪ੍ਰੇਮ ਚੰਦ, ਸਤਪਾਲ, ਫੁਮਣ ਕੁਮਾਰ, ਲਾਜਪਤ, ਮਹਿੰਦਰ ਪਾਲ, ਗੁਰਦੀਪ ਆਰਮੀ, ਲਵਪ੍ਰੀਤ ਆਰਮੀ, ਅਮਰਜੀਤ ਆਰਮੀ, ਸੁਰਜੀਤ ਆਰਮੀ, ਹੈਪੀ, ਸਨੀ, ਮੋਹਨ ਲਾਲ, ਗੁਰਪ੍ਰੀਤ ਅਤੇ ਪਿੰਡ ਵਾਸੀ ਮੌਜੂਦ ਸਨ।

# ਨੋ ਚਲਾਨ-ਕਰੋ ਧਿਆਨ ਦੀ ਸ਼ੂਟਿੰਗ ਦਾ ਮਹੂਰਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰੀ ਗ੍ਰੇਸਾ ਫਿਲਮਜ਼ ਪ੍ਰੋਡਕਸ਼ਨ ਦੀ ਫਿਲਮ 'ਨੋ ਚਲਾਨ-ਕਰੋ ਧਿਆਨ' ਦੀ ਸ਼ੂਟਿੰਗ ਦਾ ਮਹੂਰਤ, ਜੋ ਕਿ ਸਮਾਜ ਦੁਆਰਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਅਤੇ ਟ੍ਰੈਫਿਕ ਨਿਯਮਾਂ ਨੂੰ ਬਿਹਤਰ ਬਣਾਉਣ 'ਤੇ ਕੇਂਦ੍ਰਿਤ ਹੈ, ਇੱਥੇ ਕੀਤਾ ਗਿਆ। ਕਹਾਣੀ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਦੁਆਰਾ ਲਿਖੀ ਗਈ ਹੈ। ਇਸ ਦੇ ਸੰਵਾਦ, ਥੀਮ ਗੀਤ ਅਤੇ ਨਿਰਦੇਸ਼ਨ ਅਸ਼ੋਕ ਪੁਰੀ ਦੁਆਰਾ ਕੀਤੇ ਗਏ ਹਨ, ਅਤੇ ਇਹ ਫਿਲਮ ਸੋਨਾਲੀਕਾ ਸੋਸ਼ਲ ਡਿਵੈਲਪਮੈਂਟ ਸੋਸਾਇਟੀ ਦੇ ਸਹਿਯੋਗ ਨਾਲ ਬਣਾਈ ਜਾ ਰਹੀ ਹੈ। 'ਨੋ ਚਲਾਨ ਕਰੋ ਧਿਆਨ' ਦੇ ਮਹੂਰਤ ਦੇ ਮੌਕੇ 'ਤੇ ਅਵਿਨਾਸ਼ ਰਾਏ ਖੰਨਾ ਅਤੇ ਐੱਸ ਪੀ ਰਾਣਾ, ਐਡਵੋਕੇਟ ਟੈਕਸੇਸ਼ਨ ਬਾਰ ਕੌਂਸਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪੁਲਸ ਚੌਕੀ ਦੇ ਦ੍ਰਿਸ਼ ਵਿੱਚ, ਪੁਲਸ ਇੰਸਪੈਕਟਰ ਦੀ ਭੂਮਿਕਾ ਵਿੱਚ ਪਲਵਿੰਦਰ ਸਿੰਘ ਸੈਣੀ, ਹੈੱਡ ਕਾਂਸਟੇਬਲ ਅੰਮ੍ਰਿਤ ਲਾਲ, ਲੇਡੀ ਹੈੱਡ ਕਾਂਸਟੇਬਲ ਕਮਲਜੀਤ ਕੌਰ ਅਤੇ ਡਰਾਈਵਰ ਮੋਨੂੰ ਕੁਮਾਰ ਨੇ ਚੌਕੀ ਦੀ ਸਥਾਪਨਾ ਨੂੰ ਪ੍ਰਭਾਵਸ਼ਾਲੀ ਬਣਾਇਆ। ਇਸ ਮੌਕੇ ਦਲਜਿੰਦਰ ਸਿੰਘ ਧਾਮੀ ਦੀ ਕਾਰ (ਚੈਕਿੰਗ ਵਾਹਨ ਵਜੋਂ) ਅਤੇ ਮੁੱਖ ਪਾਤਰ ਜਰਨੈਲ (ਮਹੇਸ਼ ਕੁਮਾਰ) ਨੇ ਕਹਾਣੀ ਦੇ ਕੇਂਦਰੀ ਸੰਦੇਸ਼ ਨੂੰ ਸਫਲਤਾਪੂਰਵਕ ਪਹੁੰਚਾਇਆ। ਇਸ ਸ਼ਾਟ ਦੇ ਮਹੂਰਤ ਲਈ ਮੁੱਖ ਮਹਿਮਾਨ ਅਵਿਨਾਸ਼ ਰਾਏ ਖੰਨਾ ਨੇ ਐਡਵੋਕੇਟ ਐੱਸ ਪੀ ਰਾਣਾ, ਨਿਰਦੇਸ਼ਕ ਅਸ਼ੋਕ ਪੁਰੀ, ਗੁਰਮੇਲ ਧਾਲੀਵਾਲ ਅਤੇ ਅਜੈ ਸਹਿਦੇਵ ਦੀ ਮੌਜੂਦਗੀ ਵਿੱਚ ਰਵਾਇਤੀ ਨਾਰੀਅਲ ਤੋੜਨ ਦੀ ਰਸਮ ਨਿਭਾਈ। ਇਸ ਮੌਕੇ ਰੋਹਿਤ ਕੁਮਾਰ ਕੈਮਰਾਮੈਨ, ਮੇਕਅਪ ਆਰਟਿਸਟ ਅਜੈ ਗੋਰੀ ਅਤੇ ਰਚਨਾਤਮਕ ਨਿਰਦੇਸ਼ਕ ਸ਼ਰਨਜੀਤ ਵੀ ਮੌਜੂਦ ਸਨ। ਚੈੱਕਪੁਆਇੰਟ ਸੀਨ ਤੋਂ ਬਾਅਦ ਜਰਨੈਲ ਦੇ ਘਰ ਦੇ ਦ੍ਰਿਸ਼ ਜਿਸ ਵਿੱਚ ਉਸਦੀ ਮਾਂ ਨਸੀਬ ਕੌਰ (ਸੁਖਵੀਰ ਚੱਠਾ) ਅਤੇ ਪਿਤਾ ਕਿਸ਼ਨ ਸਿੰਘ (ਐੱਮ ਐੱਸ ਹੀਰਾ) ਸਨ, ਫਿਲਮਾਏ ਗਏ। ਇਸ ਤਰ੍ਹਾਂ ਫਿਲਮ 'ਨੋ ਚਲਾਨ ਕਰੋ ਧਿਆਨ' ਦਾ ਪਹਿਲੇ ਦਿਨ ਦਾ ਸ਼ੂਟ ਗਰਮੀਆਂ ਦੀ ਸਿਖਰ ਦੀ ਗਰਮੀ ਦੇ ਵਿਚਕਾਰ ਸਮਾਪਤ ਹੋਇਆ।



# ਸਿੱਖਿਆ ਦੇ ਖੇਤਰ 'ਚ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਕੀਤੇ ਜਾ ਰਹੇ ਅਣਥੱਕ ਯਤਨ : ਈ ਟੀ ਓ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਵਲੋਂ ਸਥਾਨਕ ਐੱਮ ਜੀ ਐੱਨ ਕਾਲਜ ਜਲੰਧਰ ਦਾ ਦੌਰਾ ਕੀਤਾ ਗਿਆ ਜਿਥੋਂ ਉਹਨਾਂ ਨੇ ਸਾਲ 1989-1990 ਵਿੱਚ ਬੀ ਐੱਡ ਕੀਤੀ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਨੀਲੂ ਝਾਂਗੀ ਅਤੇ ਸਮੂਹ ਸਟਾਫ਼ ਵਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਐੱਮ ਜੀ ਐੱਨ ਦੇ ਸਟਾਫ਼ ਨਾਲ ਰੂਬਰੂ ਹੁੰਦਿਆਂ ਦੱਸਿਆ ਕਿ ਅੱਜ ਕਾਲਜ ਵਿਖੇ ਆ ਕੇ ਉਹਨਾਂ ਨੂੰ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਲਜ ਦੇ ਇਨਾਮ ਵਿਜੇਤਾ ਸੂਚੀ ਵਿੱਚ ਆਪਣਾ ਨਾਂਅ ਦੇਖਕੇ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ। ਉਨ੍ਹਾਂ ਕਾਲਜ ਸਟਾਫ਼ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਐੱਮ ਜੀ ਐੱਨ ਕਾਲਜ ਨੂੰ ਸੂਬੇ ਵਿੱਚ ਵਿੱਦਿਆ ਦੇ ਮੰਦਿਰ ਵਜੋਂ ਦੇਖਿਆ ਜਾਂਦਾ ਹੈ। ਉਨ੍ਹਾਂ ਅਧਿਆਪਕਾਂ ਨੂੰ ਕਿਹਾ ਕਿ ਪੂਰੀ ਲਗਨ ਤੇ ਮਿਹਨਤ ਨਾਲ ਵਿਦਿਆਰਥੀਆਂ ਨੂੰ ਪੜ੍ਹਾਇਆ ਜਾਵੇ ਤਾਂ ਕਿ ਉਹ ਖੁਸ਼ਹਾਲ ਤੇ ਵਿਕਸਿਤ ਸੂਬੇ ਦੇ ਨਿਰਮਾਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾ ਸਕਣ। ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਮੁੱਖ ਮੰਤਰੀ, ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸੂਬੇ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਅੱਜ ਸੂਬਾ ਸਿੱਖਿਆ ਦੇ ਖੇਤਰ ਵਿੱਚ ਕੇਰਲਾ ਨੂੰ ਪਛਾੜ ਕੇ ਦੇਸ਼ ਦਾ ਮੋਹਰੀ ਸੂਬਾ ਬਣਾ ਗਿਆ ਹੈ। ਇਸ ਮੌਕੇ ਐੱਮ ਜੀ ਐੱਨ ਕਾਲਜ ਦੇ ਪ੍ਰਿੰਸੀਪਲ ਡਾ. ਨੀਲੂ ਝਾਂਗੀ ਵਲੋਂ ਕਾਲਜ ਵਲੋਂ ਕਰਵਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।



# ਬਿਨਾਂ ਨੰਬਰ ਪਲੇਟ ਵਾਲੇ ਵਾਹਨਾਂ ਦੇ ਕੀਤੇ ਚਲਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਸ਼ਹਿਰ ਵਿੱਚ ਬਿਨਾਂ ਨੰਬਰ ਪਲੇਟਾਂ ਅਤੇ ਨਿਯਮਾਂ ਦੀ ਉਲੰਘਣਾ ਕਰਕੇ ਘੁੰਮ ਰਹੇ ਦੋਪਹੀਆ ਵਾਹਨਾਂ ਖ਼ਿਲਾਫ਼ ਟ੍ਰੈਫਿਕ ਪੁਲਿਸ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਦੌਰਾਨ ਟ੍ਰੈਫਿਕ ਪੁਲਿਸ ਨੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਾਕਾਬੰਦੀ ਅਤੇ ਚੈਕਿੰਗ ਕਰਦਿਆਂ ਲਗਭਗ 40 ਮੋਟਰਸਾਈਕਲਾਂ ਅਤੇ ਹੋਰ ਵਾਹਨਾਂ ਦੇ ਚਲਾਨ ਕੀਤੇ। ਇਨ੍ਹਾਂ ਵਿੱਚ ਕਰੀਬ 20 ਮੋਟਰਸਾਈਕਲ ਅਜਿਹੇ ਪਾਏ ਗਏ, ਜਿਨ੍ਹਾਂ 'ਤੇ ਨੰਬਰ ਪਲੇਟ ਨਹੀਂ ਲੱਗੀ ਹੋਈ ਸੀ ਜਾਂ ਨਿਯਮਾਂ ਅਨੁਸਾਰ ਆਈ ਐਨ ਡੀ ਦੀ ਪਲੇਟ ਨਹੀਂ ਸੀ। ਟ੍ਰੈਫਿਕ ਇੰਚਾਰਜ ਸੁਰਿੰਦਰ ਸਿੰਘ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਸ਼ਹਿਰ ਵਾਸੀਆਂ ਵੱਲੋਂ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਕੁਝ ਲੋਕ ਬਿਨਾਂ ਨੰਬਰ ਪਲੇਟਾਂ ਵਾਲੇ ਮੋਟਰਸਾਈਕਲ ਲੈ ਕੇ ਸ਼ਹਿਰ ਦੀਆਂ ਸੜਕਾਂ ਅਤੇ ਬਾਜ਼ਾਰਾਂ ਵਿੱਚ ਘੁੰਮ ਰਹੇ ਹਨ। ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਵਾਹਨ 'ਤੇ ਸਹੀ ਨੰਬਰ ਪਲੇਟ ਲੱਗੀ ਹੋਣਾ ਸਿਰਫ਼ ਟ੍ਰੈਫਿਕ ਨਿਯਮਾਂ ਦੀ ਪਾਲਣਾ ਹੀ ਨਹੀਂ, ਸਗੋਂ ਵਾਹਨ ਦੀ ਪਛਾਣ ਲਈ ਵੀ ਬਹੁਤ ਜ਼ਰੂਰੀ ਹੈ। ਬਿਨਾਂ ਨੰਬਰ ਪਲੇਟ ਜਾਂ ਅਸਪਸ਼ਟ ਨੰਬਰ ਵਾਲੇ ਵਾਹਨਾਂ ਕਾਰਨ ਕਿਸੇ ਵੀ ਅਪਰਾਧ ਜਾਂ ਹਾਦਸੇ ਦੀ ਸਥਿਤੀ ਵਿੱਚ ਵਾਹਨ ਦੀ ਪਛਾਣ ਕਰਨਾ ਮੁਸ਼ਕਲ ਹੋ ਸਕਦਾ ਹੈ। ਸੁਰਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਇਹ ਮੁਹਿੰਮ ਸਿਰਫ਼ ਇੱਕ ਦਿਨ ਤੱਕ ਸੀਮਤ ਨਹੀਂ ਰਹੇਗੀ, ਸਗੋਂ ਆਉਣ ਵਾਲੇ ਦਿਨਾਂ ਵਿੱਚ ਵੀ ਚੈਕਿੰਗ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਮੇਨ ਰੋਡਾਂ, ਬਾਜ਼ਾਰਾਂ ਅਤੇ ਸ਼ਹਿਰ ਦੇ ਹੋਰ ਹਿੱਸਿਆਂ ਵਿੱਚ ਜੇਕਰ ਕੋਈ ਦੋਪਹੀਆ ਜਾਂ ਚਾਰਪਹੀਆ ਵਾਹਨ ਬਿਨਾਂ ਨੰਬਰ ਪਲੇਟ, ਗੈਰ-ਕਾਨੂੰਨੀ ਨੰਬਰ ਪਲੇਟ ਜਾਂ ਹੋਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਦਾ ਮਿਲਿਆ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਲੋੜ ਪੈਣ 'ਤੇ ਵਾਹਨ ਜ਼ਬਤ ਵੀ ਕੀਤਾ ਜਾ ਸਕਦਾ ਹੈ।



# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਵਿਰੁੱਧ ਰੈਲੀ



**ਹੁਸ਼ਿਆਰਪੁਰ (ਬਲਵੀਰ ਸੈਣੀ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵਲੋਂ ਚੰਡੀਗੜ੍ਹ ਰੈਲੀ ਵਿੱਚ ਕੀਤੇ ਗਏ ਐਲਾਨ ਦੇ ਤਹਿਤ ਸਮੂਹ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਅਦਾਰਿਆਂ ਦਾ ਮੁਕੰਮਲ ਤੌਰ ਤੇ ਬੰਦ ਕਰਦੇ ਹੋਏ ਸਮੂਹਿਕ ਛੁੱਟੀ ਲੈ ਕੇ ਮਿੰਨੀ ਸਕੱਤਰੇਤ ਅੱਗੇ ਇੱਕ ਵਿਸ਼ਾਲ ਤਹਿਸੀਲ ਪੱਧਰੀ ਰੈਲੀ ਕੀਤੀ ਗਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਤੋਂ ਮੁਲਾਜ਼ਮਾਂ ਵਲੋਂ ਕੰਮ ਠੱਪ ਕਰਕੇ ਕਾਫਲਿਆਂ ਦੇ ਰੂਪ ਵਿੱਚ ਇਸ ਰੋਸ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਰੈਲੀ ਵਿੱਚ ਸਾਂਝੀ ਤਾਲਮੇਲ ਕਮੇਟੀ ਤੋਂ ਇਲਾਵਾ ਵੀ ਬਹੁਤ ਸਾਰੀਆਂ ਜੱਥੇਬੰਦੀਆਂ ਵਲੋਂ ਰੋਹ ਭਰਪੂਰ ਨਾਅਰਿਆਂ ਨਾਲ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਰੈਲੀ ਮਨਜੀਤ ਸੈਣੀ, ਬਹਾਦਰ ਸਿੰਘ, ਕੁਲਵੰਤ ਸਿੰਘ ਸੈਣੀ, ਸੰਜੀਵ ਧੂਤ, ਅਨਿਰੁਧ ਮੋਦਗਿੱਲ, ਜਸਵੀਰ ਸਿੰਘ ਭਾਮ, ਜਤਿੰਦਰ ਸਿੰਘ ਸੋਨੀ, ਸੁਖਦੇਵ ਡਾਂਸੀਵਾਲ, ਵਰਿਆਮ ਸਿੰਘ ਮਿਨਹਾਸ, ਜੈਲ ਸਿੰਘ, ਰਾਜ ਕੁਮਾਰ, ਹਰਿੰਦਰਜੀਤ ਕੌਰ, ਆਸ਼ਾ ਰਾਣੀ ਤੇ ਅਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਕੀਤੀ ਗਈ। ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੀ ਅਦਾਇਗੀ ਕੀਤੀ ਜਾਵੇ, ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ, ਮਿਡ ਡੇ ਮੀਲ, ਆਂਗਣਵਾੜੀ, ਆਸ਼ਾ ਵਰਕਰਾਂ ਦੀਆਂ ਸੇਵਾਵਾਂ ਦਾ ਸਰਕਾਰੀਕਰਣ ਕੀਤਾ ਜਾਵੇ, ਪੈਨਸ਼ਨਰਾਂ ਤੇ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਬੰਦ ਕੀਤੇ 37 ਭੱਤਿਆਂ ਨੂੰ ਮੁੜ ਚਾਲੂ ਕੀਤਾ ਜਾਵੇ। ਰੈਲੀ ਨੂੰ ਐੱਚ ਐੱਮ ਆਗੂ ਤਰੁਣ ਕੁਮਾਰ, ਪੰਜਾਬ ਰੋਡਵੇਜ਼ ਆਗੂ ਬਲਜੀਤ ਸਿੰਘ, ਕੋ-ਆਪਰੇਟਿਵ ਬੈਂਕ ਯੂਨੀਅਨ ਆਗੂ ਸੁਖਵੀਰ ਸਿੰਘ, ਆਮ ਆਦਮੀ ਕਲੀਨਿਕ ਸਾਂਝਾ ਫਰੰਟ ਆਗੂ ਗੁਰਪ੍ਰੀਤ ਕੌਰ, ਆਊਟ ਸੋਰਸ ਯੂਨੀਅਨ ਆਗੂ ਸਚਿਨ ਕੁਮਾਰ, ਸਫਾਈ ਸੇਵਕ ਯੂਨੀਅਨ ਆਗੂ ਕਰਨਜੋਤ ਆਦੀਆ, ਜੀ ਟੀ ਯੂ ਆਗੂ ਪ੍ਰਿਤਪਾਲ ਸਿੰਘ ਚੌਟਾਲਾ, ਸੰਯੁਕਤ ਕਿਸਾਨ ਮੋਰਚਾ ਆਗੂ ਦਵਿੰਦਰ ਸਿੰਘ ਕੱਕੋਂ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਐਸ ਡੀ ਕਾਲਜ ਫਾਰ ਵਿਮਨ 'ਚ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ

**ਸੁਲਤਾਨਪੁਰ ਲੋਧੀ (ਹਨੀ)**- ਐਸ.ਡੀ. ਕਾਲਜ ਫਾਰ ਵੂਮੈਨ, ਸੁਲਤਾਨਪੁਰ ਲੋਧੀ ਵਿਖੇ ਸਵੀਪ ਵਿਭਾਗ ਵੱਲੋਂ ਐਨ ਐਸ ਐਸ ਵਿਭਾਗ ਦੇ ਸਹਿਯੋਗ ਨਾਲ ਵੋਟਰ ਰਜਿਸਟ੍ਰੇਸ਼ਨ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸਦਾ ਉਦੇਸ਼ ਵਿਦਿਆਰਥੀਆਂ ਵਿੱਚ ਵੋਟਰ ਰਜਿਸਟ੍ਰੇਸ਼ਨ ਅਤੇ ਉਨ੍ਹਾਂ ਦੇ ਜਮਹੂਰੀ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਕੈਂਪ ਦੌਰਾਨ ਸਵੀਪ ਇੰਚਾਰਜ ਸੁਨੀਤਾ ਕਲੇਰ ਨੇ ਵਿਦਿਆਰਥੀਆਂ ਨਾਲ ਨਿੱਜੀ ਤੌਰ 'ਤੇ ਗੱਲਬਾਤ



ਕੀਤੀ ਅਤੇ ਉਨ੍ਹਾਂ ਨੂੰ ਤਿੰਨ ਸ਼੍ਰੇਣੀਆਂ ਵਿੱਚ ਵੰਡਿਆ ਅਤੇ ਮਾਰਗਦਰਸ਼ਨ ਕੀਤਾ। ਯੋਗ ਵਿਦਿਆਰਥੀਆਂ ਜਿਨ੍ਹਾਂ ਨੇ ਅਜੇ ਤੱਕ ਵੋਟਰ ਵਜੋਂ ਰਜਿਸਟਰ ਨਹੀਂ ਕੀਤਾ ਸੀ, ਉਨ੍ਹਾਂ ਦੀ ਪਛਾਣ ਕੀਤੀ ਗਈ ਅਤੇ ਨਵੇਂ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਰਾਹੀਂ ਮਾਰਗਦਰਸ਼ਨ ਕੀਤਾ ਗਿਆ।ਜਦਕਿ ਘੱਟ ਉਮਰ ਦੇ ਵਿਦਿਆਰਥੀ ਜਿਨ੍ਹਾਂ ਨੇ ਅਜੇ ਤੱਕ ਯੋਗ ਉਮਰ ਪ੍ਰਾਪਤ ਨਹੀਂ ਕੀਤੀ ਸੀ, ਦੀ ਪਛਾਣ ਕੀਤੀ ਗਈ ਅਤੇ ਉਨ੍ਹਾਂ ਨੂੰ ਦੱਸਿਆ ਗਿਆ ਕਿ ਉਹ ਵੋਟਰ ਵਜੋਂ ਰਜਿਸਟਰ ਕਰਨ ਦੇ ਯੋਗ ਕਦੋਂ ਹੋਣਗੇ। ਇਸ ਦੌਰਾਨ ਕਈ ਯੋਗ ਵਿਦਿਆਰਥੀ ਨਵੇਂ ਵੋਟਰ ਬਣਨ ਲਈ ਅੱਗੇ ਆਏ।ਕੈਂਪ ਦੌਰਾਨ ਸੁਨੀਤਾ ਕਲੇਰ ਨੇ ਵੋਟਰ ਰਜਿਸਟ੍ਰੇਸ਼ਨ ਲਈ ਲੋੜੀਂਦੇ ਮਹੱਤਵਪੂਰਨ ਦਸਤਾਵੇਜ਼ਾਂ ਬਾਰੇ ਵੀ ਦੱਸਿਆ। ਪ੍ਰਿੰਸੀਪਲ, ਡਾ. ਵੰਦਨਾ ਸ਼ੁਕਲਾ ਨੇ ਸਾਰੇ ਯੋਗ ਵਿਦਿਆਰਥੀਆਂ ਨੂੰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਉਤਸ਼ਾਹਤ ਕੀਤਾ।

# ਸ੍ਰੀ ਗੁਰੂ ਰਵਿਦਾਸ ਨੇ ਜ਼ੁਲਮ ਤੇ ਜਾਤ ਆਧਾਰਤ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕੀਤੀ : ਸੌਂਦ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਅੱਜ ਤੋਂ ਕਰੀਬ 6 ਸਦੀਆਂ ਪਹਿਲਾਂ ਜ਼ੁਲਮ ਅਤੇ ਜਾਤ ਆਧਾਰਿਤ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ।



ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਸੀ ਜੀ ਸੀ ਯੂਨੀਵਰਸਿਟੀ, ਝੰਜੇੜੀ, ਮੋਹਾਲੀ ਵਿਖੇ ਕਰਵਾਏ ਗਏ ਰਾਜ ਪੱਧਰੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਨੇ ਮਨੁੱਖਤਾ ਦੇ ਅਧਿਆਤਮਿਕ ਅਤੇ ਸਮਾਜਿਕ ਉੱਥਾਨ ਵਿੱਚ ਵੱਡਾ ਯੋਗਦਾਨ ਪਾਇਆ ਅਤੇ ਕਿਰਤ ਦੀ ਮਹੱਤਤਾ ਤੇ ਸਖ਼ਤ ਮਿਹਨਤ ਦੇ ਸਿਧਾਂਤ ਨੂੰ ਪ੍ਰਮੁੱਖਤਾ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਉਸ ਸਮੇਂ ਦੱਬੇ-ਕੁਚਲੇ ਅਤੇ ਕਮਜ਼ੋਰ ਵਰਗਾਂ ਦੇ ਹੱਕ ਵਿੱਚ ਦਲੇਰੀ ਨਾਲ ਆਵਾਜ਼ ਉਠਾਈ, ਜਦੋਂ ਲੋਕਾਂ ਨਾਲ ਜਾਤ ਅਤੇ ਹੋਰ ਸਮਾਜਿਕ ਵਖਰੇਵਿਆਂ ਦੇ ਆਧਾਰ 'ਤੇ ਵਿਤਕਰਾ ਅਤੇ ਬੇਇਨਸਾਫ਼ੀ ਕੀਤੀ ਜਾਂਦੀ ਸੀ। ਗੁਰੂ ਸਾਹਿਬ ਨੇ ਸਮਾਨਤਾ, ਨਿਆਂ ਅਤੇ ਮਨੁੱਖੀ ਮਾਣ-ਸਨਮਾਨ ਦੇ ਸਰਬਵਿਆਪੀ ਸਿਧਾਂਤਾਂ ਦਾ ਪ੍ਰਚਾਰ ਕੀਤਾ ਅਤੇ ਵਿਤਕਰੇ ਤੋਂ ਮੁਕਤ ਸਮਾਜ ਦੀ ਕਲਪਨਾ ਕੀਤੀ। ਵਿਦਿਆਰਥੀਆਂ ਨੂੰ ਇਨ੍ਹਾਂ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਅਪੀਲ ਕਰਦਿਆਂ ਸੌਂਦ ਨੇ ਕਿਹਾ ਕਿ ਉਹ ਲਾਲਚ ਤੋਂ ਦੂਰ ਰਹਿਣ ਅਤੇ ਕੇਵਲ ਆਪਣੀਆਂ ਅਸਲ ਲੋੜਾਂ ਤੱਕ ਸੀਮਤ ਰਹਿ ਕੇ ਸੰਤੁਸ਼ਟੀ ਭਰਿਆ ਅਤੇ ਅਰਥਪੂਰਨ ਜੀਵਨ ਜਿਊਣ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸ ਡੀ ਐੱਮ ਖਰੜ ਗੁਰਮੀਤ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਸਚਿਨ, ਪ੍ਰੋਫੈਸਰ ਅਤੇ ਮੋਡਰੇਟਰ ਡਾ. ਕ੍ਰਿਸ਼ਨਾ, ਉੱਚ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਮਨੀਸ਼ ਕੁਮਾਰ ਅਤੇ ਹੋਰ ਪਤਵੰਤੇ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਐੱਨ ਸੀ ਸੀ ਕੈਡੇਟ ਖੁਸ਼ੀ ਦੀ 'ਆਲ ਇੰਡੀਆ ਥਲ ਸੈਨਿਕ ਕੈਂਪ' ਲਈ ਚੋਣ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਦੇ ਨੈਸ਼ਨਲ ਕੈਡੇਟ ਕੋਰ(ਐਨ ਸੀ ਸੀ) ਯੂਨਿਟ ਨੇ ਇੱਕ ਹੋਰ ਉਪਲਬਧੀ ਹਾਸਲ ਕੀਤੀ ਹੈ। ਯੂਨੀਵਰਸਿਟੀ ਦੀ ਐੱਨ ਸੀ ਸੀ ਕੈਡੇਟ ਖੁਸ਼ੀ ਦੀ ਚੋਣ 31 ਅਗਸਤ ਤੋਂ 14 ਸਤੰਬਰ 2026 ਤੱਕ ਨਵੀਂ ਦਿੱਲੀ ਵਿਖੇ ਆਯੋਜਿਤ ਹੋਣ ਵਾਲੇ 'ਆਲ ਇੰਡੀਆ ਥਲ ਸੈਨਿਕ ਕੈਂਪ 2026' ਲਈ ਹੋਈ ਹੈ।ਇਸ ਰਾਸ਼ਟਰੀ ਪੱਧਰ ਦੇ ਕੈਂਪ ਲਈ ਚੋਣ ਹੋਣਾ ਯੂਨੀਵਰਸਿਟੀ ਲਈ ਬਹੁਤ ਮਾਣ ਵਾਲੀ ਗੱਲ ਹੈ, ਜੋ ਕੈਡੇਟ ਦੇ ਸਮਰਪਣ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਨੂੰ ਦਰਸਾਉਂਦੀ ਹੈ। ਥਲ ਸੈਨਿਕ ਕੈਂਪ ਐੱਨ.ਸੀ.ਸੀ. ਦੇ ਆਰਮੀ ਵਿੰਗ ਦਾ ਇੱਕ ਪ੍ਰਮੁੱਖ ਕੈਂਪ ਹੈ, ਜਿਸ ਵਿੱਚ ਦੇਸ਼ ਭਰ ਤੋਂ ਚੁਣੇ ਗਏ ਕੈਡੇਟ ਹਿੱਸਾ ਲੈਂਦੇ ਹਨ। ਇਸ ਕੈਂਪ ਦਾ ਮੁੱਖ ਮਕਸਦ ਕੈਡੇਟਾਂ ਵਿੱਚ ਅਨੁਸ਼ਾਸਨ, ਲੀਡਰਸ਼ਿਪ, ਸ਼ਾਰੀਰਿਕ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ।ਕੈਂਪ ਦੌਰਾਨ ਕੈਡੇਟ ਓਬਸਟੇਕਲ ਕੋਰਸ (ਰੁਕਾਵਟ ਦੌੜ), ਮੈਪ ਰੀਡਿੰਗ, ਲਾਈਨ ਏਰੀਆ, ਸਿਹਤ-ਸਫ਼ਾਈ, ਫੀਲਡ ਸਿਗਨਲ ਅਤੇ ਲਿਖਤੀ ਪ੍ਰੀਖਿਆਵਾਂ ਵਰਗੇ ਚੁਣੌਤੀਪੂਰਨ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਯੂਨੀਵਰਸਿਟੀ ਪ੍ਰਸ਼ਾਸਨ ਨੇ ਕੈਡੇਟ ਖੁਸ਼ੀ ਅਤੇ ਐੱਨ ਸੀ ਸੀ ਯੂਨਿਟ ਦੀ ਟ੍ਰੇਨਿੰਗ ਟੀਮ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਆਉਣ ਵਾਲੇ ਕੈਂਪ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਵਿਦਿਆਰਥੀਆਂ ਨੇ ਵਜਰਾ ਸੈਨਿਕ ਇੰਸਟੀਚਿਊਟ ਦਾ ਕੀਤਾ ਦੌਰਾ



**ਨਕੋਦਰ, (ਰੀਨਾ ਸ਼ਰਮਾ)**- ਸਥਾਨਕ ਸੱਤਿਅਮ ਇੰਸਟੀਟਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਨਕੋਦਰ ਵੱਲੋਂ ਰੱਖੜੀ ਦੇ ਪਵਿੱਤਰ ਤਿਉਹਾਰ ਨੂੰ ਦੇਸ਼ਭਗਤੀ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਦਿਆਂ ਇੱਕ ਵਿਸ਼ੇਸ਼ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਤਹਿਤ ਕਾਲਜ ਦੇ ਵਿਦਿਆਰਥੀਆਂ ਨੇ ਵਜਰਾ ਸੈਨਿਕ ਇੰਸਟੀਚਿਊਟ ਜਲੰਧਰ ਕੈਂਟ ਦਾ ਦੌਰਾ ਕੀਤਾ ਅਤੇ ਦੇਸ਼ ਦੇ ਬਹਾਦਰ ਫੌਜੀਆਂ ਨੂੰ ਆਪਣੇ ਹੱਥਾਂ ਨਾਲ ਤਿਆਰ ਕੀਤੀਆਂ ਰੱਖੜੀਆਂ ਭੇਂਟ ਕਰਕੇ ਉਨ੍ਹਾਂ ਪ੍ਰਤੀ ਆਪਣਾ ਪਿਆਰ, ਸਤਿਕਾਰ ਅਤੇ ਕ੍ਰਿਤਜਤਾ ਪ੍ਰਗਟਾਈ। ਇਸ ਮੌਕੇ ਵਿਦਿਆਰਥੀਆਂ ਨੇ ਭਾਰਤੀ ਫੌਜ ਦੇ ਜਵਾਨਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀ ਦੇਸ਼ ਸੇਵਾ ਅਤੇ ਤਿਆਗ ਲਈ ਧੰਨਵਾਦ ਪ੍ਰਗਟ ਕੀਤਾ। ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਰੱਖੜੀਆਂ ਸਿਰਫ਼ ਧਾਗੇ ਨਹੀਂ ਸਨ, ਸਗੋਂ ਉਨ੍ਹਾਂ ਵਿੱਚ ਦੇਸ਼ ਦੇ ਰੱਖਿਅਕਾਂ ਲਈ ਸਤਿਕਾਰ, ਸਨੇਹ ਅਤੇ ਸ਼ੁਭਕਾਮਨਾਵਾਂ ਦੀ ਭਾਵਨਾ ਸਮਾਈ ਹੋਈ ਸੀ। ਇਹ ਗਤੀਵਿਧੀ ਮਿਸ ਕਿਰਨ ਜੋਤ ਅਤੇ ਮਿਸ ਲਵਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਕਰਵਾਈ ਗਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ ਰਾਹੀਂ ਦੇਸ਼ ਦੇ ਵੀਰ ਜਵਾਨਾਂ ਪ੍ਰਤੀ ਸਨਮਾਨ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਇਸ ਪਹਿਲ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਭਰਪੂਰ ਸੁੰਦਰ ਰੱਖੜੀਆਂ ਤਿਆਰ ਕੀਤੀਆਂ।ਇਹ ਉਪਰਾਲਾ ਸੱਤਿਅਮ ਇੰਸਟੀਚਿਊਟ ਵੱਲੋਂ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਸੰਵੇਦਨਸ਼ੀਲਤਾ ਅਤੇ ਦੇਸ਼ ਦੇ ਵੀਰ ਜਵਾਨਾਂ ਪ੍ਰਤੀ ਡੂੰਘੇ ਸਤਿਕਾਰ ਦੀ ਭਾਵਨਾ ਨੂੰ ਪ੍ਰਫੁੱਲਤ ਕਰਨ ਦੀ ਆਪਣੀ ਵਚਨਬੱਧਤਾ ਦਾ ਸ਼ਾਨਦਾਰ ਪ੍ਰਤੀਕ ਬਣਿਆ।

# ਡ੍ਰੋਨ ਸ਼ੋਅ ਸੰਬੰਧੀ ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਕਪੂਰਥਲਾ ਦੀਆਂ ਸਾਰੀਆਂ ਸਬ ਡਿਵੀਜ਼ਨਾਂ ਵਿਖੇ ਡ੍ਰੋਨ ਸ਼ੋਅ ਕਰਵਾਏ ਜਾ ਰਹੇ ਹਨ।ਇਸ ਸਬੰਧੀ 5 ਸਤੰਬਰ ਨੂੰ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ ਡ੍ਰੋਨ ਸ਼ੋਅ ਸਬੰਧੀ ਪਲੇਠੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮਾਗਮ ਸਬੰਧਤ ਸੰਗਤ ਦੇ ਬੈਠਣ ਦੇ ਪ੍ਰਬੰਧ, ਲਾਈਟਿੰਗ, ਪੀਣ ਵਾਲੇ ਸਾਫ ਪਾਣੀ ਅਤੇ ਸਫ਼ਾਈ ਦੇ ਪੁਖ਼ਤਾ ਇੰਤਜ਼ਾਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਨਾਲ ਐੱਸ ਐੱਸ ਪੀ ਗੌਰਵ ਤੂਰਾ, ਆਪ ਦੇ ਹਲਕਾ ਇੰਚਾਰਜ ਐਡਵੋਕੇਟ ਕਰਮਬੀਰ ਸਿੰਘ ਚੰਦੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਡ੍ਰੋਨ ਸ਼ੋਅ ਸ਼ਾਮ 7 ਵਜੇ ਤੋਂ ਸ਼ੁਰੂ ਹੋਣਗੇ, ਜਿਹਨਾਂ ਦੀ ਸ਼ੁਰੂਆਤ ਕੀਰਤਨ ਨਾਲ ਹੋਵੇਗੀ ਅਤੇ ਇਸ ਤੋਂ ਬਾਅਦ 500 ਤੋਂ ਵੱਧ ਆਧੁਨਿਕ ਡ੍ਰੋਨਾਂ ਦੀ ਮਦਦ ਨਾਲ ਅਲੌਕਿਕ ਡ੍ਰੋਨ ਸ਼ੋਅ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹਨਾਂ ਸਮਾਗਮਾਂ ਦੀ ਲੜੀ ਤਹਿਤ 1 ਸਤੰਬਰ ਨੂੰ ਬਾਬਾ ਗਦੀਆ ਗਰਾਊਂਡ/ਬਾਬਾ ਗਦੀਆ ਪਾਰਕ ਫਗਵਾੜਾ, 2 ਸਤੰਬਰ ਨੂੰ ਦਾਣਾ ਮੰਡੀ ਭੁਲੱਥ, 3 ਸਤੰਬਰ ਨੂੰ ਦਾਣਾ ਮੰਡੀ ਸੁਲਤਾਨਪੁਰ ਲੋਧੀ ਅਤੇ 5 ਸਤੰਬਰ ਨੂੰ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਖੇ ਸ਼ੋਅ ਸਜਾਏ ਜਾਣਗੇ। ਇਸ



ਮੌਕੇ ਐੱਸ.ਐੱਸ.ਪੀ. ਗੌਰਵ ਤੂਰਾ ਨੇ ਦੱਸਿਆ ਕਿ ਸਮਾਗਮਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਅਤੇ ਟਰੈਫ਼ਿਕ ਵਿਵਸਥਾ ਨੂੰ ਸੁਚਾਰੂ ਰੱਖਣ ਲਈ ਪੁਲਸ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ ਹਨ ਅਤੇ ਸਾਰੇ ਸਮਾਗਮ ਵਾਲੇ ਸਥਾਨਾਂ 'ਤੇ ਲੋੜੀਂਦੀ ਪੁਲਸ ਨਫ਼ਰੀ ਤੈਨਾਤ ਕੀਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਇਹਨਾਂ ਧਾਰਮਿਕ ਤੇ ਤਕਨਾਲੋਜੀ ਦੇ ਸੁਮੇਲ ਵਾਲੇ ਅਲੌਕਿਕ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।

# ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਬਿਨਾਂ ਸ਼ਰਤ ਪੂਰੀਆਂ ਕਰੇ : ਸਰਬਜੀਤ ਮੋਮੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਬਿਨਾਂ ਸ਼ਰਤ ਪੂਰੀਆਂ ਕਰੇ ਅਤੇ ਸੂਬੇ ਦੇ ਮੁਲਾਜ਼ਮਾਂ ਨੂੰ ਉਹਨਾਂ ਦਾ ਬਣਦਾ ਹੱਕ ਦਿੱਤਾ ਜਾਵੇ।



ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਗੱਲਬਾਤ ਦੌਰਾਨ ਕੀਤਾ । ਉਹਨਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਮੰਚ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਕੀਤੀ ਗਈ ਹੜਤਾਲ ਤਹਿਤ ਵੱਡੀ ਗਿਣਤੀ 'ਚ ਅਧਿਆਪਕਾਂ, ਪੀ.ਐਸ.ਪੀ.ਸੀ.ਐਲ ਕਰਮਚਾਰੀ, ਮਨਿਸਟਰੀਅਲ ਸਟਾਫ, ਸਿਹਤ ਵਿਭਾਗ, ਆਸ਼ਾ ਵਰਕਰ, ਡਾਕਟਰ ਐਸੋਸੀਏਸ਼ਨ, ਪੈਰਾ ਮੈਡੀਕਲ ਐਸੋਸੀਏਸ਼ਨ ਦੇ ਕਰਮਚਾਰੀਆਂ ਨੇ ਸਮੂਹਿਕ ਛੁੱਟੀ ਲੈ ਕੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ। ਮੋਮੀ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 18% ਮਹਿੰਗਾਈ ਭੱਤਾ ਰੋਕ ਕੇ ਅਤਿ ਦੀ ਮਹਿੰਗਾਈ ਦੌਰਾਨ ਲੱਖਾਂ ਕਰਮਾਚਾਰੀਆਂ ਦੇ ਹੱਕਾਂ ਦੀ ਆਰਥਿਕ ਲੁੱਟ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਹੋਰ ਅਕਾਲੀ ਵਰਕਰ ਵੀ ਹਾਜ਼ਰ ਸਨ।

# ਸਰਪੰਚ ਰਾਜਵਿੰਦਰ ਕੌਰ ਨੂੰ ਕੀਤਾ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਵਿਖੇ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵੱਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ



ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਪਿੰਡ ਅਜਨੋਹਾ ਦੇ ਸਰਪੰਚ ਰਾਜਵਿੰਦਰ ਕੌਰ ਨੂੰ ਸੰਸਥਾ ਦੀ ਟੀਮ ਵੱਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸਰਪੰਚ ਰਾਜਵਿੰਦਰ ਕੌਰ ਅਜਨੋਹਾ, ਸਰਪੰਚ ਬਲਵਿੰਦਰ ਸਿੰਘ ਬਘਾਣਾ, ਡਾਕਟਰ ਸਤਨਾਮ ਸਿੰਘ, ਉਂਕਾਰ ਸਿੰਘ ਨਰੂੜ, ਪੰਚ ਸੁਖਵਿੰਦਰ ਕੌਰ ਅਜਨੋਹਾ, ਲੰਬਰਦਾਰ ਪਰਮਜੀਤ ਸਿੰਘ ਜਲਵੇਹੜਾ, ਚਰਨਜੀਤ ਸਿੰਘ ਜਾਗਲਿਆਣਾ, ਜਰਨੈਲ ਸਿੰਘ ਅਜਨੋਹਾ, ਪ੍ਰੀਆ ਨਰੂੜ, ਸੰਦੀਪ ਕੌਰ ਪਾਂਸ਼ਟਾਂ, ਲਵਪ੍ਰੀਤ ਕੌਰ ਸਰਹਾਲਾ ਕਲਾਂ, ਆਦਿ ਹਾਜ਼ਰ ਸਨ।

# ਬਿਜਲੀ ਦੇ ਕੱਟਾਂ ਤੋਂ ਲੋਕ ਪ੍ਰੇਸ਼ਾਨ



**ਅੱਡਾ ਸਰਾਂ (ਜਸਵੀਰ ਕਾਜਲ)**- ਜਸਵਿੰਦਰ ਸਿੰਘ ਚੋਹਾਨ ਵਾਰਸ ਪੰਜਾਬ ਦੇ ਸਰਕਲ ਪ੍ਰਧਾਨ (ਅੱਡਾ ਸਰਾਂ) ਜੋਨ ਕੰਧਾਲਾ ਜੱਟਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਬਿਜਲੀ ਸਪਲਾਈ ਦੀ ਬਹੁਤ ਮਾੜੀ ਹਾਲਤ ਹੈ ਸਵੇਰੇ ਸ਼ਾਮ ਰਾਤ ਨੂੰ ਕਈ ਵਾਰ ਲੰਮੇ ਲੰਮੇ ਕੱਟ ਲਗ ਰਿਹੇ ਹਨ। ਦੂਸਰੇ ਪਾਸੇ ਖਾਣ ਵਾਲੀਆਂ ਵਸਤਾਂ ਤੋਂ ਲੈ ਕੇ ਗੈਸ ਸਿਲੰਡਰ ਤਕ ਮਹਿੰਗਾਈ ਨੇ ਲੋਕਾ ਦਾ ਲੱਕ ਤੋੜ ਦਿਤਾ ਹੈ। ਉਨ੍ਹਾਂ ਸਰਕਾਰ ਤੋ ਮੰਗ ਕੀਤੀ ਹੈ ਬਿਜਲੀ ਦੀ ਸਪਲਾਈ ਵਿਚ ਸੁਧਾਰ ਕੀਤਾ ਜਾਵੇ ਅਤੇ ਮਹਿਗਾਈ ਨੂੰ ਵੀ ਠੱਲ ਪਾਈ ਜਾਵੇ। ਇਸ ਮੋਕੇ ਅਰਮਾਨਪ੍ਰੀਤ ਸਿੰਘ ਚੋਹਾਨ,ਫੋਜੀ ਦਸੂਹਾ, ਵਰਿੰਦਰ ਸਿੰਘ, ਸੁਖਜੀਤ ਸਿੰਘ, ਪਰਮਿੰਦਰ ਸਿੰਘ, ਸੋਨੂ ਪੰਡਤ, ਵਰਿਦਰ ਸਿੰਘ, ਤਨਵੀਰ ਸਿੰਘ, ਮਨਰਾਜ, ਸੁਖਪ੍ਰੀਤ ਸਿੰਘ ਆਦਿ ਹਾਜਰ ਸਨ।

# ਰੂਡਸੈਟ ਦੀ ਜ਼ਿਲ੍ਹਾ ਪੱਧਰੀ ਸਲਾਹਕਾਰ ਕਮੇਟੀ ਦੀ ਮੀਟਿੰਗ



**ਜਲੰਧਰ (ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਨੇ ਪੇਂਡੂ ਵਿਕਾਸ ਅਤੇ ਸਵੈ ਰੋਜ਼ਗਾਰ ਸਿਖ਼ਲਾਈ ਸੰਸਥਾ (ਰੂਡਸੈਟ) ਦੀ ਜ਼ਿਲ੍ਹਾ ਪੱਧਰੀ ਸਲਾਹਕਾਰ ਕਮੇਟੀ ਦੀ ਮੀਟਿੰਗ ਦੌਰਾਨ ਪਿੰਡਾਂ ਦੇ ਨੌਜਵਾਨਾਂ ਤੱਕ ਸਿਖ਼ਲਾਈ ਪ੍ਰੋਗਰਾਮ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਅਤੇ ਨੌਜਵਾਨਾਂ ਨੂੰ ਸਵੈ ਰੋਜ਼ਗਾਰ ਤੇ ਉੱਦਮਤਾ ਨਾਲ ਜੋੜਨ 'ਤੇ ਜ਼ੋਰ ਦਿੱਤਾ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੇਂਡੂ ਨੌਜਵਾਨਾਂ ਨੂੰ ਸਿਖ਼ਲਾਈ ਪ੍ਰੋਗਰਾਮਾਂ ਨਾਲ ਜੋੜਨ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਨੌਜਵਾਨਾਂ ਨੂੰ ਉਨ੍ਹਾਂ ਦੀ ਰੁਚੀ ਅਤੇ ਸਥਾਨਕ ਰੋਜ਼ਗਾਰ ਦੀਆਂ ਸੰਭਾਵਨਾਵਾਂ ਅਨੁਸਾਰ ਹੁਨਰ ਸਿਖ਼ਲਾਈ ਦੇ ਮੌਕੇ ਪ੍ਰਦਾਨ ਕੀਤੇ ਜਾਣ, ਤਾਂ ਜੋ ਉਹ ਸਵੈ-ਰੋਜ਼ਗਾਰ ਅਪਨਾ ਕੇ ਆਤਮਨਿਰਭਰ ਬਣ ਸਕਣ। ਉਨ੍ਹਾਂ ਸਬੰਧਤ ਵਿਭਾਗਾਂ ਨੂੰ ਰੂਡਸੈਟੀ ਨਾਲ ਬਿਹਤਰ ਤਾਲਮੇਲ ਕਰਕੇ ਪੇਂਡੂ ਖੇਤਰਾਂ ਵਿੱਚ ਯੋਗ ਉਮੀਦਵਾਰਾਂ ਦੀ ਪਛਾਣ ਅਤੇ ਉਨ੍ਹਾਂ ਨੂੰ ਹੁਨਰ ਸਿਖ਼ਲਾਈ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਿਖ਼ਲਾਈ ਤੋਂ ਬਾਅਦ ਨੌਜਵਾਨਾਂ ਨੂੰ ਉੱਦਮਤਾ ਅਤੇ ਬੈਂਕ ਕਰੈਡਿਟ ਨਾਲ ਜੋੜਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਸਿਖ਼ਲਾਈ ਪ੍ਰਾਪਤ ਉਮੀਦਵਾਰ ਆਪਣੇ ਕਾਰੋਬਾਰ ਦੀ ਸ਼ੁਰੂਆਤ ਕਰ ਸਕਣ। ਮੀਟਿੰਗ ਵਿੱਚ ਡਾਇਰੈਕਟਰ ਰੂਡਸੈਟ ਜਲੰਧਰ ਮਨਜੀਤ ਸਿੰਘ, ਸਕੱਤਰ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ, ਐੱਲ ਡੀ ਐੱਮ ਐੱਮ ਐੱਸ ਮੋਤੀ, ਫੰਕਸ਼ਨਲ ਮੈਨੇਜਰ ਡੀ ਆਈ ਸੀ ਗੁਰਮੀਤ ਕੌਰ, ਸੁਖਵਿੰਦਰ ਕੌਰ ਡੀ ਪੀ ਐੱਮ, ਪੀ ਐੱਸ ਆਰ ਐੱਲ ਐੱਮ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਬੱਸ ਤੋਂ ਡਿੱਗਣ ਕਾਰਨ ਹੋਈ ਮੌਤ 'ਤੇ ਡਰਾਈਵਰ ਤੇ ਕੰਡਕਟਰ ਖ਼ਿਲਾਫ਼ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਚੌਲਾਂਗ ਟੋਲ ਪਲਾਜਾ ਤੇ ਬਸ ਤੋਂ ਉਤਰਦੇ ਸਮੇਂ ਮੌਤ ਦਾ ਸ਼ਿਕਾਰ ਹੋਏ ਇਕ ਵਿਅਕਤੀ ਦੀ ਘਟਨਾ ਸਬੰਧੀ ਟਾਂਡਾ ਪੁਲਸ ਨੇ ਨਿੱਜੀ ਕੰਪਨੀ ਦੇ ਬੱਸ ਚਾਲਕ ਅਤੇ ਉਸ ਦੇ ਸਹਾਇਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਹੁਸ਼ਿਆਰ ਸਿੰਘ ਵਾਸੀ ਪਿੰਡ ਨੰਗਲ ਖੂੰਗਾ ਦੀ ਪਤਨੀ ਰਾਜਵਿੰਦਰ ਕੌਰ ਦੇ ਬਿਆਨਾਂ ਦੇ ਆਧਾਰ ਤੇ ਬੱਸ ਚਾਲਕ ਕੁਲਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਨੰਗਲ ਖੁਰਦ ਭੋਗਪੁਰ ਤੇ ਬੱਸ ਦੇ ਕੰਡਕਟਰ ਬਿਕਰਮਜੀਤ ਸਿੰਘ ਪੁੱਤਰ ਸੋਮ ਪ੍ਰਕਾਸ਼ ਵਾਸੀ ਨੰਗਲ ਕੋਠੇ ਤਾਰਾਗੜ੍ਹ ਪਠਾਨਕੋਟ ਦੇ ਖਿਲਾਫ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਗਏ ਬਿਆਨਾਂ ਵਿੱਚ ਰਾਜਵਿੰਦਰ ਕੌਰ ਨੇ ਦੱਸਿਆ ਕਿ 26 ਅਗਸਤ ਦੀ ਰਾਤ ਨੂੰ ਜਦੋਂ ਉਸਦਾ ਪਤੀ ਜਲੰਧਰ ਤੋਂ ਮਕੈਨਿਕ ਦਾ ਕੰਮ ਕਰਦਾ ਸੀ ਅਤੇ ਬਸ ਰਾਹੀਂ ਘਰ ਪਰਤ ਰਿਹਾ ਸੀ ਕਿ ਚੌਲਾਂਗ ਟੋਲ ਪਲਾਜਾ ਨਜ਼ਦੀਕ ਬੱਸ ਤੋਂ ਉਤਰਨ ਲੱਗਾ ਸੀ ਕਿ ਤੇ ਕੰਡਕਟਰ ਨੇ ਵਿਸਲ ਰਾਹੀਂ ਡਰਾਈਵਰ ਨੂੰ ਬੱਸ ਚਲਾਉਣ ਦਾ ਇਸ਼ਾਰਾ ਕੀਤਾ।

ਡਰਾਈਵਰ ਨੇ ਲਾਪਰਵਾਹੀ ਨਾਲ ਬੱਸ ਚਲਾਉਂਦੇ ਹੋਏ ਤੇਜ਼ ਦੌੜਾ ਦਿੱਤੀ ਜਿਸ ਕਾਰਨ ਉਸ ਤੇ ਪਤੀ ਦਾ ਸੰਤੁਲਨ ਖੋ ਗਿਆ ਤੇ ਉਹ ਬੱਸ ਹੇਠਾਂ ਡਿੱਗਣ ਕਾਰਨ ਉਸ ਦੀ ਮੌਤ ਹੋ ਗਈ।ਟਾਂਡਾ ਪੁਲਿਸ ਨੇ ਹੁਣ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਦੀ ਹੋਰ ਜਾਂਚ ਪੜਤਾਲ ਏ ਐੱਸ ਆਈ ਰਾਮ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

# ਬੰਦੀ ਸਿੰਘਾਂ ਦੀ ਰਿਹਾਈ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਬੀਤੇ ਦਿਨੀ ਬੰਦੀ ਸਿੰਘਾਂ ਦੀ ਰਿਹਾਈ ਲਈ ਸਮੂਹ ਗੁਰਦੁਆਰਿਆਂ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਰਖਵਾਏ ਜਾਣ ਦੇ ਫੈਸਲੇ ਤਹਿਤ ਤਖ਼ਤ ਸ੍ਰੀ ਕੇਸਗੜ੍ਹ



ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਇਸ ਮੌਕੇ ਗੁਰੂ ਚਰਨਾਂ ਵਿੱਚ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ, ਉਨ੍ਹਾਂ ਦੀ ਰਿਹਾਈ ਅਤੇ ਸਮੁੱਚੇ ਖਾਲਸਾ ਪੰਥ ਦੀ ਇਕਜੁੱਟਤਾ ਲਈ ਅਰਦਾਸ ਕੀਤੀ ਗਈ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਅਰਦਾਸ ਕੀਤੀ ਗਈ। ਉਨ੍ਹਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕਰਦਿਆਂ ਸਮੁੱਚੀ ਸਿੱਖ ਸੰਗਤ ਨੂੰ ਗੁਰਬਾਣੀ ਅਤੇ ਪੰਥਕ ਰਵਾਇਤਾਂ ਨਾਲ ਜੁੜ ਕੇ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਬੰਦੀ ਸਿੰਘ ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ, ਜਿਸ ਕਾਰਨ ਸਿੱਖ ਸੰਗਤ ਅੰਦਰ ਗਹਿਰੀ ਪੀੜ ਅਤੇ ਰੋਸ ਹੈ।ਉਨ੍ਹਾਂ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਦਾ ਉਦੇਸ਼ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕਰਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੇ ਪੰਥਕ ਯਤਨਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਅਰਦਾਸ ਨੂੰ ਸਦਾ ਚੜ੍ਹਦੀ ਕਲਾ, ਨਿਆਂ ਅਤੇ ਸੱਚ ਲਈ ਸੰਘਰਸ਼ ਦੀ ਪ੍ਰੇਰਨਾ ਦਾ ਸਰੋਤ ਮੰਨਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 29 ਅਗਸਤ ਨੂੰ ਪਾਏ ਜਾਣਗੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਤੇ ਚੜ੍ਹਦੀ ਕਲ੍ਹਾ ਲਈ ਅਰਦਾਸ ਕੀਤੀ ਜਾਵੇਗੀ।ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਸਰਬਦਿਆਲ ਸਿੰਘ, ਵਧੀਕ ਮੈਨੇਜਰ ਹਰਦੇਵ ਸਿੰਘ, ਭੁਪਿੰਦਰ ਸਿੰਘ, ਜਸਵੀਰ ਸਿੰਘ ਮੀਤ ਮੈਨੇਜਰ ਹਰਪ੍ਰੀਤ ਸਿੰਘ, ਭਾਵਜੋਤ ਸਿੰਘ ਗਾਈਡ ਹਰਦੇਵ ਸਿੰਘ ਦੇਬੀ ਭਾਈ ਜਸਵੀਰ ਸਿੰਘ ਖਾਲਸਾ ਸਮੇਤ ਸੰਗਤਾਂ ਹਾਜ਼ਰ ਸਨ।

# ਐਕਮੇ ਪਬਲਿਕ ਸਕੂਲ ਦੇ ਪੁਨੀਤਵੀਰ ਨੇ ਜਿੱਤਿਆ ਕਾਂਸੀ ਤਮਗਾ




**ਜਲਾਲਾਬਾਦ (ਬਲਵਿੰਦਰ ਸਿੰਘ)**- ਬੀਤੇ ਦਿਨੀਂ ਗੁਰੂ ਰਾਮਦਾਸ ਬੀ. ਐੱਡ ਕਾਲਜ ਵਿਖੇ ਅੰਡਰ-17 ਲੜਕਿਆਂ ਦੇ ਵਰਗ ਦਾ ਜ਼ਿਲ੍ਹਾ ਪੱਧਰੀ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਜ਼ੋਨ ਜਲਾਲਾਬਾਦ ਦੀ ਕ੍ਰਿਕਟ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ।ਟੀਮ ਦੇ ਖਿਡਾਰੀਆਂ ਨੇ ਆਪਣੀ ਬਿਹਤਰੀਨ ਖੇਡ ਕਲਾ ਦਾ ਪ੍ਰਦਰਸ਼ਨ ਕਰਕੇ ਐਕਮੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਆਪਣੇ ਕੋਚ ਤੇ ਜਲਾਲਾਬਾਦ ਦਾ ਨਾਮ ਰੌਸ਼ਨ ਕੀਤਾ।ਇਸ ਟੂਰਨਾਮੈਂਟ ਵਿੱਚ ਐਕਮੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਹੋਣਹਾਰ ਕ੍ਰਿਕਟਰ ਪੁਨੀਤਵੀਰ ਪ੍ਰਤਾਪ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ।ਉਸ ਦੀ ਇਸ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਤੇ ਸਕੂਲ ਪ੍ਰਬੰਧਕਾਂ, ਸਟਾਫ ਤੇ ਵਿਦਿਆਰਥੀਆਂ ਵੱਲੋਂ ਉਸ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਰੁਣ ਮਿੱਢਾ ਨੇ ਪੁਨੀਤਵੀਰ ਪ੍ਰਤਾਪ ਤੇ ਉਸ ਦੇ ਕੋਚ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਡਾ. ਮਿੱਢਾ ਨੇ ਪੁਨੀਤਵੀਰ ਪ੍ਰਤਾਪ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਕੂਲ ਪ੍ਰਬੰਧਕਾਂ ਤੇ ਸਮੂਹ ਸਟਾਫ਼ ਵੱਲੋਂ ਵੀ ਇਸ ਹੋਣਹਾਰ ਖਿਡਾਰੀ ਦੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

# ਹੈਲਥ ਐਂਡ ਵੈਲਨੈੱਸ ਸੈਂਟਰ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਗ੍ਰਾਮ ਪੰਚਾਇਤ ਜਵਾਹਰਪੁਰ ਵਿਖੇ ਕਰੀਬ 50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੈਲਥ



ਐਂਡ ਵੈਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖ ਕੇ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ ਗਈ।ਇਹ ਸਿਹਤ ਕੇਂਦਰ ਪੰਚਾਇਤੀ ਰਾਜ ਵਿਭਾਗ ਵੱਲੋਂ ਤਿਆਰ ਕੀਤਾ ਜਾ ਰਿਹਾ ਹੈ ਅਤੇ ਇਸ ਵਿੱਚ 5 ਬੈੱਡਾਂ ਦੀ ਸਹੂਲਤ ਹੋਵੇਗੀ। ਸੈਂਟਰ ਦੇ ਨਿਰਮਾਣ ਉਪਰੰਤ ਜਵਾਹਰਪੁਰ ਅਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਆਪਣੇ ਨੇੜੇ ਹੀ ਮੁੱਢਲੀਆਂ ਅਤੇ ਬਿਹਤਰ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡ ਪੱਧਰ 'ਤੇ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਇਲਾਜ ਲਈ ਦੂਰ-ਦੁਰਾਡੇ ਨਾ ਜਾਣਾ ਪਵੇ।ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਗ੍ਰਾਮ ਪੰਚਾਇਤ ਦੇ ਨੁਮਾਇੰਦੇ, ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਰੱਖੜੀ ਬਣਾਉਣ ਦਾ ਮੁਕਾਬਲਾ ਕਰਵਾਇਆ

**ਲੋਹੀਆਂ ਖਾਸ (ਯੋਗੇਸ਼ਵਰ)**- ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਰੱਖੜੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਰੱਖੜੀ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਬੱਚਿਆਂ ਨੇ ਆਪਣੀ ਕਲਾਤਮਕ ਪ੍ਰਤਿਭਾ ਤੇ ਸਿਰਜਣਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲੇ ਵਿੱਚ ਦੂਜੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਦੀ ਉਮਰ ਅਤੇ ਜਮਾਤ ਨੂੰ ਧਿਆਨ ਵਿੱਚ ਰੱਖਦਿਆਂ ਮੁਕਾਬਲੇ ਨੂੰ ਤਿੰਨ ਵਰਗਾਂ ਵਿੱਚ ਵੰਡਿਆ ਗਿਆ। ਬੱਚਿਆਂ ਨੇ ਰੰਗ-ਬਿਰੰਗੇ ਧਾਗਿਆਂ, ਮੋਤੀਆਂ ਅਤੇ ਹੋਰ ਸਜਾਵਟੀ ਸਮੱਗਰੀ ਦੀ ਵਰਤੋਂ ਕਰਕੇ ਬੇਹੱਦ ਸੁੰਦਰ ਤੇ ਆਕਰਸ਼ਕ ਰੱਖੜੀਆਂ ਤਿਆਰ ਕੀਤੀਆਂ। ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਰੱਖੜੀ ਦੇ ਤਿਉਹਾਰ ਨਾਲ ਜੁੜੇ ਭੈਣ-ਭਰਾ ਦੇ ਪਿਆਰ, ਸਨੇਹ ਅਤੇ ਆਪਸੀ ਸਤਿਕਾਰ ਦੀਆਂ ਭਾਵਨਾਵਾਂ ਨਾਲ ਜੋੜਨਾ ਸੀ। ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਰੱਖੜੀਆਂ ਉਨ੍ਹਾਂ ਦੀ ਮਿਹਨਤ, ਕਲਪਨਾਸ਼ੀਲਤਾ ਅਤੇ ਕਲਾ ਪ੍ਰਤੀ ਰੁਚੀ ਦੀ ਝਲਕ ਪੇਸ਼ ਕਰ ਰਹੀਆਂ ਸਨ। ਮੁਕਾਬਲੇ ਦੇ ਅੰਤ ਵਿੱਚ ਤਿੰਨਾਂ ਵਰਗਾਂ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਰ ਜਗੀਰ ਜੋਸਨ, ਐੱਮ ਡੀ ਗੁਰਬਖਸ਼ ਕੌਰ ਜੋਸਨ, ਐਡਵੋਕੇਟ ਰਾਜਬੀਰ ਸਿੰਘ ਜੋਸਨ, ਐੱਮ ਡੀ ਮਨੀਸ਼ਾ ਸਿੰਘ, ਸੀਨੀਅਰ ਪ੍ਰਿੰਸੀਪਲ ਲਖਬੀਰ ਸਿੰਘ, ਪ੍ਰਿੰਸੀਪਲ ਹਰਪ੍ਰੀਤ ਕੌਰ, ਐੱਚ ਓ ਡੀ ਰਮਿੰਦਰ ਕੌਰ, ਗੀਟਾ ਵਿੱਜ, ਰਮੇਸ਼ ਸ਼ਰਮਾ, ਰਣਜੀਤ ਸਿੰਘ, ਨਿਸ਼ਾਨ ਸਿੰਘ, ਅਮਨਦੀਪ ਕੌਰ ਅਤੇ ਹਰਵਿੰਦਰ ਕੌਰ ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਬਿਜ਼ਨਸ ਕਲੱਬ ਦੇ ਮੈਂਬਰਾਂ ਦੀ ਚੋਣ

**ਫਗਵਾੜਾ (ਜਸਵਿੰਦਰ ਢੱਡਾ)**- ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ ਫਗਵਾੜਾ ਵਿੱਚ ਕਾਮਰਸ ਅਤੇ ਬਿਜ਼ਨੈਸ ਮੈਨੇਜ਼ਮੈਂਟ ਵਿਭਾਗ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ੈਸ਼ਨ 2026-27 ਦੇ ਬਿਜ਼ਨਸ਼ ਕਲੱਬ ਦਾ ਪੁਨਰਗਠਨ ਕੀਤਾ ਗਿਆ। ਇਸ ਮੌਕੇ ਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਦੀ ਇੰਟਰਵਿਊ ਕੀਤੀ ਗਈ ਤੇ 18 ਮੈਂਬਰਾਂ ਦੀ ਕਮੇਟੀ ਵਿੱਚ ਵੱਖ-ਵੱਖ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਸਰਬਸੰਮਤੀ ਨਾਲ ਮਿਸ ਲਵਦੀਪ ਕੌਰ ਐਮ.ਕਾਮ ਸਮੈਸਟਰ ਪਹਿਲਾ ਨੂੰ ਪ੍ਰਧਾਨ ਵਜੋਂ ਚੁਣਿਆ ਗਿਆ।ਅਦਿੱਆ ਬੀ.ਕਾਮ.ਸਮੈਸਟਰ ਪੰਜਵਾਂ ਨੂੰ ਮੀਤ ਪ੍ਰਧਾਨ, ਜੋਸ਼ੀਕਾ ਬੀ.ਕਾਮ (ਐਫ. ਐਸ) ਸਮੈਸਟਰ ਪੰਜਵਾਂ ਨੂੰ ਵਿਭਾਗ ਪ੍ਰਤੀਨਿਧੀ, ਸੁਖਮਨਪ੍ਰੀਤ ਬੀ.ਕਾਮ.ਸਮੈਸਟਰ ਪੰਜਵਾਂ ਨੂੰ ਸਕੱਤਰ, ਹਰਸ਼ਦੀਪ ਬੀ.ਕਾਮ.ਸਮੈਸਟਰ ਪਹਿਲਾ ਨੂੰ ਜੁਆਇੰਟ ਸਕੱਤਰ , ਨੀਰਜ ਬੀ.ਕਾਮ (ਐਫ.ਐਸ) ਸਮੈਸਟਰ ਪੰਜਵਾਂ ਨੂੰ ਵਿੱਤ ਸਕੱਤਰ ਚੁਣਿਆ ਗਿਆਂ ।ਇਸ ਦੇ ਨਾਲ ਕਲੱਬ ਦੇ ਸਲੋਨੀ ਬੀ.ਕਾਮ.ਸਮੈਸਟਰ ਪੰਜਵਾਂ, ਪ੍ਰੀਤੀ ਬੀ.ਕਾਮ.ਸਮੈਸਟਰ ਪੰਜਵਾਂ, ਅਰਸ਼ਪ੍ਰੀਤ ਕੌਰ ਬੀ.ਕਾਮ. (ਐਫ.ਐਸ.)ਸਮੈਸਟਰ ਪੰਜਵਾਂ, ਮਨਜੋਤ ਬੀ.ਕਾਮ.ਸਮੈਸਟਰ ਤੀਸਰਾ, ਕ੍ਰਿਸ਼ ਬੀ.ਕਾਮ. ਸਮੈਸਟਰ ਤੀਸਰਾ,ਸਤੂਤੀ ਬੀ.ਕਾਮ.ਸਮੈਸਟਰ ਪਹਿਲਾ, ਨਿਵੇਦਤਾ ਬੀ.ਕਾਮ.ਸਮੈਸਟਰ ਪਹਿਲਾ, ਗਰਿਮਾ ਬੀ.ਕਾਮ.ਸਮੈਸਟਰ ਪਹਿਲਾ, ਐਗਜੈਕਟਿਵ ਮੈਂਬਰ ਵੀ ਬਣਾਏ ਗਏ ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਵੱਲੋਂ ਵਿਦਿਆਰਥੀਆਂ ਦੇ ਬੈਜ਼ ਲਗਾਏ ਗਏ ਅਤੇ ਉਨ੍ਹਾਂ ਨੂੰ ਕਾਲਜ ਦੀਆਂ ਵੱਖ-ਵੱਖ ਸਰਗਰਮੀਆਂ 'ਚ ਭਾਗ ਲੈਣ ਲਈ ਪ੍ਰੇਰਿਤ ਕੀਤਾ।




# ਨੇਤਰਦਾਨ ਜਾਗਰੂਕਤਾ ਪੰਦਰਵਾੜੇ ਦੀ ਸ਼ੁਰੂਆਤ

**ਫਗਵਾੜਾ (ਡਾ. ਰਮਨ)**- ਡਾਕਟਰ ਰਾਜਨ ਆਈ ਕੇਅਰ ਹਸਪਤਾਲ, ਫਗਵਾੜਾ ਵਿਖੇ 'ਹਨੇਰੇ ਤੋਂ ਚਾਨਣ ਵੱਲ' ਮਿਸ਼ਨ ਤਹਿਤ 41ਵੇਂ ਰਾਸ਼ਟਰੀ ਨੇਤਰਦਾਨ ਜਾਗਰੂਕਤਾ ਪੰਦਰਵਾੜੇ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਹਸਪਤਾਲ ਦੇ ਐਮ.ਡੀ. ਡਾਕਟਰ ਐਸ. ਰਾਜਨ ਨੇ ਦੱਸਿਆ ਕਿ ਭਾਰਤ ਵਿੱਚ ਰਾਸ਼ਟਰੀ ਨੇਤਰਦਾਨ ਪੰਦਰਵਾੜਾ ਹਰ ਸਾਲ 25 ਅਗਸਤ ਤੋਂ 8 ਸਤੰਬਰ ਤੱਕ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਸਮੂਹ ਸਮਾਜ ਨੂੰ ਨੇਤਰਦਾਨ ਦਾ ਪ੍ਰਣ ਲੈਣ ਦੀ ਅਪੀਲ ਕਰਦਿਆਂ ਦੱਸਿਆ ਕਿ ਮੌਤ ਤੋਂ ਬਾਅਦ ਵੀ ਅੱਖਾਂ 6 ਤੋਂ 8



ਘੰਟਿਆਂ ਤੱਕ ਦਾਨ ਲਈ ਯੋਗ ਰਹਿੰਦੀਆਂ ਹਨ। ਜੇਕਰ ਇਸ ਸਮੇਂ ਦੌਰਾਨ ਅੱਖਾਂ ਆਈ ਬੈਂਕ ਨੂੰ ਦਾਨ ਕਰ ਦਿੱਤੀਆਂ ਜਾਣ ਤਾਂ ਦੋ ਨੇਤਰਹੀਣ ਵਿਅਕਤੀਆਂ ਨੂੰ ਰੌਸ਼ਨੀ ਮਿਲ ਸਕਦੀ ਹੈ। ਉਨ੍ਹਾਂ ਦੱਸਿਆ ਕਿ ਪੁਤਲੀਆਂ ਦੇ ਟਰਾਂਸਪਲਾਂਟ ਲਈ ਬਲੱਡ ਗਰੁੱਪ ਦਾ ਮੈਚ ਹੋਣਾ ਜ਼ਰੂਰੀ ਨਹੀਂ ਹੁੰਦਾ। ਇਸ ਮੌਕੇ ਮਿਸ਼ਨ ਕੋਰਨੀਅਲ ਬਲਾਈਂਡਨੈੱਸ ਫ੍ਰੀ ਵਰਲਡ ਦੇ ਇੰਟਰਨੈਸ਼ਨਲ ਕੋਆਰਡੀਨੇਟਰ ਅਸ਼ੋਕ ਮਹਿਰਾ ਨੇ ਦੱਸਿਆ ਕਿ ਉਹ ਆਪਣੀ ਟੀਮ ਨਾਲ ਲੰਬੇ ਸਮੇਂ ਤੋਂ ਲੋਕਾਂ ਨੂੰ ਨੇਤਰਦਾਨ ਮੁਹਿੰਮ ਨਾਲ ਜੋੜਨ ਲਈ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦੋ ਦਹਾਕਿਆਂ ਦੌਰਾਨ ਸਮਾਜ ਵਿੱਚ ਨੇਤਰਦਾਨ ਪ੍ਰਤੀ ਜਾਗਰੂਕਤਾ ਕਾਫ਼ੀ ਵਧੀ ਹੈ। ਉਨ੍ਹਾਂ ਦੀ ਟੀਮ ਵੱਲੋਂ ਹੁਣ ਤੱਕ ਇੱਕ ਲੱਖ ਤੋਂ ਵੱਧ ਲੋਕਾਂ ਨੂੰ ਨੇਤਰਦਾਨ ਦਾ ਪ੍ਰਣ ਦਿਵਾਇਆ ਜਾ ਚੁੱਕਾ ਹੈ ਅਤੇ ਕਰੀਬ 8 ਹਜ਼ਾਰ ਨੇਤਰਦਾਨ ਕਰਵਾਏ ਗਏ ਹਨ। ਅਸ਼ੋਕ ਮਹਿਰਾ ਨੇ ਦੱਸਿਆ ਕਿ ਇਸ ਦੇ ਬਾਵਜੂਦ ਅਜੇ ਵੀ ਦੇਸ਼ ਵਿੱਚ ਕਰੀਬ 11 ਲੱਖ ਲੋਕ ਪੁਤਲੀਆਂ ਦੀ ਬਿਮਾਰੀ ਕਾਰਨ ਨੇਤਰਹੀਣ ਹਨ ਅਤੇ ਹਰ ਸਾਲ ਲਗਭਗ 25 ਹਜ਼ਾਰ ਨਵੇਂ ਮਰੀਜ਼ ਇਸ ਵਿੱਚ ਸ਼ਾਮਲ ਹੋ ਰਹੇ ਹਨ। ਇਨ੍ਹਾਂ ਵਿੱਚੋਂ ਬਹੁਤ ਸਾਰੇ ਮਰੀਜ਼ਾਂ ਦਾ ਇਲਾਜ ਦਾਨ ਕੀਤੀਆਂ ਅੱਖਾਂ ਨਾਲ ਹੀ ਸੰਭਵ ਹੈ। ਉੱਘੇ ਸਮਾਜ ਸੇਵਕ ਅਤੇ ਬਲੱਡ ਬੈਂਕ ਫਗਵਾੜਾ ਦੇ ਪ੍ਰਧਾਨ ਸ੍ਰੀ ਮਲਕੀਅਤ ਸਿੰਘ ਰਘਬੋਤਰਾ ਨੇ ਵੀ ਲੋਕਾਂ ਨੂੰ ਨੇਤਰਦਾਨ ਦਾ ਪ੍ਰਣ ਲੈਣ ਦੀ ਅਪੀਲ ਕੀਤੀ।

# ਕੈਬਨਿਟ ਮੰਤਰੀ ਵੱਲੋਂ 1300 ਸਤਿਕਾਰ ਸਖੀਆਂ ਦਾ ਸਨਮਾਨ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਰੱਖੜੀ ਦੇ ਤਿਉਹਾਰ ਦੇ ਮੌਕੇ 'ਤੇ 1300 ਸਤਿਕਾਰ ਸਖੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ। ਇਥੇ ਬਸਤੀ ਪੀਰ ਦਾਦ ਰੋਡ 'ਤੇ ਮਨਾਏ ਗਏ ਰੱਖੜੀ ਦਾ ਮਹਾਉਤਸਵ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਨ੍ਹਾਂ



ਸਤਿਕਾਰ ਸਖੀਆਂ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਮਹਿਲਾਵਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਤਿਕਾਰ ਸਖੀਆਂ ਦੀ ਮਿਹਨਤ ਸਦਕਾ ਯੋਗ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਸਨਮਾਨ ਰਾਸ਼ੀ ਪਹੁੰਚਣੀ ਸ਼ੁਰੂ ਹੋ ਗਈ ਹੈ। ਭਗਤ ਨੇ ਕਿਹਾ ਕਿ ਸਤਿਕਾਰ ਸਖੀਆਂ ਦੀ ਬਦੌਲਤ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀਆਂ 52 ਹਜ਼ਾਰ ਮਹਿਲਾਵਾਂ ਨੂੰ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਰਜਿਸਟਰ ਕੀਤਾ ਗਿਆ।

# ਸਿਖਲਾਈ ਪ੍ਰੋਗਰਾਮ ਦੇ ਸਫਲ ਸਿਖਿਆਰਥੀਆਂ ਨੂੰ ਵੰਡੇ ਸਰਟੀਫਿਕੇਟ

**ਮੋਹਾਲੀ (ਗੁਰਜੀਤ ਬਿੱਲਾ)** ਪੀ ਐੱਨ ਬੀ ਆਰ ਐੱਸ ਈ ਟੀ ਆਈ ਮੋਹਾਲੀ ਨੇ ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਪਹਿਲਕਦਮੀਆਂ ਰਾਹੀਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ



ਐੱਸ ਆਰ) ਅਤੇ ਸਮਾਜਿਕ ਸਸ਼ਕਤੀਕਰਨ ਪਹਿਲਕਦਮੀ ਬਾਰੇ ਜਾਗਰੂਕ ਕਰਦੇ ਹੋਏ ਮਹਿਲਾ ਕੱਪੜਿਆਂ ਬਾਰੇ ਇੱਕ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਕੀਤਾ, ਜਿਸ ਵਿੱਚ 31 ਮਹਿਲਾ ਸਿਖਿਆਰਥੀਆਂ ਨੇ ਭਾਗ ਲਿਆ। ਪ੍ਰੋਗਰਾਮ ਦੀ ਸਫਲਤਾ ਨੂੰ ਦਰਸਾਉਣ ਲਈ ਇੱਕ ਸਮਾਪਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ, ਮੋਹਾਲੀ ਦੇ ਸਰਕਲ ਮੁਖੀ, ਸ੍ਰੀ ਬਿਸਵੋਜੀਤ ਬਿਸਵਾਲ ਨੇ ਸਫਲ ਸਿਖਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ। ਉਨ੍ਹਾਂ ਨੇ ਸਿਖਿਆਰਥੀਆਂ ਨੂੰ ਸਿਖਲਾਈ ਦੌਰਾਨ ਹਾਸਲ ਕੀਤੇ ਹੁਨਰਾਂ ਦੀ ਵਰਤੋਂ ਸਵੈ-ਰੁਜ਼ਗਾਰ ਅਤੇ ਉੱਦਮਤਾ ਨੂੰ ਅੱਗੇ ਵਧਾਉਣ ਲਈ ਕਰਨ ਲਈ ਉਤਸ਼ਾਹਿਤ ਕੀਤਾ। ਸਮਾਗਮ ਵਿੱਚ ਮੁੱਖ ਪ੍ਰਬੰਧਕ ਗੁਲਸ਼ਨ ਵਰਮਾ ਅਤੇ ਸੀਨੀਅਰ ਪ੍ਰਬੰਧਕ ਸੁਮਿੱਤਰਾ ਨਾਗਰ ਵੀ ਮੌਜੂਦ ਸਨ, ਜਿਨ੍ਹਾਂ ਨੇ ਸਿਖਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਪ੍ਰੋਗਰਾਮ ਨੇ ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਪਹਿਲਕਦਮੀਆਂ ਰਾਹੀਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ ਐੱਸ ਆਰ) ਅਤੇ ਸਮਾਜਿਕ ਸਸ਼ਕਤੀਕਰਨ ਪ੍ਰਤੀ ਪੰਜਾਬ ਨੈਸ਼ਨਲ ਬੈਂਕ ਦੇ ਮਹੱਤਵਪੂਰਨ ਯੋਗਦਾਨ ਨੂੰ ਉਜਾਗਰ ਕੀਤਾ। ਪੀਐਨਬੀ ਆਰਐਸਈਟੀਆਈ ਮੋਹਾਲੀ ਦੇ ਡਾਇਰੈਕਟਰ, ਅਮਨਦੀਪ ਸਿੰਘ ਨੇ ਆਰਐਸਈਟੀਆਈ ਦੇ ਸੰਕਲਪ ਅਤੇ ਉਦੇਸ਼ਾਂ ਬਾਰੇ ਦੱਸਿਆ ਅਤੇ ਸਿਖਿਆਰਥੀਆਂ ਨੂੰ ਸਵੈ-ਰੁਜ਼ਗਾਰ ਰਾਹੀਂ ਸਵੈ-ਨਿਰਭਰ ਬਣਨ ਲਈ ਪ੍ਰੇਰਿਤ ਕੀਤਾ।

# ਆਰ ਬੀ ਯੂ ਨੇ ਖੇਲੋ ਇੰਡੀਆ ਸੰਵਾਦ ਪ੍ਰੋਗਰਾਮ ਕਰਵਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਨੌਜਵਾਨਾਂ ਵਿੱਚ ਖੇਡਾਂ, ਤੰਦਰੁਸਤੀ ਅਤੇ ਸਿਹਤਮੰਦ ਜੀਵਨ-ਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 'ਖੇਲੋ ਇੰਡੀਆ ਸੰਵਾਦ—ਖੇਲ ਕੀ ਬਾਤ ਪੀਐਮ ਕੇ ਸਾਥ'




ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਦੇਸ਼ ਭਰ ਦੇ ਨੌਜਵਾਨਾਂ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਨੂੰ ਖੇਡਾਂ ਤੇ ਸਰੀਰਕ ਤੰਦਰੁਸਤੀ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਪ੍ਰੋ. (ਮੇਜਰ) ਏ.ਐਸ. ਚਾਹਲ, ਡਾਇਰੈਕਟਰ, ਐੱਨ ਸੀ ਸੀ ਅਤੇ ਐੱਨ ਐੱਸ ਐੱਸ ਕੋਆਰਡੀਨੇਟਰ ਨੇ ਦੱਸਿਆ ਕਿ ਇਹ ਪ੍ਰੋਗਰਾਮ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਧੀਨ ਦੇਸ਼-ਵਿਆਪੀ ਨੌਜਵਾਨ ਭਾਗੀਦਾਰੀ ਪਹਿਲਕਦਮੀ 'ਮੇਰਾ ਯੁਵਾ ਭਾਰਤ' ਤਹਿਤ ਕਰਵਾਇਆ ਗਿਆ। ਇਸ ਮੌਕੇ ਮੋਹਿਤ ਕੁਮਾਰ ਸੈਣੀ, ਡਿਪਟੀ ਡਾਇਰੈਕਟਰ, ਐਮਵਾਈ ਭਾਰਤ, ਰਾਕੇਸ਼ ਸ਼ਰਮਾ, ਰਾਸ਼ਟਰੀ ਵਾਲੀਬਾਲ ਖਿਡਾਰੀ ਅਨਮੋਲ ਅਤੇ ਸਟੇਟ ਐਵਾਰਡੀ ਅਨੰਨਿਆ ਬਾਂਸਲ ਵੀ ਮੌਜੂਦ ਸਨ। ਪ੍ਰੋਗਰਾਮ ਵਿੱਚ ਯੂਨੀਵਰਸਿਟੀ ਦੇ ਐਨਸੀਸੀ ਅਤੇ ਐਨਐਸਐਸ ਯੂਨਿਟਾਂ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਤੋਂ ਇਲਾਵਾ ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ। ਵਿਦਿਆਰਥੀਆਂ ਨੂੰ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਨਿੱਖੜਵਾਂ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਸਮੁੱਚੀ ਸ਼ਖਸੀਅਤ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਅਨੁਸ਼ਾਸਨ, ਟੀਮ ਵਰਕ, ਲਗਨ ਅਤੇ ਖੇਡ ਭਾਵਨਾ ਵਰਗੇ ਗੁਣ ਵਿਕਸਿਤ ਹੁੰਦੇ ਹਨ। ਇਸ ਤੋਂ ਇਲਾਵਾ ਖੇਡਾਂ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੀਡਰਸ਼ਿਪ, ਆਤਮ-ਵਿਸ਼ਵਾਸ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਵੀ ਉਤਸ਼ਾਹਿਤ ਕਰਦੀਆਂ ਹਨ। ਵਿਦਿਆਰਥੀਆਂ ਨੂੰ ਖੇਡ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਤੰਦਰੁਸਤ, ਸਿਹਤਮੰਦ ਤੇ ਮਜ਼ਬੂਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।

# ਰੋਟਰੀ ਇੰਟਰਨੈਸ਼ਨਲ ਦੇ ਪ੍ਰਧਾਨ ਵੱਲੋਂ ਮਨੋਜ ਓਹਰੀ ਸਨਮਾਨਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਅਤੇ ਰੋਟਰੀ ਡਿਸਟ੍ਰਿਕਟ 3070 ਲਈ ਮਾਣ ਵਾਲਾ ਪਲ ਉਸ ਵੇਲੇ ਆਇਆ ਜਦੋਂ ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਦੇ ਸਾਬਕਾ ਪ੍ਰਧਾਨ ਰੋਟੇਰੀਅਨ ਮਨੋਜ ਓਹਰੀ ਨੂੰ ਕੌਰਨੀਆ ਟ੍ਰਾਂਸਪਲਾਂਟ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਰੋਟਰੀ ਇੰਟਰਨੈਸ਼ਨਲ ਦੇ ਪ੍ਰਤਿਸ਼ਠਿਤ ਚੈਂਪੀਅਨ ਆਫ ਰੋਟਰੀ ਇੰਟਰਨੈਸ਼ਨਲ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਰੋਟਰੀ ਇੰਟਰਨੈਸ਼ਨਲ ਦੇ ਪ੍ਰਧਾਨ ਰੋਟੇਰੀਅਨ ਓਲਾਇੰਕਾ ਬਾਬਾਲੋਲਾ ਵੱਲੋਂ ਨਵੀਂ ਦਿੱਲੀ ਵਿੱਚ ਕਰਵਾਏ ਗਏ ਇਕ ਸ਼ਾਨਦਾਰ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ। ਇਸ ਮੌਕੇ ਰੋਟਰੀ ਇੰਟਰਨੈਸ਼ਨਲ ਡਾਇਰੈਕਟਰ ਰੋਟੇਰੀਅਨ ਨਾਗੇਸ਼, ਰੋਟਰੀ ਇੰਟਰਨੈਸ਼ਨਲ ਵਾਈਸ ਪ੍ਰਧਾਨ ਰੋਟੇਰੀਅਨ ਮੁਰੁਗਗੁਮਾਨ ਅਤੇ ਰੋਟਰੀ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਨਿਲ ਸਿੰਘਲ ਸਮੇਤ ਰੋਟਰੀ ਦੇ ਕਈ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਹ ਸਨਮਾਨ ਰੋਟਰੀ ਦੀਆਂ ਵਿਸ਼ਵ ਪੱਧਰੀ ਸੇਵਾ ਗਤੀਵਿਧੀਆਂ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਚੁਣੀਂਦੀਆਂ ਸ਼ਖ਼ਸੀਅਤਾਂ ਨੂੰ ਹੀ ਦਿੱਤਾ ਜਾਂਦਾ ਹੈ। ਸਮਾਗਮ ਵਿੱਚ ਭਾਰਤ ਸਮੇਤ ਵੱਖ-ਵੱਖ ਦੇਸ਼ਾਂ ਤੋਂ ਆਏ ਰੋਟਰੀ ਇੰਟਰਨੈਸ਼ਨਲ ਦੇ ਸੀਨੀਅਰ ਅਹੁਦੇਦਾਰਾਂ, ਸਾਬਕਾ




ਅਤੇ ਮੌਜੂਦਾ ਗਵਰਨਰਾਂ ਅਤੇ ਵੱਡੀ ਗਿਣਤੀ ਵਿੱਚ ਰੋਟੇਰੀਅਨਜ਼ ਨੇ ਹਾਜ਼ਰੀ ਭਰੀ। ਰੋਟੇਰੀਅਨ ਮਨੋਜ ਓਹਰੀ ਦਾ ਨਾਂਅ ਰੋਟਰੀ ਗਵਰਨਰਾਂ ਦੇ ਇੱਕ ਸਮੂਹ ਵੱਲੋਂ ਇਸ ਪ੍ਰਤਿਸ਼ਠਿਤ ਅੰਤਰਰਾਸ਼ਟਰੀ ਸਨਮਾਨ ਲਈ ਨਾਮਜ਼ਦ ਕੀਤਾ ਗਿਆ ਸੀ। ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮਾਜ ਸੇਵਾ, ਖ਼ਾਸ ਕਰਕੇ ਨੇਤਰਦਾਨ ਜਾਗਰੂਕਤਾ, ਕੌਰਨੀਆ ਟ੍ਰਾਂਸਪਲਾਂਟ ਅਤੇ ਨਜ਼ਰ ਤੋਂ ਵਾਂਝੇ ਲੋਕਾਂ ਦੇ ਜੀਵਨ ਵਿੱਚ ਰੌਸ਼ਨੀ ਲਿਆਉਣ ਦੇ ਯਤਨਾਂ ਨੂੰ ਦੇਖਦੇ ਹੋਏ ਇਹ ਸਨਮਾਨ ਦਿੱਤਾ ਗਿਆ। ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਰੋਟੇਰੀਅਨ ਮਨੋਜ ਓਹਰੀ ਨੇ ਕਿਹਾ ਕਿ ਇਹ ਐਵਾਰਡ ਸਿਰਫ਼ ਉਨ੍ਹਾਂ ਦਾ ਨਿੱਜੀ ਸਨਮਾਨ ਨਹੀਂ, ਸਗੋਂ ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ, ਉਨ੍ਹਾਂ ਦੇ ਸਾਥੀਆਂ ਅਤੇ ਸਮਾਜ ਸੇਵਾ ਲਈ ਸਮਰਪਿਤ ਸਾਰੇ ਰੋਟੇਰੀਅਨਜ਼ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਦੇ ਪ੍ਰਧਾਨ ਅਤੇ ਪ੍ਰਸਿੱਧ ਉਦਯੋਗਪਤੀ ਰੋਟੇਰੀਅਨ ਰਾਕੇਸ਼ ਕਪੂਰ, ਇੰਦਰਪਾਲ ਸਿੰਘ ਸਚਦੇਵਾ, ਡੀ.ਪੀ. ਕਥੂਰੀਆ, ਜਸਵੰਤ ਸਿੰਘ ਭੋਗਲ, ਐੱਲ ਐੱਨ ਵਰਮਾ, ਜੋਗਿੰਦਰ ਸਿੰਘ, ਏ ਐੱਸ ਅਨੇਜਾ, ਰਜਨੀਸ਼ ਗੁਲਿਆਨੀ, ਵਿਕਰਮ ਸ਼ਰਮਾ, ਪਰਵੀਨ ਪੱਬੀ, ਜਗਮੀਤ ਸਿੰਘ ਸੇਠੀ, ਅਵਤਾਰ ਸਿੰਘ, ਜਤਿੰਦਰ ਦੁੱਗਲ, ਰੋਹਿਤ ਚੋਪੜਾ, ਰਮੇਸ਼ ਕੁਮਾਰ, ਤਜਿੰਦਰ ਓਹਰੀ, ਕੁਲਜੀਤ ਸਿੰਘ, ਅਸ਼ੋਕ ਸ਼ਰਮਾ, ਸਤੀਸ਼ ਗੁਪਤਾ, ਅਸ਼ੋਕ ਕੁਮਾਰ, ਭਗੋਵਾਲ ਸਕੂਲ ਦੀ ਪ੍ਰਿੰਸੀਪਲ ਅਤੇ ਕਲੱਬ ਪਰਿਵਾਰ ਦੇ ਹੋਰ ਮੈਂਬਰਾਂ ਅਤੇ ਸਕੂਲ ਸਟਾਫ਼ ਨੇ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਰੋਟੇਰੀਅਨ ਮਨੋਜ ਓਹਰੀ ਨੂੰ ਦਿਲੋਂ ਵਧਾਈ ਦਿੱਤੀ।

## ਸੇਂਟ ਜ਼ੇਵੀਅਰਜ਼ ਸਕੂਲ ਵਿਖੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੇਂਟ ਜ਼ੇਵੀਅਰਜ਼ ਸਕੂਲ ਰਾਮਪੁਰਾ ਫੂਲ ਦੇ ਕਿੰਡਰਗਾਰਟਨ ਵਿੰਗ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ਮਿੰਨੀ ਪੰਜਾਬ ਸੱਭਿਆਚਾਰਕ ਯਾਤਰਾ ਦਾ ਅਯੋਜਨ ਕੀਤਾ, ਜਿਸ ਵਿੱਚ ਜਮਾਤ ਨਰਸਰੀ, ਐੱਲ.ਕੇ.ਜੀ., ਯੂ. ਕੇ. ਜੀ., ਫਸਟ ਤੇ ਸੈਕਿੰਡ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਪ੍ਰੋਗਰਾਮ ਦੇ ਮੁੱਖ ਮਹਿਮਾਨ ਸਤਿਕਾਰਯੋਗ ਫਾਦਰ ਯੂਲੇਲੀਓ ਫਰਨਾਂਡਿਜ਼ ਪ੍ਰੋਵੈਂਸ਼ਨਲ ਸੁਪੀਰੀਅਰ ਦਿੱਲੀ-ਹਰਿਆਣਾ ਸਨ।ਸਕੂਲ ਦੇ ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ, ਮੈਨੇਜਰ ਫਾਦਰ ਆਂਦਰੇ ਫਰਨਾਂਡਿਜ਼, ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਮੈਡਮ ਅੰਜੂ ਬਾਲਾ ਮੁੱਖ ਮਹਿਮਾਨ ਨੂੰ ਆਦਰ ਸਹਿਤ ਮੰਚ ਉੱਤੇ ਲੈ ਕੇ ਆਏ।ਸਕੂਲ ਦੇ ਹੈੱਡ ਬੁਆਏ ਤੇ ਹੈੱਡ ਗਰਲ ਨੇ ਮੁੱਖ ਮਹਿਮਾਨ ਦਾ ਸਵਾਗਤ ਛੋਟੇ-ਛੋਟੇ ਪੌਦੇ ਭੇਟ ਕਰਕੇ ਕੀਤਾ।ਸਕੂਲ ਦੇ ਵਿਦਿਆਰਥੀਆਂ ਵੱਲੋਂ ਪ੍ਰਮਾਤਮਾ ਦੀ ਅਰਾਧਨਾ ਪਰੇਅਰ ਡਾਂਸ ਰਾਹੀਂ ਕੀਤੀ।ਸੀਨੀਅਰ ਵਿੰਗ ਦੇ ਵਿਦਿਆਰਥੀਆਂ ਵੱਲੋਂ ਸਵਾਗਤੀ ਗੀਤ ਗਾ ਕੇ ਆਪਣੇ ਸਤਿਕਾਰਯੋਗ ਫਾਦਰ ਯੂਲੇਲੀਓ ਫਰਨਾਂਡਿਜ਼ ਦਾ ਦਿਲ ਦੀਆਂ ਬਰੂਹਾਂ ਤੋਂ ਸਵਾਗਤ ਕੀਤਾ।ਪ੍ਰੋਗਰਾਮ ਦਾ ਮੁੱਖ ਅਕਰਸ਼ਣ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀ ਪ੍ਰਦਰਸ਼ਨੀ ਰਹੀ।ਮੁੱਖ ਮਹਿਮਾਨ ਫਾਦਰ ਯੂਲੇਲੀਓ ਫਰਨਾਂਡਿਜ਼ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਇੱਕ ਦੂਜੇ ਨਾਲ ਮਿਲ ਕੇ ਰਹਿਣ ਤੇ ਆਪਣੇ ਅਮੀਰ ਸੱਭਿਆਚਾਰ ਨੂੰ ਸੰਭਾਲਣ ਦਾ ਨਿੱਘਾ ਸੱਦਾ ਦਿੱਤਾ। ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੇ ਸਕੂਲ ਦੇ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਾਲੇ ਸਾਰੇ ਅਧਿਆਪਕਾਂ ਦਾ ਧੰਨਵਾਦ ਕੀਤਾ।

## ਡੀ ਏ ਵੀ ਕਕਰਾਲਾ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ




**ਸਮਾਣਾ (ਗੁਰਪਿਆਰ ਸਿੰਘ ਬੱਲ)**-ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਵਿਖੇ ਪ੍ਰਿੰਸੀਪਲ ਸ਼੍ਰੀਮਤੀ ਸ਼ਿਪਰਾ ਸ਼ਰਮਾ ਦੀ ਅਗਵਾਈ ਹੇਠ ਰੱਖੜੀ ਦਾ ਤਿਉਹਾਰ ਬੜੇ ਚਾਵਾਂ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਦੇ ਨਾਲ-ਨਾਲ ਆਪਣੀ ਵਿਰਾਸਤ ਤੇ ਰਵਾਇਤਾਂ ਨਾਲ ਜੋੜਨ ਦਾ ਸੁਨੇਹਾ ਦਿੱਤਾ ਗਿਆ।ਇਸ ਮੌਕੇ ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਆਪਣੇ ਹੱਥੀਂ ਸੋਹਣੀਆਂ ਤੇ ਰੰਗ-ਬਿਰੰਗੀਆਂ ਰੱਖੜੀਆਂ ਤਿਆਰ ਕੀਤੀਆਂ। ਵਿਦਿਆਰਥੀਆਂ ਨੂੰ ਪ੍ਰਿੰਸੀਪਲ ਦਫ਼ਤਰ ਵਿਖੇ ਕਲਾਸ ਅਨੁਸਾਰ ਸੱਦਿਆ ਗਿਆ, ਜਿੱਥੇ ਉਨ੍ਹਾਂ ਨੇ ਅਧਿਆਪਕਾਂ, ਸਕੂਲ ਦੇ ਡਰਾਈਵਰਾਂ, ਕੰਡਕਟਰਾਂ ਤੇ ਉਸ ਵੇਲੇ ਸਕੂਲ ਵਿੱਚ ਮੌਜੂਦ ਮਾਪਿਆਂ ਦੇ ਗੁੱਟਾਂ 'ਤੇ ਰੱਖੜੀਆਂ ਬੰਨ੍ਹ ਕੇ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।ਅਧਿਆਪਕਾਂ ਤੇ ਵਿਦਿਆਰਥੀਆਂ ਨੇ ਰੁੱਖਾਂ ਨੂੰ ਆਪਣਾ ਰਖਵਾਲਾ ਮੰਨਦਿਆਂ ਉਨ੍ਹਾਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ ਤੇ ਰੁੱਖਾਂ ਦੀ ਸਾਂਭ-ਸੰਭਾਲ ਤੇ ਵੱਧ ਤੋਂ ਵੱਧ ਬੂਟੇ ਲਗਾਉਣ ਦਾ ਪ੍ਰਣ ਲਿਆ।ਇਸ ਮੌਕੇ ਪ੍ਰਿੰਸੀਪਲ ਸ਼ਿਪਰਾ ਸ਼ਰਮਾ ਨੇ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਤੇ ਪਿਛੋਕੜ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਰੱਖੜੀ ਸਿਰਫ਼ ਗੁੱਟ 'ਤੇ ਧਾਗਾ ਬੰਨ੍ਹਣ ਦਾ ਤਿਉਹਾਰ ਨਹੀਂ, ਸਗੋਂ ਪਿਆਰ, ਭਰੋਸੇ, ਰਾਖੀ ਤੇ ਆਪਸੀ ਸਤਿਕਾਰ ਦਾ ਪਵਿੱਤਰ ਰਿਸ਼ਤਾ ਹੈ। ਉਨ੍ਹਾਂ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੁੜੇ ਰਹਿਣ ਅਤੇ ਕੁਦਰਤ ਤੇ ਸਮਾਜ ਪ੍ਰਤੀ ਆਪਣੇ ਫਰਜ਼ਾਂ ਨੂੰ ਸਮਝਣ ਲਈ ਪ੍ਰੇਰਿਆ।ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਤੇ ਬੱਚਿਆਂ ਦੇ ਉਤਸ਼ਾਹ ਦੀ ਭਰਪੂਰ ਸ਼ਲਾਘਾ ਕੀਤੀ।

## ਵਾਰਡ ਵਾਸੀਆਂ ਨਾਲ ਕੀਤੇ ਚੋਣ ਵਾਅਦਿਆਂ ਨੂੰ ਪੂਰਾ ਕਰ ਰਹੇ ਹਾਂ : ਕੌਂਸਲਰ ਭੱਟੀ



**ਕੋਟ ਈਸੇ ਖਾਂ (ਅਰੋੜਾ)**-ਨਗਰ ਪੰਚਾਇਤ ਕੋਟ ਈਸੇ ਖਾਂ ਦੇ ਵਾਰਡ ਨੰ. 3 ਦੇ ਵਾਰਡ ਵਾਸੀਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਜੋ ਵਾਰਡ ਵਾਸੀਆਂ ਨਾਲ ਨਗਰ ਪੰਚਾਇਤ ਦੀਆਂ ਚੋਣਾਂ ਸਮੇਂ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਡ ਨੰ. 3 ਦੇ ਕੌਂਸਲਰ ਦਰਸ਼ਨਾ ਰਾਣੀ ਭੱਟੀ ਤੇ ਉਨ੍ਹਾ ਦੇ ਪਤੀ ਸ਼ਿੰਦੂ ਭੱਟੀ ਨੇ ਪ੍ਰੈੱਸ ਨਾਲ ਸਾਂਝਾ ਕੀਤਾ।ਇਸ ਮੌਕੇ ਸ਼ਿੰਦੂ ਭੱਟੀ ਨੇ ਕਿਹਾ ਕਿ ਵਾਰਡ ਵਾਸੀਆਂ ਨੂੰ ਸਾਫ ਪੀਣ ਵਾਲੇ ਪਾਣੀ ਦੀ ਬਹੁਤ ਮੁਸ਼ਕਲ ਸੀ ਕਿਉਂਕਿ ਉਨ੍ਹਾਂ ਕੋਲ ਕੋਈ ਬੋਰ ਵਗੈਰਾ ਦਾ ਜਾਂ ਸਾਫ ਪਾਣੀ ਨਹੀਂ ਆਉਂਦਾ ਸੀ, ਜਿਸ ਕਰਕੇ ਚੋਣਾਂ ਸਮੇਂ ਉਨ੍ਹਾ ਨਾਲ ਵਾਅਦਾ ਕੀਤਾ ਗਿਆ ਸੀ ਕਿ ਕੌਂਸਲਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਪਾਣੀ ਵਾਲਾ ਬੋਰ ਕਰਵਾ ਕੇ ਦਿੱਤਾ ਜਾਵੇਗਾ, ਜਿਸ ਨਾਲ ਉਨ੍ਹਾ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਹੋਵੇਗਾ।ਜਿਸ ਕਰਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਬਾਬਾ ਸੁੰਦਰ ਦਾਸ ਜੀ ਵਾਲੀ ਗਲੀ ਵਿੱਚ ਸਾਂਝਾ ਬੋਰ ਕਰਵਾ ਕੇ ਦਿੱਤਾ ਹੈ ਜਿਸ ਨਾਲ ਗਲੀ ਵਾਲਿਆਂ ਨੂੰ ਸਾਫ ਪੀਣ ਵਾਲਾ ਪਾਣੀ ਮਿਲ ਸਕੇਗਾ।ਇਸ ਮੌਕੇ ਵਾਰਡ ਵਾਸੀਆਂ ਵੱਲੋਂ ਕੌਂਸਲਰ ਭੱਟੀ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਦੀਪਕ ਅਰੋੜਾ, ਗੋਪਾਲ, ਰਣਜੀਤ ਸਿੰਘ, ਬੱਬੂ ਪਲਾਈਵੁੱਡ ਵਾਲੇ, ਅਸ਼ੋਕ ਕੁਮਾਰ, ਰੰਗੂ, ਹਰੀ ਰਾਮ ਆਦਿ ਮੁਹੱਲਾ ਵਾਸੀ ਹਾਜ਼ਰ ਸਨ।

## ਆਰ ਐੱਸ ਡੀ ਸਕੂਲ ਦੇ ਜਸਰਾਜ ਦੀ ਬਾਸਕਟਬਾਲ ਸਪੋਰਟਸ ਵਿੰਗ ਪਟਿਆਲਾ ਲਈ ਚੋਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਲਈ ਇਹ ਬਹੁਤ ਹੀ ਮਾਣ ਤੇ ਖੁਸ਼ੀ ਵਾਲੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਤੇ ਪ੍ਰਤਿਭਾਸ਼ਾਲੀ ਬਾਸਕਟਬਾਲ ਖਿਡਾਰੀ ਜਸਰਾਜ ਸਿੰਘ ਦੀ ਚੋਣ ਪੰਜਾਬ ਦੇ ਵੱਕਾਰੀ 'ਬਾਸਕਟਬਾਲ ਸਪੋਰਟਸ ਵਿੰਗ ਪਟਿਆਲਾ' ਲਈ ਹੋਈ ਹੈ। ਜਸਰਾਜ ਸਿੰਘ ਦੀ ਇਹ ਸ਼ਾਨਦਾਰ ਪ੍ਰਾਪਤੀ ਉਸ ਦੀ ਅਣਥੱਕ ਮਿਹਨਤ, ਸਖ਼ਤ ਅਨੁਸ਼ਾਸਨ, ਸਮਰਪਣ ਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ, ਜਿਸ ਨਾਲ ਸਕੂਲ ਦਾ ਨਾਂ ਰੋਸ਼ਨ ਹੋਇਆ ਹੈ। ਜਸਰਾਜ ਸਿੰਘ ਨੇ ਇਹ ਮਹੱਤਵਪੂਰਨ ਸਫ਼ਲਤਾ ਸਕੂਲ ਦੇ ਤਜਰਬੇਕਾਰ ਤੇ ਮਾਹਰ ਬਾਸਕਟਬਾਲ ਕੋਚ ਪੰਕਜ ਕਸ਼ਯਪ ਦੀ ਯੋਗ ਅਗਵਾਈ ਤੇ ਸਖ਼ਤ ਸਿਖਲਾਈ ਹੇਠ ਹਾਸਲ ਕੀਤੀ ਹੈ। ਕੋਚ ਦੀ ਸਹੀ ਗਾਈਡੈਂਸ ਨਾਲ ਜਸਰਾਜ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਇਹ ਮੁਕਾਮ ਹਾਸਲ ਕੀਤਾ। ਇਸ ਮਹਾਨ ਪ੍ਰਾਪਤੀ 'ਤੇ ਸਕੂਲ ਦੀ ਪ੍ਰਿੰਸੀਪਲ ਡਾ. ਪ੍ਰਵੀਨ ਆਲ, ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਜਸਰਾਜ ਸਿੰਘ ਤੇ ਉਸ ਦੇ ਮਾਤਾ-ਪਿਤਾ ਨੂੰ ਦਿਲੋਂ ਵਧਾਈ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਭੇਜੀਆਂ। ਇਸ ਮੌਕੇ ਸਕੂਲ ਦੇ ਪ੍ਰਧਾਨ ਐੱਸ ਸੀ ਸਾਂਵਲਕਾ, ਸਕੱਤਰ ਰਜਨੀਸ਼ ਸਾਂਵਲਕਾ, ਡਾਇਰੈਕਟਰ ਐੱਸ. ਪੀ. ਆਨੰਦ ਤੇ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਜਸਰਾਜ ਨੂੰ ਉਚੇਚੇ ਤੌਰ 'ਤੇ ਮੁਬਾਰਕਬਾਦ ਦਿੱਤੀ।

## ਐੱਮ ਡੀ ਪਬਲਿਕ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭਟੀ)**-ਐੱਮ. ਡੀ. ਪਬਲਿਕ ਹਾਈ ਸਕੂਲ ਵਿੱਚ ਰੱਖੜੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਅਦਾਰੇ ਜਿਵੇਂ ਕਿ ਸੁਵਿਧਾ ਕੇਂਦਰ ਇੰਚਾਰਜ ਹਰਿੰਦਰ ਸਿੰਘ ਉਨ੍ਹਾਂ ਦੇ ਸਾਥੀ ਹਰਜੀਤ ਸਿੰਘ, ਗੋਬਿੰਦ ਸਿੰਘ, ਸਰਕਾਰੀ ਹਸਪਤਾਲ ਐੱਸ.ਐੱਮ.ਓ. ਡਾਕਟਰ ਅੰਕੁਰ ਜੈਨ, ਡਾਕਟਰ ਰਾਜ ਸਿੰਘਲਾ ਉਨ੍ਹਾਂ ਦੇ ਸਾਥੀ ਮਨਜੀਤ ਸਿੰਘ, ਸੁਖਦੇਵ ਸਿੰਘ, ਅਮਨ ਮਿੱਤਲ, ਗੁਰਪ੍ਰੀਤ ਸਿੰਘ, ਅਭਿਸ਼ੇਕ ਫੂਲ, ਸੁਖਚੈਨ ਸਿੰਘ ਤੇ ਪੁਲਸ ਸਟੇਸ਼ਨ ਵਿਖੇ ਐੱਸ.ਐੱਚ.ਓ. ਪ੍ਰਤੀਕ ਜਿੰਦਲ ਤੇ ਹੋਰ ਵੱਡੇ ਅਧਿਕਾਰੀਆਂ ਨੂੰ ਰੱਖੜੀਆਂ ਬੰਨ੍ਹ ਕੇ ਰੱਖੜੀ ਦੇ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ।ਸਕੂਲ ਵਿੱਚ ਵੀ ਰੱਖੜੀ ਦੇ ਤਿਉਹਾਰ ਨੂੰ ਸਮਰਪਤ ਰੱਖੜੀ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ।ਸਕੂਲ ਦੇ ਮੁਖੀ ਸ਼ਸ਼ਾਂਕ ਪਾਠਕ ਤੇ ਅਧਿਆਪਕ ਸਾਹਿਬਾਨਾਂ ਨੇ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਕੇ ਇਨਾਮ ਦਿੱਤੇ ਗਏ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਭਾਰਤੀ ਸੱਭਿਆਚਾਰ, ਆਪਸੀ ਪਿਆਰ, ਭਾਈਚਾਰੇ ਤੇ ਰਚਨਾਤਮਕਤਾ ਦੀ ਭਾਵਨਾ ਨੂੰ ਮਜ਼ਬੂਤ ਬਣਾਉਂਦੇ ਹਨ। ਸਮੂਹ ਸਕੂਲ ਪਰਵਾਰ ਨੇ ਇਸ ਤਿਉਹਾਰ ਨੂੰ ਬੜੀ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ।

## ਸਨੌਰ ਹਲਕੇ 'ਚ ਅਕਾਲੀ ਦਲ ਵਾਰਸ ਪੰਜਾਬ ਦੇ ਨੂੰ ਭਰਵਾਂ ਹੁੰਗਾਰਾ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਅਕਾਲੀ ਦਲ ਵਾਰਸ ਪੰਜਾਬ ਦੇ ਪਾਰਟੀ ਦੇ ਸਨੌਰ ਹਲਕੇ ਤੋਂ ਸੰਭਾਵੀ ਉਮੀਦਵਾਰ ਬੀਬਾ ਰਾਜਵੰਤ ਕੌਰ ਖਾਲਸਾ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਰਾਜਵੰਤ ਕੌਰ ਦੀ ਘੜਾਮ ਟੀਮ ਵੱਲੋਂ ਹਲਕਾ ਸਨੌਰ ਦੇ ਪਿੰਡ ਗੁਥਮੜਾ ਵਿੱਚ ਪਿੰਡ ਦੇ ਨੌਜਵਾਨਾਂ ਨਾਲ ਇੱਕ ਮੀਟਿੰਗ ਕੀਤੀ ਗਈ, ਜਿਸ ਮੀਟਿੰਗ ਵਿੱਚ ਵੱਡੀ ਗਿਣਤੀ ਦੇ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਪਾਰਟੀ ਨੂੰ ਜੁਆਇਨ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਸੁਣਾਉਣ ਵਿੱਚ ਅਕਾਲੀ ਦਲ ਵਾਰਸ ਪੰਜਾਬ ਦਾ ਡੱਟ ਕੇ ਸਾਥ ਦੇਣ ਦਾ ਨੌਜਵਾਨਾਂ ਨੇ ਵਾਅਦਾ ਵੀ ਕੀਤਾ। ਇਸ ਸਮੇਂ ਸ੍ਰ. ਗੁਰਮੀਤ ਸਿੰਘ ਗੁਥਮੜਾ, ਭੁਪਿੰਦਰ ਸਿੰਘ ਜਗੋਲੀ, ਰਾਮ ਸਰਨ ਗੁਜਰ, ਲਵਪ੍ਰੀਤ ਸਿੰਘ ਘੜਾਮ, ਗੁਰਕੀਰਤ ਸਿੰਘ ਸੰਧੂ, ਸਰਬਜੀਤ ਸਿੰਘ ਘੜਾਮ ਸਮੇਤ ਸਮੁੱਚੀ ਘੜਾਮ ਟੀਮ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰਲਾਲ ਸਿੰਘ, ਗੁਰਮੀਤ ਸਿੰਘ, ਗੁਰਜੰਟ ਸਿੰਘ, ਇੰਦਰਦੀਪ ਸਿੰਘ, ਰਣਧੀਰ ਸਿੰਘ, ਸੁਖਜਿੰਦਰ ਸਿੰਘ ਤੇ ਰਣਧੀਰ ਸਿੰਘ ਆਦਿ ਹਾਜ਼ਰ ਸਨ।

## 40 ਗ੍ਰਾਮ ਹੈਰੋਇਨ ਸਣੇ 2 ਵਿਅਕਤੀ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਦੋ ਵੱਖ-ਵੱਖ ਥਾਵਾਂ ਤੋਂ 2 ਵਿਅਕਤੀਆਂ ਨੂੰ 40 ਗ੍ਰਾਮ ਹੈਰੋਇਨ ਸਣੇ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਥਾਣਾ ਸਦਰ ਇਲਾਕੇ ਵਿੱਚ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਮੌਜੂਦ ਸੀ ਤਾਂ ਵਿਅਕਤੀ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਖਿਸਕਣ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਤਾਂ ਅਮਨਦੀਪ ਸਿੰਘ ਉਰਫ ਕਾਲੂ ਪੁੱਤਰ ਮਹਿੰਦਰ ਸਿੰਘ ਵਾਸੀ ਸੁਖੇਰਾ ਬੋਦਲਾ ਪਾਸੋਂ 38 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਹੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਕਰ ਰਹੇ ਸੀ, ਜਦੋਂ ਪੁਲਸ ਪਾਰਟੀ ਬਾਬੇ ਦੀ ਸਮਾਧ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਇਕ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਦੀ ਗੱਡੀ ਨੂੰ ਵੇਖ ਕੇ ਹੱਥ ਵਿੱਚ ਫੜੇ ਕਾਲੇ ਰੰਗ ਦੇ ਮੋਮੀ ਲਿਫਾਫੇ ਨੂੰ ਸੁੱਟ ਕੇ ਖਿਸਕਣ ਲੱਗਾ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਸ ਦੇ ਕਬਜ਼ੇ ਵਿੱਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਗੁਰਨੈਬ ਸਿੰਘ ਉਰਫ ਨੈਬਾ ਪੁੱਤਰ ਛਿੰਦਾ ਸਿੰਘ ਵਾਸੀ ਪ੍ਰਭਾਤ ਸਿੰਘ ਵਾਲਾ ਉਤਾੜ ਨੂੰ ਹੈਰੋਇਨ ਸਮੇਤ ਕਾਬੂ ਕਰ ਲਿਆ। ਥਾਣਾ ਸਦਰ ਜਲਾਲਾਬਾਦ ਵਿਖੇ ਪੁਲਸ ਵੱਲੋਂ ਕਾਬੂ ਕੀਤੇ ਗਏ ਉਪਰੋਕਤ 2 ਵਿਅਕਤੀਆਂ ਦੇ ਵਿਰੁੱਧ ਦੋ ਵੱਖ-ਵੱਖ ਮੁਕੱਦਮੇ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਮੈਰੀਟੋਰੀਅਸ ਦੀ ਅਨਮੋਲਪ੍ਰੀਤ ਨੇ ਏਮਜ਼ 'ਚ ਦਾਖਲਾ ਹਾਸਲ ਕਰਕੇ ਰਚਿਆ ਇਤਿਹਾਸ

### ਜ਼ਿਲ੍ਹਾ ਪ੍ਰਸ਼ਾਸਨ ਨੇ ਕੀਤਾ ਵਿਸ਼ੇਸ਼ ਸਨਮਾਨ, ਅਧਿਆਪਕਾਂ ਨੂੰ ਵੀ ਦਿੱਤੇ ਪ੍ਰਸ਼ੰਸਾ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਾਰਾਗੜ੍ਹੀ ਮੈਮੋਰੀਅਲ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ, ਫਿਰੋਜ਼ਪੁਰ ਦੀ ਹੋਣਹਾਰ ਵਿਦਿਆਰਥਣ ਅਨਮੋਲਪ੍ਰੀਤ ਕੌਰ ਨੇ ਆਪਣੀ ਸਖ਼ਤ ਮਿਹਨਤ, ਲਗਨ ਤੇ ਦ੍ਰਿੜ ਇਰਾਦੇ ਸਦਕਾ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼, ਬਠਿੰਡਾ ਵਿੱਚ ਐੱਮਬੀਬੀਐੱਸ ਵਿੱਚ ਦਾਖਲਾ ਹਾਸਲ ਕਰਕੇ ਸਕੂਲ, ਮਾਪਿਆਂ ਤੇ ਪੂਰੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਕਾਲੀਏ ਵਾਲਾ ਪਿੰਡ ਦੇ ਸਧਾਰਨ ਕਿਸਾਨ ਪਰਿਵਾਰ ਦੀ ਇਸ ਲੜਕੀ ਦੀ ਮਾਨਮੱਤੀ ਪ੍ਰਾਪਤੀ ਲਈ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ. ਅਮਨਦੀਪ ਕੌਰ ਨੇ ਅਨਮੋਲਪ੍ਰੀਤ ਨੂੰ ਸਨਮਾਨਤ ਕਰਦਿਆਂ ਉਸ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੁਨੀਲਾ ਅਰੋੜਾ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ-ਕਮ-ਪ੍ਰਿੰਸੀਪਲ ਡਾ. ਸਤਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਮੈਰੀਟੋਰੀਅਸ ਸਕੂਲਾਂ ਦਾ ਮੁੱਖ ਉਦੇਸ਼ ਹੋਣਹਾਰ ਤੇ ਯੋਗ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਦੇ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਉਚਿਤ ਮਾਹੌਲ ਤੇ ਮਾਰਗਦਰਸ਼ਨ ਪ੍ਰਦਾਨ ਕਰਨਾ ਹੈ। ਆਪਣੀ ਇਸ ਮਾਨਮੱਤੀ ਪ੍ਰਾਪਤੀ ਬਾਰੇ ਗੱਲ ਕਰਦਿਆਂ ਅਨਮੋਲਪ੍ਰੀਤ ਨੇ ਆਪਣੀ ਸਫ਼ਲਤਾ ਦਾ ਸਿਹਰਾ ਸਕੂਲ ਦੇ ਅਧਿਆਪਕਾਂ ਦੀ ਯੋਗ ਅਗਵਾਈ, ਪ੍ਰੇਰਨਾ ਤੇ ਨਿਰੰਤਰ ਸਹਿਯੋਗ ਨੂੰ ਦਿੱਤਾ। ਉਸ ਨੇ ਵਿਸ਼ੇਸ਼ ਤੌਰ 'ਤੇ ਸਕੂਲ ਦੇ ਸਾਬਕਾ ਪ੍ਰਿੰਸੀਪਲ ਚਮਕੌਰ ਸਿੰਘ ਸਰਾਂ, ਵਾਈਸ ਪ੍ਰਿੰਸੀਪਲ ਸੁਕਿਰਤੀ ਸ਼ਰਮਾ, ਲੈਕਚਰਾਰ ਗਿੰਨੀ ਬਾਂਸਲ, ਗੁਰਪ੍ਰੀਤ ਕੌਰ, ਸ਼ਾਈਨਾ ਕੱਕੜ ਤੇ ਸੀਮਾ ਰਾਣੀ ਵੱਲੋਂ ਦਿੱਤੇ ਮਾਰਗਦਰਸ਼ਨ ਤੇ ਸਹਿਯੋਗ ਲਈ ਧੰਨਵਾਦ ਕੀਤਾ। ਅਨਮੋਲਪ੍ਰੀਤ ਨੇ ਆਪਣੀ ਸਫ਼ਲਤਾ ਵਿਚ ਦਕਸ਼ਨਾ ਫਾਊਂਡੇਸ਼ਨ ਪੁਣੇ ਵੱਲੋਂ ਪ੍ਰਦਾਨ ਕੀਤੀ ਗਈ ਮੁਫ਼ਤ ਕੋਚਿੰਗ ਦੀ ਵੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਵਿਦਿਆਰਥਣ ਦੀ ਸਫ਼ਲਤਾ ਵਿਚ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਦੀ ਮਿਹਨਤ ਨੂੰ ਮਾਨਤਾ ਦਿੰਦਿਆਂ ਜ਼ਿਲ੍ਹਾ ਪ੍ਰਸ਼ਾਸਨ ਤੇ ਸਿੱਖਿਆ ਵਿਭਾਗ ਵੱਲੋਂ ਉਨ੍ਹਾਂ ਨੂੰ ਵੀ ਵਿਸ਼ੇਸ਼ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਨਮੋਲਪ੍ਰੀਤ ਦੇ ਪਿਤਾ ਜਗਜੀਤ ਸਿੰਘ, ਲੈਕਚਰਾਰ ਮਿੰਕਲ, ਹਰਜਿੰਦਰ ਸਿੰਘ, ਨਵਿੰਦਰ ਸਿੰਘ ਮਨੀ ਕੰਬੋਜ, ਡੀਪੀਈ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਸਿਲਵਰ ਓਕਸ ਸਕੂਲ ਵਿਖੇ 'ਲਿਤਰਾਤੀ ਐਡੀਸ਼ਨ-4' ਦਾ ਅਯੋਜਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ 'ਲਿਤਰਾਤੀ ਐਡੀਸ਼ਨ-4' ਅੰਤਰ-ਸਕੂਲ ਸਾਹਿਤਕ ਉਤਸਵ ਬੜੇ ਉਤਸ਼ਾਹ, ਉਮੰਗ ਤੇ ਰੌਣਕ ਨਾਲ ਆਯੋਜਿਤ ਕੀਤਾ ਗਿਆ।ਸਿਲਵਰ ਓਕਸ ਸਕੂਲਾਂ ਤੋਂ ਪਹੁੰਚੇ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਕਲਾ, ਸੋਚ ਤੇ ਸਿਰਜਣਾਤਮਕਤਾ ਦੇ ਰੰਗ ਬਿਖੇਰਦਿਆਂ ਇਸ ਦਿਨ ਨੂੰ ਯਾਦਗਾਰ ਬਣਾ ਦਿੱਤਾ।ਸਮਾਗਮ ਦੀ ਸ਼ਾਨ ਵਧਾਉਣ ਲਈ ਸ਼੍ਰੀਮਤੀ ਬਰਨਿੰਦਰ ਪਾਲ ਸੇਖੋਂ ਡਾਇਰੈਕਟਰ ਸਿਲਵਰ ਓਕਸ ਸਕੂਲ ਰਾਮਪੁਰਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਸਮਾਗਮ ਦੀ ਸ਼ੁਰੂਆਤ ਸ਼ੁਭ ਦੀਪ ਪ੍ਰਜਵਲਨ ਨਾਲ ਹੋਈ।ਉਪਰੰਤ ਪੰਜਵੀਂ ਜਮਾਤ ਦੀ ਅਨੁਰੀਤ ਕੌਰ ਵੱਲੋਂ ਪੇਸ਼ ਕੀਤੇ ਮਨਮੋਹਕ ਸਵਾਗਤੀ ਨਾਚ ਨੇ ਮਾਹੌਲ ਨੂੰ ਖੁਸ਼ੀ ਤੇ ਰੰਗਾਂ ਨਾਲ ਭਰ ਦਿੱਤਾ।ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਨੰਨ੍ਹੇ ਵਿਦਿਆਰਥੀਆਂ ਨੇ 'ਹਾਸਿਆ ਕਵੀ ਸੰਮੇਲਨ' ਤੇ 'ਰੰਗ ਦੇ-ਇਕਲ ਨਾਚ' ਵਿੱਚ ਆਪਣੀਆਂ ਮਾਸੂਮ ਅਦਾਵਾਂ ਤੇ ਚੁਲਬੁਲੀ ਪੇਸ਼ਕਾਰੀਆਂ ਨਾਲ ਦਰਸ਼ਕਾਂ ਦੇ ਚਿਹਰਿਆਂ 'ਤੇ ਮੁਸਕਾਨ ਖਿਲਾ ਦਿੱਤੀ।ਪਹਿਲੀ ਤੇ ਦੂਜੀ ਜਮਾਤ ਦੇ ਬੱਚਿਆਂ ਨੇ 'ਮਾਈ ਮਿੰਨੀ ਵਰਲਡ', ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਬੀਟ ਐਂਡ ਗ੍ਰੇਸ-ਇਕਲ ਨਾਚ', ਚੌਥੀ ਤੇ ਪੰਜਵੀਂ ਦੇ ਵਿਦਿਆਰਥੀਆਂ ਨੇ 'ਵੋਕਲ ਵਾਈਬਜ਼-ਇਕਲ ਗਾਇਨ', ਪੰਜਵੀਂ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਮਾਈਂਡਫੁਲ ਸਕ੍ਰਿਬਲਜ਼-ਡੂਡਲ ਆਰਟ', ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਭਾਗੀਦਾਰਾਂ ਨੇ 'ਪੈਨਲ ਟੂ ਪੈਨਲ-ਕਾਮਿਕ ਕ੍ਰੀਏਸ਼ਨ' ਤੇ 'ਸਪੌਟਲਾਈਟ ਸੋਲੋ-ਮੋਨੋ ਐਕਟ' ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਦੇ ਕੇ ਉਨ੍ਹਾਂ ਦੇ ਉਤਸ਼ਾਹ ਤੇ ਯਤਨਾਂ ਦੀ ਕਦਰ ਕੀਤੀ ਗਈ।ਜੇਤੂ ਵਿਦਿਆਰਥੀਆਂ ਨੂੰ ਟ੍ਰਾਫੀਆਂ ਤੇ ਉਪਲਬਧੀ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਨਮਾਨਿਤ ਜੱਜਾਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਮਾਪਤੀ ਸਮਾਰੋਹ ਦਾ ਸਭ ਤੋਂ ਰੰਗੀਲਾ ਪਲ ਜੋਸ਼ ਭਰੇ ਭੰਗੜੇ ਦੀ ਪੇਸ਼ਕਾਰੀ ਰਿਹਾ।ਇਸੇ ਰੌਸ਼ਨੀ, ਉਤਸ਼ਾਹ ਤੇ ਮਾਣ ਭਰੇ ਅਹਿਸਾਸ ਨਾਲ ਲਿਤਰਾਤੀ ਐਡੀਸ਼ਨ-4 ਦਾ ਸਮਾਪਨ ਰਾਸ਼ਟਰ ਗਾਨ ਨਾਲ ਹੋਇਆ।

## ਸਾਢੇ 40 ਬੋਤਲਾਂ ਨਜਾਇਜ਼ ਸ਼ਰਾਬ ਸਮੇਤ 2 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਵੱਖ-ਵੱਖ ਪਿੰਡਾਂ ਵਿੱਚੋਂ ਸਾਢੇ 40 ਬੋਤਲਾਂ ਨਜਾਇਜ਼ ਸ਼ਰਾਬ ਸਣੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਐੱਸ.ਆਈ. ਜਗਮੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਥਾਣਾ ਵੈਰੋਕੇ ਦੇ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਜੀਤ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਚੱਕ ਬਲੋਚਾਂ ਉਰਫ ਮਹਾਲਮ ਦਾਣਾ ਮੰਡੀ ਵੈਰੋਕੇ ਵਿੱਚ ਨਜਾਇਜ਼ ਸ਼ਰਾਬ ਵੇਚਣ ਲਈ ਬੈਠਾ ਹੈ। ਉਪਰੰਤ ਪੁਲਸ ਨੇ ਛਾਪੇਮਾਰੀ ਕਰਕੇ ਜੀਤ ਸਿੰਘ ਨੂੰ ਸਵਾ 15 ਬੋਤਲਾਂ ਨਜਾਇਜ਼ ਸ਼ਰਾਬ ਸਣੇ ਗ੍ਰਿਫ਼ਤਾਰ ਕਰ ਲਿਆ। ਇਸੇ ਤਰ੍ਹਾਂ ਜਾਂਚ ਅਧਿਕਾਰੀ ਐੱਚ.ਸੀ. ਕਾਰਜ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਥਾਣਾ ਵੈਰੋਕੇ ਇਲਾਕੇ ਵਿੱਚ ਗਸ਼ਤ ਕਰ ਰਹੇ ਸੀ ਤਾਂ ਮੁਖਬਰ ਖਾਸ ਦੀ ਇਤਲਾਹ 'ਤੇ ਹਰਬੰਸ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਨੂੰ ਪਿੰਡ ਕਾਠਗੜ੍ਹ ਦੇ ਸ਼ਮਸ਼ਾਨ ਘਾਟ ਕੋਲ ਸਵਾ 25 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ। ਥਾਣਾ ਵੈਰੋਕੇ ਵਿਖੇ ਪੁਲਸ ਵੱਲੋਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਵਿਰੁੱਧ ਵੱਖ-ਵੱਖ ਮੁਕੱਦਮੇ ਆਬਕਾਰੀ ਐਕਟ ਅਧੀਨ ਦਰਜ ਕੀਤੇ ਗਏ ਹਨ।

## ਅੱਖਾਂ ਦਾ ਚੈੱਕਅਪ ਤੇ ਆਪ੍ਰੇਸ਼ਨ ਕੈਂਪ 30 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-'ਨੇਤਰਦਾਨ ਮਹਾਦਾਨ' ਦੇ ਸੰਕਲਪ ਨੂੰ ਹੋਰ ਬੁਲੰਦੀਆਂ 'ਤੇ ਲਿਜਾਣ ਵਾਲੀ ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ-ਡੋਨੇਸ਼ਨ ਸੋਸਾਇਟੀ ਰਾਮਪੁਰਾ ਫੂਲ ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ 160ਵਾਂ ਅੱਖਾਂ ਦਾ ਚੈੱਕਅਪ ਤੇ ਆਪ੍ਰੇਸ਼ਨ (ਲੈਂਜ) ਕੈਂਪ 30 ਅਗਸਤ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਬੱਸ ਸਟੈਂਡ ਰੋਡ ਨੇੜੇ ਨਗਰ ਕੌਂਸਲ ਦਫਤਰ ਰਾਮਪੁਰਾ ਫੂਲ ਵਿਖੇ ਲਗਾਇਆ ਜਾ ਰਿਹਾ ਹੈ।ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਆਪ੍ਰੇਸ਼ਨ (ਲੈਂਜ) ਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ।ਆਪ੍ਰੇਸ਼ਨ ਲਈ ਚੁਣੇ ਮਰੀਜ਼ਾਂ ਦਾ ਸਾਰਾ ਇਲਾਜ ਹਸਪਤਾਲ ਸੁਸਾਇਟੀ ਵੱਲੋਂ ਮੁਫਤ ਕੀਤਾ ਜਾਵੇਗਾ।ਮਰੀਜ਼ ਅਪਣਾ ਪਹਿਚਾਣ ਪੱਤਰ ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ ਜ਼ਰੂਰ ਲੈ ਕੇ ਆਉਣ।ਇਸ ਮੌਕੇ ਸੋਸਾਇਟੀ ਮੈਂਬਰ ਸ਼ੇਰ ਜੰਗ ਬੌਬੀ, ਵਿਜੈ ਕੁਮਾਰ, ਅਸ਼ਵਨੀ ਕੁਮਾਰ, ਫਕੀਰ ਚੰਦ, ਅਸ਼ੋਕ ਕੁਮਾਰ, ਸੰਜੀਵ ਕੁਮਾਰ, ਅਵਿਨਾਸ਼ ਕੁਮਾਰ, ਮਿਲਵਰਤਣ ਭੰਡਾਰੀ, ਗੁਲਸ਼ਨ ਕੁਮਾਰ, ਵਿਨੋਦ ਕੁਮਾਰ, ਪ੍ਰਸ਼ੋਤਮ ਕੁਮਾਰ ਬੌਬੀ, ਜਤਿੰਦਰ ਕੁਮਾਰ ਤੇ ਤਰਸੇਮ ਕੁਮਾਰ ਆਦਿ ਹਾਜ਼ਰ ਸਨ।

## ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਰਾਏਕੋਟ (ਸੰਤੋਖ ਗਿੱਲ)**-ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਵਿੱਚ ਪੰਜਾਬੀ ਸਭਿਆਚਾਰ ਤੇ ਵਿਰਸੇ ਨੂੰ ਸਮਰਪਤ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ।ਕਾਲਜ ਵੱਲੋਂ ਕਰਵਾਏ ਸਭਿਆਚਾਰਕ ਸਮਾਗਮ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਸਮਾਗਮ ਦੀ ਸ਼ੁਰੂਆਤ ਕਾਲਜ ਵਿੱਚ ਲੱਗੇ ਪਿੱਪਲ ਦੇ ਦਰੱਖਤ 'ਤੇ ਪੀਂਘ ਪਾ ਕੇ ਕੀਤੀ ਗਈ। ਇਸ ਉਪਰੰਤ ਵਿਦਿਆਰਥਣਾਂ ਵੱਲੋਂ ਗਿੱਧਾ ਤੇ ਬੋਲੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।

ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਮੈਡਮ ਅਮਨਦੀਪ ਕੌਰ ਖੰਗੂੜਾ ਨੇ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਧੀਆਂ ਕਿਸੇ ਵੀ ਪੱਖੋਂ ਪੁੱਤਰਾਂ ਤੋਂ ਘੱਟ ਨਹੀਂ ਹਨ ਤੇ ਉਨ੍ਹਾਂ ਨੂੰ ਵੀ ਸਮਾਜ ਵਿੱਚ ਤਰੱਕੀ ਦੇ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ।ਕਾਲਜ ਦੇ ਪ੍ਰਿੰਸੀਪਲ ਸੰਦੀਪ ਸਾਹਨੀ ਨੇ ਪੌਦਾ ਭੇਟ ਕਰਕੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ।ਕਾਲਜ ਦੇ ਲਾਇਬ੍ਰੇਰੀਅਨ ਡਾ. ਮਨਪ੍ਰੀਤ ਕੌਰ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ।ਸਮਾਗਮ ਦੌਰਾਨ ਮਹਿੰਦੀ ਤੇ ਮਿਸ ਤੀਜ ਦੇ ਮੁਕਾਬਲੇ ਵੀ ਕਰਵਾਏ ਗਏ।ਮਹਿੰਦੀ ਮੁਕਾਬਲੇ ਵਿੱਚ ਮੀਨੂ (ਬੀ.ਏ. ਭਾਗ ਤੀਜਾ) ਨੇ ਪਹਿਲਾ, ਕੋਮਲਪ੍ਰੀਤ ਕੌਰ (ਬੀ.ਕਾਮ. ਭਾਗ ਦੂਜਾ) ਨੇ ਦੂਜਾ ਅਤੇ ਦਿਲਪ੍ਰੀਤ ਕੌਰ (ਬੀ.ਸੀ.ਏ ਭਾਗ ਦੂਜਾ) ਨੇ ਤੀਜਾ ਸਥਾਨ ਹਾਸਲ ਕੀਤਾ।ਬੀ.ਸੀ.ਏ ਭਾਗ ਤੀਜਾ ਦੀ ਵਿਦਿਆਰਥਣ ਸਿਮਰਨ ਕੌਰ ਨੂੰ 'ਮਿਸ ਤੀਜ', ਬੀ.ਕਾਮ ਭਾਗ ਤੀਜਾ ਦੀ ਪ੍ਰਭਜੋਤ ਕੌਰ ਨੂੰ 'ਮਿਸ ਪੰਜਾਬਣ' ਤੇ ਸ਼ਬਨਮ ਕੌਰ ਨੂੰ 'ਸੋਹਣੀ' ਦਾ ਖ਼ਿਤਾਬ ਦਿੱਤਾ ਗਿਆ। ਮੁਕਾਬਲਿਆਂ ਵਿੱਚ ਪ੍ਰੋਫੈਸਰ ਸੁਖਜੀਤ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ, ਜਦਕਿ ਮੰਚ ਸੰਚਾਲਨ ਪ੍ਰੋਫੈਸਰ ਸ਼ਿਵਾਨੀ ਨੇ ਕੀਤਾ।ਇਸ ਮੌਕੇ ਡਾ. ਰਮਨਦੀਪ ਕੌਰ, ਪਰਮਜੀਤ ਕੌਰ, ਡਾ. ਕਮਲਜੀਤ ਸਿੰਘ ਸੋਹੀ, ਡਾ. ਲਖਬੀਰ ਕੌਰ, ਕੁਲਵੰਤ ਕੌਰ, ਰਾਜਵਿੰਦਰ ਕੌਰ, ਦਲਜੀਤ ਕੌਰ, ਹਰਸਿਮਰਨ ਕੌਰ ਸਮੇਤ ਕਾਲਜ ਦਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਲੋਕਾਂ ਦੀ ਜਾਨ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ : ਕਾਕਾ, ਹਨੀ

### ਜਗਰਾਓਂ ਦੀਆਂ ਸਮਾਜਿਕ ਸੰਸਥਾਵਾਂ ਨੂੰ ਵੀ ਅੱਗੇ ਆਉਣ ਦੀ ਅਪੀਲ



**ਜਗਰਾਉਂ (ਅਮਿਤ ਖੰਨਾ)**-ਝਾਂਸੀ ਰਾਣੀ ਚੌਕ ਨੇੜੇ ਸਥਿਤ ਰੇਲਵੇ ਪੁਲ 'ਤੇ ਸੁਰੱਖਿਆ ਰੇਲਿੰਗ ਦਾ ਮਾਮਲਾ ਹੁਣ ਗੰਭੀਰ ਰੂਪ ਧਾਰਦਾ ਜਾ ਰਿਹਾ ਹੈ।ਕਰੀਬ ਚਾਰ ਮਹੀਨੇ ਬੀਤ ਜਾਣ ਦੇ ਬਾਵਜੂਦ ਹਟਾਈ ਗਈ ਰੇਲਿੰਗ ਮੁੜ ਨਾ ਲੱਗਣਾ ਪ੍ਰਸ਼ਾਸਨ ਤੇ ਸਬੰਧਤ ਵਿਭਾਗਾਂ ਦੀ ਕਾਰਗੁਜ਼ਾਰੀ 'ਤੇ ਵੱਡੇ ਸਵਾਲ ਖੜ੍ਹੇ ਕਰ ਰਿਹਾ ਹੈ।ਇਲਾਕੇ ਦੇ ਲੋਕਾਂ ਵਿੱਚ ਰੋਸ ਹੈ ਕਿ ਆਖ਼ਰ ਲੋਕਾਂ ਦੀ ਸੁਰੱਖਿਆ ਨਾਲ ਜੁੜੇ ਇਸ ਗੰਭੀਰ ਮਾਮਲੇ ਨੂੰ ਇੰਨੀ ਲੰਮੀ ਦੇਰੀ ਕਿਉਂ ਝੱਲਣੀ ਪੈ ਰਹੀ ਹੈ। ਲੋਕਾਂ ਦਾ ਸਿੱਧਾ ਸਵਾਲ ਹੈ ਕਿ ਕੀ ਪ੍ਰਸ਼ਾਸਨ ਕਿਸੇ ਵੱਡੀ ਘਟਨਾ ਦੀ ਉਡੀਕ ਕਰ ਰਿਹਾ ਹੈ? ਜਦੋਂ ਪੁਲ 'ਤੇ ਆਵਾਜਾਈ ਲਗਾਤਾਰ ਰਹਿੰਦੀ ਹੈ ਤੇ ਸਥਿਤੀ ਪਹਿਲਾਂ ਹੀ ਸੰਵੇਦਨਸ਼ੀਲ ਹੈ ਤਾਂ ਸੁਰੱਖਿਆ ਦੇ ਇੰਤਜ਼ਾਮਾਂ ਵਿੱਚ ਮਹੀਨਿਆਂ ਦੀ ਦੇਰੀ ਨੂੰ ਆਖ਼ਿਰ ਕਿਵੇਂ ਜਾਇਜ਼ ਠਹਿਰਾਇਆ ਜਾ ਸਕਦਾ ਹੈ। ਇਸ ਮਾਮਲੇ ਨੂੰ ਲੈ ਕੇ ਲਾਇਨਜ਼ ਕਲੱਬ ਯੂਥ ਦੇ ਪ੍ਰਧਾਨ ਰਾਜਿੰਦਰ ਜੈਨ ਕਾਕਾ ਤੇ ਹਿਊਮਨ ਰਾਈਟਸ ਦੇ ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ ਨੇ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਨੂੰ ਤਿੱਖੇ ਸਵਾਲ ਕੀਤੇ ਹਨ।ਉਨ੍ਹਾਂ ਕਿਹਾ ਕਿ ਪੁਲ ਦੀ ਦੀਵਾਰ ਦੇ ਨਾਲ ਸੁਰੱਖਿਆ ਰੇਲਿੰਗ ਲੱਗਣਾ ਬਹੁਤ ਜ਼ਰੂਰੀ ਹੈ ਤੇ ਲੋਕਾਂ ਦੀ ਜਾਨ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮਨਜਿੰਦਰ ਪਾਲ ਸਿੰਘ ਹਨੀ ਨੇ ਕਿਹਾ ਕਿ ਸੜਕ ਨਿਰਮਾਣ ਦੇ ਕੰਮ ਦੌਰਾਨ ਰੇਲਿੰਗ ਹਟਾਈ ਗਈ ਸੀ, ਪਰ ਕੰਮ ਮੁਕੰਮਲ ਹੋਣ ਤੋਂ ਬਾਅਦ ਵੀ ਇਸ ਨੂੰ ਮੁੜ ਲਗਾਉਣ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ।ਉਨ੍ਹਾਂ ਸਵਾਲ ਕੀਤਾ ਕਿ ਜੇ ਰੇਲਿੰਗ ਲਗਾਉਣ ਲਈ ਸਾਮਾਨ ਮੌਜੂਦ ਹੈ ਤਾਂ ਫਿਰ ਚਾਰ ਮਹੀਨਿਆਂ ਤੋਂ ਇਹ ਕੰਮ ਕਿਸ ਕਾਰਨ ਅਟਕਿਆ ਹੋਇਆ ਹੈ? ਜ਼ਿੰਮੇਵਾਰ ਅਧਿਕਾਰੀ ਲੋਕਾਂ ਨੂੰ ਇਹ ਸਪੱਸ਼ਟ ਕਰਨ ਕਿ ਆਖ਼ਿਰ ਇਸ ਦੇਰੀ ਲਈ ਜ਼ਿੰਮੇਵਾਰ ਕੌਣ ਹੈ ਤੇ ਰੇਲਿੰਗ ਕਦੋਂ ਤੱਕ ਲਗਾਈ ਜਾਵੇਗੀ ਉਨ੍ਹਾਂ ਕਿਹਾ ਕਿ ਪੁਲ 'ਤੇ ਆਵਾਜਾਈ ਦਾ ਦਬਾਅ ਰਹਿੰਦਾ ਹੈ ਤੇ ਕਈ ਵਾਰ ਵਾਹਨਾਂ ਦੇ ਗਲਤ ਦਿਸ਼ਾ ਤੋਂ ਮੁੜਨ ਕਾਰਨ ਸਥਿਤੀ ਹੋਰ ਵੀ ਖਤਰਨਾਕ ਬਣ ਜਾਂਦੀ ਹੈ।ਅਜਿਹੇ ਹਾਲਾਤਾਂ ਵਿੱਚ ਸੁਰੱਖਿਆ ਰੇਲਿੰਗ ਦਾ ਨਾ ਹੋਣਾ ਕੋਈ ਛੋਟੀ-ਮੋਟੀ ਕਮੀ ਨਹੀਂ, ਸਗੋਂ ਸਿੱਧੇ ਤੌਰ 'ਤੇ ਲੋਕਾਂ ਦੀ ਸੁਰੱਖਿਆ ਨਾਲ ਜੁੜਿਆ ਗੰਭੀਰ ਮਾਮਲਾ ਹੈ।ਰਾਜਿੰਦਰ ਜੈਨ ਕਾਕਾ ਨੇ ਕਿਹਾ ਕਿ ਜ਼ਿੰਮੇਵਾਰ ਵਿਭਾਗ ਇੱਕ-ਦੂਜੇ ਵੱਲ ਉਂਗਲ ਕਰਨ ਤੇ ਜ਼ਿੰਮੇਵਾਰੀ ਤੋਂ ਪੱਲਾ ਝਾੜਨ ਦੀ ਬਜਾਏ ਤੁਰੰਤ ਕੰਮ ਪੂਰਾ ਕਰਨ।ਕਾਕਾ ਨੇ ਕਿਹਾ ਕਿ ਹੁਣ ਸਿਰਫ਼ ਭਰੋਸਿਆਂ ਤੇ ਵਾਅਦਿਆਂ ਨਾਲ ਕੰਮ ਨਹੀਂ ਚੱਲੇਗਾ।ਉਨ੍ਹਾਂ ਚੇਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਲੋਕਾਂ ਦੀ ਸੁਰੱਖਿਆ ਨੂੰ ਇਸੇ ਤਰ੍ਹਾਂ ਨਜ਼ਰਅੰਦਾਜ਼ ਕੀਤਾ ਗਿਆ ਤਾਂ ਜਨਤਾ ਦਾ ਰੋਸ ਹੋਰ ਵਧੇਗਾ। ਉਨ੍ਹਾਂ ਜਗਰਾਓਂ ਦੀਆਂ ਸਮੂਹ ਸਮਾਜਿਕ, ਧਾਰਮਿਕ, ਵਪਾਰਕ ਅਤੇ ਹੋਰ ਸੰਸਥਾਵਾਂ ਨੂੰ ਵੀ ਅੱਗੇ ਆਉਣ ਦੀ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਪ੍ਰਸ਼ਾਸਨ ਤੱਕ ਲੋਕਾਂ ਦੀ ਆਵਾਜ਼ ਪਹੁੰਚਾਉਣ ਤੇ ਇਸ ਸੁਰੱਖਿਆ ਰੇਲਿੰਗ ਨੂੰ ਜਲਦ ਤੋਂ ਜਲਦ ਲਗਵਾਉਣ ਲਈ ਦਬਾਅ ਬਣਾਉਣ।

## ਧੋਖੇ ਨਾਲ 15 ਏਕੜ ਜ਼ਮੀਨ ਵੇਚਣ ਦੇ ਮਾਮਲੇ 'ਚੋਂ ਮੁਲਜ਼ਮ ਬਰੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਰਾਜਿੰਦਰ ਸਿੰਘ ਤੇ ਬਲਵਿੰਦਰ ਸਿੰਘ ਜੋ ਕਿ ਕੈਨੇਡਾ ਵਿੱਚ ਰਹਿੰਦੇ ਹਨ, ਉਨ੍ਹਾਂ ਦੀ 15 ਏਕੜ ਜ਼ਮੀਨ ਪਿੰਡ ਬੁੱਟਰ ਵਿਖੇ ਹੈ, ਜਿਸ ਦਾ ਕਿ ਕੋਈ ਅਣਪਛਾਤਾ ਵਿਅਕਤੀ ਰਜਿੰਦਰ ਸਿੰਘ ਬਣ ਕੇ 31 ਲੱਖ ਰੁਪਏ ਬਿਆਨੇ ਦੇ ਤੌਰ 'ਤੇ ਇੰਦਰਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਆਹਲੂਪੁਰ ਜ਼ਿਲ੍ਹਾ ਮਾਨਸਾ ਤੋਂ ਲੈ ਗਿਆ।ਇਸ ਸਬੰਧੀ ਉਕਤ ਰਜਿੰਦਰ ਸਿੰਘ ਦੇ ਮੁਖ਼ਤਿਆਰ ਤੇਜਿੰਦਰ ਸਿੰਘ ਪੁੱਤਰ ਬਸੰਤ ਸਿੰਘ ਵਾਸੀ ਮੋਗਾ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਥਾਣਾ ਬੱਧਨੀ ਕਲਾਂ ਵਿਖੇ ਨਾਜਰ ਸਿੰਘ ਪੁੱਤਰ ਹਜ਼ਾਰਾ ਸਿੰਘ ਵਾਸੀ ਮੋਗਾ ਤੇ ਬੇਅੰਤ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਡਾਲਾ ਜ਼ਿਲ੍ਹਾ ਮੋਗਾ ਖਿਲਾਫ ਦਰਜ ਹੋਇਆ।ਉਕਤ ਮੁਕੱਦਮੇ ਵਿੱਚ ਦੋਸ਼ੀ ਬੇਅੰਤ ਸਿੰਘ ਦੇ ਵਕੀਲ ਦਲਜੀਤ ਸਿੰਘ ਧਾਲੀਵਾਲ ਤੇ ਪਰਵਿੰਦਰ ਸਿੰਘ ਮਧੇਕੇ ਨੇ ਮੁਲਜ਼ਮ ਬੇਅੰਤ ਸਿੰਘ ਦਾ ਪੱਖ ਪੇਸ਼ ਕੀਤਾ। ਐਡਵੋਕੇਟ ਦਲਜੀਤ ਸਿੰਘ ਧਾਲੀਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਣਯੋਗ ਅਦਾਲਤ ਸ਼੍ਰੀਮਤੀ ਸ਼ਿਵਾਂਗੀ ਸੰਗਰ ਐੱਸ. ਡੀ. ਜੇ. ਐੱਮ. ਨਿਹਾਲ ਸਿੰਘ ਵਾਲਾ ਨੇ ਉਨ੍ਹਾਂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਉਕਤ ਮੁਲਜ਼ਮ ਬੇਅੰਤ ਸਿੰਘ ਨੂੰ ਬਾਇੱਜ਼ਤ ਬਰੀ ਕਰ ਦਿੱਤਾ।

## ਟ੍ਰੈਫਿਕ ਲਾਈਟਾਂ ਦਾ ਮਾਮਲਾ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਪੁੱਜਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ-ਸੰਗਰੂਰ ਮੁੱਖ ਮਾਰਗ 'ਤੇ ਸਥਿਤ ਕੱਕੜਵਾਲ ਚੌਂਕ ਦੀਆਂ ਲੰਮੇ ਸਮੇਂ ਤੋਂ ਬੰਦ ਪਈਆਂ ਟ੍ਰੈਫਿਕ ਲਾਈਟਾਂ ਦਾ ਮਾਮਲਾ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਪੁੱਜ ਗਿਆ ਹੈ।'ਸੋਸਾਇਟੀ ਫ਼ਾਰ ਲਾਅ ਐਂਡ ਜਸਟਿਸ ਪੰਜਾਬ' ਵੱਲੋਂ ਦਾਇਰ ਜਨਹਿਤ ਸ਼ਿਕਾਇਤ 'ਤੇ ਕਮਿਸ਼ਨ ਦੇ ਚੇਅਰਪਰਸਨ ਜਸਟਿਸ ਸੰਤ ਪ੍ਰਕਾਸ਼ ਤੇ ਮੈਂਬਰ ਜਸਟਿਸ ਗੁਰਬੀਰ ਸਿੰਘ ਦੇ ਬੈਂਚ ਨੇ ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਸੰਗਰੂਰ ਤੋਂ 24 ਸਤੰਬਰ ਤੱਕ ਰਿਪੋਰਟ ਤਲਬ ਕੀਤੀ ਹੈ।ਸੋਸਾਇਟੀ ਦੇ ਪ੍ਰਧਾਨ ਐਡਵੋਕੇਟ ਹਰਵਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਇਹ ਚੌਂਕ ਧੂਰੀ, ਸੰਗਰੂਰ, ਬਰਨਾਲਾ ਤੇ ਮਲੇਰਕੋਟਲਾ ਨੂੰ ਜੋੜਦਾ ਹੈ ਤੇ ਇੱਥੋਂ ਰੋਜ਼ਾਨਾ ਹਜ਼ਾਰਾਂ ਵਾਹਨ ਲੰਘਦੇ ਹਨ। ਲਾਈਟਾਂ ਬੰਦ ਹੋਣ ਕਾਰਨ ਹਾਦਸਿਆਂ ਦਾ ਖ਼ਤਰਾ ਵਧ ਗਿਆ ਹੈ ਤੇ ਅਕਸਰ ਜਾਮ ਲੱਗਦਾ ਹੈ। ਸ਼ਿਕਾਇਤ ਵਿੱਚ ਲਾਈਟਾਂ ਤੁਰੰਤ ਚਾਲੂ ਕਰਨ, ਨਿਯਮਤ ਸਾਂਭ-ਸੰਭਾਲ ਤੇ ਮੁਰੰਮਤ ਹੋਣ ਤੱਕ ਟ੍ਰੈਫਿਕ ਪੁਲਸ ਤਾਇਨਾਤ ਕਰਨ ਦੀ ਮੰਗ ਕੀਤੀ ਗਈ ਹੈ।

## 2027 ਦੀਆਂ ਚੋਣਾਂ ਲਈ ਮਾਲਵਿਕਾ ਸੂਦ ਨੇ ਖਿੱਚੀ ਤਿਆਰੀ

### ਸ਼ਹਿਰੀ ਖੇਤਰ ਦੇ ਇਲਾਵਾ ਪਿੰਡਾਂ 'ਚ ਸਰਗਰਮੀਆਂ ਤੇਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਧਾਨ ਸਭਾ ਹਲਕਾ ਮੋਗਾ ਦੀ ਕਾਂਗਰਸ ਪਾਰਟੀ ਦੀ ਇੰਚਾਰਜ ਮਾਲਵਿਕਾ ਸੂਦ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹੁਣੇ ਤੋਂ ਹੀ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ।ਮਾਲਵਿਕਾ ਸੂਦ ਵੱਲੋਂ ਹਲਕੇ ਵਿੱਚ ਲਗਾਤਾਰ ਪਾਰਟੀ ਆਗੂਆਂ, ਵਰਕਰਾਂ ਤੇ ਵੱਖ-ਵੱਖ ਵਿੰਗਾਂ ਦੇ ਅਹੁਦੇਦਾਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਦਾ ਮੁੱਖ ਮਕਸਦ ਪਾਰਟੀ ਦੀ ਜਥੇਬੰਦਕ ਸਥਿਤੀ ਨੂੰ ਹੋਰ ਮਜ਼ਬੂਤ ਕਰਨਾ ਤੇ ਆਗਾਮੀ ਵਿਧਾਨ ਸਭਾ ਚੋਣਾਂ 'ਚ ਹਲਕਾ ਮੋਗਾ ਤੋਂ ਕਾਂਗਰਸ ਪਾਰਟੀ ਦੀ ਮਜ਼ਬੂਤ ਜਿੱਤ ਲਈ ਰਣਨੀਤੀ ਤਿਆਰ ਕਰਨਾ ਦੱਸਿਆ ਜਾ ਰਿਹਾ ਹੈ।ਮਾਲਵਿਕਾ ਸੂਦ ਵੱਲੋਂ ਸ਼ਹਿਰ ਦੇ ਨਾਲ-ਨਾਲ ਹਲਕੇ ਦੇ ਪਿੰਡਾਂ ਵਿੱਚ ਵੀ ਲੋਕ ਮਿਲਣੀਆਂ ਦਾ ਸਿਲਸਿਲਾ ਜਾਰੀ ਰੱਖਿਆ ਹੋਇਆ ਹੈ।

ਇਨ੍ਹਾਂ ਲੋਕ ਮਿਲਣੀਆਂ ਦੌਰਾਨ ਉਹ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਬਾਰੇ ਜਾਣੂ ਕਰਵਾ ਰਹੇ ਹਨ।ਪਾਰਟੀ ਆਗੂਆਂ ਅਨੁਸਾਰ ਇਨ੍ਹਾਂ ਮੀਟਿੰਗਾਂ ਤੇ ਲੋਕ ਮਿਲਣੀਆਂ ਵਿੱਚ ਵਰਕਰਾਂ ਤੇ ਆਮ ਲੋਕਾਂ ਦੀ ਸ਼ਮੂਲੀਅਤ ਨੂੰ ਪਾਰਟੀ ਲਈ ਉਤਸ਼ਾਹਜਨਕ ਮੰਨਿਆ ਜਾ ਰਿਹਾ ਹੈ।ਮਾਲਵਿਕਾ ਸੂਦ ਦੀਆਂ ਲਗਾਤਾਰ ਚੱਲ ਰਹੀਆਂ ਸਿਆਸੀ ਗਤੀਵਿਧੀਆਂ ਨੇ ਹਲਕਾ ਮੋਗਾ ਵਿੱਚ ਕਾਂਗਰਸ ਪਾਰਟੀ ਦੇ ਵਰਕਰਾਂ ਵਿਚ ਵੀ ਉਤਸ਼ਾਹ ਪੈਦਾ ਕੀਤਾ ਹੈ।ਇਸ ਮੌਕੇ ਮਾਲਵਿਕਾ ਸੂਦ ਨੇ ਕਿਹਾ ਕਿ ਕਾਂਗਰਸ ਪਾਰਟੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਆਗੂ ਤੇ ਵਰਕਰ ਪੂਰੀ ਮਿਹਨਤ ਨਾਲ ਲੋਕਾਂ ਤੱਕ ਪਹੁੰਚ ਕਰ ਰਹੇ ਹਨ ਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲਗਾਤਾਰ ਉਠਾਇਆ ਜਾ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ ਤੇ ਹਲਕਾ ਮੋਗਾ ਤੋਂ ਵੀ ਕਾਂਗਰਸ ਸ਼ਾਨਦਾਰ ਜਿੱਤ ਦਰਜ ਕਰੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਆਗੂ, ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਵਿਵੇਕਾਨੰਦ ਦੇ ਬੱਚਿਆਂ ਨੇ ਬੀ ਐੱਸ ਐੱਫ ਜਵਾਨਾਂ ਨੂੰ ਬੰਨ੍ਹੀਆਂ ਰੱਖੜੀਆਂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਵਿਵੇਕਾਨੰਦ ਜੂਨੀਅਰ ਦੇ ਵਿਦਿਆਰਥੀਆਂ ਨੇ ਸੈਕਟਰ ਹੈੱਡਕੁਆਰਟਰ, ਬੀਐੱਸਐੱਫ ਫਿਰੋਜ਼ਪੁਰ ਵਿਖੇ ਪਹੁੰਚ ਕੇ ਦੇਸ਼ ਦੇ ਬਹਾਦਰ ਜਵਾਨਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ। ਵਿਦਿਆਰਥੀਆਂ ਨੇ ਕਮਾਂਡੈਂਟ ਮਯੰਕ ਉਪਾਧਿਆਏ ਤੇ ਹੋਰ ਅਧਿਕਾਰੀਆਂ ਨੂੰ ਆਪਣੇ ਹੱਥਾਂ ਨਾਲ ਤਿਆਰ ਕੀਤੀਆਂ ਵਾਤਾਵਰਣ-ਅਨੁਕੂਲ ਰੱਖੜੀਆਂ ਬੰਨ੍ਹ ਕੇ ਉਨ੍ਹਾਂ ਦੀ ਨਿਸ਼ਕਾਮ ਸੇਵਾ ਪ੍ਰਤੀ ਡੂੰਘਾ ਸਤਿਕਾਰ ਤੇ ਧੰਨਵਾਦ ਪ੍ਰਗਟ ਕੀਤਾ। ਵਿਦਿਆਰਥੀਆਂ ਵੱਲੋਂ ਖੁਦ ਤਿਆਰ ਕੀਤੀਆਂ ਗਈਆਂ ਈਕੋ-ਫਰੈਂਡਲੀ (ਵਾਤਾਵਰਣ-ਅਨੁਕੂਲ) ਰੱਖੜੀਆਂ ਨੇ ਨਾ ਕੇਵਲ ਤਿਉਹਾਰ ਦੀ ਖੁਸ਼ੀ ਨੂੰ ਦੂਣਾ ਕੀਤਾ, ਬਲਕਿ ਸਮਾਜ ਨੂੰ ਕੁਦਰਤ ਦੀ ਸਾਂਭ-ਸੰਭਾਲ ਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਬਣਨ ਦਾ ਇੱਕ ਬਹੁਤ ਹੀ ਖੂਬਸੂਰਤ ਤੇ ਹਾਂ-ਪੱਖੀ ਸੰਦੇਸ਼ ਵੀ ਦਿੱਤਾ। ਮੁਲਾਕਾਤ ਦੌਰਾਨ ਵਿਦਿਆਰਥੀਆਂ ਨੂੰ ਬੀਐੱਸਐੱਫ ਦੇ ਉੱਚ ਅਧਿਕਾਰੀਆਂ ਤੇ ਜਵਾਨਾਂ ਨਾਲ ਸਿੱਧੀ ਗੱਲਬਾਤ ਕਰਨ ਦਾ ਸੁਨਹਿਰੀ ਮੌਕਾ ਮਿਲਿਆ। ਇਸ ਭਾਵਪੂਰਤ ਤੇ ਪ੍ਰੇਰਨਾਦਾਇਕ ਮਿਲਣੀ ਨਾਲ ਬੱਚਿਆਂ ਦੇ ਮਨਾਂ ਵਿਚ ਦੇਸ਼ ਭਗਤੀ, ਰਾਸ਼ਟਰੀ ਅਭਿਮਾਨ ਤੇ ਜਵਾਨਾਂ ਪ੍ਰਤੀ ਸਤਿਕਾਰ ਦੀ ਭਾਵਨਾ ਹੋਰ ਵੀ ਮਜ਼ਬੂਤ ਹੋਈ। ਸਰਹੱਦਾਂ ਦੀ ਰੱਖਿਆ ਕਰਨ ਵਾਲੇ ਵੀਰਾਂ ਦੀ ਹਿੰਮਤ ਤੋਂ ਪ੍ਰੇਰਨਾ ਲੈਂਦਿਆਂ ਵਿਦਿਆਰਥੀਆਂ ਨੇ ਆਪਣੇ ਜੀਵਨ ਵਿਚ ਦੇਸ਼ ਸੇਵਾ, ਸਮਾਜਿਕ ਜ਼ਿੰਮੇਵਾਰੀ ਤੇ ਉੱਚੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਦਾ ਦ੍ਰਿੜ੍ਹ ਸੰਕਲਪ ਲਿਆ।

## ਬਿਜਲੀ ਮੁਲਾਜ਼ਮ ਜਥੇਬੰਦੀਆਂ ਵੱਲੋਂ ਥਰਮਲ ਗੇਟ 'ਤੇ ਰੈਲੀ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਦੀਆਂ ਬਿਜਲੀ ਮੁਲਾਜ਼ਮ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ (ਰਜਿ. 49), ਇੰਪਲਾਈਜ਼ ਫੈਡਰੇਸ਼ਨ (ਚਾਹਲ), ਗਰਿੱਡ ਸਬ-ਸਟੇਸ਼ਨ ਯੂਨੀਅਨ, ਜੂਨੀਅਰ ਇੰਜੀਨੀਅਰ ਐਸੋਸੀਏਸ਼ਨ, ਇੰਪਲਾਈਜ਼ ਯੂਨੀਅਨ ਤੇ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਥਰਮਲ ਗੇਟ 'ਤੇ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਂਝੇ ਫਰੰਟ ਦੇ ਆਗੂਆਂ ਨਾਲ ਜਲੰਧਰ ਵਿਖੇ ਰੱਖੀ ਮੀਟਿੰਗ ਵੀ ਕੈਂਸਲ ਕਰ ਦਿੱਤੀ। ਮਾਨ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦੇ ਕੇ, ਮੀਟਿੰਗ ਨਾ ਕਰਨਾ ਬਹੁਤ ਹੀ ਨਿੰਦਣਯੋਗ ਹੈ। ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਹਾਈਕੋਰਟ ਦੇ ਫੈਸਲੇ ਅਨੁਸਾਰ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਵਿੱਚ 18 ਪ੍ਰਤੀਸ਼ਤ ਦਾ ਵਾਧਾ ਕੀਤਾ ਜਾਵੇ। ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਪ੍ਰਧਾਨ ਰਘਬੀਰ ਸਿੰਘ ਸੈਣੀ ਨੇ ਮੰਗ ਕੀਤੀ ਕਿ ਮਿਤੀ 17/07/2020 ਤੋਂ ਭਰਤੀ ਹੋਏ ਮੁਲਾਜ਼ਮਾਂ ਲਈ ਛੇਵਾਂ ਪੇ ਕਮਿਸ਼ਨ ਲਾਗੂ ਕੀਤਾ ਜਾਵੇ ਤੇ ਕੱਚੇ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ। ਰੈਲੀ ਨੂੰ ਹੋਰਨਾਂ ਤੋਂ ਇਲਾਵਾ ਸੂਬਾ ਆਗੂ ਅਵਤਾਰ ਸਿੰਘ, ਪ੍ਰਧਾਨ ਰਣਜੀਤ ਸਿੰਘ, ਜਨਰਲ ਸਕੱਤਰ ਰਜਿੰਦਰ ਨਿੰਮਾ, ਐੱਮ ਐੱਸ ਯੂ ਦੇ ਪ੍ਰਧਾਨ ਸੁਖਦੇਵ ਸਿੰਘ ਗਰੇਵਾਲ, ਬਲਵਿੰਦਰ ਸਿੰਘ ਖਾਲਸਾ, ਇੰਜੀ. ਦਿਲਪ੍ਰੀਤ ਸਿੰਘ ਤੇ ਪਿਆਰਾ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਵਾਇਸ ਚਾਂਸਲਰ ਡਾ. ਬਾਂਸਲ ਨੂੰ ਵਿਧਾਇਕ ਸੇਖੋਂ ਤੇ ਡਾ. ਢਿੱਲੋਂ ਨੇ ਦਿੱਤੀ ਵਧਾਈ




**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)**-ਸਥਾਨਕ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵਿਖੇ ਵਿਸ਼ਵ ਪ੍ਰਸਿੱਧ ਡਾ. ਰਜਿੰਦਰ ਕੁਮਾਰ ਬਾਂਸਲ ਨੇ ਸੱਤਵੇਂ ਵਾਇਸ ਚਾਂਸਲਰ ਵਜੋਂ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਦੀ ਇਸ ਮਾਨਮੱਤੀ ਨਿਯੁਕਤੀ 'ਤੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਤੇ ਹੋਰਨਾਂ ਸੂਝਵਾਨ ਵਿਅਕਤੀਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਡਾ. ਬਾਂਸਲ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਨਰਸਿੰਗ ਟਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਡਾ. ਬਾਂਸਲ ਨੂੰ ਬਾਬਾ ਫਰੀਦ ਜੀ ਦੀ ਚਰਨਛੋਹ ਪ੍ਰਾਪਤ ਪਵਿੱਤਰ ਧਰਤੀ 'ਤੇ ਆਉਣ ਲਈ ਜੀ ਆਇਆਂ ਆਖਿਆ। ਵਿਧਾਇਕ ਸੇਖੋਂ ਨੇ ਵਾਇਸ ਚਾਂਸਲਰ ਡਾ. ਬਾਂਸਲ ਦੀ ਡਾ. ਢਿੱਲੋਂ ਨਾਲ ਜਾਣ ਪਛਾਣ ਕਰਾਉਂਦਿਆਂ ਦੱਸਿਆ ਕਿ ਡਾ. ਮਨਜੀਤ ਸਿੰਘ ਢਿੱਲੋਂ ਜਿੱਥੇ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਖੇਡ ਕਲੱਬਾਂ, ਵਾਤਾਵਰਣ ਦੀ ਸ਼ੁੱਧਤਾ ਲਈ ਯਤਨਸ਼ੀਲ ਸੰਸਥਾਵਾਂ ਤੇ ਨਰਸਿੰਗ ਵਰਗੇ ਵਿੱਦਿਅਕ ਅਦਾਰਿਆਂ ਨਾਲ ਜੁੜੇ ਹੋਏ ਹਨ, ਉੱਥੇ ਪਿਛਲੇ ਕਰੀਬ 4 ਦਹਾਕਿਆਂ ਅਰਥਾਤ 40 ਸਾਲਾਂ ਤੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਲਗਾਤਾਰ ਯਤਨਸ਼ੀਲ ਹਨ। ਡਾ. ਬਾਂਸਲ ਨੇ ਵਿਧਾਇਕ ਸੇਖੋਂ ਤੇ ਡਾ. ਢਿੱਲੋਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਨਰਸਿੰਗ ਕਿੱਤੇ ਦੀ ਬਹੁਤ ਲੋੜ ਹੈ, ਕਿਉਂਕਿ ਦੁਨੀਆਂ ਭਰ ਵਿੱਚ ਨਰਸਾਂ ਦੀ ਭਾਰੀ ਮੰਗ ਹੈ। ਵਿਧਾਇਕ ਸੇਖੋਂ ਤੇ ਡਾ. ਢਿੱਲੋਂ ਨੇ ਦੱਸਿਆ ਕਿ ਨਵ-ਨਿਯੁਕਤ ਵਾਇਸ ਚਾਂਸਲਰ ਡਾ. ਬਾਂਸਲ ਖੁਦ ਵੀ ਮੌਜੂਦਾ ਗਵਰਨਿੰਗ ਬਾਡੀ ਦੇ ਮੈਂਬਰ ਹਨ।

## ਜਰਨੈਲ ਸਿੰਘ ਐੱਸ ਸੀ ਵਿੰਗ ਮਾਲਵਾ ਜ਼ੋਨ ਦਾ ਮੀਤ ਪ੍ਰਧਾਨ ਨਿਯੁਕਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਿੰਡ ਦੁੱਨੇਕੇ ਦੇ ਵਸਨੀਕ ਤੇ ਸਾਬਕਾ ਕੌਂਸਲਰ ਚਰਨਜੀਤ ਸਿੰਘ ਦੇ ਛੋਟੇ ਭਰਾ ਜਰਨੈਲ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮਾਲਵਾ ਜ਼ੋਨ-1 ਐੱਸ.ਸੀ. ਵਿੰਗ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨਾਲ ਇਲਾਕੇ ਦੇ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਜਰਨੈਲ ਸਿੰਘ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ ਲਈ ਹਮੇਸ਼ਾ ਰਿਣੀ ਰਹਿਣਗੇ।ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਤੇ ਗਤੀਵਿਧੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨਗੇ।ਜਰਨੈਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਤੇ ਕੌਮੀ ਮੀਤ ਪ੍ਰਧਾਨ ਰਾਜਵੰਤ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਆਗੂਆਂ ਵੱਲੋਂ ਦਿੱਤੇ ਸਹਿਯੋਗ ਤੇ ਹੌਸਲੇ ਲਈ ਉਹ ਦਿਲੋਂ ਧੰਨਵਾਦੀ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਐੱਸ.ਸੀ. ਵਿੰਗ ਦੀਆਂ ਗਤੀਵਿਧੀਆਂ ਨੂੰ ਹੋਰ ਸਰਗਰਮ ਕੀਤਾ ਜਾਵੇਗਾ ਤੇ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ।ਇਸ ਮੌਕੇ ਜਰਨੈਲ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦੇਣ ਵਾਲਿਆਂ ਵਿੱਚ ਐੱਸ.ਸੀ. ਵਿੰਗ ਦੇ ਹਲਕਾ ਪ੍ਰਧਾਨ ਬਲਜੀਤ ਸਿੰਘ, ਜਗਜੀਤ ਸਿੰਘ ਘਾਰੂ, ਜੋਤੀ ਦੁੱਨੇਕੇ, ਦੀਪਾ ਦੁੱਨੇਕੇ, ਡਾ. ਲਛਮਣ ਸਿੰਘ ਤੇ ਗੁਰਵੀਰ ਸਿੰਘ ਲਵਲੀ ਦੁੱਨੇਕੇ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਸ਼ਾਮਲ ਸਨ।

## ਗੁਰੂ ਰਵਿਦਾਸ ਜੀ ਬਾਰੇ ਦਸਤਾਵੇਜ਼ੀ ਫਿਲਮ ਦਿਖਾਈ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਾਤੜਾਂ ਬਲਾਕ ਦੇ ਪਿੰਡ ਹਾਮਝੇੜੀ, ਸੰਗਤਪੁਰਾ ਬੁਰਦ ਤੇ ਭਗਤ ਸਿੰਘ ਨਗਰ ਵਿੱਚ ਐੱਲਈਡੀ ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਿਖਾਈ ਗਈ।ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਉਪਰਾਲੇ ਰਾਹੀਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਲਈ ਕੀਤਾ ਜਾ ਰਿਹਾ ਹੈ।ਫਿਲਮ ਦੇਖਣ ਆਏ ਲੋਕਾਂ ਦਾ ਕਹਿਣਾ ਹੈ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਨਾ ਹੀ ਪ੍ਰਸੰਗਿਕ ਹੈ ਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

## ਨਵਾਂਗਾਉਂ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਮਿਲਿਆ ਵੱਡਾ ਹੁੰਗਾਰਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਹਲਕਾ ਸਮਾਣਾ ਦੇ ਪਿੰਡ ਨਵਾਂਗਾਉਂ ਵਿਖੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਵੱਖ-ਵੱਖ ਪਾਰਟੀਆਂ ਨਾਲ ਸਬੰਧਤ ਕਈ ਨੌਜਵਾਨ ਪਾਰਟੀ ਆਗੂ ਸੁਖਦੀਪ ਘੁਮਾਣ ਦੇ ਯਤਨਾਂ ਸਦਕਾ ਜਥੇਦਾਰ ਜਗਮੀਤ ਸਿੰਘ ਹਰਿਆਊ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਨੌਜਵਾਨਾਂ ਦਾ ਵੱਡਾ ਇਕੱਠ ਹੋਇਆ, ਜਿਸ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ।ਨੌਜਵਾਨਾਂ ਵਿੱਚ ਪਾਰਟੀ ਪ੍ਰਤੀ ਦੇਖਣ ਨੂੰ ਮਿਲੇ ਜੋਸ਼ ਤੇ ਉਤਸ਼ਾਹ ਨੇ ਸ਼੍ਰੋਮਣੀ ਅਕਾਲੀ ਦਲ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕੀਤੀ।ਪਿੰਡ ਨਵਾਂਗਾਉ ਵਿਖੇ ਮਿਲੇ ਇਸ ਭਰਵੇਂ ਹੁੰਗਾਰੇ ਤੋਂ ਸਪੱਸ਼ਟ ਹੁੰਦਾ ਹੈ ਕਿ ਹਲਕਾ ਸਮਾਣਾ ਵਿੱਚ ਜਥੇਦਾਰ ਜਗਮੀਤ ਸਿੰਘ ਹਰਿਆਊ ਤੇ ਸ਼੍ਰੋਮਣੀ ਅਕਾਲੀ ਦਲ ਦੀ ਲਹਿਰ ਲਗਾਤਾਰ ਮਜ਼ਬੂਤ ਹੋ ਰਹੀ ਹੈ।ਨੌਜਵਾਨਾਂ ਦੀ ਵਧ ਰਹੀ ਸ਼ਮੂਲੀਅਤ ਨੂੰ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਇੱਕ ਅਹਿਮ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਨੌਜਵਾਨਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਹਰਦਮ ਸਿੰਘ, ਗੁਰਭੇਜ ਸਿੰਘ ਕਮਾਲਪੁਰ, ਰਮਨਦੀਪ ਸੰਧੂ, ਨਿਸ਼ਾਨ ਸਿੰਘ ਸੰਧੂ, ਮਲਕੀਤ ਸਿੰਘ ਚੀਮਾ, ਹਰਮਨ ਬੱਲ, ਕੁਲਦੀਪ ਸਿੰਘ ਲਾਡੀ ਜਵੰਦਾ, ਰਛਪਿੰਦਰ ਖੇੜਕੀ, ਹੁਸ਼ਿਆਰਪੁਰ ਚੀਮਾ, ਸਿਕੰਦਰ ਸਿੰਘ, ਗੁਰਵਿੰਦਰ ਕਰਹਾਲੀ, ਗੁਲਾਬ ਸਿੰਘ, ਸੈਪੀ ਖੌਖਰ, ਹਰਜੀਤ ਸਰਪੰਚ, ਨਸੀਬ ਸਰਪੰਚ, ਗੁਰਜੰਟ ਮਵੀਂ, ਅਮਨ ਮਵੀਂ ਤੇ ਰਣਯੋਧ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਖੰਡ ਮਿੱਲ ਪੱਕਾ ਮੋਰਚਾ 100ਵੇਂ ਦਿਨ 'ਚ ਦਾਖ਼ਲ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ਼ੇਰੋਂ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ ਅਤੇ ਖੰਡ ਮਿੱਲ ਮੁੜ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 21 ਮਈ ਤੋਂ ਲਗਾਏ ਪੱਕੇ ਮੋਰਚੇ ਦੇ 100ਵੇਂ ਦਿਨ ਮੁੱਖ ਮੰਤਰੀ ਦੇ ਰਵੱਈਏ ਖਿਲਾਫ ਕਿਸਾਨ ਆਗੂਆਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨਾਲ ਸਬੰਧਤ ਆਗੂਆਂ ਤਰਸੇਮ ਸਿੰਘ ਲੁਹਾਰ, ਰਤਨ ਸਿੰਘ ਢੰਡ, ਦਵਿੰਦਰ ਸੋਹਲ, ਕਸ਼ਮੀਰ ਸਿੰਘ ਸ਼ੇਰੋਂ, ਅਸ਼ਵਨੀ ਕੁਮਾਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਜੱਸਾ ਸਿੰਘ ਕੰਦਿਗਿੱਲ ਆਦਿ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦਾ ਰਵੱਈਆ ਆਪਣੇ ਮਸਲਿਆਂ ਲਈ ਸੰਘਰਸ਼ ਕਰ ਰਹੇ ਸ਼ਰਨਾਂ ਮਿਹਨਤਕਸ਼ ਲੋਕਾਂ ਪ੍ਰਤੀ ਬੇਹੱਦ ਨਿੰਦਣਯੋਗ ਹੈ।ਕਿਸਾਨ ਆਗੂਆਂ ਨੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਸੂਬਾ ਭਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸੰਘਰਸ਼ ਦੀ ਡਟਵੀਂ ਹਮਾਇਤ ਕਰਦਿਆਂ ਮੁੱਖ ਮੰਤਰੀ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਗੈਰ-ਸੰਜੀਦਗੀ ਨਾਲ ਭਰਿਆ ਰਵੱਈਆ ਛੱਡ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਰੇ ਵਾਜਿਬ ਮਸਲਿਆਂ ਦਾ ਹੱਲ ਟੇਬਲ 'ਤੇ ਬੈਠ ਕੇ ਕੀਤਾ ਜਾਵੇ।ਆਗੂਆਂ ਨੇ ਕਿਹਾ ਕਿ ਜੇਕਰ ਖੰਡ ਮਿੱਲ ਦੇ ਮਸਲੇ ਪ੍ਰਤੀ ਪੰਜਾਬ ਸਰਕਾਰ ਨੇ ਗੰਭੀਰਤਾ ਨਾ ਵਿਖਾਈ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਪਿੰਡਾਂ ਵਿੱਚ ਲੋਕਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਗੁਰਚਰਨ ਸਿੰਘ ਸਭਰਾ, ਸੁਖਬੀਰ ਸਿੰਘ ਸਿੱਧੂ, ਗੁਰਚਰਨ ਸਿੰਘ ਨੌਸ਼ਹਿਰਾ ਪਨੂੰਆਂ, ਮੇਜਰ ਸਿੰਘ ਦਿਆਲਪੁਰ, ਹਰਪਾਲ ਸਿੰਘ ਗੰਡਵਾ, ਗੁਰਮੇਜ ਸਿੰਘ ਗੰਡਵਾ, ਕੇਹਰ ਸਿੰਘ ਮੁਗਲਚੱਕ, ਬਲਵਿੰਦਰ ਸਿੰਘ ਮੁੰਡਾ ਪਿੰਡ, ਕੰਵਲ ਸਿੰਘ ਮਾੜੀ ਕੰਬੋਕੀ ਆਦਿ ਹਾਜ਼ਰ ਸਨ।

# ਮੁਕਤ ਵਪਾਰ ਸਮਝੌਤਾ ਭਾਰਤ ਦੇ ਹਿੱਤਾਂ ਦੇ ਖਿਲਾਫ਼ : ਸੁਖਵਿੰਦਰ ਸਿੰਘ ਸੇਖੋਂ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸਥਾਨਕ ਰਾਮ ਸਿੰਘ ਦੱਤਾ ਹਾਲ ਵਿਖੇ ਕੁੱਲ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਜ਼ਿਲ੍ਹਾ ਗੁਰਦਾਸਪੁਰ ਦੀ 24ਵੀਂ ਪਾਰਟੀ ਕਾਨਫਰੰਸ ਕੀਤੀ ਗਈ।ਸਭ ਤੋਂ ਪਹਿਲਾਂ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹੇ ਦੇ ਕਨਵੀਨਰ ਸਾਥੀ ਰਣਵੀਰ ਸਿੰਘ ਵਿਰਕ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਸਾਥੀ ਲਖਵਿੰਦਰ ਸਿੰਘ ਮਰੜ ਨੇ ਪਿਛਲੇ ਸਮੇਂ ਦੌਰਾਨ ਜ਼ਿਲ੍ਹੇ ਦੇ ਵਿਛੜ ਚੁੱਕੇ ਸਾਥੀਆਂ ਜਿਨ੍ਹਾਂ ਵਿੱਚ ਜੋਗਿੰਦਰ ਸਿੰਘ ਚਿੱਤੌੜਗੜ੍ਹ, ਫ਼ਤਿਹ ਚੰਦ ਅਵਾਂਖਾ, ਮਨਜੀਤ ਸਿੰਘ ਬਿੱਟੂ, ਪ੍ਰੀਤਮ ਸਿੰਘ ਜੈਤਾ ਸਿੰਘ, ਮਹਿੰਦਰ ਸਿੰਘ ਕਾਦੀਆਂ, ਭੈਣ ਪ੍ਰੀਤਮ ਕੌਰ ਵਿਰਕ ਅਤੇ ਸੁਲੱਖਣ ਸਿੰਘ ਮਸਿਆਵਾਲ ਲਈ ਸੋਗ ਮਤਾ ਰੱਖਿਆ।ਇੱਕ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਡੈਲੀਗੇਟ ਹਾਊਸ ਵਿੱਚ 40 ਡੈਲੀਗੇਟਾਂ ਨੇ ਹਿੱਸਾ ਲਿਆ।ਹਾਊਸ ਦੀ ਪ੍ਰਧਾਨਗੀ ਸਰਵਸ਼੍ਰੀ ਗੁਰ ਸਿੰਘ ਪੱਡਾ, ਮੁਰਾਰੀ ਲਾਲ ਸ਼ਰਮਾ ਅਤੇ ਲਖਵਿੰਦਰ ਸਿੰਘ ਮਰੜ ਵੱਲੋਂ ਕੀਤੀ ਗਈ।ਸਾਥੀ ਗੁਰ ਸਿੰਘ ਪੱਡਾ ਵੱਲੋਂ ਸਵਾਗਤੀ ਭਾਸ਼ਣ ਦਿੱਤਾ ਗਿਆ।ਸਾਥੀ ਸੁਖਵਿੰਦਰ ਸਿੰਘ ਸੇਖੋਂ ਸੂਬਾ ਸਕੱਤਰ ਨੇ ਉਦਘਾਟਨੀ ਭਾਸ਼ਣ ਵਿੱਚ ਬੋਲਦਿਆਂ ਕਿਹਾ ਕਿ ਮੁਕਤ ਵਪਾਰ ਸਮਝੌਤਾ ਭਾਰਤ ਦੇ ਹਿੱਤਾਂ ਦੇ ਖਿਲਾਫ ਹੈ।ਕੇਂਦਰ ਸਰਕਾਰ ਤੁਰੰਤ ਇਸ ਨੂੰ ਰੱਦ ਕਰੇ।ਇਸ ਸਮਝੌਤੇ ਨਾਲ ਸਾਡਾ ਡੇਅਰੀ ਧੰਦਾ, ਮੱਛੀ ਰੋਜ਼ਗਾਰ, ਖੇਤੀਬਾੜੀ ਦਾ ਧੰਦਾ ਸਭ ਬਰਬਾਦ ਹੋ ਜਾਵੇਗਾ।ਖੇਤੀ ਉਤਪਾਦਾਂ ਦਾ ਸਹੀ ਮੁੱਲ ਨਹੀਂ ਮਿਲੇਗਾ।ਉਨ੍ਹਾਂ ਦੱਸਿਆ ਕਿ ਸਾਡੀ ਪਾਰਟੀ ਦੂਜੀਆਂ ਪਾਰਟੀਆਂ ਨੂੰ ਨਾਲ ਲੈ ਕੇ ਇਸ ਸਮਝੌਤੇ ਦਾ ਵਿਰੋਧ ਕਰ ਰਹੀ ਹੈ।ਇਸ ਮੌਕੇ 4 ਡੈਲੀਗੇਟਾਂ ਨੇ ਰਿਪੋਰਟ 'ਤੇ ਆਪਣੇ ਵਿਚਾਰ ਰੱਖੇ।ਉਪਰੰਤ ਰਿਪੋਰਟ ਪਾਸ ਕੀਤੀ ਗਈ।ਇਸ ਤੋਂ ਬਾਅਦ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਵੱਲੋਂ ਨਵੀਂ ਜ਼ਿਲ੍ਹਾ ਕਮੇਟੀ ਲਈ ਪੈਨਲ ਪੇਸ਼ ਕੀਤਾ ਗਿਆ ਜੋ ਹਾਊਸ ਵੱਲੋਂ ਪ੍ਰਵਾਨ ਕਰ ਲਿਆ ਗਿਆ।ਨਵੀਂ ਜ਼ਿਲ੍ਹਾ ਕਮੇਟੀ ਵਿੱਚ ਸਰਵ ਗੁਰ ਸਿੰਘ ਪੱਡਾ, ਜਨਕ ਰਾਜ, ਜਗਦੀਪ ਸਿੰਘ, ਲਖਵਿੰਦਰ ਸਿੰਘ ਮਰੜ, ਅਮਰਜੀਤ ਸਿੰਘ ਰਿਆੜ, ਅਨੂਪ ਸਿੰਘ, ਨਵਤੇਜ ਸਿੰਘ ਚੱਠਾ, ਧੀਰ ਸਿੰਘ ਸਿੱਧੂ, ਰਣਜੀਤ ਸਿੰਘ ਅਤੇ ਧੀਰ ਸਿੰਘ ਚਿੱਤੌੜਗੜ੍ਹ ਨੂੰ ਚੁਣਿਆ ਗਿਆ।ਤਿੰਨ ਸੀਟਾਂ ਖਾਲੀ ਰੱਖੀਆਂ।ਸਾਥੀ ਯੋਗੇਸ਼ ਸੂਦ, ਸੁਖਵਿੰਦਰ ਸਿੰਘ ਅਤੇ ਮਨਜੀਤ ਸਿੰਘ ਜੀ ਨੂੰ ਪਰਮਾਨੈਂਟ ਇਨਵਾਇਟੀ ਲਿਆ ਗਿਆ।ਸਾਥੀ ਰਣਵੀਰ ਸਿੰਘ ਵਿਰਕ, ਮੁਰਾਰੀ ਲਾਲ ਸ਼ਰਮਾ, ਕਸ਼ਮੀਰ ਸਿੰਘ, ਹਰਦੀਪ ਸਿੰਘ ਤਲਵੰਡੀ, ਹਰਭਜਨ ਸਿੰਘ, ਲਖਵਿੰਦਰ ਸਿੰਘ, ਸਤਪਾਲ ਇਹ ਸਾਰੇ ਸੀਨੀਅਰ ਸਾਥੀ ਸਪੈਸ਼ਲ ਇਨਵਾਈਟੀ ਲਏ ਗਏ।ਇਸ ਤੋਂ ਇਲਾਵਾ ਸਾਥੀ ਗੁਰ ਸਿੰਘ ਪੱਡਾ ਨੇ ਵਧੀ ਮਹਿੰਗਾਈ ਵਿਰੁੱਧ, ਭ੍ਰਿਸ਼ਟਾਚਾਰ, ਅਮਨ ਕਾਨੂੰਨ ਦੀ ਸਥਿਤੀ ਬਾਰੇ ਮਤੇ ਪੜ੍ਹੇ।ਮੁਰਾਰੀ ਲਾਲ ਸ਼ਰਮਾ ਵੱਲੋਂ ਇਨਾਂ ਮਤਿਆਂ ਦੀ ਤਾਈਦ ਕੀਤੀ ਗਈ।ਅਖੀਰ ਵਿੱਚ ਸਾਥੀ ਮੇਜਰ ਸਿੰਘ ਡਿਖੀਵਿੰਡ ਵੱਲੋਂ ਸਭ ਸਾਥੀਆਂ ਦਾ ਧੰਨਵਾਦ ਕਰਦਿਆਂ ਪਾਰਟੀ ਲਈ ਵੱਧ ਤੋਂ ਵੱਧ ਫੰਡ ਇਕੱਠਾ ਕਰਕੇ ਭੇਜਣ ਦੀ ਅਪੀਲ ਕੀਤੀ।ਇਸ ਸਮੇਂ ਹੋਰਨਾਂ ਤੋਂ ਛੁੱਟ ਸਰਵਸ਼੍ਰੀ ਪੁਰਸ਼ੋਤਮ ਸਿੰਘ ਮਨਹਾਸ, ਮਾਸਟਰ ਦੇਸ ਰਾਜ, ਜਾਗੀਰ ਸਿੰਘ ਅਤੇ ਨਿਰਮਲ ਸਿੰਘ ਮਰੜ ਹਾਜ਼ਰ ਸਨ।



# ਚੇਅਰਮੈਨ ਮਾਣਿਕ ਮਹਿਤਾ ਨੇ ਵਿਦਿਆਰਥੀਆਂ ਨਾਲ ਕੀਤੀ ਮੁਲਾਕਾਤ



ਬਟਾਲਾ, (ਡਾ. ਮਲਵਿੰਦਰ ਸਿੰਘ)-ਮਾਣਿਕ ਮਹਿਤਾ ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਨੇ ਆਪਣੀ ਵਾਰਡ ਵਿੱਚ ਸਥਿਤ ਸਰਕਾਰੀ ਹਾਈ ਸਕੂਲ, ਨਹਿਰੂ ਗੇਟ ਦਾ ਦੌਰਾ ਕਰਕੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾਂ ਸਕੂਲ ਦੇ ਹਰੇਕ ਕਲਾਸ ਰੂਮ, ਰਸੋਈ ਘਰ ਅਤੇ ਹੋਰ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਅਤੇ ਬੱਚਿਆਂ ਨਾਲ ਬੈਠ ਕੇ ਮਿਡ ਡੇ ਮੀਲ ਖਾਧਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਦੇ ਸਕੂਲਾਂ ਦਾ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਪੜ੍ਹਾਈ ਦਾ ਸੁਖਾਵਾਂ ਮਾਹੌਲ ਮੁਹੱਈਆ ਕਰਵਾਇਆ ਗਿਆ ਹੈ।ਇਸ ਮੌਕੇ ਚੇਅਰਮੈਨ ਮਾਣਿਕ ਮਹਿਤਾ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪੜ੍ਹਾਈ ਪ੍ਰਤੀ ਮਿਹਨਤ ਕਰਨ, ਅਨੁਸ਼ਾਸਨ ਵਿੱਚ ਰਹਿਣ ਅਤੇ ਆਪਣੇ ਸੁਨਹਿਰੇ ਭਵਿੱਖ ਲਈ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਸਾਡੇ ਬੱਚੇ ਹੀ ਸਾਡੇ ਦੇਸ਼ ਅਤੇ ਪੰਜਾਬ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਵਧੀਆ ਸਿੱਖਿਆ ਅਤੇ ਬਿਹਤਰ ਮਾਹੌਲ ਪ੍ਰਦਾਨ ਕਰਨਾ ਸਾਡੀ ਮੁੱਖ ਜ਼ਿੰਮੇਵਾਰੀ ਹੈ।

# ਬਿਜਲੀ ਦੇ ਵਾਰ-ਵਾਰ ਕੱਟਾਂ ਨੇ ਲੋਕਾਂ ਦਾ ਜਿਊਣਾ ਕੀਤਾ ਮੁਹਾਲ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਜ਼ਿਲ੍ਹੇ ਅੰਦਰ ਪਿੰਡਾਂ ਤੇ ਸ਼ਹਿਰਾਂ ਵਿਚ ਬਿਜਲੀ ਦੇ ਲੰਬੇ ਲੰਬੇ ਕੱਟ ਦਿਨ ਅਤੇ ਰਾਤ ਲੱਗਣ ਕਰਕੇ ਹਾਹਾਕਾਰ ਮਚੀ ਹੈ ਅਤੇ ਦੂਜੀ ਲੋਕ ਪੰਜਾਬ ਸਰਕਾਰ ਨੂੰ ਬਹੁਤ ਬੁਰੀ ਤਰ੍ਹਾਂ ਨਾਲ ਕੋਸ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਲਕਾ ਇੰਚਾਰਜ ਕਮਲਜੀਤ ਚਾਵਲਾ, ਸਰਕਲ ਪ੍ਰਧਾਨ ਸਰਬਜੀਤ ਸਿੰਘ ਲਾਲੀਆ, ਪ੍ਰੀਤਮ ਸਿੰਘ, ਗੁਰਦੇਵ ਸਿੰਘ, ਜਨਕ ਰਾਜ ਸ਼ਰਮਾ ਅਤੇ ਸ਼ਹਿਰ ਵਾਸੀਆਂ ਤੇ ਪਿੰਡਾਂ ਦੇ ਲੋਕਾਂ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬਿਜਲੀ ਸਪਲਾਈ 24 ਘੰਟੇ ਮੁਹੱਈਆ ਕਰਵਾਉਣ ਦੀ ਦੁਹਾਈ ਪਾ ਰਹੇ ਹਨ ਪਰ ਉਸ ਦੇ ਉਲਟ ਬਿਜਲੀ ਨੇ ਗਰਮੀਆਂ ਵਿਚ ਬਿਜਲੀ ਨਾ ਆਉਣ ਕਰਕੇ ਲੋਕਾਂ ਦਾ ਜੀਵਨ ਮੁਹਾਲ ਹੋਇਆ ਪਿਆ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗ, ਬਿਮਾਰ ਬੱਚੇ, ਆਮ ਜਨਤਾ ਦਾ ਦਿਨ ਰਾਤ ਕੱਟਣਾ ਔਖਾ ਹੋਇਆ ਪਿਆ ਹੈ।ਉਨ੍ਹਾਂ ਦੱਸਿਆ ਕਿ ਇਹ ਮਾਮਲਾ ਬਿਜਲੀ ਦੇ ਉੱਚ ਅਧਿਕਾਰੀਆਂ ਦੇ ਧਿਆਨ ਹਿਤ ਲਿਆਉਣ ਦੇ ਬਾਵਜੂਦ ਬਿਜਲੀ ਦੇ ਕੱਟਾਂ ਦਾ ਕੋਈ ਹੱਲ ਨਹੀਂ ਹੋ ਰਿਹਾ।ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਅੱਤ ਦੀ ਗਰਮੀ ਨੂੰ ਦੇਖਦੇ ਹੋਏ ਪਿੰਡਾਂ ਅਤੇ ਸ਼ਹਿਰਾਂ ਵਿਚ ਬਿਜਲੀ ਸਪਲਾਈ ਨਿਰਵਿਘਨ ਮੁਹੱਈਆ ਕਰਵਾਈ ਜਾਵੇ ਤਾਂ ਜੋ ਆਮ ਲੋਕਾਂ ਨੂੰ ਇਸ ਗਰਮੀ ਤੋਂ ਰਾਹਤ ਮਿਲ ਸਕੇ।

# ਭਿੱਖੀਵਿੰਡ 'ਚ ਗੈਰ-ਕਾਨੂੰਨੀ ਨਸ਼ਾ ਛੁਡਾਊ ਕੇਂਦਰ ਸੀਲ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਵਿੱਚ ਗੈਰ-ਕਾਨੂੰਨੀ ਢੰਗ ਨਾਲ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਨੂੰ ਸਿਹਤ ਵਿਭਾਗ, ਜ਼ਿਲ੍ਹਾ



ਪ੍ਰਸ਼ਾਸਨ ਅਤੇ ਪੁਲਸ ਦੀ ਸਾਂਝੀ ਟੀਮ ਵੱਲੋਂ ਸੀਲ ਕਰ ਦੇਣ ਦੀ ਖ਼ਬਰ ਹੈ।ਇਹ ਕਾਰਵਾਈ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਅਤੇ ਸਿਵਲ ਸਰਜਨ ਤਰਨ ਤਾਰਨ ਡਾ. ਸੰਦੀਪ ਧਵਨ ਦੇ ਨਿਰਦੇਸ਼ਾਂ ਤਹਿਤ ਕੀਤੀ ਗਈ। ਛਾਪੇਮਾਰੀ ਲਈ ਬਣਾਈ ਗਈ ਵਿਸ਼ੇਸ਼ ਜਾਂਚ ਟੀਮ 'ਚ ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੂਪਮ ਚੌਧਰੀ, ਐੱਸ. ਡੀ. ਐੱਮ. ਭਿੱਖੀਵਿੰਡ ਜਗਦੀਪ ਸਿੰਘ, ਡੀ. ਐੱਸ. ਪੀ. ਭਿੱਖੀਵਿੰਡ ਅਤੁਲ ਸੋਨੀ, ਨੋਡਲ ਅਫ਼ਸਰ ਡੀ-ਐਡਿਕਸ਼ਨ ਸੈਂਟਰ ਡਾ. ਪਵਨਦੀਪ, ਕਾਊਂਸਲਰ ਪਰਮਿੰਦਰ ਸਿੰਘ ਅਤੇ ਸਰਬਜੀਤ ਸਿੰਘ ਸ਼ਾਮਲ ਸਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐੱਸ. ਡੀ. ਐੱਮ. ਭਿੱਖੀਵਿੰਡ ਜਗਦੀਪ ਸਿੰਘ ਨੇ ਦੱਸਿਆ ਕਿ ਭਿੱਖੀਵਿੰਡ ਵਿੱਚ ਗੈਰ-ਕਾਨੂੰਨੀ ਢੰਗ ਨਾਲ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਨੂੰ ਸੀਲ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਨਸ਼ਾ ਛੁਡਾਊ ਕੇਂਦਰ ਨੂੰ ਬਿਨਾਂ ਲੋੜੀਂਦੀ ਮਨਜ਼ੂਰੀ ਤੇ ਬਿਨਾਂ ਸਿਖਲਾਈ ਪ੍ਰਾਪਤ ਕਰਮਚਾਰੀਆਂ ਤੋਂ ਚਲਾਇਆ ਜਾ ਰਿਹਾ ਸੀ।ਇਸ ਤੋਂ ਇਲਾਵਾ ਇਲਾਜ, ਰਿਹਾਇਸ਼ ਅਤੇ ਸੁਰੱਖਿਆ ਸੰਬੰਧੀ ਬੁਨਿਆਦੀ ਮਾਪਦੰਡਾਂ ਦੀ ਉਲੰਘਣਾ ਕਰਨ ਦੀ ਗੱਲ ਵੀ ਸਾਹਮਣੇ ਆਈ ਸੀ।ਉਨ੍ਹਾਂ ਕਿਹਾ ਕਿ ਸੈਂਟਰ ਨੂੰ ਸੀਲ ਕਰਨ ਮਗਰੋਂ ਨਸ਼ਾ ਛੱਡਣ ਲਈ ਆਏ 16 ਮਰੀਜ਼ਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਤਰਨ ਤਾਰਨ ਭੇਜ ਦਿੱਤਾ ਗਿਆ ਹੈ। ਇਸਦੇ ਨਾਲ ਹੀ ਸੈਂਟਰ ਨੂੰ ਚਲਾਉਣ ਵਾਲੇ ਵਿਅਕਤੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਹੈ।

# ਮਜੀਠਾ ਤੋਂ ਉਮੀਦਵਾਰ ਭਾਈ ਪੱਪਲਪ੍ਰੀਤ ਸਿੰਘ ਦੇ ਹੱਕ 'ਚ ਚੋਣ ਪ੍ਰਚਾਰ ਸ਼ੁਰੂ



ਜੈਂਤੀਪੁਰ (ਸੁਖਬੀਰ ਸਿੱਧੂ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਜੀਠਾ ਦੇ ਪਿੰਡ ਮਰੜੀ ਕਲਾਂ (ਜੱਦੀ ਪਿੰਡ) ਵਿਖੇ ਕੀਤੀ ਗਈ ਵਿਸ਼ੇਸ਼ ਮੀਟਿੰਗ ਦੌਰਾਨ ਭਾਈ ਪੱਪਲਪ੍ਰੀਤ ਸਿੰਘ ਨੂੰ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹਲਕਾ ਮਜੀਠਾ ਤੋਂ ਪਾਰਟੀ ਦਾ ਉਮੀਦਵਾਰ ਐਲਾਨ ਦਿੱਤਾ ਗਿਆ ਹੈ ਜਿਸ ਦੇ ਸਬੰਧ ਦੇ ਵਿੱਚ ਚੋਣ ਪ੍ਰਚਾਰ ਦੀ ਮੁਹਿੰਮ ਸ਼ੁਰੂ ਕੀਤੀ ਗਈ।ਇਸ ਮੌਕੇ ਭਾਈ ਅੰਮ੍ਰਿਤ ਪਾਲ ਸਿੰਘ ਦੇ ਮਾਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਹਲਕਾ ਮਜੀਠਾ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਉਮੀਦਵਾਰ ਭਾਈ ਪੱਪਲਪ੍ਰੀਤ ਸਿੰਘ ਮਰੜੀ ਕਲਾਂ ਦੀ ਚੋਣ ਦਾ ਅੰਗਾਜ਼ ਸ਼ੁਰੂ ਕਰ ਦਿੱਤਾ ਹੈਂ ਸਾਨੂੰ ਵਿਸ਼ਵਾਸ ਹੈ ਕਿ ਹਲਕੇ ਮਜੀਠੇ ਦੇ ਲੋਕ ਇਸ ਵਾਰ ਭਾਈ ਪੱਪਲਪ੍ਰੀਤ ਸਿੰਘ ਨੂੰ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ। ਇਸ ਮੌਕੇ ਹਲਕਾ ਇੰਚਾਰਜ ਨਾਥਵਿੰਦਰ ਸਿੰਘ ਅੰਮ੍ਰਿਤਸਰ ਮੀਡੀਆ ਇੰਚਾਰਜ ਕਵਲਜੀਤ ਸਿੰਘ ਸੋਹੀ ਜਗਰੂਪ ਸਿੰਘ ਮਰੜੀ ਪ੍ਰਿਤਪਾਲ ਸਿੰਘ ਬੱਲ ਲਵਪ੍ਰੀਤ ਸਿੰਘ ਬੱਠੂਚੱਕ ਮਹਾਕਾਲ ਸਿੰਘ ਮਰੜੀ ਤੇ ਹਲਕਾ ਫਤਿਹਗੜ੍ਹ ਚੂੜੀਆਂ ਇੰਚਾਰਜ ਜੁਗਰਾਜ ਸਿੰਘ ਲਾਲੇ ਨੰਗਲ ਆਦਿ ਹਾਜ਼ਰ ਸਨ।

# ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਰੱਖੜ ਪੁੰਨਿਆ ਦਾ ਦਿਹਾੜਾ ਮਨਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਰੱਖੜ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਨੌਵੇਂ ਗੁਰੂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਗਟ ਪੁਰਬ ਅਤੇ ਭੈਣ ਭਰਾ ਦੇ ਪਵਿੱਤਰ ਰਿਸ਼ਤੇ ਰੱਖੜ-ਪੁੰਨਿਆ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾਂ 'ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ 84 ਲੱਖ ਜੂਨਾਂ ਭੋਗ ਕੇ ਇਹ ਮਨੁੱਖਾ ਜੀਵਨ ਨਸੀਬ ਹੋਇਆ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ।ਇਸ ਲਈ ਸਾਨੂੰ ਕੇਵਲ ਤੇ ਕੇਵਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ।





# ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਬਾਰ ਕੌਂਸਲ ਦੇ ਚੇਅਰਮੈਨ ਬਣੇ



ਅਜਨਾਲਾ, (ਗੁਰਪ੍ਰੀਤ ਸਿੰਘ ਢਿੱਲੋਂ)-ਪੰਜਾਬ ਦੇ ਐਡਵੋਕੇਟ ਜਨਰਲ ਸ. ਮਨਿੰਦਰਜੀਤ ਸਿੰਘ ਬੇਦੀ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦਾ ਚੇਅਰਮੈਨ ਚੁਣੇ ਜਾਣ 'ਤੇ ਵਕੀਲ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨੂੰ ਕਾਨੂੰਨੀ ਖੇਤਰ ਵਿੱਚ ਅਹਿਮ ਜ਼ਿੰਮੇਵਾਰੀ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਪੰਜਾਬ ਦੇ ਡਿਪਟੀ ਐਡਵੋਕੇਟ ਜਨਰਲ ਰਾਜੀਵ ਮਦਾਨ ਰਾਜਾ ਨੇ ਸ. ਮਨਿੰਦਰਜੀਤ ਸਿੰਘ ਬੇਦੀ ਨੂੰ ਚੇਅਰਮੈਨ ਬਣਨ 'ਤੇ ਦਿਲੋਂ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਨਿਯੁਕਤੀ ਨਾ ਸਿਰਫ਼ ਸ. ਬੇਦੀ ਲਈ ਸਗੋਂ ਸਮੁੱਚੇ ਵਕੀਲ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸ. ਮਨਿੰਦਰਜੀਤ ਸਿੰਘ ਬੇਦੀ ਆਪਣੀ ਕਾਬਲੀਅਤ, ਤਜਰਬੇ ਅਤੇ ਕਾਨੂੰਨੀ ਸੂਝ-ਬੂਝ ਨਾਲ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣਗੇ।ਡਿਪਟੀ ਐਡਵੋਕੇਟ ਜਨਰਲ ਰਾਜੀਵ ਮਦਾਨ ਰਾਜਾ ਨੇ ਅੱਗੇ ਕਿਹਾ ਕਿ ਸ. ਮਨਿੰਦਰਜੀਤ ਸਿੰਘ ਬੇਦੀ ਵੱਲੋਂ ਵਕੀਲ ਭਾਈਚਾਰੇ ਦੀ ਭਲਾਈ, ਕਾਨੂੰਨੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਵਕੀਲਾਂ ਨਾਲ ਸਬੰਧਤ ਮਸਲਿਆਂ ਦੇ ਹੱਲ ਲਈ ਉਸਾਰੂ ਭੂਮਿਕਾ ਨਿਭਾਉਣ ਦੀ ਉਮੀਦ ਹੈ। ਉਨ੍ਹਾਂ ਸ. ਬੇਦੀ ਦੇ ਉੱਜਵਲ ਕਾਰਜਕਾਲ ਦੀ ਕਾਮਨਾ ਕਰਦਿਆਂ ਮੁੜ ਉਹਨਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਨਾਜਾਇਜ਼ ਮਾਈਨਿੰਗ ਕਰਦੇ ਟਿੱਪਰ ਤੇ ਜੇ ਸੀ ਬੀ ਬਰਾਮਦ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਬਹਿਰਾਮਪੁਰ ਪੁਲਸ ਨੇ ਨਾਜਾਇਜ਼ ਮਾਈਨਿੰਗ ਕਰਦੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਏ. ਐੱਸ.ਆਈ. ਜਗੀਰ ਚੰਦ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਰਾਵੀ ਦਰਿਆ ਪਿੰਡ ਚੱਕ ਰਾਮ ਸਹਾਏ ਪਹੁੰਚ ਕੇ ਦੋ ਨਾ-ਮਾਲੂਮ ਵਿਅਕਤੀਆਂ ਨੂੰ ਕਾਬੂ ਕੀਤਾ ਜੋ ਨਾਜਾਇਜ਼ ਮਾਈਨਿੰਗ ਕਰ ਰਹੇ ਸਨ ਅਤੇ ਪੁਲਸ ਪਾਰਟੀ ਨੂੰ ਦੇਖ ਕੇ ਭੱਜ ਗਏ। ਤਫਤੀਸ਼ੀ ਅਫਸਰ ਨੇ ਫੋਨ ਕਰਕੇ ਸੰਦੀਪ ਸਿੰਘ ਮਾਈਨਿੰਗ ਇੰਸਪੈਕਟਰ ਡਰੇਨਜ-ਕਮ-ਮਾਈਨਿੰਗ ਉਪ ਮੰਡਲ ਗੁਰਦਾਸਪੁਰ ਨੂੰ ਇਸ ਬਾਰੇ ਇਤਲਾਹ ਦਿੱਤੀ ਜਿਨ੍ਹਾਂ ਨੇ ਮੌਕੇ 'ਤੇ ਪੁੱਜ ਕੇ ਇਕ ਟਿੱਪਰ ਨੰਬਰ ਪੀ.ਬੀ.07.ਏ.ਐੱਫ. 7179 ਜਿਸ ਵਿਚ ਕਰੀਬ 500 ਕਿਊਬਿਕ ਰੇਤ ਲੋਡ ਸੀ ਅਤੇ ਇਕ ਜੇ. ਸੀ. ਬੀ. ਮੌਜੂਦ ਸੀ ਜਿਨ੍ਹਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਡਾਇਉਸਿਸ ਆਫ ਅੰਮ੍ਰਿਤਸਰ ਨੇ ਪੌਦੇ ਲਗਾਉਣ ਦੀ ਮੁਹਿੰਮ ਰਾਹੀਂ ਹਰਿਆਵਲ ਸਕੀਮ ਨੂੰ ਕੀਤਾ ਹੋਰ ਮਜ਼ਬੂਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)

ਡਾਇਓਸਿਸ ਆਫ ਅੰਮ੍ਰਿਤਸਰ , (ਸੀਐੱਨਆਈ) ਨੇ ਦ ਰਈਟ ਰੈਵਰੈਂਡ ਮਨੋਜ ਚਰਨ, ਬਿਸ਼ਪ, ਡਾਇਓਸਿਸ ਆਫ ਅੰਮ੍ਰਿਤਸਰ, ਸੀਐੱਨਆਈ, ਦੀ ਅਗਵਾਈ ਹੇਠ ਅਜਨਾਲਾ, ਫਤਿਹਗੜ੍ਹ ਚੂੜੀਆਂ, ਸ਼ਾਹਪੁਰ ਜਾਜਨ ਅਤੇ ਤਰਨਤਾਰਨ ਦੇ ਚਰਚਾਂ ਵਿੱਚ ਪੌਦੇ ਲਗਾਉਣ ਦੀਆਂ ਮੁਹਿੰਮਾਂ ਚਲਾ ਕੇ ਵਾਤਾਵਰਣ ਲਈ ਆਪਣੀ ਹਰਿਆਵਲ ਪਹਿਲ ਨੂੰ ਜਾਰੀ ਰੱਖਿਆ। ਉਨ੍ਹਾਂ ਨੇ ਦੇਸੀ ਪੌਦਿਆਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਚਰਚਾਂ ਦੇ ਅਹਾਤੇਆਂ ਵਿੱਚ ਦੇਸੀ ਪੌਦੇ ਲਗਾ ਕੇ ਆਪਣੀ ਹਰਿਆਵਲ ਪਹਿਲ ਨੂੰ ਅੱਗੇ ਵਧਾਇਆ। ਇਸ ਮੁਹਿੰਮ ਵਿੱਚ ਸਥਾਨਕ ਭਾਈਚਾਰੇ ਦੇ ਮੈਂਬਰਾਂ, ਨੌਜਵਾਨਾਂ ਅਤੇ ਚਰਚ ਵਲੰਟੀਅਰਾਂ ਨੇ ਸਰਗਰਮੀ ਨਾਲ ਭਾਗ ਲਿਆ, ਜੋ ਡਾਇਓਸਿਸ ਦੀ ਵਾਤਾਵਰਣ ਦੀ ਸੰਭਾਲ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਬਿਸ਼ਪ ਮਨੋਜ ਚਰਨ ਨੇ ਪ੍ਰਮਾਤਮਾ ਦੀ ਸ੍ਰਿਸ਼ਟੀ ਦੀ ਰਾਖੀ ਅਤੇ ਦੇਖਭਾਲ ਲਈ ਮਸੀਹੀਆਂ ਦੀ ਧਾਰਮਿਕ ਅਤੇ ਨੈਤਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, "ਰੁੱਖ ਲਗਾਉਣਾ ਵਿਸ਼ਵਾਸ ਦਾ ਕੰਮ ਹੈ ਅਤੇ ਸਾਡੇ ਬੱਚਿਆਂ ਦੇ ਭਵਿੱਖ ਵਿੱਚ ਇੱਕ ਨਿਵੇਸ਼ ਹੈ।ਅੱਜ, ਅਸੀਂ ਸਿਰਫ਼ ਜ਼ਮੀਨ ਵਿੱਚ ਜੜ੍ਹਾਂ ਨਹੀਂ ਲਗਾ ਰਹੇ ਹਾਂ, ਅਸੀਂ ਉਮੀਦ, ਸਾਫ਼ ਹਵਾ ਅਤੇ ਆਪਣੇ ਭਾਈਚਾਰਿਆਂ ਲਈ ਇੱਕ ਸਿਹਤਮੰਦ ਈਕੋਸਿਸਟਮ ਦੇ ਬੀਜ ਬੋ ਰਹੇ ਹਾਂ।"

ਮੁਹਿੰਮ ਵਿੱਚ ਸ਼ਾਮਲ ਸਮੂਹ ਲੋਕਾਂ ਨੇ ਲਗਾਏ ਗਏ ਪੌਦਿਆਂ ਦੀ ਸੰਭਾਲ ਅਤੇ ਦੇਖਭਾਲ ਨੂੰ ਯਕੀਨੀ ਬਣਾਉਣ ਦਾ ਪ੍ਰਣ ਲਿਆ, ਜਿਸ ਨਾਲ ਭਾਈਚਾਰਿਆਂ ਵਿੱਚ ਵਾਤਾਵਰਣ ਦੀ ਜ਼ਿੰਮੇਵਾਰੀ ਦੀ ਸਥਾਈ ਸੱਭਿਆਚਾਰ ਨੂੰ ਉਤਸ਼ਾਹ ਮਿਲੇਗਾ। ਇਸ ਮੌਕੇ 'ਤੇ ਰਾਈਟ ਰੈਵਰੈਂਡ ਨੀਨਾ ਚਰਨ, ਬਿਸ਼ਪ, ਡਾਇਓਸਿਸ ਆਫ਼ ਭੋਪਾਲ, ਸੀਐੱਨਆਈ, ਰੈਵ ਜੈਵੰਤ ਕਟਾਰਾ, ਸਕੱਤਰ, ਡਾਇਓਸਿਸ ਆਫ਼ ਭੋਪਾਲ, ਸੀਐੱਨਆਈ, ਅਤੇ ਸ੍ਰੀ ਐਡਵਰਡ ਮਗਨਜੀ, ਪ੍ਰਾਪਰਟੀ ਮੈਨੇਜਰ, ਡਾਇਓਸਿਸ ਆਫ਼ ਭੋਪਾਲ, ਸੀਐੱਨਆਈ, ਦੀ ਮੌਜੂਦਗੀ ਨੇ ਸੀਐੱਨਆਈ ਦੇ ਅੰਦਰ ਵਾਤਾਵਰਣ ਦੀ ਸੰਭਾਲ ਅਤੇ ਸ੍ਰਿਸ਼ਟੀ ਦੀ ਦੇਖਭਾਲ ਦੇ ਵਿਆਪਕ ਸੱਦੇ ਪ੍ਰਤੀ ਸਾਂਝੀ, ਅੰਤਰ-ਡਾਇਓਸਿਸ ਵਚਨਬੱਧਤਾ ਨੂੰ ਹੋਰ ਉਜਾਗਰ ਕੀਤਾ।

# ਆਂਗਣਵਾੜੀ ਵਰਕਰ ਦੀ ਰੱਦ ਕੀਤੀ ਨਿਯੁਕਤੀ 'ਤੇ ਹਾਈ ਕੋਰਟ ਵੱਲੋਂ ਰੋਕ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਆਂਗਣਵਾੜੀ ਵਰਕਰ ਦੀ ਨਿਯੁਕਤੀ ਰੱਦ ਕਰਨ ਦੇ ਮਾਮਲੇ 'ਚ ਪੰਜਾਬ ਸਰਕਾਰ ਅਤੇ



'ਆਪ' ਦੀ ਰਾਜਾਸਾਂਸੀ ਹਲਕਾ ਇੰਚਾਰਜ ਸੋਨੀਆ ਮਾਨ ਨੂੰ ਨੋਟਿਸ ਜਾਰੀ ਕਰਦਿਆਂ ਜਵਾਬ ਤਲਬ ਕੀਤਾ ਹੈ ਅਤੇ ਪਟੀਸ਼ਨਰ ਗੁਰਪ੍ਰੀਤ ਕੌਰ ਦੀ ਰੱਦ ਕੀਤੀ ਨਿਯੁਕਤੀ 'ਤੇ ਰੋਕ ਲਗਾਉਣ ਦੇ ਹੁਕਮ ਵੀ ਦਿੱਤੇ ਹਨ।ਹਾਈਕੋਰਟ 'ਚ ਦਾਇਰ ਪਟੀਸ਼ਨ ਅਨੁਸਾਰ ਗੁਰਪ੍ਰੀਤ ਕੌਰ ਦੀ ਆਂਗਣਵਾੜੀ ਵਰਕਰ ਵਜੋਂ ਨਿਯਮਾਂ ਅਨੁਸਾਰ ਨਿਯੁਕਤੀ ਕੀਤੀ ਗਈ ਸੀ।ਪਟੀਸ਼ਨਰ ਵੱਲੋਂ ਦੋਸ਼ ਲਾਇਆ ਗਿਆ ਕਿ ਬਾਅਦ 'ਚ ਕਥਿਤ ਸਿਆਸੀ ਦਖ਼ਲਅੰਦਾਜ਼ੀ ਤਹਿਤ ਉਸ ਦੀ ਨਿਯੁਕਤੀ ਰੱਦ ਕਰ ਦਿੱਤੀ ਗਈ ਅਤੇ ਉਸ ਦੀ ਥਾਂ ਰਮਨਦੀਪ ਕੌਰ ਨੂੰ ਨਿਯੁਕਤ ਕੀਤਾ ਗਿਆ।ਪੀੜਤ ਧਿਰ ਵੱਲੋਂ ਐਡਵੋਕੇਟ ਹਾਕਮ ਸਿੰਘ ਦੀ ਟੀਮ ਰਾਹੀਂ ਹਾਈਕੋਰਟ ਦਾ ਰੁਖ ਕੀਤਾ ਗਿਆ।ਪਟੀਸ਼ਨ 'ਚ ਦੋਸ਼ ਲਾਇਆ ਗਿਆ ਕਿ ਨਿਯੁਕਤੀ ਰੱਦ ਕਰਨ ਦੀ ਕਾਰਵਾਈ ਸਿਆਸੀ ਪ੍ਰਭਾਵ ਹੇਠ ਕੀਤੀ ਗਈ ਹੈ।ਮਾਮਲੇ ਦੀ ਸੁਣਵਾਈ ਦੌਰਾਨ ਹਾਈਕੋਰਟ ਨੇ ਪੰਜਾਬ ਸਰਕਾਰ ਅਤੇ ਸੋਨੀਆ ਮਾਨ ਨੂੰ ਨੋਟਿਸ ਜਾਰੀ ਕਰਕੇ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਹੈ।ਇਸੇ ਦੌਰਾਨ ਰਾਜਾਸਾਂਸੀ ਹਲਕੇ ਦੇ ਪਿੰਡ ਜਸਰਾਊਰ ਅਤੇ ਭਿੰਡੀ ਸੈਦਾਂ 'ਚ ਸਰਪੰਚਾਂ ਦੀ ਮੁੜ ਗਿਣਤੀ ਨਾਲ ਸਬੰਧਤ ਮਾਮਲੇ ਵੀ ਇਸ ਤੋਂ ਪਹਿਲਾਂ ਹਾਈਕੋਰਟ ਤੱਕ ਪਹੁੰਚ ਚੁੱਕੇ ਹਨ ਅਤੇ ਹੁਣ ਆਂਗਣਵਾੜੀ ਵਰਕਰ ਦੀ ਨਿਯੁਕਤੀ ਦੇ ਮਾਮਲੇ 'ਚ ਹਾਈਕੋਰਟ ਵੱਲੋਂ ਲਏ ਸਖ਼ਤ ਰੁਖ ਨੂੰ ਲੈ ਕੇ ਸਿਆਸੀ ਹਲਕਿਆਂ 'ਚ ਚਰਚਾ ਛਿੜ ਗਈ ਹੈ।

# ਰੱਖੜ ਪੁੰਨਿਆ ਦੇ ਜੋੜ ਮੇਲੇ ਨੂੰ ਸਮਰਪਤ ਲੱਸੀ ਦਾ ਲੰਗਰ ਲਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਅਸਥਾਨ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਮਨਾਏ ਜਾ ਰਹੇ ਰੱਖੜ ਪੁੰਨਿਆ ਦੇ ਜੋੜ ਮੇਲੇ ਨੂੰ ਸਮਰਪਿਤ ਅੰਮ੍ਰਿਤਸਰ ਤੋਂ ਮਹਿਤਾ ਰੋਡ ਤੇ ਸਥਿਤ ਅੱਡਾ ਖੁਜਾਲਾ ਵਿਖੇ ਸਮੂਹ ਮਾਰਕੀਟ ਦੁਕਾਨਦਾਰਾਂ ਵਲੋਂ ਜੋੜਮੇਲੇ ਤੇ ਬਾਬਾ ਬਕਾਲਾ ਸਾਹਿਬ ਵਿਖੇ ਜਾਣ ਵਾਲੀਆਂ



ਸੰਗਤਾਂ ਵਾਸਤੇ ਠੰਡੀ ਮਿੱਠੀ ਲੱਸੀ ਦੇ ਲੰਗਰ ਲਾਏ ਗਏ,ਜਿਸ ਵਿਚ ਸਮੂਹ ਦੁਕਾਨਦਾਰਾਂ ਨੇ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਸਮੂਹ ਸੰਗਤਾਂ ਨੂੰ ਠੰਡੀ ਮਿੱਠੀ ਲੱਸੀ ਵਰਤਾਉਣ ਦੀ ਵੀ ਸੇਵਾ ਨਿਭਾਈ।ਇਸ ਮੌਕੇ ਗੁਰਵਿੰਦਰ ਸਿੰਘ ਜੰਡ, ਰਣਜੀਤ ਸਿੰਘ, ਦਲਬੀਰ ਸਿੰਘ ਪ੍ਰਿੰਸ, ਬਿਕਰਮਜੀਤ ਸਿੰਘ ਢੱਲਾ, ਕੁਲਵੰਤ ਸਿੰਘ ਬਾਠ, ਦਿਲਬਾਗ ਸਿੰਘ,ਡਾ.ਬਲਜੀਤ ਸਿੰਘ ਲੇਹਲ, ਗੁਰਸੇਵਕ ਸਿੰਘ, ਹਰਚੰਦ ਸਿੰਘ, ਜੈਮਲ ਸਿੰਘ ਆਦਿ ਦੁਕਾਨਦਾਰ ਹਾਜ਼ਰ ਸਨ ।

# ਜੀਵਨਵਾਲ (ਬੱਬਰੀ) ਵਿਖੇ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਪਹਿਲੀ ਨੂੰ : ਡਾ. ਸ਼ਾਂਤ



ਧਾਰੀਵਾਲ, (ਮਨਦੀਪ ਵਿੱਕੀ)-ਸ੍ਰੀ ਗੁਰੂ ਗ੍ਰੰਥ ਸਾਹਿਬ ਚੈਰੀਟੇਬਲ ਹਸਪਤਾਲ ਧਾਰੀਵਾਲ ਵੱਲੋਂ ਇੱਕ ਸਤੰਬਰ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਜੀਵਨਵਾਲ (ਬੱਬਰੀ) ਵਿਖੇ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਪ੍ਰਬੰਧਕ ਡਾਕਟਰ ਸੁਰਿੰਦਰ ਸਿੰਘ ਸ਼ਾਂਤ ਨੇ ਦੱਸਿਆ ਕਿ ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਕਰਕੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਲੈਂਜ ਪਾਏ ਜਾਣਗੇ।ਡਾਕਟਰ ਸੁਰਿੰਦਰ ਸਿੰਘ ਸ਼ਾਂਤ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

# ਦਿਨੇਸ਼ ਬੱਸੀ ਨੇ ਸਕੂਲ ਦੀਆਂ ਅਧਿਆਪਕਾਵਾਂ ਤੋਂ ਬੰਨ੍ਹਵਾਈ ਰੱਖੜੀ




ਛੇਹਰਟਾ, (ਮਨੋਜ ਕੁਮਾਰ) ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਉਨ੍ਹਾਂ ਅਧਿਆਪਕਾਵਾਂ ਤੋਂ ਰੱਖੜੀ ਬੰਨ੍ਹਵਾਈ, ਜਿਨ੍ਹਾਂ ਤੋਂ ਉਹ ਕਦੇ ਪੜ੍ਹਦੇ ਰਹੇ ਹਨ। ਇਸ ਮੌਕੇ ਦਿਨੇਸ਼ ਬੱਸੀ ਨੇ ਕਿਹਾ ਕਿ ਉਹ ਆਪਣੇ-ਆਪ ਨੂੰ ਬਹੁਤ ਖੁਸ਼ਕਿਸਮਤ ਮੰਨਦੇ ਹਨ ਕਿ ਜਿਨ੍ਹਾਂ ਅਧਿਆਪਕਾਂ ਨੇ ਉਨ੍ਹਾਂ ਨੂੰ ਪੜ੍ਹਾਇਆ ਤੇ ਜ਼ਿੰਦਗੀ ਵਿਚ ਸਹੀ ਦਿਸ਼ਾ ਦਿਖਾਈ, ਉਨ੍ਹਾਂ ਦਾ ਹੀ ਅਸ਼ੀਰਵਾਦ ਲੈਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸਕੂਲ ਦੀਆਂ ਸਾਰੀਆਂ ਅਧਿਆਪਕਾਵਾਂ ਉਨ੍ਹਾਂ ਲਈ ਮਾਂਵਾਂ ਤੇ ਭੈਣਾਂ ਦੇ ਸਾਮਾਨ ਹਨ। ਉਨ੍ਹਾਂ ਦੀ ਜ਼ਿੰਦਗੀ ਵਿਚ ਮਾਤਾ-ਪਿਤਾ ਦੇ ਨਾਲ-ਨਾਲ ਅਧਿਆਪਕਾਂ ਦਾ ਵੀ ਬਹੁਤ ਵੱਡਾ ਯੋਗਦਾਨ ਹੈ। ਰੱਖੜੀ ਦੇ ਮੌਕੇ ਅਧਿਆਪਕਾਵਾਂ ਤੋਂ ਮਿਲੇ ਅਸ਼ੀਰਵਾਦ ਨੂੰ ਆਪਣੇ ਲਈ ਵੱਡੀ ਤਾਕਤ ਦੱਸਦਿਆਂ ਬੱਸੀ ਨੇ ਕਿਹਾ ਕਿ ਇਨ੍ਹਾਂ ਭੈਣਾਂ ਦਾ ਅਸ਼ੀਰਵਾਦ ਮਿਲਣ ਨਾਲ ਉਹ ਆਪਣੇ-ਆਪ ਨੂੰ ਹੋਰ ਮਜ਼ਬੂਤ ਮਹਿਸੂਸ ਕਰ ਰਹੇ ਹਨ। ਇਸ ਮੌਕੇ ਵੰਸ਼ ਬੱਸੀ, ਕੌਂਸਲਰ ਰਾਜੀਵ ਛਾਬੜਾ, ਸਮਾਜ ਸੇਵਕ ਅਮਰ ਸਿੰਘ, ਹਲਕਾ ਉੱਤਰੀ ਯੂਥ ਕਾਂਗਰਸ ਦੇ ਪ੍ਰਧਾਨ ਯੁਵਰਾਜ ਮਜੀਠੀਆ, ਸਕੂਲ ਡਾਇਰੈਕਟਰ ਸੁਮਿਤ ਪੁਰੀ, ਪ੍ਰਿੰਸੀਪਲ ਰਿਤੂ ਪੁਰੀ ਆਦਿ ਹਾਜ਼ਰ ਸਨ।

# 2.9 ਕਿੱਲੋ ਹੈਰੋਇਨ ਤੇ 8 ਪਿਸਤੌਲਾਂ ਸਮੇਤ 6 ਕਾਬੂ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐੱਸਐੱਸਓਸੀ) ਅੰਮ੍ਰਿਤਸਰ ਅਤੇ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਦੋ ਵੱਖ-ਵੱਖ ਆਪਰੇਸ਼ਨਾਂ ਦੌਰਾਨ ਛੇ ਵਿਅਕਤੀਆਂ ਨੂੰ 2.9 ਕਿਲੋਗ੍ਰਾਮ ਹੈਰੋਇਨ ਅਤੇ ਅੱਠ ਆਧੁਨਿਕ ਪਿਸਤੌਲਾਂ ਦੇ ਨਾਲ-ਨਾਲ ਛੇ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਹਥਿਆਰ ਅਤੇ ਨਸ਼ਾ ਤਸਕਰੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਇੰਦਰਪਾਲ ਸਿੰਘ ਅਤੇ ਸਿਕੰਦਰਜੀਤ ਸਿੰਘ, ਦੋਵੇਂ ਵਾਸੀ ਪਿੰਡ ਭਿੰਡੀ ਔਲਖ, ਅੰਮ੍ਰਿਤਸਰ; ਹੈਪੀ ਸਿੰਘ ਉਰਫ਼ ਵੀਰਪਾਲ ਸਿੰਘ, ਵਾਸੀ ਕੱਕੜ, ਅੰਮ੍ਰਿਤਸਰ; ਸੁਨੀਲ ਮਸੀਹ ਅਤੇ ਰਾਜਨ ਮਸੀਹ, ਦੋਵੇਂ ਵਾਸੀ ਮਾਹਲ, ਗੁਰਦਾਸਪੁਰ ਅਤੇ ਪਰਦੀਪ ਸਿੰਘ ਵਾਸੀ ਨੂਰਪੁਰ, ਅੰਮ੍ਰਿਤਸਰ ਵਜੋਂ ਹੋਈ ਹੈ।ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਸ ਟੀਮਾਂ ਨੇ ਉਨ੍ਹਾਂ ਦੀ ਹੁੰਡਈ ਵੈਨਿਊ ਕਾਰ (ਪੀਬੀ02ਐੱਫਸੀ 2504) ਅਤੇ ਸਪਲੈਂਡਰ ਮੋਟਰਸਾਈਕਲ (ਪੀਬੀ06ਬੀਐੱਚ3781) ਜਿਨ੍ਹਾਂ ਦੀ ਵਰਤੋਂ ਤਸਕਰੀ ਸਬੰਧੀ ਗਤੀਵਿਧੀਆਂ ਲਈ ਕੀਤੀ ਜਾ ਰਹੀ ਸੀ, ਨੂੰ ਵੀ ਜ਼ਬਤ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰੋਂ ਚੱਲ ਰਹੀ ਤਸਕਰੀ ਵਿੱਚ ਸ਼ਾਮਲ ਸਨ ਅਤੇ ਉਹ ਡਰੋਨ ਰਾਹੀਂ ਭੇਜੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਕਰਦੇ ਸਨ ਅਤੇ ਸੂਬੇ ਵਿੱਚ ਅਪਰਾਧਿਕ ਤੱਤਾਂ ਨੂੰ ਡਲਿਵਰ ਕਰਦੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿੱਛਲੇ ਸਬੰਧਾਂ ਨੂੰ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ ਤਾਂ ਜੋ ਸਰਹੱਦ ਪਾਰ ਦੇ ਨੈਟਵਰਕ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ।

# ਭਗਤ ਪੂਰਨ ਸਿੰਘ ਸਮਾਜ ਭਲਾਈ ਸੁਸਾਇਟੀ ਨੇ ਪੌਦੇ ਲਗਾ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਸੁਨੇਹਾ



ਧਾਰੀਵਾਲ, (ਮਨਦੀਪ ਵਿੱਕੀ)

ਭਗਤ ਪੂਰਨ ਸਿੰਘ ਸਮਾਜ ਭਲਾਈ ਸੁਸਾਇਟੀ ਧਾਰੀਵਾਲ ਵੱਲੋਂ ਵਾਤਾਵਰਣ ਦੀ ਸ਼ੁੱਧਤਾ ਅਤੇ ਹਰਿਆਵਲ ਨੂੰ ਮੁੱਖ ਰੱਖਦਿਆਂ ਇੱਕ ਵਿਸ਼ੇਸ਼ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ ਹੈ। ਇਸ ਨੇਕ ਕਾਰਜ ਦੇ ਤਹਿਤ ਸੁਸਾਈਟੀ ਦੇ ਪ੍ਰਧਾਨ ਐੱਸ. ਡੀ. ਓ. ਇੰਜੀਨੀਅਰ ਪ੍ਰੀਤਮ ਸਿੰਘ ਭੱਟੀ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਕਮਿਊਨਿਟੀ ਸਿਹਤ ਕੇਂਦਰ (ਸੀ.ਐਚ.ਸੀ.) ਧਾਰੀਵਾਲ ਦੇ ਐਸ ਐਮ ਓ ਡਾਕਟਰ ਚਰਨਜੀਤ ਕੌਰ ਤੇ ਸਟਾਫ ਮੈਂਬਰਾਂ ਦੇ ਸਹਿਯੋਗ ਨਾਲ ਹਸਪਤਾਲ ਕੰਪਲੈਕਸ ਵਿੱਚ ਵੱਖ-ਵੱਖ ਕਿਸਮਾਂ ਦੇ ਲਾਭਦਾਇਕ ਪੌਦੇ ਲਗਾਏ ਗਏ। ਇਸ ਮੌਕੇ ਪ੍ਰਧਾਨ ਇੰਜ. ਪ੍ਰੀਤਮ ਸਿੰਘ ਭੱਟੀ ਨੇ ਦੱਸਿਆ ਕਿ ਦਿਨੋਂ-ਦਿਨ ਵਧ ਰਹੇ ਪ੍ਰਦੂਸਣ ਨੂੰ ਠੱਲ੍ਹ ਪਾਉਣ ਲਈ ਵੱਧ ਤੋਂ ਵੱਧ ਪੌਦੇ ਲਗਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਦੱਸਿਆ ਇਸ ਮੁਹਿੰਮ ਦੌਰਾਨ ਸਰਕਾਰੀ ਹਸਪਤਾਲ ਧਾਰੀਵਾਲ ਵਿੱਚ ਵਾਤਾਵਰਣ ਨੂੰ ਹਰਾ-ਭਰਾ ਰੱਖਣ ਵਾਲੇ, ਫ਼ਲਦਾਰ ਅਤੇ ਮਨੁੱਖੀ ਸਿਹਤ ਲਈ ਗੁਣਕਾਰੀ ਹਰਬਲ/ਜੜੀਆਂ-ਬੂਟੀਆਂ ਵਾਲੇ ਕਰੀਬ 25 ਵਿਸ਼ੇਸ਼ ਬੂਟੇ ਲਗਾਏ ਗਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਿਰਫ ਪੌਦੇ ਲਗਾਉਣਾ ਹੀ ਕਾਫੀ ਨਹੀਂ ਹੈ, ਸਗੋਂ ਇਨ੍ਹਾਂ ਦੀ ਬੱਚਿਆਂ ਵਾਂਗ ਪਰਵਰਿਸ ਕਰਨਾ ਅਤੇ ਸੰਭਾਲ ਕਰਨਾ ਵੀ ਸਾਡਾ ਸਭ ਦਾ ਫਰਜ ਹੈ। ਇਸ ਮੌਕੇ ਸੁਸਾਇਟੀ ਦੇ ਸਮੂਹ ਮੈਂਬਰਾਂ ਅਤੇ ਹਸਪਤਾਲ ਦੇ ਸਟਾਫ ਨੇ ਵਾਤਾਵਰਣ ਨੂੰ ਬਚਾਉਣ ਦਾ ਪ੍ਰਣ ਲਿਆ ਅਤੇ ਸਮਾਜ ਨੂੰ ਹਰਿਆਵਲ ਲਹਿਰ ਨਾਲ ਜੁੜਨ ਦਾ ਸੁਨੇਹਾ ਦਿੱਤਾ। ਇਸ ਮੌਕੇ ਐਸਐਮਓ ਡਾਕਟਰ ਚਰਨਜੀਤ ਕੌਰ ਨੇ ਸੁਸਾਇਟੀ ਵਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸੁਸਾਇਟੀ ਪ੍ਰਧਾਨ ਦੇ ਐੱਸਡੀਓ ਇੰਜ. ਪ੍ਰੀਤਮ ਸਿੰਘ ਭੱਟੀ ਦੇ ਨਾਲ ਕਿਸ਼ੋਰ ਕੁਮਾਰ, ਵਿੱਕੀ ਕਵਾਲਟੀ ਵਾਲੇ, ਰਾਜ ਕੁਮਾਰ ਆਦਿ ਸੁਸਾਇਟੀ ਮੈਂਬਰਾਂ ਤੋਂ ਇਲਾਵਾ ਸਿਹਤ ਕੇਂਦਰ ਦੇ ਐਸਐਮਓ ਡਾਕਟਰ ਚਰਨਜੀਤ ਕੌਰ, ਡਾ: ਅਸ਼ੀਸ਼ ਹੰਸ, ਤਸਵੀਰ ਸਿੰਘ ਚਾਹਲ, ਸਟਫ ਅਮਰਜੀਤ ਕੌਰ, ਸਟਾਫ ਜਸਵਿੰਦਰ ਕੌਰ, ਹੀਰਾ ਲਾਲ, ਹਰਿੰਦਰ ਸਿੰਘ,ਰਾਜ ਕੁਮਾਰ, ਰਕੇਸ਼ ਵਿਲੀਅਮ, ਰੁਪਿੰਦਰ ਕੌਰ, ਬਲਜੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਭੈਣਾਂ ਨੇ ਰੱਖੜੀ 'ਤੇ ਭਰਾਵਾਂ ਦੀ ਲੰਬੀ ਉਮਰ ਦੀਆਂ ਕੀਤੀਆਂ ਦੁਆਵਾਂ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਦੇ ਸਰਹੱਦੀ ਬੇਟ ਖੇਤਰ ਅੰਦਰ ਭੈਣ ਭਰਾਵਾਂ ਦੀ ਸਾਂਝ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਜਦੋਂ ਕਿ ਭੈਣਾਂ ਇਕ ਦਿਨ ਪਹਿਲਾਂ ਹੀ ਆਪਣੇ ਭਰਾਵਾਂ ਦੇ ਘਰ ਪਹੁੰਚ ਗਈਆਂ ਸਨ ਅਤੇ ਸਵੇਰੇ ਗੁਰਦੁਆਰਾ ਤੇ ਮੰਦਰਾਂ ਵਿੱਚ ਨਤਮਸਤਕ ਹੋ ਕੇ ਆਪਣੇ ਭਰਾਵਾਂ ਦੀ ਗੁਟ 'ਤੇ ਰੱਖੜੀ ਬੰਨ੍ਹ ਕੇ ਉਨ੍ਹਾਂ ਦੀਆਂ ਲੰਬੀ ਉਮਰਾਂ ਦੀਆਂ ਦੁਆਵਾਂ ਕਰ ਰਹੀਆਂ ਸਨ। ਇੱਥੋਂ ਤੱਕ ਕਿ ਭੈਣਾਂ ਆਪਣੇ ਵੀਰਾਂ ਵਾਸਤੇ ਰੱਖੜੀ ਦੇ ਮੌਕੇ ਕਈ ਤਰ੍ਹਾਂ ਦੇ ਤੋਹਫੇ ਵੀ ਦੇ ਰਹੀਆਂ ਸਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵੀਨਾ ਸ਼ਰਮਾ, ਸੁਦੇਸ਼ ਸ਼ਰਮਾ, ਕੁਸ਼ਮ ਸ਼ਰਮਾ, ਦਲਬੀਰ ਕੌਰ, ਅਮਨਦੀਪ ਕੌਰ ਨੇ ਦੱਸਿਆ ਕਿ ਇੱਕੋ-ਇੱਕ ਇਹ ਤਿਉਹਾਰ ਰੱਖੜੀ ਦਾ ਹੈ, ਜੋ ਭੈਣ ਭਰਾਵਾਂ ਦਾ ਗੂੜਾ ਰਿਸ਼ਤਾ ਦਰਸਾਉਂਦਾ ਹੈ। ਸਵੇਰ ਤੋਂ ਰੱਖੜੀਆਂ ਤੇ ਹਲਵਾਈਆਂ ਦੀਆਂ ਦੁਕਾਨਾਂ 'ਤੇ ਭਾਰੀ ਖਰੀਦੋ ਫਰੋਖਤ ਲੱਗੀ ਰਹੀ ਅਤੇ ਭੈਣਾਂ ਇਸ ਵਾਰ ਮਠਿਆਈ ਨੂੰ ਤਰਜੀਹ ਦੇਣ ਦੀ ਬਜਾਏ ਡਰਾਈ ਫਰੂਟ ਤੇ ਫਲ, ਬਿਸਕੁਟ ਨੂੰ ਤਰਜੀਹ ਦੇ ਰਹੀਆਂ ਸਨ। ਜਦੋਂ ਕਿ ਧਾਰਮਿਕ ਸਥਾਨਾਂ 'ਤੇ ਗੁਰਦੁਆਰਾ ਸਾਹਿਬ ਤੇ ਮੰਦਰਾਂ ਵਿੱਚ ਧਾਰਮਿਕ ਪ੍ਰੋਗਰਾਮ ਚੱਲ ਰਹੇ ਸਨ ਅਤੇ ਸੰਗਤਾਂ ਨਤਮਸਤ ਹੋ ਕੇ ਵਾਹਿਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੀਆਂ ਸਨ।

# 7 ਸਤੰਬਰ ਤੋਂ ਸ਼ੁਰੂ ਹੋਣਗੀਆਂ ਬਲਾਕ ਪੱਧਰੀ ਖੇਡਾਂ : ਡਾ. ਅਦਿੱਤਿਆ ਸ਼ਰਮਾ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹੇ ਵਿੱਚ 7 ਸਤੰਬਰ ਤੋਂ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਦਿੱਤਿਆ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਰਾਹੁਲ ਦੀ ਅਗਵਾਈ ਹੇਠ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਪੱਧਰੀ ਖੇਡ ਮੁਕਾਬਲੇ 7 ਸਤੰਬਰ ਤੋਂ 12 ਸਤੰਬਰ ਤੱਕ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਐਥਲੈਟਿਕਸ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਖੋ-ਖੋ, ਵਾਲੀਬਾਲ ਸਮੈਸਿੰਗ, ਫੁੱਟਬਾਲ ਅਤੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਹੋਣਗੇ।ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 21 ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਐਥਲੈਟਿਕਸ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਖੋ-ਖੋ, ਵਾਲੀਬਾਲ ਸਮੈਸਿੰਗ, ਫੁੱਟਬਾਲ, ਟੈਨਿਸ ਬਾਲ ਕ੍ਰਿਕਟ, ਬੈਡਮਿੰਟਨ ਕਿੱਕ ਬਾਕਸਿੰਗ, ਰੋਲਰ ਸਕੇਟਿੰਗ ਅਤੇ ਸ਼ੂਟਿੰਗ ਆਦਿ ਦੇ ਮੁਕਾਬਲੇ ਹੋਣਗੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਭਾਗ ਲੈ ਸਕਦੇ ਹਨ, ਜਿਸ ਦੇ ਲਈ ਵਿਭਾਗ ਦੇ ਪੋਰਟਲ 'ਤੇ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ।ਇਸ ਤੋਂ ਇਲਾਵਾ ਖੇਡਾਂ ਦੌਰਾਨ ਮੌਕੇ 'ਤੇ ਵੀ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।ਡਾ. ਆਦਿੱਤਿਆ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦਾ ਰੁਝਾਨ ਖੇਡਾਂ ਵੱਲ ਕਰਨ ਅਤੇ ਖੇਡਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਅਤੇ ਖਿਡਾਰੀਆਂ ਨੂੰ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।ਉਨ੍ਹਾਂ ਖੇਡ ਸੰਸਥਾਵਾਂ, ਕੋਚਾਂ ਅਤੇ ਅਧਿਆਪਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਖਿਡਾਰੀਆਂ ਨੂੰ ਰਜਿਸਟ੍ਰੇਸ਼ਨ ਲਈ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਜ਼ਿਲ੍ਹਾ ਤਰਨ ਤਾਰਨ ਦੇ ਖਿਡਾਰੀ ਇਨ੍ਹਾਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਹੋਰ ਰੋਸ਼ਨ ਕਰ ਸਕਣ।ਇਸ ਮੌਕੇ ਐੱਸ. ਡੀ. ਐੱਮ. ਤਰਨ ਤਾਰਨ ਡਾ. ਕਰਨਵੀਰ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਦੇਵਿੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਦਿਵਯ ਜੋਤੀ ਜਾਗਰਤੀ ਸੰਸਥਾਨ ਆਸ਼ਰਮ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਰੱਖੜੀ ਦਾ ਪਾਵਨ ਤਿਉਹਾਰ




ਤਰਨ ਤਾਰਨ (ਪ੍ਰਿਤਪਾਲ ਸਿੰਘ)

ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਦੁਆਰਾ ਰੱਖੜੀ ਦਾ ਪਾਵਨ ਤਿਉਹਾਰ ਧੂਮ ਧਾਮ ਦੇ ਨਾਲ ਮਨਾਇਆ ਗਿਆ ਜਿਸ ਵਿੱਚ ਦਿਵਯ ਗੁਰੂ ਸ੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਸਾਧਵੀ ਨਾਯਨਾ ਭਾਰਤੀ ਨੇ ਕਿਹਾ ਕਿ ਰੱਖੜੀ ਦਾ ਮੂਲ ਅਰਥ ਰੱਖਿਆ ਦਾ ਬੰਧਨ ਹੈ।ਰੱਖੜੀ ਭੈਣਾਂ ਤੇ ਭਰਾਵਾਂ ਦੇ ਪਵਿੱਤਰ ਰਿਸ਼ਤੇ ਨੂੰ ਸਮਰਪਿਤ ਤਿਉਹਾਰ ਹੈ।ਇਸ ਸ਼ੁਭ ਦਿਨ ਤੇ ਭੈਣਾਂ ਆਪਣੇ ਭਰਾ ਦੇ ਗੁੱਟ ਤੇ ਪਵਿੱਤਰਤਾ ਦਾ ਧਾਗਾ ਬੰਨ੍ਹ ਕੇ ਉਸਦੀ ਲੰਬੀ ਤੇ ਖੁਸ਼ਹਾਲ ਜ਼ਿੰਦਗੀ ਲਈ ਅਰਦਾਸ ਕਰਦੀਆਂ ਹਨ।ਇਸ ਪਵਿੱਤਰ ਰਿਸ਼ਤੇ ਦੀ ਸ਼ੁਰੂਆਤ ਸਤਿਯੁਗ ਤੋਂ ਆਰੰਭ ਹੋਈ ਹੈ। ਸਾਧਵੀ ਨੇ ਕਿਹਾ ਕਿ ਇਸ ਬੰਧਨ ਦੀ ਮਹਾਨਤਾ ਦਾ ਕਾਰਨ ਹੈ ਕਿ ਭੈਣ-ਭਰਾ ਦੇ ਨਾਤੇ ਵਿੱਚ ਮਨ, ਵਚਨ, ਕਰਮ ਦੀ ਪਵਿੱਤਰਤਾ ਸਮਾਈ ਹੋਈ ਹੈ।ਰੱਖੜੀ ਦਾ ਤਿਉਹਾਰ ਇਸੇ ਪਵਿੱਤਰਤਾ ਦਾ ਬੋਧ ਕਰਵਾਉਣ ਵਾਲਾ ਹੈ।ਇਸ ਬੰਧਨ ਦੀ ਡੋਰ ਦੇ ਧਾਗੇ ਪਵਿੱਤਰਤਾ, ਤਪ, ਤਿਆਗ ਦੇ ਪ੍ਰਤੀਕ ਹਨ ਤੇ ਤਿਲਕ ਆਤਮਿਕ ਸਰੂਪ ਦਾ।ਜੇਕਰ ਅੱਜ ਭਰਾ ਆਪਣੇ ਮਨ, ਵਚਨ, ਕਰਮ ਤੋਂ ਸੰਪੂਰਨ ਪਵਿੱਤਰਤਾ ਧਾਰਨ ਕਰੇ ਤਾਂ ਫਿਰ ਭਲਾ ਕਿਸੇ ਭੈਣ ਦੀ ਲਾਜ ਖਤਰੇ ਵਿੱਚ ਕਿਵੇਂ ਪੈ ਸਕਦੀ ਹੈ।ਦਰੋਪਦੀ ਨੇ ਵੀ ਭਗਵਾਨ ਕ੍ਰਿਸ਼ਨ ਦੇ ਗੁੱਟ 'ਤੇ ਰੱਖੜੀ ਸਜਾਈ ਤਾਂ ਭਗਵਾਨ ਨੇ ਦਰੋਪਦੀ ਦੀ ਲਾਜ ਨੂੰ ਬਚਾਇਆ।ਇਹ ਹੈ ਭੈਣ ਦਾ ਆਪਣੇ ਭਰਾਵਾਂ ਉਪਰ ਵਿਸ਼ਵਾਸ।ਜਦੋਂ ਅਸੀਂ ਸਭ ਵੀ ਆਪਣੇ ਮਨ, ਵਚਨ, ਕਰਮ ਤੋਂ ਪਵਿੱਤਰਤਾ ਦੇ ਧਾਰਨੀ ਬਣ ਕੇ ਸੰਕਲਪ ਲਵਾਂਗੇ ਤਾਂ ਹੀ ਇਸ ਤਿਉਹਾਰ ਦੀ ਮਹਾਨਤਾ ਨੂੰ ਸੁਚਮੁੱਚ ਸਮਝ ਪਾਵਾਂਗੇ।ਪ੍ਰੋਗਰਾਮ ਦੇ ਦੌਰਾਨ ਸਾਧਵੀ ਭੈਣਾਂ ਦੇ ਵੱਲੋਂ ਭਜਨਾਂ ਦਾ ਗਾਇਨ ਕੀਤਾ ਗਿਆ।

# ਅਠਵਾਲ 'ਚ ਦੁਧਾਰੂ ਪਸ਼ੂਆਂ ਦੀਆਂ ਬਿਮਾਰੀਆਂ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ

ਮਜੀਠਾ (ਸੋਇਮ ਆਨੰਦ)

ਪੀ. ਏ. ਯੂ.-ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.), ਅੰਮ੍ਰਿਤਸਰ ਵੱਲੋਂ ਪਸ਼ੂ ਪਾਲਣ ਵਿਭਾਗ, ਅੰਮ੍ਰਿਤਸਰ ਦੇ ਸਹਿਯੋਗ ਨਾਲ ਕੇ. ਵੀ. ਕੇ. ਵੱਲੋਂ ਅਪਨਾਏ ਪਿੰਡ ਅਠਵਾਲ, ਬਲਾਕ ਮਜੀਠਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਦੁਧਾਰੂ ਪਸ਼ੂਆਂ ਵਿੱਚ ਮਾਸਟਾਈਟਿਸ ਅਤੇ ਰਿਪੀਟ ਬ੍ਰੀਡਿੰਗ ਵਿਸ਼ੇ 'ਤੇ ਕਿਸਾਨਾਂ ਨੂੰ ਵਿਗਿਆਨਕ ਜਾਣਕਾਰੀ ਦਿੱਤੀ ਗਈ।ਡਾ. ਕੰਵਰਪਾਲ ਸਿੰਘ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕੇ.ਵੀ.ਕੇ. ਅੰਮ੍ਰਿਤਸਰ ਨੇ ਮਾਸਟਾਈਟਿਸ ਦੀ ਰੋਕਥਾਮ, ਨਿਯੰਤਰਣ ਅਤੇ ਪ੍ਰਬੰਧਨ ਬਾਰੇ ਜਾਣਕਾਰੀ ਦਿੰਦਿਆਂ ਦੁਧਾਰੂ ਪਸ਼ੂਆਂ ਵਿੱਚ ਰਿਪੀਟ ਬ੍ਰੀਡਿੰਗ ਘਟਾਉਣ ਲਈ ਪ੍ਰਭਾਵਸ਼ਾਲੀ ਪ੍ਰਬੰਧਕੀ ਉਪਾਅ ਅਪਣਾਉਣ 'ਤੇ ਜ਼ੋਰ ਦਿੱਤਾ।ਫੀਲਡ ਵਿਜ਼ਿਟ ਦੌਰਾਨ ਕੈਲੀਫੋਰਨੀਆ ਮਾਸਟਾਈਟਿਸ ਟੈਸਟ (ਸੀ.ਐੱਮ.ਟੀ.) ਕਿੱਟ ਰਾਹੀਂ ਸਬਕਲੀਨਿਕਲ ਮਾਸਟਾਈਟਿਸ ਦੀ ਜਾਂਚ ਕਰਨ ਦੀ ਵਿਧੀ ਦਾ ਪ੍ਰਦਰਸ਼ਨ ਵੀ ਕੀਤਾ ਗਿਆ।ਕਿਸਾਨਾਂ ਨੇ ਇਸ ਪ੍ਰਦਰਸ਼ਨ ਵਿੱਚ ਸਰਗਰਮੀ ਨਾਲ ਭਾਗ ਲਿਆ ਅਤੇ ਡੇਅਰੀ ਫਾਰਮਿੰਗ, ਪਸ਼ੂ ਸਿਹਤ ਤੇ ਪ੍ਰਜਨਨ ਸਬੰਧੀ ਸਵਾਲ ਪੁੱਛੇ।ਡਾ. ਸਹਿਜਪਾਲ ਸਿੰਘ, ਵੈਟਰਨਰੀ ਅਫ਼ਸਰ ਨੇ ਪਸ਼ੂ ਪਾਲਣ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਅਤੇ ਪਸ਼ੂ-ਚਿਕਿਤਸਾ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।ਡਾ. ਆਲਮਜੀਤ ਸਿੰਘ, ਵੈਟਰਨਰੀ ਇੰਸਪੈਕਟਰ ਨੇ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਅਤੇ ਨੈਸ਼ਨਲ ਲਾਈਵਸਟਾਕ ਮਿਸ਼ਨ (ਐੱਨ.ਐੱਲ.ਐੱਮ.) ਸਮੇਤ ਸਰਕਾਰੀ ਸਕੀਮਾਂ ਤੇ ਵਿੱਤੀ ਸਹਾਇਤਾ ਬਾਰੇ ਦੱਸਿਆ।ਡਾ. ਰਾਜਨ ਭੱਟ ਨੇ ਖੇਤੀਬਾੜੀ ਫਸਲਾਂ ਵਿੱਚ ਖਾਦਾਂ ਅਤੇ ਨਦੀਨਨਾਸ਼ਕਾਂ ਦੀ ਸੰਤੁਲਿਤ ਵਰਤੋਂ ਅਤੇ ਮਿੱਟੀ ਜਾਂਚ ਦੇ ਆਧਾਰ 'ਤੇ ਖਾਦਾਂ ਪਾਉਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਡਾ. ਮਨਪ੍ਰੀਤ ਕੌਰ ਨੇ ਖੇਤੀਬਾੜੀ ਉਤਪਾਦਾਂ ਦੀ ਪ੍ਰੋਸੈਸਿੰਗ, ਮੁੱਲ ਵਾਧੇ, ਰੋਜ਼ਗਾਰ ਅਤੇ ਮਹਿਲਾਵਾਂ ਦੀ ਭਾਗੀਦਾਰੀ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਐੱਫ. ਪੀ. ਓਜ਼ ਰਾਹੀਂ ਮਿਲਜੁਲ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਪਿੰਡ ਵਾਸੀ ਜਗਰੂਪ ਸਿੰਘ ਨੇ ਮਾਹਿਰਾਂ ਅਤੇ ਵਿਭਾਗ ਦਾ ਧੰਨਵਾਦ ਕਰਦਿਆਂ ਅਜਿਹੇ ਕੈਂਪ ਲਗਾਤਾਰ ਕਰਵਾਉਣ ਦੀ ਮੰਗ ਕੀਤੀ।



# ਭਾਜਪਾ ਨਾਲ ਹੱਥ ਮਿਲਾਉਣ ਲਈ ਤਰਲੋਮੱਛੀ ਹੋਇਆ ਅਕਾਲੀ ਦਲ : ਭਗਵੰਤ ਸਿੰਘ ਮਾਨ

**ਕਰਤਾਰਪੁਰ (ਹਰਮੇਸ਼ ਦੱਤ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਭਾਜਪਾ ਨਾਲ ਹੱਥ ਮਿਲਾਉਣ ਲਈ ਤਰਲੋਮੱਛੀ ਹੋਣ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਕਿਸਾਨ ਅੰਦੋਲਨ



ਦੌਰਾਨ 750 ਕਿਸਾਨਾਂ ਦੀਆਂ ਹੋਈਆਂ ਮੌਤਾਂ ਲਈ ਪੰਜਾਬ ਦੇ ਲੋਕ ਭਾਜਪਾ ਨੂੰ ਕਦੇ ਮਾਫ਼ ਨਹੀਂ ਕਰਨਗੇ। ਕਰਤਾਰਪੁਰ ਦੇ ਪਿੰਡ ਕਾਹਲਵਾਂ ਵਿਖੇ 'ਲੋਕ ਮਿਲਣੀ' ਦੌਰਾਨ ਉਨ੍ਹਾਂ ਕਿਹਾ ਕਿ ਅਕਾਲੀਆਂ ਅਤੇ ਕਾਂਗਰਸ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ ਅਤੇ ਉਨ੍ਹਾਂ ਨੂੰ ਸਿਰਫ਼ ਸੱਤਾ ਦੀ ਭੁੱਖ ਹੈ, ਜਦਕਿ ਉਨ੍ਹਾਂ ਦੀ ਸਰਕਾਰ ਨੇ ਇੱਕ ਇਮਾਨਦਾਰ ਅਤੇ ਲੋਕ ਭਲਾਈ ਵਾਲੇ ਪ੍ਰਸ਼ਾਸਨ ਰਾਹੀਂ ਲੋਕਾਂ ਨੂੰ ਅਸਲ ਲਾਭ ਪਹੁੰਚਾਏ ਹਨ। 90 ਫ਼ੀਸਦੀ ਘਰਾਂ ਦੇ ਜ਼ੀਰੋ ਬਿਜਲੀ ਬਿੱਲਾਂ, ਕਿਸਾਨਾਂ ਲਈ ਦਿਨ ਵੇਲੇ ਨਹਿਰੀ ਪਾਣੀ ਅਤੇ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਦਿੱਤੀਆਂ 70,840 ਸਰਕਾਰੀ ਨੌਕਰੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਪਹਿਲਾਂ ਵਾਲੀ 'ਚੋਰਾਂ ਦੀ ਸਰਕਾਰ' ਅਤੇ ਮੌਜੂਦਾ 'ਇਮਾਨਦਾਰ ਸਰਕਾਰ' ਵਿਚਕਾਰ ਦਾ ਫ਼ਰਕ ਸਾਫ਼ ਦੇਖ ਸਕਦੇ ਹਨ। ਉਨ੍ਹਾਂ ਨੇ ਪੂਰੇ ਸੂਬੇ ਵਿੱਚ ਨਸ਼ਾ ਫੈਲਾਉਣ ਲਈ ਅਕਾਲੀਆਂ 'ਤੇ ਨਿਸ਼ਾਨਾ ਸਾਧਿਆ, ਜਦਕਿ ਇਹ ਦਾਅਵਾ ਕੀਤਾ ਕਿ ਉਨ੍ਹਾਂ ਦੀ ਸਰਕਾਰ ਨਸ਼ਿਆਂ ਦੀ ਅਲਾਮਤ 'ਤੇ ਕਾਬੂ ਪਾ ਰਹੀ ਹੈ। 'ਲੋਕ ਮਿਲਣੀ' ਦੀਆਂ ਕੁੱਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' 'ਤੇ ਲਿਖਿਆ: 'ਅੱਜ ਕਰਤਾਰਪੁਰ ਦੇ ਪਿੰਡ ਕਾਹਲਵਾਂ ਵਿਖੇ ਭਾਰੀ ਇਕੱਠ ਅਤੇ ਲੋਕਾਂ ਦਾ ਅਥਾਹ ਪਿਆਰ ਦੇਖ ਕੇ ਮੇਰਾ ਦਿਲ ਖ਼ੁਸ਼ੀ ਨਾਲ ਭਰ ਗਿਆ। ਤੁਹਾਡਾ ਇਹ ਉਤਸ਼ਾਹ ਮੈਨੂੰ ਹੋਰ ਵੀ ਵੱਧ ਤਾਕਤ ਦਿੰਦਾ ਹੈ। ਸਾਡੀ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਲੋਕ ਹਿੱਤ ਵਿੱਚ ਫ਼ੈਸਲੇ ਲੈਣੇ ਸ਼ੁਰੂ ਕਰ ਦਿੱਤੇ ਸਨ। ਹੁਣ 90% ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਕਿਸਾਨਾਂ ਨੂੰ ਦਿਨ ਵੇਲੇ ਨਹਿਰੀ ਪਾਣੀ ਮਿਲ ਰਿਹਾ ਹੈ ਅਤੇ 70,840 ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।'

# ਟਾਂਡਾ 'ਚ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਪੰਜਾਬ ਸਰਕਾਰ ਖਿਲਾਫ ਕੀਤਾ ਮਹਾਂ ਪ੍ਰਦਰਸ਼ਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਮੰਚ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਕੀਤੀ ਗਈ ਹੜਤਾਲ ਤਹਿਤ ਟਾਂਡਾ ਉੜਮੁੜ ਵਿੱਚ ਵੱਡੀ ਗਿਣਤੀ 'ਚ ਅਧਿਆਪਕਾਂ, ਪੀ.ਐਸ.ਪੀ.ਸੀ.ਐਲ ਕਰਮਚਾਰੀ, ਮਨਿਸਟਰੀਅਲ ਸਟਾਫ, ਸਿਹਤ ਵਿਭਾਗ, ਆਸ਼ਾ ਵਰਕਰ ਟਾਂਡਾ, ਡਾਕਟਰ ਐਸੋਸੀਏਸ਼ਨ, ਪੈਰਾ ਮੈਡੀਕਲ ਐਸੋਸੀਏਸ਼ਨ ਟਾਂਡਾ, ਦੇ ਕਰਮਚਾਰੀਆਂ ਨੇ ਸਮੂਹਿਕ ਛੁੱਟੀ ਲੈ ਕੇ ਵੱਡੇ ਪੱਧਰ ਤੇ ਰੋਸ ਪ੍ਰਦਰਸ਼ਨ ਕੀਤਾ।ਇਸ ਪ੍ਰਦਰਸ਼ਨ ਵਿੱਚ ਨੌਕਰੀ ਸ਼ੁਦਾ ਕਰਮਚਾਰੀਆਂ ਦੇ ਨਾਲ-ਨਾਲ ਪੈਨਸ਼ਨਰਾਂ ਨੇ ਵੀ ਭਾਗ ਲਿਆ।ਸਥਾਨਕ ਸ਼ਿਮਲਾ ਪਹਾੜੀ ਵਿਖੇ ਵੱਡੀ ਗਿਣਤੀ ਮੁਲਾਜ਼ਮ ਅਤੇ ਪੈਨਸ਼ਨਰ ਵਲੋਂ ਇਕੱਤਰ ਹੋ ਕੇ ਆਮ ਆਦਮੀ ਪਾਰਟੀ ਦੇ ਦਫਤਰ ਤੱਕ ਰੋਸ ਮਾਰਚ ਕੱਢਿਆ ਅਤੇ ਮਾਨ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਪ੍ਰਦਰਸ਼ਨ ਅਤੇ ਰੋਸ ਮਾਰਚ ਦੀ ਅਗਵਾਈ ਅਧਿਆਪਕ ਆਗੂ ਰਮੇਸ਼ ਹੁਸ਼ਿਆਰਪੁਰੀ ਲੈਕ. ਅਮਰ ਸਿੰਘ, ਗੁਰਦੀਪ ਸਿੰਘ ਖੁਣਖੁਣ, ਪੈਨਸ਼ਨਰ ਆਗੂ, ਹਰਦੀਪ ਖੁੱਡਾ, ਸੁਖਦੇਵ ਜਾਜਾ ਵਲੋਂ ਕੀਤੀ ਗਈ। ਬੁਲਾਰਿਆਂ ਨੇ ਆਪਣੀਆਂ ਤਕਰੀਰਾਂ ਵਿੱਚ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਪੰਜਾਬ ਦੇ ਮੁਲਜਮਾਂ ਅਤੇ ਪੈਨਸ਼ਨਰਾਂ ਦਾ 18% ਮਹਿੰਗਾਈ ਭੱਤਾ ਰੋਕ ਕੇ ਅਤਿ ਦੀ ਮਹਿੰਗਾਈ ਦੌਰਾਨ ਲੱਖਾਂ ਕਰਮਾਚਾਰੀਆਂ ਦੇ ਹੱਕਾਂ ਦੀ ਆਰਥਿਕ ਲੁੱਟ ਕਰ ਰਹੀ ਹੈ।ਮੁਲਾਜ਼ਮ ਆਗੂਆਂ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਪੁਰਾਣੀ ਪੈਨਸ਼ਨ ਲਈ ਆਪਣੇ ਕੀਤੇ ਵਾਅਦੇ ਅਤੇ ਜਾਰੀ ਨੋਟੀਫਿਕੇਸ਼ਨ ਤੋਂ ਮੁੱਕਰ ਕੇ ਲੱਖਾਂ ਕਰਮਾਚਾਰੀਆਂ ਦਾ ਬੁਢਾਪਾ ਰੋਲਣ ਦੀ ਤਿਆਰੀ ਕਰ ਚੁੱਕੀ ਹੈ।ਬੁਲਾਰਿਆਂ ਨੇ ਐਸੋਸੀਏਟ ਅਧਿਆਪਕਾਂ/ਜੰਗਲਾਤ ਵਰਕਰਾਂ ਨੂੰ ਪੱਕਿਆਂ ਕਰਨ ਦੇ ਨਾਂ 'ਤੇ ਕੇਵਲ ਤਨਖਾਹਾਂ ਦੇ ਮਾਮੂਲੀ ਵਾਧੇ ਨੂੰ ਦਰੁਸਤ ਕਰਨ ਦੀ ਮੰਗ ਕੀਤੀ।ਉਹਨਾ ਕਿਹਾ ਕਿ ਕੰਪਿਊਟਰ ਅਧਿਆਪਕਾਂ ਨੂੰ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ।ਮਿਡ ਡੇਅ ਮੀਲ ਵਰਕਰਾਂ, ਆਸ਼ਾ ਵਰਕਰਾਂ/ਆਂਗਣਵਾੜੀ ਵਰਕਰਾਂ ਦੇ ਨਿਗੂਣਾ ਭੱਤੇ ਵਿੱਚ ਵਾਧਾ ਕੀਤਾ ਜਾਵੇ।ਅਧਿਆਪਕ ਆਗੂਆਂ ਨੇ ਕਿਹਾ ਕਿ ਕੇਂਦਰ ਵਲੋਂ ਲੋਕ ਵਿਰੋਧੀ ਲਾਗੂ ਕੀਤੀ ਗਈ ਨਵੀਂ ਸਿੱਖਿਆ ਨੀਤੀ ਵਾਪਸ ਲਈ ਜਾਵੇ।ਅਧਿਆਪਕਾਂ ਦੀਆਂ ਇਲੈਕਸ਼ਨ, ਮਰਦਮ-ਸ਼ੁਮਾਰੀ, ਬੀ.ਆਲ.ਓ., ਸਰਵੇ ਆਦਿ ਗੈਰ ਵਿੱਦਿਅਕ ਕੰਮਾਂ ਵਿੱਚ ਡਿਊਟੀਆਂ ਲਗਾਉਣ ਦੀ ਥਾਂ ਉਹਨਾ ਨੂੰ ਸਕੂਲਾਂ ਵਿੱਚ ਪੜ੍ਹਾਉਣ ਦਿੱਤਾ ਜਾਵੇ। ਇਸ ਧਰਨੇ ਨੂੰ ਸਬੋਧਨ ਕਰਨ ਵਾਲਿਆਂ 'ਚ ਸਰਬਜੀਤ ਸਿੰਘ ਦਸ਼ਮੇਸ਼ ਨਗਰ, ਪਰਮਜੀਤ ਸਿੰਘ ਬੁੱਢੀਪਿੰਡ, ਮਾਸਟਰ ਮਨਜੀਤ ਸਿੰਘ ਖੁਣਖੁਣ, ਮੇਜਰ ਸਿੰਘ ਮਸੀਤੀ, ਪਰਮਜੀਤ ਸਿੰਘ ਭੁੱਲਾ, ਭਾਜਪਾ ਆਗੂ ਸੁਰਿੰਦਰ ਜਾਜਾ ,ਰਿਟਾਇਰ ਆਗੂ ਡਾ ਰਾਜਵੰਤ ਕੌਰ, ਡਾ. ਮੀਨਾਕਸ਼ੀ ਸੈਣੀ, ਐਸ.ਡੀ.ਓ ਚਤਰ ਸਿੰਘ, ਮਨਿਸਟਰੀਅਲ ਯੂਨੀਅਨ ਰਵਿੰਦਰ ਸਿੰਘ ਰਵੀ, ਰਾਜਵਿੰਦਰ ਸਿੰਘ ਬੁੱਢੀ ਪਿੰਡ, ਗੁਰਦੇਵ ਸਿੰਘ ਖੁੱਡਾ ਪੈਨਸ਼ਨਰ, ਗੁਰਦੀਪ ਸਿੰਘ ਹੈਲਥ ਡਿਪਾਰਟਮੈਂਟ, ਰਣਜੀਤ ਕੌਰ ਹੈਲਥ ਡਿਪਾਰਟਮੈਂਟ, ਮੰਡਲ ਪ੍ਰਧਾਨ ਚਰਨਜੀਤ ਸਿੰਘ ਲਾਡੀ, ਅਜੀਤ ਸਿੰਘ ਗੁਰਾਇਆ ਪੰਜਾਬ ਪੈਨਸ਼ਨਰ ਐਸੋਸੀਏਸ਼ਨ ਤਹਿਸੀਲ ਟਾਂਡਾ, ਰਵਿੰਦਰ ਰਵੀ ਮਨਿਸਟਰੀਅਲ ਸਟਾਫ ਯੂਨੀਅਨ, ਕਸ਼ਮੀਰ ਸਿੰਘ ਪੀ.ਐਸ.ਪੀ.ਸੀ.ਐਲ ਟਾਂਡਾ, ਸਫ਼ਾਈ ਯੂਨੀਅਨ ਟਾਂਡਾ,ਵਿਜੇ ਪਾਲ ਮੀਤ ਪ੍ਰਧਾਨ ਪੰਜਾਬ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ, ਦਿਲਵਰ ਸਿੰਘ ਟੈਕਨੀਕਲ ਸਰਵਿਸਜ਼ ਯੂਨੀਅਨ, ਪ੍ਰਿੰਸੀਪਲ ਅੰਜੂ ਸ਼ਰਮਾ ਸਮੂਹ ਸਟਾਫ ਸਲੇਮਪੁਰ, ਰਵਿੰਦਰ ਰਾਹੀਂ, ਸੰਦੀਪ ਸੀਕਰੀ, ਗੁਰਚਰਨ ਸਿੰਘ, ਬਲਜੀਤ ਸਿੰਘ, ਕਾਮਰੇਡ ਸ਼ਿਵ ਕੁਮਾਰ, ਪਰਮ ਨੰਦ ਦਿਵੇਦੀ, ਸੁਖਵੀਰ ਸਿੰਘ ਕਿਸਾਨ ਯੂਨੀਅਨ, ਹੈਲਥ ਇਨਸਪੈਕਟਰ ਜਤਿੰਦਰ ਸਿੰਘ, ਦਿਲਾਵਰ ਸਿੰਘ, ਸੇਵਾ ਮੁਕਤ ਡੀ.ਐਸ.ਪੀ ਰਣਜੀਤ ਸਿੰਘ , ਅਮਰਜੀਤ ਕੌਰ, ਗੁਰਦੀਪ ਕੌਰ ਹਾਜ਼ਰ ਸਨ।

# ਲੋਹਟੀਆ ਨੇ ਪੰਚਾਇਤਾਂ ਨੂੰ 1.93 ਕਰੋੜ ਦੀਆਂ ਗ੍ਰਾਂਟਾਂ ਦੇ ਚੈੱਕ ਸੌਂਪੇ

**ਗੁਰਾਇਆ (ਬਿੰਦਰ ਸੁਮਨ)**- ਹਲਕਾ ਫਿਲੌਰ ਦੇ ਬਲਾਕ ਰੁੜਕਾਂ ਕਲਾਂ ਅਧੀਨ ਆਉਂਦੀਆਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 1 ਕਰੋੜ 93 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਵੰਡੇ ਗਏ। ਇਹ ਚੈੱਕ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ



ਵੱਲੋਂ ਪੰਚਾਇਤ ਨੁਮਾਇੰਦਿਆਂ ਨੂੰ ਸੌਂਪੇ ਗਏ। ਇਸ ਮੌਕੇ ਗੱਲਬਾਤ ਕਰਦਿਆਂ ਮੈਡਮ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਵਾਉਣਾ ਅਤੇ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਗ੍ਰਾਂਟਾਂ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇ ਤਾਂ ਜੋ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਸਕੇ। ਉਨ੍ਹਾਂ ਆਖਿਆ ਕਿ ਹਲਕਾ ਫਿਲੌਰ ਦੇ ਹਰ ਪਿੰਡ ਤੱਕ ਵਿਕਾਸ ਪਹੁੰਚਾਉਣ ਲਈ ਉਹ ਲਗਾਤਾਰ ਪੰਚਾਇਤਾਂ ਅਤੇ ਪਿੰਡ ਵਾਸੀਆਂ ਦੇ ਸੰਪਰਕ ਵਿੱਚ ਹਨ। ਪੰਚਾਇਤ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਲਈ ਮਿਲੀਆਂ ਗ੍ਰਾਂਟਾਂ 'ਤੇ ਖੁਸ਼ੀ ਪ੍ਰਗਟਾਉਂਦਿਆਂ ਮੈਡਮ ਲੋਹਟੀਆ ਦਾ ਧੰਨਵਾਦ ਕੀਤਾ। ਇਸ ਮੌਕੇ ਸੰਗਠਨ ਇੰਚਾਰਜ ਡਾ. ਵਰਿੰਦਰ ਸੈਣੀ, ਚੇਅਰਪਰਸਨ ਵੀਨਾ ਬਸਰਾ, ਬੀ.ਡੀ.ਪੀ.ਓ. ਰਾਮ ਪਾਲ ਸਿੰਘ, ਸੀਨੀਅਰ ਆਗੂ ਸਰਦਾਰ ਤਰਲੋਕ ਸਿੰਘ ਵਿਰਕ, ਚੇਅਰਮੈਨ ਮਾਰਕਿਟ ਕਮੇਟੀ ਫਿਲੌਰ ਰੌਸ਼ਨ ਲਾਲ ਰੋਸ਼ੀ, ਵਪਾਰ ਚੇਅਰਮੈਨ ਪਰਵਿੰਦਰ ਨੋਰਾ, ਹਲਕਾ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ, ਜ਼ਿਲ੍ਹਾ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ, ਬਲਾਕ ਪ੍ਰਧਾਨ ਸੁੱਖਾ ਬੰਡਾਲਾ, ਸਰਪੰਚ ਲਾਡੀ ਬਸਰਾ, ਸਰਪੰਚ ਹਰਕਮਲ ਸਿੰਘ ਬੇਗਮਪੁਰ, ਚੇਅਰਮੈਨ ਗੌਰਵ ਬਾਵਾ (ਮੀਡੀਆ ਵਾਇਸ ਕੋਆਰਡੀਨੇਟਰ ਫਿਲੌਰ), ਮਨਦੀਪ ਮੱਲਣ, ਕੁਲਵੀਰ ਸਿੰਘ, ਲੇਖ ਰਾਜ, ਹਰਦੀਪ ਗੋਹਾਵਰ, ਜਗਦੇਵ ਸਿੰਘ, ਰਿੰਕੂ ਮੁਠੱਡਾ ਸਮੇਤ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਵਾਰ-ਵਾਰ ਮੀਟਿੰਗ ਰੱਦ ਕਰਨ ਨਾਲ ਮੁਲਾਜ਼ਮ ਤੇ ਪੈਨਸ਼ਨਰ ਵਰਗ 'ਚ ਘੋਰ ਨਿਰਾਸ਼ਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ-ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਟਾਲਮਟੋਲ ਦੀ ਨੀਤੀ ਅਤੇ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਲਈ ਸਮਾਂ ਦੇ ਕੇ ਮੁਕਰਨ ਨੂੰ ਲਟਕਾਉਣ ਨਾਲ ਮੁਲਾਜ਼ਮ-ਪੈਨਸ਼ਨਰ ਵਰਗ ਵਿੱਚ ਅਣਗੌਲਿਆਂ ਕਰਕੇ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਰੱਦ ਕਰ ਰਹੀ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮ ਪੱਕੇ ਕਰਨ, ਨਿੱਜੀਕਰਨ ਬੰਦ ਕਰਨ, ਪਰਖ ਕਾਲ 'ਤੇ ਕੇਂਦਰੀ ਪੇਅ ਕਮਿਸ਼ਨ ਪੱਤਰ ਰੱਦ ਕਰਨ, ਡੀ.ਏ ਦੀਆਂ ਕਿਸ਼ਤਾਂ, ਪੇਅ-ਕਮਿਸ਼ਨ ਦੇ ਬਕਾਏ, ਨਵੀਂ ਸਿੱਖਿਆ ਨੀਤੀ ਰੱਦ ਕਰਨ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ, ਕੱਟੇ 37 ਭੱਤੇ ਅਤੇ ਏਸੀਪੀ ਬਹਾਲ ਕਰਨ, ਪੈਨਸ਼ਨਰਾਂ ਲਈ 2.59 ਗੁਣਾਂਕ, ਕੇਂਦਰੀ ਪੇਅ-ਕਮਿਸ਼ਨ ਰੱਦ ਕਰਨ ਅਤੇ ਹੋਰ ਕਈ ਹੱਕੀ ਅਤੇ ਜਾਇਜ਼ ਮੰਗਾਂ ਨੂੰ ਹੱਲ ਨਹੀਂ ਕਰ ਰਹੀ ।ਆਗੂਆਂ ਨੇ ਸੂਬਾ ਸਰਕਾਰ ਨੂੰ ਕਿਹਾ ਕਿ ਮੁਲਾਜ਼ਮ-ਪੈਨਸ਼ਨਰ ਵਰਗ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪਰਮਜੀਤ ਕਾਤਿਬ, ਅਜੇ ਕੁਮਾਰ, ਹਾਫਿਜ, ਸੁਖਵੀਰ ਸਿੰਘ, ਕੁਲਵਿੰਦਰ ਸਿੰਘ, ਸੰਦੀਪ ਸਿੰਘ, ਮਨਦੀਪ ਸਿੰਘ, ਗੁਰਦੇਵ ਸਿੰਘ ਅਤੇ ਮਹੇਸ਼ਇੰਦਰ ਸਿੰਘ ਆਦਿ ਹਾਜ਼ਰ ਸਨ।




ਘੋਰ ਨਿਰਾਸ਼ਾ ਪਾਈ ਜਾ ਰਹੀ ਹੈ।ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਦਾ ਸਮਾਂ ਦੇ ਕੇ ਐਨ ਮੌਕੇ 'ਤੇ ਮੀਟਿੰਗ ਰੱਦ ਕਰਨ ਨਾਲ ਮੁਲਾਜ਼ਮ-ਪੈਨਸ਼ਨਰ ਵਰਗ ਸਰਕਾਰ ਤੋਂ ਨਰਾਜ਼ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂਆਂ ਨਰਿੰਦਰ ਅਜਨੋਹਾ, ਪਰਮਜੀਤ ਕਾਤਿਬ ਅਤੇ ਉਂਕਾਰ ਸਿੰਘ ਨੇ ਕੀਤਾ।ਆਗੂਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਮੁਲਾਜ਼ਮਾਂ, ਪੈਨਸ਼ਨਰਾਂ ਦੀਆਂ ਮੰਗਾਂ ਨੂੰ

# ਸੀਮਾ ਮਿੱਡਾ ਦੇ ਗਈ ਦੋ ਲੋਕਾਂ ਦੇ ਜੀਵਨ ਨੂੰ ਰੋਸ਼ਨੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- 54 ਸਾਲਾ ਸੀਮਾ ਮਿੱਡਾ ਪਤਨੀ ਰਜਿੰਦਰ ਮਿੱਡਾ ਨਿਵਾਸੀ ਅਨਾਜ ਮੰਡੀ ਡੇਰਾਬੱਸੀ ਮਰਨੋਪਰਾਂਤ ਆਪਣੇ ਨੇਤਰਦਾਨ ਕਰ ਦੋ ਲੋਕਾਂ ਦੇ ਅੰਧਕਾਰਮਈ ਜੀਵਨ ਵਿੱਚ ਰੋਸ਼ਨੀ ਦੇ ਗਈ। ਸੀਮਾ ਮਿੱਡਾ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੀ ਸੀ। ਮਿੱਡਾ ਆਪਣੇ ਪਿੱਛੇ ਦੋ ਬੇਟੇ ਸੁਧੀਰ ਮਿੱਡਾ ਅਤੇ ਨਿਤੇਸ਼ ਮਿੱਡਾ ਨੂੰ ਛੱਡ ਗਈ ਹੈ। ਸੁਧੀਰ ਮਿੱਡਾ ਸੀਨੀਅਰ ਪੱਤਰਕਾਰ ਦੇ ਰੂਪ ਵਿੱਚ ਸਮਾਜ ਵਿੱਚ ਕਾਰਜਸ਼ੀਲ ਹਨ। ਇਹ ਨੇਤਰਦਾਨ ਦੀ ਪ੍ਰਕਿਰਿਆ ਭਾਰਤ ਵਿਕਾਸ ਪਰਿਸ਼ਦ ਵਿਵੇਕਾਨੰਦ ਸ਼ਾਖਾ ਦੇ ਪ੍ਰਯਾਸਾਂ ਨਾਲ ਪੀ ਜੀ ਆਈ ਤੋਂ ਆਏ ਡਾਕਟਰਾਂ ਦੀ ਟੀਮ ਦੁਆਰਾ ਕੀਤਾ ਗਿਆ।ਡਾਕਟਰ ਦੇ ਬਰਖਾ ਰਾਮ ਨੇ ਦੱਸਿਆ ਕਿ ਰਿਟਾਇਰਡ ਪ੍ਰਿੰਸੀਪਲ 92 ਸਾਲਾ ਅਰਜੁਨ ਸਿੰਘ ਵੀ ਮਰਨੋਪਰਾਂਤ ਨੇਤਰਦਾਨ ਕਰ





ਦੋ ਲੋਕਾਂ ਦੇ ਅੰਧਕਾਰਮਈ ਜੀਵਨ ਵਿੱਚ ਉਜਾਲਾ ਕਰ ਗਏ। ਡਾਕਟਰ ਬਰਖਾ ਰਾਮ ਨੇ ਦੱਸਿਆ ਕਿ ਪਰਿਸ਼ਦ ਹੁਣ ਤੱਕ 19 ਲੋਕਾਂ ਦੇ ਨੇਤਰਦਾਨ ਕਰਵਾ ਚੁੱਕੀ ਹੈ ਜਿਸ ਨਾਲ 38 ਲੋਕਾਂ ਦੇ ਅੰਧਕਾਰਮਈ ਜੀਵਨ ਵਿੱਚ ਉਜਾਲਾ ਹੋ ਸਕਿਆ ਹੈ। ਡਾਕਟਰ ਬਰਖਾ ਰਾਮ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਸ-ਪਾਸ ਦੇ ਲੋਕਾਂ ਨੂੰ ਨੇਤਰਦਾਨ ਬਾਰੇ ਜਾਗਰੂਕ ਕਰਨ ਤਾਂ ਜੋ ਅੰਧਕਾਰਮਈ ਲੋਕਾਂ ਦੇ ਜੀਵਨ ਵਿੱਚ ਰੋਸ਼ਨੀ ਹੋ ਸਕੇ। ਉਨ੍ਹਾਂ ਦੱਸਿਆ ਕਿ ਅੱਜ ਵੀ ਪੀਜੀਆਈ ਦੇ ਹਸਪਤਾਲ ਵਿੱਚ 1500 ਤੋਂ ਜ਼ਿਆਦਾ ਲੋਕਾਂ ਦੀ ਵੇਟਿੰਗ ਲਿਸਟ ਹੈ। ਸੀਮਾ ਮਿੱਡਾ ਅਤੇ ਅਰਜੁਨ ਸਿੰਘ ਦਾ ਅੰਤਿਮ ਸੰਸਕਾਰ ਰਾਮ ਬਾਗ ਵਿੱਚ ਕੀਤਾ ਗਿਆ। ਜਿਸ ਵਿੱਚ ਰਾਜਨੀਤਿਕ, ਧਾਰਮਿਕ, ਸਮਾਜਿਕ ਸੰਸਥਾਵਾਂ ਦੇ ਪਦਾਧਿਕਾਰੀਆਂ ਸਮੇਤ ਡੇਰਾਬੱਸੀ ਸ਼ਹਿਰ ਤੋਂ ਕਾਫ਼ੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# 50 ਲੱਖ ਵੋਟਾਂ 2027 'ਚ ਸਰਕਾਰ ਬਣਾਉਣ ਲਈ ਅਹਿਮ ਰੋਲ ਕਰਨਗੀਆਂ : ਤੀਰਥ ਬਾਸੀ



**ਕਪੂਰਥਲਾ (ਮਨਜੀਤ ਮਾਨ)**- ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਸੰਜੀਵ ਕੌਂਡਲ, ਜ਼ਿਲ੍ਹਾ ਪ੍ਰਧਾਨ ਪ੍ਰਸ਼ੋਤਮ ਵਿਰਦੀ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪੰਜਾਬ ਦੇ ਜਨਰਲ ਸਕੱਤਰ ਤੀਰਥ ਬਾਸੀ ਦੀ ਅਗਵਾਈ ਵਿੱਚ ਆਪਣੇ ਸਾਥੀਆਂ ਨਾਲ ਸਾਂਝਾ ਮੁਲਾਜ਼ਮ ਤੇ ਪੈਨਸ਼ਨਰ ਮੰਚ ਦੇ ਸੱਦੇ ਤੇ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ ਗਈ। ਕੌਂਡਲ ਨੇ ਕਿਹਾ ਕਿ ਮੁੱਖ ਮੰਤਰੀ ਵਲੋਂ ਯੂਨੀਅਨ ਨਾਲ ਮੀਟਿੰਗ ਦਾ ਸਮਾਂ ਦੇ ਮੀਟਿੰਗ ਕਰਨ ਤੋਂ ਮੁਕਰਨਾ ਬਹੁਤ ਹੀ ਨਿੰਦਣਯੋਗ ਘਟਨਾ ਹੈ। ਤੀਰਥ ਬਾਸੀ ਨੇ ਕਿਹਾ ਕਿ ਪੰਜਾਬ ਦੇ 8 ਲੱਖ ਦੇ ਕਰੀਬ ਮੁਲਾਜ਼ਮ ਤੇ ਪੈਨਸ਼ਨਰ ਅਤੇ ਪਰਿਵਾਰਕ ਮੈਂਬਰ ਮਿਲਾ ਕੇ 50 ਲੱਖ ਤੋਂ ਜ਼ਿਆਦਾ ਵੋਟ ਬੈਂਕ ਬਣਦਾ ਹੈ, ਸਰਕਾਰ ਵੱਲੋਂ ਮੁਲਾਜ਼ਮਾਂ ਪ੍ਰਤੀ ਇਹ ਸਖ਼ਤ ਰੁਖ ਅਪਣਾਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮਹਿੰਗਾ ਪਵੇਗਾ। ਕੌਂਡਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸਾਂਝਾ ਮੁਲਾਜ਼ਮ ਤੇ ਪੈਨਸ਼ਨਰ ਮੰਚ ਵਲੋਂ 30 ਅਗਸਤ ਨੂੰ ਲੁਧਿਆਣਾ ਵਿਖੇ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਨਰਿੰਦਰ ਸਿੰਘ, ਰਾਜਨ ਕੁਮਾਰ, ਭੋਪਾਲ ਸਿੰਘ, ਸੁਖਵਿੰਦਰ ਸਿੰਘ, ਰੋਸ਼ਨ ਲਾਲ, ਸੁਰੇਸ਼ ਕੁਮਾਰ, ਜਸਵੰਤ ਸਿੰਘ, ਸੁਨੀਲ ਕੁਮਾਰ, ਜਸਵੰਤ ਰਾਏ ਅਤੇ ਕੁਲਵੀਰ ਸਿੰਘ ਆਦਿ ਮੈਂਬਰ ਹਾਜ਼ਰ ਹੋਏ।

# ਹੋਣਹਾਰ ਵਿਦਿਆਰਥਣ ਪਾਇਲ ਨੇ ਸਰਕਾਰੀ ਕਾਲਜ ਟਾਂਡਾ ਦਾ ਨਾਂਅ ਕੀਤਾ ਰੋਸ਼ਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਰਕਾਰੀ ਕਾਲਜ ਟਾਂਡਾ ਬੀ.ਐਸ.ਸੀ ਨਾਨ ਮੈਡੀਕਲ ਸਮੈਸਟਰ-4 ਦੀ ਵਿਦਿਆਰਥਣ ਨੇ ਮੈਥ ਵਿਸ਼ੇ ਵਿੱਚੋਂ 96 ? ਨੰਬਰ ਲੈ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਗਿਆਨੀ ਕਰਤਾਰ ਸਿੰਘ ਸਰਕਾਰੀ ਕਾਲਜ ਟਾਂਡਾ ਵਿਖੇ ਇੱਕ ਸਮਾਗਮ ਵਿੱਚ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡੇ ਕਾਲਜ ਲਈ ਇਹ ਬਹੁਤ ਮਾਣ ਦੀ ਗੱਲ ਹੈ। ਉਨ੍ਹਾਂ ਹੋਰ ਕਿਹਾ ਕਿ ਵਿਦਿਆਰਥਣ ਵੱਲੋਂ ਪ੍ਰਾਪਤ ਕੀਤੇ ਗਏ ਇਹ ਅੰਕ ਕਾਲਜ ਦੇ ਮੈਥ ਵਿਭਾਗ ਦੇ ਪ੍ਰੋ ਅਨਿਲ ਵਿੰਗ ਅਤੇ ਵਿਦਿਆਰਥਣ ਪਾਇਲ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਉਨ੍ਹਾਂ ਨੇ ਪ੍ਰਿੰਸੀਪਲ ਡਾ ਸ਼ਸ਼ੀ ਬਾਲਾ ਨੇ ਮੈਥ ਵਿਭਾਗ ਦੇ ਪ੍ਰੋ ਅਨਿਲ ਵਿੰਗ ਅਤੇ ਵਿਦਿਆਰਥਣ ਪਾਇਲ ਦੇ ਪਰਵਾਰ ਨੂੰ ਵਧਾਈ ਦਿੱਤੀ।ਇਸ ਮੌਕੇ ਕਾਲਜ ਦੇ ਵਾਇਸ ਪ੍ਰਿੰਸੀਪਲ ਵਿਜੇਪਾਲ ਸਿੰਘ, ਪ੍ਰੋ ਰੁਬਿਨ, ਪ੍ਰੋ ਸੁਨਾਲਮ ਕੌਰ, ਪ੍ਰੋ ਅਮਨਦੀਪ ਕੌਰ, ਪ੍ਰੋ ਹਰਸ਼ ਸਿੰਘ ਸ਼ਾਮਲ ਸਨ।



# ਸ਼ਹੀਦ ਬਾਬਾ ਮੱਤੀ ਯਾਦਗਾਰੀ ਸਲਾਨਾ ਖੇਡ ਮੇਲੇ ਦਾ ਪੋਸਟਰ ਜਾਰੀ, 31 ਤੋਂ ਸ਼ੁਰੂਆਤ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਇਤਿਹਾਸਕ ਪਿੰਡ ਸ਼ਹੀਦ ਬਾਬਾ ਮੱਤੀ ਮੈਮੋਰੀਅਲ ਸੋਸਾਇਟੀ ਡਰੋਲੀ ਕਲਾਂ ਵੱਲੋਂ ਸ਼ਹੀਦ ਬਾਬਾ ਮੱਤੀ ਜੀ ਯਾਦਗਾਰੀ ਸਲਾਨਾ ਖੇਡ ਮੇਲਾ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀ, ਨੌਜਵਾਨ ਸਭਾ, ਐਨ.ਆਰ.ਆਈ. ਵੀਰਾਂ ਤੇ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਕਮੇਟੀ ਡਰੋਲੀ ਕਲਾ ਦੇ ਸਹਿਯੋਗ ਨਾਲ 31 ਅਗਸਤ ਤੋਂ 6 ਸਤੰਬਰ ਤੱਕ ਪਿੰਡ ਦੇ ਖੇਡ ਸਟੇਡੀਅਮ ਵਿਖੇ



ਕਰਵਾਇਆ ਜਾ ਰਿਹਾ ਹੈ, ਜਿਸ ਦੇ ਪ੍ਰਬੰਧਕਾਂ ਵੱਲੋਂ ਪੋਸਟਰ ਜਾਰੀ ਕਰ ਦਿੱਤੇ ਗਏ। ਖੇਡ ਮੇਲੇ ਸਬੰਧੀ ਪ੍ਰਧਾਨ ਕੁਲਵਿੰਦਰ ਸਿੰਘ, ਉੱਪ ਪ੍ਰਧਾਨ ਗੁਰਮੀਤ ਸਿੰਘ, ਮੁੱਖ ਸੰਚਾਲਕ ਅਮਰਜੀਤ ਸਿੰਘ ਕੁੱਕੂ, ਹਰਮਿੰਦਰ ਸਿੰਘ ਸੈਕਟਰੀ, ਖਜ਼ਾਨਚੀ ਰਣਵੀਰ ਸਿੰਘ, ਦਵਿੰਦਰ ਕੁਮਾਰ, ਫੁੱਟਬਾਲ ਇੰਚਾਰਜ ਹਰਪ੍ਰੀਤ ਸਿੰਘ ਬੱਬਲਾ, ਅਮਰੀਕ ਸਿੰਘ ਡਰੋਲੀ ਨੇ ਦੱਸਿਆ ਕਿ 29 ਅਗਸਤ ਨੂੰ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾ ਵਿਖੇ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਟੀਮਾਂ ਦੀਆਂ ਐਂਟਰੀਆਂ ਲਈਆਂ ਜਾਣਗੀਆਂ। 30 ਅਗਸਤ ਨੂੰ ਸਵੇਰੇ 11 ਵਜੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਜਾਣਗੇ। ਖੇਡ ਮੇਲੇ ਦੇ ਹਰ ਰੋਜ਼ ਫੁੱਟਬਾਲ ਦੇ ਮੈਚ ਹੋਣਗੇ। ਉਨ੍ਹਾਂ ਦੱਸਿਆ ਕਿ 1 ਸਤੰਬਰ ਨੂੰ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਜਾਣਗੀਆਂ। 4 ਸਤੰਬਰ ਨੂੰ ਲੜਕੇ -ਲੜਕੀਆਂ ਦੀ 100, 800 ਤੋਂ 1500 ਮੀਟਰ ਅਥਲੈਟਿਕਸ ਮੀਟ, ਜੈਵਲਿਨ ਥਰੋ ਤੇ 70 ਸਾਲ ਦੇ ਬਜ਼ੁਰਗਾਂ ਦੇ 2 ਈਵੈਂਟ ਕਰਵਾਏ ਜਾਣਗੇ। 6 ਸਤੰਬਰ ਨੂੰ ਕਲਾਕਾਰ ਸੁਰਜੀਤ ਭੁੱਲਰ 10 ਤੋਂ 2 ਵਜੇ ਤੱਕ ਆਪਣੀ ਹਾਜ਼ਰੀ ਲਗਵਾਉਣਗੇ।

# ਘਰ 'ਚ ਖੜ੍ਹੀ ਗੱਡੀ ਦਾ ਹੋਇਆ ਚਲਾਨ

**ਚੱਬੇਵਾਲ (ਪਰਮਜੀਤ ਨੌਰੰਗਾਬਾਦੀ)**- ਹਲਕਾ ਚੱਬੇਵਾਲ ਅਧੀਨ ਪੈਂਦੇ ਪਿੰਡ ਭੀਲੋਵਾਲ ਵਿਚ ਇਕ ਵਿਅਕਤੀ ਦੀ ਭਾਰ ਢੋਣ ਵਾਲੀ ਗੱਡੀ ਦਾ ਚਲਾਨ ਕੱਟ ਦਿੱਤਾ ਗਿਆ ਜਿਸ ਕਾਰਨ ਗੱਡੀ ਦਾ ਮਾਲਕ ਆਰ ਟੀ ਓ ਦਫਤਰ ਦੇ ਗੇੜੇ ਲਗਾਉਣ ਲਈ ਮਜਬੂਰ ਹੈ। ਇਸ ਮਾਮਲੇ ਸੰਬੰਧੀ ਸੰਤੋਖ ਸਿੰਘ ਵਾਸੀ ਪਿੰਡ ਭੀਲੋਵਾਲ ਨੇ ਦੱਸਿਆ ਉਸ ਦਾ ਪੁੱਤਰ ਜੋ ਕਿ ਭਾਰ ਢੋਣ ਵਾਲੀ ਗੱਡੀ ਚਲਾਉਂਦਾ ਹੈ, ਨੂੰ ਉਸਦੇ ਮੋਬਾਈਲ ਤੇ ਗੱਡੀ ਦਾ ਚਲਾਨ ਹੋਣ ਦਾ ਮੈਸੇਜ ਆ ਗਿਆ।ਜਦੋਂ ਇਸ ਸਬੰਧੀ ਉਹਨਾਂ ਵਲੋਂ ਛਾਣਬੀਣ ਕੀਤੀ ਗਈ ਤਾਂ ਇਹ ਚਲਾਨ ਹਰਿਆਣਾ ਪੁਲਸ ਵਲੋਂ ਕੀਤਾ ਗਿਆ।ਸੰਤੋਖ ਸਿੰਘ ਨੇ ਦੱਸਿਆ ਇਹ ਚਲਾਨ ਹਰਿਆਣਾ ਰਾਜ ਵਿਚ ਸ਼ਾਹ ਮਾਰਗ ਤੇ ਕੱਟਿਆ ਗਿਆ।ਪਰੰਤੂ ਗੱਡੀ ਪਿਛਲੇ ਕਾਫੀ ਦਿਨਾਂ ਤੋਂ ਗੱਡੀ ਭੀਲੋਵਾਲ ਵਿਚ ਉਹਨਾਂ ਦੇ ਘਰ ਅੰਦਰ ਹੀ ਖੜੀ ਹੈ।ਸੰਤੋਖ ਸਿੰਘ ਨੇ ਦੱਸਿਆ ਕਿ ਪੁਲਸ ਵਲੋਂ ਬਿਨਾਂ ਗੱਡੀ ਨੰਬਰ ਦੀ ਜਾਂਚ ਕੀਤਿਆਂ ਉਹਨਾਂ ਦੀ ਗੱਡੀ ਚਲਾਨ ਕਰ ਦਿੱਤਾ ਜਿਸ ਕਾਰਨ ਹੁਣ ਉਹਨਾਂ ਨੂੰ ਉਸ ਗਲਤੀ ਲਈ ਖੱਜਲ ਹੋਣਾ ਪੈ ਰਿਹਾ ਜੋ ਉਹਨਾਂ ਨੇ ਕੀਤੀ ਵੀ ਨਹੀਂ।ਸੰਤੋਖ ਸਿੰਘ ਨੇ ਦੱਸਿਆ ਕਿ ਪੁਲਸ ਵਲੋਂ ਜਿਸ ਗੱਡੀ ਦੀ ਫੋਟੋ ਖਿਚ ਕੇ ਚਲਾਨ ਕੀਤਾ ਗਿਆ ਹੈ ਉਹ ਗੱਡੀ ਉਹਨਾਂ ਦੀ ਨਹੀਂ ਅਤੇ ਉਸ ਗੱਡੀ ਦਾ ਨੰਬਰ ਵੀ ਹੋਰ ਹੈ।



# ਸ਼੍ਰੋਮਣੀ ਅਕਾਲੀ ਦਲ ਦੇ ਦਫਤਰ ਦਾ ਉਦਘਾਟਨ

**ਦਸੂਹਾ (ਕਰਨੈਲ ਮਾਂਗਟ)**- ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ ਦਸੂਹਾ ਦੇ ਮਿਆਣੀ ਰੋਡ ਵਿਖੇ ਬਣੇ ਨਵੇਂ ਦਫਤਰ ਵਿਖੇ ਕੀਤੀ ਗਈ। ਪਹਿਲਾਂ ਸ੍ਰੀ ਸੁਖਮਣੀ ਸਾਹਿਬ ਦਾ ਪਾਠ ਕਰਵਾਇਆ ਗਿਆ, ਭੋਗ ਉਪਰੰਤ ਅਰਦਾਸ ਕੀਤੀ ਗਈ ਅਤੇ ਪਰਮਾਤਮਾ ਦਾ ਸ਼ੁਕਰਾਨਾ ਕਰਕੇ ਨਵੇਂ ਬਣੇ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਭੁਪਿੰਦਰ ਸਿੰਘ ਨੀਲੂ ਚੀਮਾ ਸਰਕਲ ਪ੍ਰਧਾਨ, ਗੁਰਪ੍ਰੀਤ ਸਿੰਘ ਵਿੱਕਾ ਚੀਮਾ ਅਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬੀਸੀ ਵਿੰਗ ਸੁਰਜੀਤ ਸਿੰਘ ਕੈਰੋਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜਬੂਤ ਕਰਨ ਅਤੇ ਪਾਰਟੀ ਦੀਆਂ ਸਰਗਰਮੀਆਂ ਨੂੰ ਤੇਜ਼ ਕਰਨ ਲਈ ਹਾਜ਼ਰ ਮੈਂਬਰਾਂ ਨਾਲ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਕੁਲਵੰਤ ਸਿੰਘ ਨੂੰ ਦਫਤਰ ਇੰਚਾਰਜ ਅਤੇ ਖਜ਼ਾਨਚੀ ਦੀ ਜਿੰਮੇਵਾਰੀ ਸਰਬਸੰਮਤੀ ਨਾਲ ਦਿੱਤੀ ਗਈ। ਮੀਟਿੰਗ ਦੌਰਾਨ ਹਰ ਮਹੀਨੇ 25 ਤਾਰੀਖ ਨੂੰ 11 ਤੋਂ 2 ਵਜੇ ਤੱਕ ਨਵੇਂ ਦਫਤਰ ਵਿਖੇ ਅਤੇ 10 ਤਰੀਕ ਨੂੰ 9 ਤੋਂ 11 ਵਜੇ ਗੁਰੂ ਨਾਨਕ ਦਰਬਾਰ ਗੁਰਦੁਆਰਾ ਸਾਹਿਬ ਉਸ਼ਮਾਨ ਸ਼ਹੀਦ ਵਿਖੇ ਮੀਟਿੰਗ ਰੱਖਣ ਦਾ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ। ਇਸ ਮੌਕੇ ਤੇ ਜਸਵਿੰਦਰ ਸਿੰਘ ਕਾਲੜਾ, ਜੋਧਾ ਰਾਜਪੂਤ, ਸਤਵਿੰਦਰ ਸਿੰਘ ਪੱਪੂ ਪੰਡੋਰੀ, ਕੰਵਲਜੀਤ ਸਿੰਘ, ਹਰਪਾਲ ਸਿੰਘ, ਲਖਵਿੰਦਰ ਸਿੰਘ ਲੱਕੀ ਠੱਕਰ, ਕਸ਼ਮੀਰ ਸਿੰਘ, ਲਖਵਿੰਦਰ ਸਿੰਘ ਭੂਛਾਂ, ਸੁਖਵਿੰਦਰ ਸਿੰਘ, ਮਲਕੀਅਤ ਸਿੰਘ, ਸੁਖਦੇਵ ਸਿੰਘ ਬੇਗਪੁਰ, ਲਾਲ ਸਿੰਘ ਸਰਪੰਚ ਉਸਮਾਨ ਸਹੀਦ, ਤਰਲੋਕ ਸਿੰਘ ਚੀਮਾ, ਇਕਬਾਲ ਸਿੰਘ ਚੀਮਾ, ਮਨਜੀਤ ਸਿੰਘ, ਕੁਲਵਿੰਦਰ ਸਿੰਘ ਕੇ ਪੀ, ਕੁਲਵਿੰਦਰ ਸਿੰਘ ਕਿੰਦਾ, ਮਹਿੰਦਰ ਸਿੰਘ, ਲਵਪ੍ਰੀਤ ਸਿੰਘ, ਅਮਰਪ੍ਰੀਤ ਸਿੰਘ, ਹਰਸ਼ਦੀਪ ਸਿੰਘ, ਨਰਿੰਦਰ ਸਿੰਘ, ਸਤਨਾਮ ਸਿੰਘ, ਤਰਲੋਚਨ ਸਿੰਘ, ਕੈਪਟਨ ਬਲਕਾਰ ਸਿੰਘ, ਪਰਮਜੀਤ ਸਿੰਘ, ਸੁਖਦੇਵ ਸਿੰਘ, ਸੁਰਜੀਤ ਸਿੰਘ, ਸੁਖਰਾਜ ਸਿੰਘ, ਸੁਖਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਵਰਕਰ ਹਾਜ਼ਰ ਸਨ।

# ਫਾਲਕਨ ਇੰਟਰਨੈਸ਼ਨਲ 'ਚ ਰੱਖੜੀ ਦਾ ਤਿਉਹਾਰ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ 'ਚ ਰੱਖੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਜੋ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਤੇ ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ



ਦੀ ਅਗਵਾਈ ਅਤੇ ਐਕਟੀਵਿਟੀ ਇੰਚਾਰਜ ਮੈਡਮ ਸ਼ਰਨਜੀਤ ਕੌਰ ਦੀ ਦੇਖ ਰੇਖ 'ਚ ਆਯੋਜਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਨਰਸਰੀ ਤੋਂ ਯੂ ਕੇ ਜੀ ਜਮਾਤ ਦੇ ਵਿਦਿਆਰਥੀਆਂ ਲਈ ਰੱਖੜੀ ਵਿੱਚ ਰੰਗ ਭਰਨ, ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਰੱਖੜੀ ਬਣਾਉਣ ਮੁਕਾਬਲਾ ਅਤੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਬੈਸਟ ਆਊਟ ਆਫ਼ ਵੇਸਟ' ਗਤੀਵਿਧੀ ਕਰਵਾਈ ਗਈ।ਰੱਖੜੀ ਬਣਾਉਣ ਦੇ ਮੁਕਾਬਲੇ ਵਿਚ ਪਹਿਲੀ ਜਮਾਤ 'ਚੋਂ ਗੁਰਨੀਤ ਪਹਿਲੇ, ਯੁਵਿਕਾ ਦੂਜੇ ਅਤੇ ਐਸ਼ਲੀਨ ਤੀਜੇ ਸਥਾਨ 'ਤੇ ਰਹੀ। ਜਮਾਤ ਦੂਜੀ ਏ ਖੁਸ਼ਵਿੰਦਰ ਸਿੰਘ ਪਹਿਲੇ, ਮਨਤੇਜ ਸਿੰਘ ਦੂਜੇ ਅਤੇ ਫਤਿਹ ਸਿੰਘ ਤੀਜੇ ਸਥਾਨ 'ਤੇ, ਜਮਾਤ ਦੂਜੀ ਕਾਇਰਾ ਪਹਿਲੇ, ਗੁਰਸੀਰਤ ਦੂਜੇ ਅਤੇ ਵਰੁਣਪ੍ਰੀਤ ਸਿੰਘ ਤੀਜੇ ਸਥਾਨ 'ਤੇ, ਜਮਾਤ ਤੀਜੀ ਕਾਵਿਆ ਪਹਿਲੇ, ਦਕਸ਼ਿਤਾ ਦੂਜੇ ਅਤੇ ਗੁਰਫਤਿਹ ਸਿੰਘ ਤੀਜੇ ਸਥਾਨ 'ਤੇ, ਜਮਾਤ ਚੌਥੀ ਮਹਿਤਾਬ ਪਹਿਲੇ, ਸਿਮਰਪ੍ਰੀਤ ਕੌਰ ਦੂਜੇ ਅਤੇ ਅਨੁਕੀਰਤ ਤੀਜੇ ਸਥਾਨ 'ਤੇ ਰਿਹਾ, ਜਮਾਤ ਪੰਜਵੀਂ ਗੁਰਕੀਰਤ ਪਹਿਲੇ, ਹਰਮੀਤ ਦੂਜੇ ਅਤੇ ਮਾਧਵ ਤੀਜੇ ਸਥਾਨ 'ਤੇ ਰਿਹਾ। 'ਬੈਸਟ ਆਊਟ ਆਫ਼ ਵੇਸਟ' ਗਤੀਵਿਧੀ ਵਿੱਚ ਵੀ ਵਿਦਿਆਰਥੀਆਂ ਨੇ ਬੇਕਾਰ ਸਮੱਗਰੀ ਨੂੰ ਰਚਨਾਤਮਕ ਢੰਗ ਨਾਲ ਵਰਤ ਕੇ ਵੱਖ-ਵੱਖ ਆਕਰਸ਼ਕ ਅਤੇ ਉਪਯੋਗੀ ਵਸਤੂਆਂ ਤਿਆਰ ਕੀਤੀਆਂ। ਜਮਾਤ ਛੇਵੀਂ ਹਰਸ਼ਿਤਾ ਪਹਿਲੇ, ਜਸਮੀਤ ਕੌਰ ਦੂਜੇ ਅਤੇ ਸਮਰਿਧੀ ਤੀਜੇ ਸਥਾਨ 'ਤੇ, ਜਮਾਤ ਸੱਤਵੀਂ ਡੌਲੀ ਪਹਿਲੇ, ਸੀਰਤ ਦੂਜੇ ਅਤੇ ਅਰਸ਼ਦੀਪ ਸਿੰਘ ਤੀਜੇ, ਜਮਾਤ ਅੱਠਵੀਂ ਅਨੰਨਿਆ ਪਹਿਲੇ, ਹਰਗੁਣ ਦੂਜੇ ਅਤੇ ਹਰਲੀਨ ਤੀਜੇ, ਜਮਾਤ ਦਸਵੀਂ ਆਂਚਲਪ੍ਰੀਤ ਕੌਰ ਪਹਿਲੇ ਸਥਾਨ 'ਤੇ ਰਹੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਜੇਤੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰ ਤਿਉਹਾਰ ਇਸੇ ਤਰ੍ਹਾਂ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਜਾਣਾ ਚਾਹੀਦਾ ਹੈ।

# ਸੰਤ ਸੰਮੇਲਨ 31 ਨੂੰ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਗੁਰੂ ਰਵਿਦਾਸ ਸੰਤ ਸੰਮੇਲਨ ਪ੍ਰਬੰਧਕ ਕਮੇਟੀ ਪਾਸਲਾ, ਦੰਦੂਵਾਲ, ਖੋਜਪੁਰ, ਜੈਤੋਵਾਲ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਵੇਂ ਸ਼ਤਾਬਦੀ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੰਤ ਸੰਮੇਲਨ ਕਰਵਾਇਆ ਜਾ ਰਿਹਾ ਹੈ। ਇਹ ਸੰਮੇਲਨ 31 ਅਗਸਤ ਦਿਨ ਸੋਮਵਾਰ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ



ਜਾਵੇਗਾ। ਸੰਮੇਲਨ ਵਿੱਚ ਸੰਤ-ਮਹਾਪੁਰਸ਼, ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੀ ਬਾਣੀ, ਵਿਚਾਰਧਾਰਾ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਜੋੜਨਗੇ। ਪ੍ਰਬੰਧਕ ਕਮੇਟੀ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਸੰਮੇਲਨ ਵਿੱਚ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਸੰਤ-ਮਹਾਪੁਰਸ਼ਾਂ ਦੇ ਵਿਚਾਰ ਸੁਣਨ ਅਤੇ ਗੁਰੂ ਰਵਿਦਾਸ ਜੀ ਦੇ ਮਹਾਨ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਨਾਉਣ। ਪ੍ਰਬੰਧਕਾਂ ਨੇ ਕਿਹਾ ਕਿ ਸੰਮੇਲਨ ਨੂੰ ਸਫਲ ਬਣਾਉਣ ਲਈ ਸਮੂਹ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ।

# ਵਿਧਾਇਕ ਰੰਧਾਵਾ ਨੇ ਹੰਡੇਸਰਾ ਸਰਕਲ ਵਿਖੇ ਭੈਣਾਂ ਤੋਂ ਰੱਖੜੀ ਬੰਨ੍ਹਵਾਈ

**ਲਾਲੜੂ (ਵਿਨੈ ਕੁਮਾਰ ਜੈਨ)**- ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਨੂੰ ਸਮਰਪਿਤ ਰੱਖੜੀ ਦੇ ਤਿਉਹਾਰ ਮੌਕੇ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹੰਡੇਸਰਾ ਸਰਕਲ ਵਿਖੇ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਭੈਣਾਂ ਵੱਲੋਂ ਰੱਖੜੀ ਬੰਨ੍ਹਵਾਈ ਅਤੇ ਇਸ ਪਿਆਰ ਭਰੇ ਰਿਸ਼ਤੇ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਪਿੰਡ ਅੰਟਾਲਾ ਤੋਂ ਹਰਪਾਲ ਕੌਰ ਤੇ ਸ਼ਿਆਮੋ ਦੇਵੀ ਪਿੰਡ ਖੇਲਣ ਤੋਂ ਸੁਰਿੰਦਰ ਕੌਰ ਸਮੇਤ ਵੱਖ-ਵੱਖ ਪਿੰਡਾਂ ਦੀਆਂ ਭੈਣਾਂ ਵੱਲੋਂ



ਵਿਧਾਇਕ ਰੰਧਾਵਾ ਨੂੰ ਰੱਖੜੀ ਬੰਨ੍ਹੀ ਗਈ। ਵਿਧਾਇਕ ਰੰਧਾਵਾ ਨੇ ਭੈਣਾਂ ਵੱਲੋਂ ਮਿਲੇ ਇਸ ਪਿਆਰ, ਸਨੇਹ ਅਤੇ ਆਪਣਾਪਣ ਲਈ ਦਿਲੋਂ ਧੰਨਵਾਦ ਕੀਤਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਰੱਖੜੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਭੈਣ-ਭਰਾ ਦੇ ਪਿਆਰ, ਵਿਸ਼ਵਾਸ, ਸਤਿਕਾਰ ਅਤੇ ਆਪਸੀ ਸਾਂਝ ਦਾ ਪ੍ਰਤੀਕ ਹੈ। ਇਹ ਤਿਉਹਾਰ ਸਾਨੂੰ ਆਪਣੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਇੱਕ-ਦੂਜੇ ਦੀ ਖੁਸ਼ੀ ਤੇ ਸੁਰੱਖਿਆ ਲਈ ਹਮੇਸ਼ਾ ਨਾਲ ਖੜ੍ਹੇ ਰਹਿਣ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਨੇ ਸਮੂਹ ਹਲਕਾ ਵਾਸੀਆਂ ਅਤੇ ਖਾਸ ਕਰਕੇ ਭੈਣਾਂ ਨੂੰ ਰੱਖੜੀ ਦੇ ਪਵਿੱਤਰ ਤਿਉਹਾਰ ਦੀਆਂ ਦਿਲੋਂ ਵਧਾਈਆਂ ਦਿੰਦਿਆਂ ਸਭ ਦੀ ਖੁਸ਼ਹਾਲੀ, ਤੰਦਰੁਸਤੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਫਗਵਾੜਾ (ਜਸਵਿੰਦਰ ਢੱਡਾ)**- ਫਗਵਾੜਾ ਦੇ ਚਾਹਲ ਨਗਰ ਚੌਕ ਸਥਿਤ ਪ੍ਰਸਿੱਧ ਮਾਨਾਂ ਰਾਮ ਬੌਲੀ ਮੰਦਰ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਅਤੇ ਧੂਮਧਾਮ ਨਾਲ ਮਨਾਉਣ ਸੰਬੰਧੀ ਮੰਦਰ ਕੰਪਲੈਕਸ ਵਿੱਚ ਵਿਸ਼ੇਸ਼



ਮੀਟਿੰਗ ਕਰਵਾਈ ਗਈ। ਮੀਟਿੰਗ ਦੀ ਪ੍ਰਧਾਨਗੀ ਮੰਦਰ ਮਾਨਾ ਰਾਮ ਸੁਧਾਰ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਵਿਸ਼ਵਕਰਮਾ ਮੰਦਰ ਫਗਵਾੜਾ ਦੇ ਸਾਬਕਾ ਪ੍ਰਧਾਨ ਬਲਵੰਤ ਰਾਏ ਧੀਮਾਨ ਨੇ ਕੀਤੀ।

ਮੀਟਿੰਗ ਦੌਰਾਨ ਜਨਮ ਅਸ਼ਟਮੀ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਤਿਆਰੀਆਂ ਸੰਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਇਸ ਵਾਰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ 4 ਸਤੰਬਰ ਨੂੰ ਮਨਾਇਆ ਜਾਵੇਗਾ ਅਤੇ 9 ਸਤੰਬਰ ਨੂੰ ਵਿਸ਼ਾਲ ਭੰਡਾਰਾ ਲਗਾਇਆ ਜਾਵੇਗਾ। ਮੀਟਿੰਗ ਦੌਰਾਨ ਮੰਦਰ ਵਿੱਚ ਹੋਣ ਵਾਲੇ ਧਾਰਮਿਕ ਸਮਾਗਮਾਂ, ਸ਼ਰਧਾਲੂਆਂ ਦੀ ਸਹੂਲਤ, ਮੰਦਰ ਕੰਪਲੈਕਸ ਦੀ ਸਜਾਵਟ, ਸਫਾਈ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਸਬੰਧੀ ਮੈਂਬਰਾਂ ਵੱਲੋਂ ਆਪਣੇ ਸੁਝਾਅ ਦਿੱਤੇ ਗਏ। ਬਲਵੰਤ ਰਾਏ ਧੀਮਾਨ ਨੇ ਮੰਦਰ ਕਮੇਟੀ ਦੇ ਮੈਂਬਰਾਂ ਅਤੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਨਮ ਅਸ਼ਟਮੀ ਸਮਾਗਮ ਵਿੱਚ ਵੱਧ-ਚੜ੍ਹ ਕੇ ਸਹਿਯੋਗ ਕਰਨ ਅਤੇ ਧਾਰਮਿਕ ਸਮਾਗਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਜਨਮ ਅਸ਼ਟਮੀ ਸਮਾਗਮ ਦੌਰਾਨ ਮੰਦਰ ਵਿੱਚ ਵਿਸ਼ੇਸ਼ ਪੂਜਾ-ਅਰਚਨਾ, ਭਜਨ-ਕੀਰਤਨ, ਧਾਰਮਿਕ ਸਮਾਗਮ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਨਾਲ ਸੰਬੰਧਤ ਆਯੋਜਨ ਕਰਵਾਉਣ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਜਿੰਮੀ ਧੀਮਾਨ, ਸੂਰਜ ਧੀਮਾਨ, ਪ੍ਰੇਮਦੀਪ ਚੱਗਰ, ਕਮਲ ਕਨੌਜੀਆ, ਤਰੁਣ ਦੁੱਗਲ, ਗੋਵਰਧਨ ਬੱਸੀ, ਰਾਜ ਕੁਮਾਰ ਜੰਬੂ, ਅਮਿਤ ਗੋਗਨਾ, ਅੰਕੁਸ਼ ਧੀਮਾਨ, ਵਿਸ਼ਾਲ ਭੋਗਲ, ਅਮਰ ਸ਼ਰਮਾ, ਦੀਪਕ ਸਹਦੇਵ, ਰਵਿੰਦਰ ਮੱਲਨ, ਭੰਡਾਰੀ ਸਮੇਤ ਮੰਦਰ ਕਮੇਟੀ ਦੇ ਮੈਂਬਰ, ਪਤਵੰਤੇ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

# ਸੰਤ ਹੀਰਾ ਦਾਸ ਸਕੂਲ ਦੇ 6 ਵਿਦਿਆਰਥੀ ਖੇਡਣਗੇ ਰਾਜ ਪੱਧਰੀ ਟੂਰਨਾਮੈਂਟ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਥਾਨਕ ਕਸਬੇ ਦੇ ਨਾਮਵਰ ਸਕੂਲ ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ 6 ਹੋਣਹਾਰ ਵਿਦਿਆਰਥੀਆਂ ਦੀ ਰਾਜ ਪੱਧਰੀ ਟੀਮ (ਸਟੇਟ ਲੈਵਲ) ਵਿੱਚ ਚੋਣ ਕੀਤੀ ਗਈ ਹੈ। ਪਿਛਲੇ ਕਈ ਦਿਨਾਂ ਤੋਂ ਜ਼ਿਲ੍ਹਾ ਕਪੂਰਥਲਾ ਵਿੱਚ ਚੱਲ ਰਹੇ ਵਾਲੀਬਾਲ ਟੂਰਨਾਮੈਂਟ ਵਿੱਚ ਸੰਤ ਹੀਰਾ ਦਾਸ ਸਕੂਲ ਦੇ ਵਿਦਿਆਰਥੀਆਂ ਨੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਸਟੇਟ ਦੀ ਟੀਮ ਵਿੱਚ ਜਗ੍ਹਾ ਬਣਾਈ ਹੈ। ਇੱਥੇ ਵਰਣਨਯੋਗ ਹੈ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਕਪੂਰਥਲੇ ਵਿਖੇ ਕਰਵਾਈਆਂ ਜਾ ਰਹੀਆਂ ਹਨ।



ਇਸ ਟੂਰਨਾਮੈਂਟ ਵਿੱਚ 16 ਬਲਾਕਾਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ ਕਪੂਰਥਲਾ-1 ਬਲਾਕ ਵਿਚੋਂ ਪਹਿਲਾ ਸਥਾਨ ਸੰਤ ਹੀਰਾ ਦਾਸ ਪਬਲਿਕ ਸਕੂਲ ਕਾਲਾ ਸੰਘਿਆਂ ਨੇ ਫਾਈਨਲ ਮੈਚ ਸੁਲਤਾਨਪੁਰ ਬਲਾਕ-1ਦੀ ਆਫੀਸ਼ੀਅਲ ਟੀਮ ਨੂੰ ਹਰਾ ਕੇ ਜ਼ਿਲ੍ਹਾ ਕਪੂਰਥਲਾ ਦੀ ਅੰਡਰ -19 ਦੀ ਵਾਲੀਬਾਲ ਦੀ ਟੀਮ ਵਿੱਚ ਜਗ੍ਹਾ ਪੱਕੀ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਜ਼ਿਕਰਯੋਗ ਹੈ ਕਿ ਜ਼ੋਨਲ ਮੁਕਾਬਲੇ ਵਿੱਚ ਅਨੇਕਾਂ ਹੀ ਟੀਮਾਂ ਨੇ ਭਾਗ ਲਿਆ ਸੀ ਜਿਨ੍ਹਾਂ ਵਿੱਚ 16 ਬਲਾਕ ਬਣੇ ਸਨ ਇਨ੍ਹਾਂ ਸਾਰੇ ਬਲਾਕਾਂ ਦੀਆਂ ਟੀਮਾਂ ਨੂੰ ਪਛਾੜਦਿਆਂ ਸੰਤ ਹੀਰਾ ਦਾਸ ਸਕੂਲ ਦੇ ਹਰਜੋਬਨ ਸਿੰਘ, ਗੁਰਪ੍ਰੀਤ ਸਿੰਘ, ਜਸਪ੍ਰਤਾਪ ਸਿੰਘ, ਆਰੀਅਨ, ਮਨਵੀਰ ਸਿੰਘ, ਅੰਸ਼ ਕੁਮਾਰ ਨੇ ਸਟੇਟ ਖੇਡਣ ਲਈ ਆਪਣਾ ਜ਼ੋਰ ਲਗਾਇਆ ਅਤੇ ਸਫਲਤਾ ਪ੍ਰਾਪਤ ਕੀਤੀ। ਇਹ ਸਾਰੇ ਵਿਦਿਆਰਥੀ ਗਿਆਰਵੀਂ ਅਤੇ ਬਾਰਵੀਂ ਕਲਾਸ ਦੇ ਸਾਇੰਸ ਅਤੇ ਕਾਮਰਸ ਗਰੁੱਪ ਵਿੱਚ ਆਪਣੀ ਪੜਾਈ ਕਰ ਰਹੇ ਹਨ। ਇਨ੍ਹਾਂ ਖਿਡਾਰੀਆਂ ਨੂੰ ਕੋਚਿੰਗ ਸਕੂਲ ਦੇ ਡੀ. ਪੀ. ਗੁਰਪ੍ਰੀਤ ਸਿੰਘ ਤੇ ਸਿਮਰਤ ਸੰਘਾ ਦੇ ਰਹੇ ਹਨ ਅਤੇ ਅਗਵਾਈ ਸੰਤ ਹੀਰਾ ਦਾਸ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਇੰਜ ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ ਤੇ ਸਕੂਲ ਪ੍ਰਿੰਸੀਪਲ ਮੈਡਮ ਕਰੁਣਾ ਕਟੋਚ ਅਤੇ ਹੋਰ ਹੋਣਹਾਰ ਅਧਿਆਪਕਾਂ ਦੁਆਰਾ ਕੀਤੀ ਗਈ ਹੈ।

# ਅਣ-ਐਲਾਨੇ ਬਿਜਲੀ ਕੱਟ ਤੋਂ ਲੋਕ ਪਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**- ਅੰਤਾਂ ਦੀ ਗਰਮੀ ਦੇ ਦਿਨਾਂ ਵਿੱਚ ਬਿਜਲੀ ਵਿਭਾਗ ਵੱਲੋਂ ਲਗਾਏ ਜਾ ਰਹੇ ਅਣ-ਐਲਾਨੇ ਬਿਜਲੀ ਕੱਟਾਂ ਨੇ ਇਲਾਕੇ ਦੇ ਘਰੇਲੂ ਖਪਤਕਾਰਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ। ਇੱਕ ਪਾਸੇ ਲੋਕਾਂ ਨੂੰ ਹਰ ਮਹੀਨੇ ਪੂਰੇ ਬਿਜਲੀ ਬਿੱਲ ਅਦਾ ਕਰਨੇ ਪੈਂਦੇ ਹਨ, ਜਦਕਿ ਦੂਜੇ ਪਾਸੇ ਬਿਜਲੀ ਸਪਲਾਈ ਬਾਰ-ਬਾਰ ਬੰਦ ਰਹਿਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਕਈ ਵਾਰ ਦਿਨ ਅਤੇ ਰਾਤ ਸਮੇਂ ਲੰਬੇ ਬਿਜਲੀ ਕੱਟ ਲੱਗ ਰਹੇ ਹਨ। ਬਿਜਲੀ ਸਪਲਾਈ ਬੰਦ ਹੋਣ ਨਾਲ ਘਰੇਲੂ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ ਅਤੇ ਪੀਣ ਵਾਲੇ ਪਾਣੀ ਲਈ ਮੋਟਰਾਂ ਨਾ ਚੱਲਣ ਕਾਰਨ ਲੋਕਾਂ ਨੂੰ ਵੱਡੀ ਮੁਸ਼ਕਲ ਪੇਸ਼ ਆ ਰਹੀ ਹੈ। ਗਰਮੀ ਦੇ ਮੌਸਮ ਵਿੱਚ ਪਾਣੀ ਦੀ ਘਾਟ ਨੇ ਘਰੇਲੂ ਖਪਤਕਾਰਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ।ਸ਼ਹੀਦ ਭਗਤ ਸਿੰਘ ਸੋਸ਼ਲ ਵੈਲਫੇਅਰ ਸੋਸਾਇਟੀ ਸਿਕੰਦਰਪੁਰ ਦੇ ਅਹੁਦੇਦਾਰਾਂ ਅਤੇ ਪਿੰਡ ਦੇ ਮੁਹਤਬਰ ਵਿਅਕਤੀਆਂ ਨੇ ਪ੍ਰਸ਼ਾਸਨ ਅਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਹੈ ਕਿ ਅਣ-ਐਲਾਨੇ ਬਿਜਲੀ ਕੱਟ ਤੁਰੰਤ ਬੰਦ ਕੀਤੇ ਜਾਣ ਅਤੇ ਘਰੇਲੂ ਖਪਤਕਾਰਾਂ ਨੂੰ ਨਿਯਮਤ ਬਿਜਲੀ ਸਪਲਾਈ ਦਿੱਤੀ ਜਾਵੇ।

# ਬ੍ਰਹਮਲੀਨ ਸੰਤ ਮਾਹਨ ਦਾਸ ਦਾ ਸਾਲਾਨਾ ਜੋੜ ਮੇਲਾ 1 ਨੂੰ

**ਹੁਸ਼ਿਆਰਪੁਰ (ਓ ਪੀ ਰਾਣਾ)**- ਮਹਾਨ ਤਪੱਸਵੀ ਬ੍ਰਹਮਲੀਨ ਸ੍ਰੀਮਾਨ 108 ਸੰਤ ਮਾਹਨ ਦਾਸ ਜੀ ਦਾ ਸਾਲਾਨਾ ਜੋੜ ਮੇਲਾ ਡੇਰਾ ਮਹਾਨਪੁਰੀ ਸਾਹਰੀ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਦੀ



ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਸਮਾਗਮਾਂ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੰਤ ਬਲਵੀਰ ਦਾਸ ਨੇ ਦੱਸਿਆ ਕਿ 30 ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ 1 ਸਤੰਬਰ ਦਿਨ ਮੰਗਲਵਾਰ ਨੂੰ ਭੋਗ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਵਿਸ਼ਾਲ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰੀ, ਵਿਦਵਾਨ, ਉੱਘੇ ਪ੍ਰਚਾਰਕ ਤੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ ਅਤੇ ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਸੰਤ ਬਲਵੀਰ ਦਾਸ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਹੁੰਮ ਹੁਮਾ ਕੇ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਬੇਨਤੀ ਕਰਦਿਆਂ ਕਿਹਾ ਸੰਗਤਾਂ ਲਈ ਚਾਹ ਪਕੌੜਿਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਅੰਨ੍ਹੇ ਕਤਲ ਦੀ ਗੁੱਥੀ ਕੁੱਝ ਹੀ ਘੰਟਿਆਂ 'ਚ ਸੁਲਝਾਈ, ਮੁਲਜ਼ਮ ਗ੍ਰਿਫ਼ਤਾਰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)** : 'ਜ਼ੀਰੋ ਟਾਲਰੈਂਸ' ਮੁਹਿੰਮ ਤਹਿਤ ਫਰੀਦਕੋਟ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਨਵੀਂ ਦਾਣਾ ਮੰਡੀ



ਵਿਖੇ ਹੋਏ ਇੱਕ ਅਗਿਆਤ ਔਰਤ ਦੇ ਅੰਨ੍ਹੇ ਕਤਲ ਦਾ ਮਾਮਲਾ ਕੁਝ ਹੀ ਘੰਟਿਆਂ ਵਿੱਚ ਸੁਲਝਾ ਲਿਆ ਹੈ।ਪੁਲਸ ਨੇ ਸੁਖਵਿੰਦਰ ਕੁਮਾਰ ਅਰੋੜਾ (ਪੁੱਤਰ ਅਸ਼ੋਕ ਕੁਮਾਰ ਅਰੋੜਾ, ਵਾਸੀ ਪੂਰੀ ਕਾਲੋਨੀ, ਫਰੀਦਕੋਟ) ਦੀ ਸ਼ਿਕਾਇਤ 'ਤੇ ਮੁਲਜ਼ਮ ਰਾਜੂ ਪੁੱਤਰ ਬਿਹਾਰੀ ਲਾਲ (ਵਾਸੀ ਭੋਲੂ ਵਾਲਾ ਰੋਡ, ਜੋਤਰਾਮ ਕਾਲੋਨੀ, ਫਰੀਦਕੋਟ) ਨੂੰ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮੁਕੱਦਮਾ ਨੰਬਰ: 434 (ਮਿਤੀ 27 ਅਗਸਤ 2026) ਧਾਰਾ: 103(1) ਬੀ.ਐੱਨ.ਐੱਸ. (2 ਐੱਨ ਐੱਸ), ਥਾਣਾ ਸਿਟੀ-2 ਫਰੀਦਕੋਟ ਵਿਖੇ ਦਰਜ ਕੀਤਾ ਗਿਆ। ਸ਼ਿਕਾਇਤਕਰਤਾ ਦੇ ਬਿਆਨਾਂ ਮੁਤਾਬਿਕ 'ਮਾਸੀ' ਵਜੋਂ ਜਾਣੀ ਜਾਂਦੀ ਇੱਕ ਬੇਸਹਾਰਾ ਅਗਿਆਤ ਔਰਤ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ ਸੀ।ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਐੱਸ.ਐੱਸ.ਪੀ. ਫਰੀਦਕੋਟ ਗੁਰਬੰਸ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐੱਸ.ਐੱਚ.ਓ. ਥਾਣਾ ਸਿਟੀ-2 ਅਕਾਲਪ੍ਰੀਤ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕੀਤੀ।ਆਧੁਨਿਕ ਤਕਨੀਕੀ ਤਰੀਕਿਆਂ, ਖੁਫੀਆ ਜਾਣਕਾਰੀ ਤੇ ਮਨੁੱਖੀ ਸੂਚਨਾ ਤੰਤਰ ਦੀ ਵਰਤੋਂ ਕਰਦਿਆਂ ਪੁਲਸ ਨੇ ਤੁਰੰਤ ਕਾਰਵਾਈ ਕੀਤੀ ਤੇ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਰਾਜੂ ਨੂੰ ਕਾਬੂ ਕਰ ਲਿਆ।ਪੁਲਸ ਵੱਲੋਂ ਫੜੇ ਗਏ ਮੁਲਜ਼ਮ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਕਤਲ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ।ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ।

# 30 ਨੂੰ ਲੁਧਿਆਣਾ ਮੀਟਿੰਗ ਕਰਕੇ ਕੀਤਾ ਜਾਵੇਗਾ ਅਗਲੇ ਸੰਘਰਸ਼ਾਂ ਦਾ ਐਲਾਨ : ਸਾਂਝੀ ਤਾਲਮੇਲ ਕਮੇਟੀ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ 'ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਨੂੰ ਮੁੱਖ ਮੰਤਰੀ



ਪੰਜਾਬ ਵੱਲੋਂ ਪੀ ਏ ਪੀ ਜਲੰਧਰ ਵਿਖੇ ਮੀਟਿੰਗ ਦਾ ਲਿਖਤੀ ਸੱਦਾ ਪੱਤਰ ਦਿੱਤਾ ਹੋਇਆ ਸੀ, ਇਹ ਮੀਟਿੰਗ ਪਹਿਲਾਂ ਪੰਜਾਬ ਭਵਨ ਚੰਡੀਗੜ੍ਹ ਵਿਖੇ ਹੋਣੀ ਸੀ। ਸਾਂਝਾ ਫਰੰਟ ਦੇ ਆਗੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਅੱਜ ਫਿਰ ਮੀਟਿੰਗ ਕਰਨ ਤੋਂ ਭੱਜ ਗਏ । ਪੀ ਏ ਪੀ ਜਲੰਧਰ ਦੇ ਗੋਲਫ ਕਲੱਬ ਤੋਂ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂਆਂ ਗੁਰਨਾਮ ਸਿੰਘ ਵਿਰਕ, ਸਤੀਸ਼ ਰਾਣਾ, ਸੁਖਚੈਨ ਸਿੰਘ ਖਹਿਰਾ, ਰਣਜੀਤ ਸਿੰਘ ਰਾਣਵਾ, ਸੁਸ਼ੀਲ ਕੁਮਾਰ ਫੌਜੀ, ਕਰਮ ਸਿੰਘ ਧਨੋਆ, ਹਰਜਿੰਦਰ ਸਿੰਘ ਪੰਨੂ, ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ, ਭਜਨ ਸਿੰਘ ਗਿੱਲ, ਐਨ ਕੇ ਕਲਸੀ, ਮਨਜੀਤ ਸਿੰਘ ਬਾਸਰਕੇ, ਤਰਸੇਮ ਸਿੰਘ ਭੱਠਲ, ਸੁਖਦੇਵ ਸਿੰਘ ਸੈਣੀ, ਗੁਰਸ਼ਰਨ ਸਿੰਘ ਹੁੰਦਲ, ਗਗਨਦੀਪ ਸਿੰਘ ਭੁੱਲਰ, ਦੀਦਾਰ ਸਿੰਘ ਚੋਕਰ, ਅਮਰੀਕ ਸਿੰਘ ਕੰਗ, ਦਿਲਪ੍ਰੀਤ ਸਿੰਘ, ਦਿਗਵਿਜੇ ਪਾਲ ਸ਼ਰਮਾ, ਹਰਨੇਕ ਸਿੰਘ, ਅਵਤਾਰ ਸਿੰਘ ਕੈਂਥ, ਰਘਵੀਰ ਸਿੰਘ ਬਡਵਾਲ ਅਤੇ ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ 7 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਈ ਮਹਾਂ ਰੈਲੀ ਦੌਰਾਨ ਸਾਂਝੀ ਤਾਲਮੇਲ ਕਮੇਟੀ ਨੂੰ 27 ਅਗਸਤ ਦਾ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ, ਜਿਸ ਦਾ ਕੱਲ੍ਹ ਸ਼ਾਮ ਸਥਾਨ ਬਦਲ ਕੇ ਪੀ ਏ ਪੀ ਜਲੰਧਰ ਕਰ ਦਿੱਤਾ ਗਿਆ। ਪੁਲਸ ਪ੍ਰਸ਼ਾਸਨ ਵੱਲੋਂ ਮੀਟਿੰਗ ਲਈ ਸਾਥੀਆਂ ਨੂੰ ਅੰਦਰ ਗੋਲਫ ਕਲੱਬ ਵਿਖੇ ਲਿਜਾਇਆ ਗਿਆ, ਜਿੱਥੇ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਇਸ ਗੱਲ ਦਾ ਦਬਾਅ ਪਾਇਆ ਗਿਆ ਕਿ ਮੀਟਿੰਗ ਕਰਨ ਲਈ ਮੁੱਖ ਮੰਤਰੀ ਵੱਲੋਂ ਇਹ ਸ਼ਰਤ ਲਗਾਈ ਗਈ ਹੈ ਕਿ ਮੁਲਾਜ਼ਮ ਪਹਿਲਾਂ ਇਹ ਲਿਖ ਕੇ ਦੇਣ ਕਿ ਅੱਜ ਅਸੀਂ ਹੜਤਾਲ ਖਤਮ ਕਰਕੇ ਡਿਊਟੀ ਜੁਆਇਨ ਕਰਾਂਗੇ, ਫਿਰ ਮੀਟਿੰਗ ਕੀਤੀ ਜਾਵੇਗੀ। ਮੁੱਖ ਮੰਤਰੀ ਦੀ ਇਸ ਸ਼ਰਤ ਨੂੰ ਮੁਲਾਜ਼ਮ ਆਗੂਆਂ ਵੱਲੋਂ ਨਕਾਰ ਦਿੱਤਾ ਗਿਆ ਅਤੇ ਮੁੱਖ ਮੰਤਰੀ ਮੀਟਿੰਗ ਕਰਨ ਤੋਂ ਫਿਰ ਭੱਜ ਗਏ। ਆਗੂਆਂ ਮੁੱਖ ਮੰਤਰੀ ਦੇ ਇਸ ਤਾਨਾਸ਼ਾਹ ਵਤੀਰੇ ਦੀ ਤਿੱਖੇ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਐਲਾਨ ਕੀਤਾ ਕਿ 28 ਅਤੇ 29 ਅਗਸਤ ਨੂੰ ਮੁੱਖ ਮੰਤਰੀ ਪੰਜਾਬ ਦੇ ਸਮੂਹ ਜ਼ਿਲ੍ਹਾ, ਤਹਿਸੀਲ, ਬਲਾਕ ਕੇਂਦਰਾ ਤੇ ਵੱਖ ਵੱਖ ਵਿਭਾਗਾਂ ਤੇ ਸਰਕਾਰੀ ਸੰਸਥਾਵਾਂ ਅੱਗੇ ਭਾਵ ਥਾਂ ਪੁਰ ਥਾਂ ਪੁਤਲੇ ਫੂਕੇ ਜਾਣਗੇ ਅਤੇ ਮੁਲਾਜ਼ਮ ਵਿਰੋਧੀ ਟਵੀਟ ਅਤੇ 27 ਅਗਸਤ ਦੇ ਧਮਕੀ ਭਰੇ ਪੱਤਰ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ। ਸਮੂਹ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮੁਲਾਜ਼ਮ ਲੀਡਰਸ਼ਿਪ ਨੂੰ ਲਿਖਤੀ ਸੱਦਾ ਦੇ ਕੇ ਮੀਟਿੰਗ ਨਾ ਕਰਨਾ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ਼ ਵੱਡਾ ਫ਼ਰੇਬ ਹੈ। ਉਕਤ ਆਗੂਆਂ ਨੇ ਐਲਾਨ ਕੀਤਾ ਕਿ ਸਰਕਾਰ ਨੇ ਜੋ ਹੜਤਾਲੀ ਮੁਲਾਜ਼ਮਾਂ ਸਬੰਧੀ ਪੱਤਰ ਜਾਰੀ ਕੀਤਾ ਹੈ ਉਸ ਨੂੰ ਮੁੱਢੋਂ ਰੱਦ ਕਰਦਿਆਂ ਚੈਲੇਂਜ ਕਬੂਲ ਕਰਦਿਆਂ 30 ਅਗਸਤ ਨੂੰ ਪੰਜਾਬ ਦੀਆਂ ਸਮੂਹ ਜਥੇਬੰਦੀਆਂ ਦੀ ਮੀਟਿੰਗ ਲੁਧਿਆਣਾ ਵਿਖੇ ਸੱਦ ਲਈ ਗਈ ਹੈ, ਜਿਸ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਅੰਕੁਸ਼ ਸ਼ਰਮਾ ਨੇ ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ 'ਚ ਕਾਂਸੀ ਦਾ ਤਮਗਾ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**- ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ (421) ਵੱਲੋਂ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੀ ਦੇਖ-ਰੇਖ ਹੇਠ



ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ 2026-27 ਦਾ ਆਯੋਜਨ 23 ਤੋਂ 26 ਅਗਸਤ ਤੱਕ ਰਾਇਜ਼ਾਦਾ ਹੰਸਰਾਜ ਸਟੇਡੀਅਮ, ਜਲੰਧਰ ਵਿਖੇ ਕੀਤਾ ਗਿਆ। ਇਸ ਚੈਂਪੀਅਨਸ਼ਿਪ ਵਿੱਚ ਵੱਖ-ਵੱਖ ਉਮਰ ਵਰਗਾਂ ਵਿੱਚ 600 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਵੱਖ-ਵੱਖ ਵਰਗਾਂ ਦੇ ਜੇਤੂ ਖਿਡਾਰੀਆਂ ਨੂੰ ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲੀਆ ਵੱਲੋਂ ਸਨਮਾਨਤ ਕੀਤਾ ਗਿਆ। ਪੁਰਸ਼ ਵੈਟਰਨ ਡਬਲਜ਼ ਵਰਗ ਵਿੱਚ ਅੰਕੁਸ਼ ਸ਼ਰਮਾ, ਇੰਚਾਰਜ, ਅਪਲਾਈਡ ਸਾਇੰਸ ਵਿਭਾਗ, ਮੇਹਰ ਚੰਦ ਪਾਲੀਟੈਕਨਿਕ ਕਾਲਜ, ਜਲੰਧਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਮਗਾ ਜਿੱਤ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਸ਼ਾਨਦਾਰ ਉਪਲਬਧੀ ਲਈ ਡਾ. ਜਗਰੂਪ ਸਿੰਘ, ਪ੍ਰਿੰਸੀਪਲ, ਮੇਹਰ ਚੰਦ ਪਾਲੀਟੈਕਨਿਕ ਕਾਲਜ ਜਲੰਧਰ, ਨੇ ਸ਼ਸ਼ੀ ਅਤੇ ਸੁਸ਼ੀਲ ਦੇ ਨਾਲ ਮਿਲ ਕੇ ਅੰਕੁਸ਼ ਸ਼ਰਮਾ ਨੂੰ ਸਨਮਾਨਤ ਕੀਤਾ ਅਤੇ ਉਨ੍ਹਾਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਅੰਕੁਸ਼ ਸ਼ਰਮਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਸਮਰਪਣ, ਮਿਹਨਤ ਅਤੇ ਖੇਡਾਂ ਪ੍ਰਤੀ ਜਜ਼ਬੇ ਦੀ ਸ਼ਲਾਘਾ ਕੀਤੀ।

# ਦਸਵੀਂ ਦੀ ਰੈਗੂਲਰ-ਰੀਅਪੀਅਰ ਪ੍ਰੀਖਿਆ ਦੇ ਨਤੀਜੇ ਦਾ ਐਲਾਨ

**ਮੁਹਾਲੀ (ਗੁਰਜੀਤ ਬਿੱਲਾ)**- ਬੋਰਡ ਦਫ਼ਤਰ ਵੱਲੋਂ ਦਸਵੀਂ ਸ਼੍ਰੇਣੀ ਅਗਸਤ, 2026 ਅਧੀਨ (ਰੈਗੂਲਰ-ਰੀਅਪੀਅਰ, ਵਾਧੂ ਵਿਸ਼ਾ) ਦੀ ਕੰਡਕਟ ਕਰਵਾਈ ਗਈ ਪ੍ਰੀਖਿਆ ਦਾ ਨਤੀਜਾ 28 ਅਗਸਤ ਨੂੰ ਬਾਅਦ ਦੁਪਹਿਰ ਘੋਸ਼ਿਤ ਕੀਤਾ ਜਾ ਚੁੱਕਾ ਹੈ। ਸਬੰਧਤ ਪ੍ਰੀਖਿਆਰਥੀ ਆਪਣਾ ਨਤੀਜਾ ਬੋਰਡ ਦੀ ਵੈਬਸਾਈਟ **www.pseb.ac.in** ਅਤੇ **www.indiaresults.com** ਤੇ ਵੇਖ ਸਕਦੇ ਹਨ।

ਜਨਮ ਦਿਨ ਮੁਬਾਰਕ



ਪ੍ਰਨਵਜੋਤ ਸਿੰਘ
ਹੁਸ਼ਿਆਰਪੁਰ